ਸ਼ੁੱਕਰਵਾਰ, 10 ਅਪ੍ਰੈਲ, 2026
28 ਚੇਤ { ਨਾਨਕਸ਼ਾਹੀ 558 / ਬਿਕਰਮੀ 2083
ਜਿਲਦ/VOL. : 74
ਅੰਕ/NO. : 309

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • FRIDAY, 10 APRIL, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ  Regd. No : L-4/Pb-JL-0023/2024-26, (R.N.I.)-00068/57  E-mail : nawanzamana@gmail.com  www.nawanzamana.in  ਸਫ਼ੇ : 14

## ਕੋਟਕਪੂਰਾ ਗੋਲੀ ਕਾਂਡ ਦੀ ਸੁਣਵਾਈ ਵੀ ਚੰਡੀਗੜ੍ਹ ਤਬਦੀਲ

**ਚੰਡੀਗੜ੍ਹ** : ਬਹਿਬਲ ਕਲਾਂ ਗੋਲੀ ਕਾਂਡ ਮਾਮਲੇ ਮਗਰੋਂ ਹੁਣ ਕੋਟਕਪੂਰਾ ਗੋਲੀ ਕਾਂਡ ਦਾ ਟਰਾਇਲ ਵੀ ਚੰਡੀਗੜ੍ਹ 'ਚ ਚੱਲੇਗਾ। ਕੋਟਕਪੂਰਾ ਮਾਮਲੇ ਦੀ ਸੁਣਵਾਈ ਫਰੀਦਕੋਟ ਦੀ ਹੇਠਲੀ ਅਦਾਲਤ ਵਿੱਚ ਚੱਲ ਰਹੀ ਸੀ। ਮੋਗਾ ਦੇ ਤੱਤਕਾਲੀ ਐੱਸ ਐੱਸ ਪੀ ਚਰਨਜੀਤ ਸ਼ਰਮਾ ਤੇ ਹੋਰਨਾਂ ਨੇ ਹਾਈ ਕੋਰਟ ਵਿੱਚ ਪਟੀਸ਼ਨ ਦਾਇਰ ਕਰਕੇ ਮੰਗ ਕੀਤੀ ਸੀ ਕਿ ਇਸ ਮਾਮਲੇ ਦੀ ਸੁਣਵਾਈ ਬਹਿਬਲ ਕਲਾਂ ਮਾਮਲੇ ਵਾਂਗ ਚੰਡੀਗੜ੍ਹ ਦੀ ਹੇਠਲੀ ਅਦਾਲਤ ਵਿੱਚ ਤਬਦੀਲ ਕੀਤੀ ਜਾਵੇ। ਹਾਈ ਕੋਰਟ ਨੇ ਵੀਰਵਾਰ ਇਸ ਪਟੀਸ਼ਨ ਨੂੰ ਸਵੀਕਾਰ ਕਰ ਲਿਆ ਅਤੇ ਮਾਮਲੇ ਦੀ ਸੁਣਵਾਈ ਚੰਡੀਗੜ੍ਹ ਦੀ ਹੇਠਲੀ ਅਦਾਲਤ ਵਿੱਚ ਤਬਦੀਲ ਕਰਨ ਦਾ ਹੁਕਮ ਦਿੱਤਾ।

## ਯੂ ਕੇ ਨੇ ਵੀਜ਼ਾ ਫੀਸ ਵਧਾਈ

**ਨਵੀਂ ਦਿੱਲੀ** : ਯੂ ਕੇ ਨੇ ਵਿਜ਼ਿਟ, ਪੜ੍ਹਾਈ ਅਤੇ ਵਰਕ ਵੀਜ਼ਾ ਸਮੇਤ ਕਈ ਸ਼੍ਰੇਣੀਆਂ ਵਿੱਚ ਵੀਜ਼ਾ ਫੀਸਾਂ ਵਧਾ ਦਿੱਤੀਆਂ ਹਨ। ਸੋਧੀਆਂ ਹੋਈਆਂ ਦਰਾਂ 8 ਅਪਰੈਲ ਤੋਂ ਲਾਗੂ ਹੋ ਗਈਆਂ ਹਨ। ਥੋੜ੍ਹੇ ਸਮੇਂ ਦੇ ਵਿਜ਼ਿਟ ਵੀਜ਼ਾ (ਛੇ ਮਹੀਨਿਆਂ ਤੱਕ) ਦੀ ਕੀਮਤ 127 ਪੌਂਡ ਤੋਂ ਵਧਾ ਕੇ 135 ਪੌਂਡ ਕਰ ਦਿੱਤੀ ਗਈ ਹੈ, ਜਦੋਂ ਕਿ ਦੋ ਸਾਲਾਂ ਦੇ ਵੀਜ਼ੇ ਦੀ ਫੀਸ 475 ਪੌਂਡ ਤੋਂ ਵਧ ਕੇ 506 ਪੌਂਡ, ਪੰਜ ਸਾਲਾਂ ਦੇ ਵੀਜ਼ੇ ਦੀ 848 ਪੌਂਡ ਤੋਂ 903 ਪੌਂਡ ਅਤੇ 10 ਸਾਲਾਂ ਦੇ ਵੀਜ਼ੇ ਦੀ ਫੀਸ 1,059 ਪੌਂਡ ਤੋਂ ਵਧ ਕੇ 1,128 ਪੌਂਡ ਹੋ ਗਈ ਹੈ। ਸਟੱਡੀ ਵੀਜ਼ਾ ਫੀਸ 524 ਪੌਂਡ ਤੋਂ ਵਧ ਕੇ 558 ਪੌਂਡ ਅਤੇ ਸਕਿਲਡ ਵਰਕਰ ਵੀਜ਼ਾ (ਤਿੰਨ ਸਾਲਾਂ ਤੱਕ) ਫੀਸ 769 ਪੌਂਡ ਤੋਂ ਵਧ ਕੇ 819 ਪੌਂਡ ਹੋ ਗਈ ਹੈ।

## ਦੋ ਅਫਸਰ ਮੁਅੱਤਲ

**ਚੰਡੀਗੜ੍ਹ** : ਹਰਿਆਣਾ ਸਰਕਾਰ ਨੇ ਆਈ ਏ ਐੱਸ ਅਧਿਕਾਰੀ ਰਾਮ ਕੁਮਾਰ ਸਿੰਘ, ਜੋ ਵਿਸ਼ੇਸ਼ ਸਕੱਤਰ ਮਾਲ ਤੇ ਆਫਤ ਪ੍ਰਬੰਧਨ ਵਿਭਾਗ ਅਤੇ ਐਡੀਸ਼ਨਲ ਸੀ ਈ ਓ ਪੰਚਕੂਲਾ ਮੈਟਰੋਪੋਲੀਟਨ ਡਿਵੈਲਪਮੈਂਟ ਅਥਾਰਟੀ ਵਜੋਂ ਸੇਵਾਵਾਂ ਨਿਭਾਅ ਰਹੇ ਸਨ, ਨੂੰ ਤੁਰੰਤ ਪ੍ਰਭਾਵ ਨਾਲ ਮੁਅੱਤਲ ਕਰ ਦਿੱਤਾ ਹੈ। ਸਰਕਾਰ ਨੇ ਇੱਕ ਹੋਰ ਆਈ ਏ ਐੱਸ ਅਧਿਕਾਰੀ ਪ੍ਰਦੀਪ ਕੁਮਾਰ-1, ਜੋ ਡਾਇਰੈਕਟਰ ਸਟੇਟ ਟਰਾਂਸਪੋਰਟ ਅਤੇ ਵਿਸ਼ੇਸ਼ ਸਕੱਤਰ ਟਰਾਂਸਪੋਰਟ ਸਨ, ਨੂੰ ਵੀ ਮੁਅੱਤਲ ਕਰ ਦਿੱਤਾ ਹੈ। ਇਹ ਦੋਵੇਂ ਮੁਅੱਤਲੀਆਂ ਆਈ ਡੀ ਐੱਫ ਸੀ ਫਸਟ ਅਤੇ ਏ ਯੂ ਸਮਾਲ ਫਾਈਨਾਂਸ ਬੈਂਕ ਘੁਟਾਲੇ ਵਿੱਚ ਉਨ੍ਹਾਂ ਦੀ ਭੂਮਿਕਾ ਦੇ ਸੰਬੰਧ ਵਿੱਚ ਹੋਈਆਂ ਹਨ। ਇਹ ਘੁਟਾਲਾ 590 ਕਰੋੜ ਰੁਪਏ ਦਾ ਹੈ।

## ਕੈਬਨਿਟ ਮੀਟਿੰਗ ਭਲਕੇ

**ਚੰਡੀਗੜ੍ਹ** : ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ 11 ਅਪਰੈਲ ਨੂੰ ਮੰਤਰੀ ਮੰਡਲ ਦੀ ਮੀਟਿੰਗ ਸੱਦੀ ਹੈ। ਸੂਤਰਾਂ ਅਨੁਸਾਰ ਪੰਜਾਬ ਸਰਕਾਰ ਵੱਲੋਂ ਇਸ ਮੀਟਿੰਗ ਵਿੱਚ 13 ਅਪਰੈਲ ਨੂੰ ਬੇਅਦਬੀ ਰੋਕੂ ਕਾਨੂੰਨ ਲਿਆਉਣ ਸੰਬੰਧੀ ਕੁਝ ਅਹਿਮ ਪ੍ਰਵਾਨਗੀਆਂ ਦਿੱਤੀਆਂ ਜਾ ਸਕਦੀਆਂ ਹਨ।

# ਇਜ਼ਰਾਈਲ ਦੀ ਲਿਬਨਾਨ 'ਤੇ ਭਾਰੀ ਬੰਬਾਰੀ, 200 ਤੋਂ ਵੱਧ ਮੌਤਾਂ

**ਤਹਿਰਾਨ** : ਇਜ਼ਰਾਈਲ ਵੱਲੋਂ ਵੀਰਵਾਰ ਲਿਬਨਾਨ 'ਤੇ ਭਾਰੀ ਬੰਬਾਰੀ ਕਰਕੇ 200 ਤੋਂ ਵੱਧ ਲੋਕਾਂ ਨੂੰ ਮਾਰ ਦੇਣ ਨਾਲ ਅਮਰੀਕਾ ਤੇ ਈਰਾਨ ਵਿਚਾਲੇ ਹੋਈ ਜੰਗਬੰਦੀ ਦੇ ਭਵਿੱਖ ਬਾਰੇ ਸਵਾਲ ਪੈਦਾ ਹੋ ਗਏ ਹਨ। ਇਜ਼ਰਾਈਲ ਦਾ ਦਾਅਵਾ ਹੈ ਕਿ ਜੰਗਬੰਦੀ ਵਿੱਚ ਉਸਦੇ ਲਿਬਨਾਨ ਉੱਤੇ ਹਮਲੇ ਰੋਕਣ ਦੀ ਸ਼ਰਤ ਨਹੀਂ ਹੈ। ਇਸੇ ਦੌਰਾਨ ਪਾਕਿਸਤਾਨ ਨੇ ਕਿਹਾ ਹੈ ਕਿ ਜੰਗਬੰਦੀ ਨੂੰ ਪੱਕੀ ਕਰਨ ਲਈ ਸ਼ੁੱਕਰਵਾਰ ਨੂੰ ਇਸਲਾਮਾਬਾਦ ਵਿੱਚ ਹੋਣ ਵਾਲੀ ਗੱਲਬਾਤ ਵਿੱਚ ਪਾਕਿਸਤਾਨੀ ਆਗੂਆਂ ਤੋਂ ਇਲਾਵਾ ਅਮਰੀਕਾ ਦੇ ਉਪ ਰਾਸ਼ਟਰਪਤੀ ਜੇ ਡੀ ਵਾਂਸ, ਟਰੰਪ ਦੇ ਵਿਸ਼ੇਸ਼ ਦੂਤ ਸਟੀਵ ਵਿਟਕੌਫ ਅਤੇ ਈਰਾਨ ਵੱਲੋਂ ਸੰਸਦ ਦੇ ਸਪੀਕਰ ਮੁਹੰਮਦ ਬਗਰ ਗਾਲੀਬਾਫ, ਵਿਦੇਸ਼ ਮੰਤਰੀ ਅੱਬਾਸ ਅਰਾਗਚੀ ਸ਼ਾਮਲ ਹੋਣਗੇ। ਲਿਬਨਾਨ ਦੇ ਪ੍ਰਧਾਨ ਮੰਤਰੀ ਨਵਾਫ ਸਲਾਮ ਨੇ ਪਾਕਿਸਤਾਨੀ ਪ੍ਰਧਾਨ ਮੰਤਰੀ ਸ਼ਹਿਬਾਜ਼ ਸ਼ਰੀਫ ਨੂੰ ਕਿਹਾ ਹੈ ਕਿ ਉਹ ਜੰਗਬੰਦੀ ਵਿੱਚ ਲਿਬਨਾਨ ਨੂੰ ਸ਼ਾਮਲ ਕਰਾਉਣ। ਇਸੇ ਦੌਰਾਨ ਈਰਾਨ ਨੇ ਅਮਰੀਕਾ 'ਤੇ ਜੰਗਬੰਦੀ ਦੀਆਂ ਤਿੰਨ ਮੁੱਖ ਸ਼ਰਤਾਂ ਦੀ ਉਲੰਘਣਾ ਕਰਨ ਦਾ ਗੰਭੀਰ ਦੋਸ਼ ਲਗਾਇਆ ਹੈ। ਈਰਾਨੀ ਸਪੀਕਰ ਗਾਲੀਬਾਫ ਨੇ ਕਿਹਾ ਹੈ ਕਿ ਅਮਰੀਕਾ ਨੇ 10-ਨੁਕਾਤੀ ਪ੍ਰਸਤਾਵ ਦੀਆਂ ਬੁਨਿਆਦੀ ਸ਼ਰਤਾਂ ਨੂੰ ਮੰਨਣ ਤੋਂ ਇਨਕਾਰ ਕਰ ਦਿੱਤਾ ਹੈ। ਈਰਾਨ ਨੇ ਕਿਹਾ ਹੈ ਕਿ ਜਿਸ ਬੁਨਿਆਦ 'ਤੇ ਗੱਲਬਾਤ ਸ਼ੁਰੂ ਹੋਣੀ ਸੀ, ਉਹ ਹੁਣ ਖਤਮ ਹੋ ਚੁੱਕੀ ਹੈ, ਜਿਸ ਕਾਰਨ ਅੱਗੇ ਦੀ ਗੱਲਬਾਤ ਜਾਂ ਜੰਗਬੰਦੀ ਦੀ ਹੁਣ ਕੋਈ ਤੁਕ ਨਹੀਂ ਰਹਿ ਜਾਂਦੀ। ਇਸ ਦੇ ਉਲਟ ਅਮਰੀਕੀ ਰਾਸ਼ਟਰਪਤੀ ਡੋਨਲਡ ਟਰੰਪ ਨੇ ਸਪੱਸ਼ਟ ਕਰ ਦਿੱਤਾ ਹੈ ਕਿ ਜਦੋਂ ਤੱਕ ਈਰਾਨ ਨਾਲ ਹੋਇਆ ਸਮਝੌਤਾ ਪੂਰੀ ਤਰ੍ਹਾਂ ਅਮਲ ਵਿੱਚ ਨਹੀਂ ਆਉਂਦਾ, ਉਦੋਂ ਤੱਕ ਅਮਰੀਕੀ ਫੌਜ ਈਰਾਨ ਦੇ ਆਲੇ-ਦੁਆਲੇ ਦੇ ਇਲਾਕਿਆਂ ਵਿੱਚ ਤਾਇਨਾਤ ਰਹੇਗੀ। ਟਰੰਪ ਨੇ ਕਿਹਾ ਕਿ ਅਮਰੀਕਾ ਪੂਰੀ ਤਰ੍ਹਾਂ ਤਿਆਰ ਹੈ ਅਤੇ ਇਸ ਮਾਮਲੇ 'ਤੇ ਨਜ਼ਰ ਰੱਖ ਰਿਹਾ ਹੈ। ਟਰੰਪ ਨੇ ਚਿਤਾਵਨੀ ਦਿੱਤੀ ਹੈ ਕਿ ਜੇ ਇਸ ਸਮਝੌਤੇ ਦੀ ਪਾਲਣਾ ਨਹੀਂ ਕੀਤੀ ਗਈ ਤਾਂ ਮੁੜ ਹਮਲੇ ਸ਼ੁਰੂ ਹੋ ਸਕਦੇ ਹਨ। ਉਨ੍ਹਾ ਕਿਹਾ ਕਿ ਜੇ ਅਜਿਹਾ ਹੁੰਦਾ ਹੈ ਤਾਂ ਇਹ ਜੰਗ ਪਹਿਲਾਂ ਦੇ ਮੁਕਾਬਲੇ ਕਿਤੇ ਜ਼ਿਆਦਾ ਵੱਡੀ, ਸ਼ਕਤੀਸ਼ਾਲੀ ਅਤੇ ਵਿਨਾਸ਼ਕਾਰੀ ਸਾਬਤ ਹੋਵੇਗੀ। ਹਾਲਾਂਕਿ, ਉਨ੍ਹਾ ਨੇ ਇਹ ਉਮੀਦ ਵੀ ਜਤਾਈ ਕਿ ਅਜਿਹਾ ਹੋਣ ਦੀ ਸੰਭਾਵਨਾ ਬਹੁਤ ਘੱਟ ਹੈ। ਜੰਗਬੰਦੀ ਦੇ ਬਾਵਜੂਦ ਹਾਰਮੁਜ਼ ਜਲ ਮਾਰਗ ਵਿੱਚ ਜਹਾਜ਼ਾਂ ਦੀ ਆਵਾਜਾਈ ਹਾਲੇ ਤਕ ਰੁਕੀ ਹੋਈ ਹੈ। ਪਿਛਲੇ 24 ਘੰਟਿਆਂ ਵਿੱਚ ਇਸ ਰਸਤੇ ਤੋਂ ਸਿਰਫ ਇਕ ਤੇਲ ਟੈਂਕਰ ਅਤੇ ਪੰਜ ਮਾਲਵਾਹਕ ਜਹਾਜ਼ ਹੀ ਲੰਘ ਸਕੇ ਹਨ। ਸੰਘਰਸ਼ ਸ਼ੁਰੂ ਹੋਣ ਤੋਂ ਪਹਿਲਾਂ ਇਸ ਮਹੱਤਵਪੂਰਨ ਜਲ ਮਾਰਗ ਰਾਹੀਂ ਰੋਜ਼ਾਨਾ ਤਕਰੀਬਨ 140 ਜਹਾਜ਼ ਗੁਜ਼ਰਦੇ ਸਨ।

# ਮਹਿਲਾਵਾਂ ਦੇ ਸੁਫਨੇ ਨੂੰ ਖੰਭ ਲਾਉਣ ਵਾਲੀ ਗੀਤਾ ਮੁਖਰਜੀ



**ਜਲੰਧਰ** : ਅੱਜ ਜਦੋਂ ਸੰਸਦ ਤੇ ਅਸੈਂਬਲੀਆਂ ਵਿੱਚ ਮਹਿਲਾਵਾਂ ਲਈ 33 ਫੀਸਦੀ ਸੀਟਾਂ ਰਿਜ਼ਰਵ ਕਰਨ ਦਾ ਸੁਫਨਾ ਸਾਕਾਰ ਹੋਣ ਵਾਲਾ ਹੈ, ਤਾਂ ਸੀ ਪੀ ਆਈ ਦੀ ਲੰਮਾ ਸਮਾਂ ਸਾਂਸਦ ਰਹੀ ਗੀਤਾ ਮੁਖਰਜੀ ਨੂੰ ਯਾਦ ਕਰਨ ਦਾ ਵੇਲਾ ਹੈ, ਜਿਨ੍ਹਾ ਨੂੰ 1996 ਵਿੱਚ ਇਸ ਸੰਬੰਧੀ ਬਿੱਲ ਤਿਆਰ ਕਰਨ ਵਾਲੀ ਸੰਸਦੀ ਕਮੇਟੀ ਦੀ ਚੇਅਰਪਰਸਨ ਨਿਯੁਕਤ ਕੀਤਾ ਗਿਆ ਸੀ। ਚਾਰ ਵਾਰ ਵਿਧਾਇਕ ਤੇ ਸੱਤ ਵਾਰੀ ਸਾਂਸਦ ਰਹੇ ਗੀਤਾ ਮੁਖਰਜੀ ਸੀ ਪੀ ਆਈ ਦੇ ਮਹਿਲਾ ਵਿੰਗ ਨੈਸ਼ਨਲ ਫੈਡਰੇਸ਼ਨ ਆਫ ਇੰਡੀਅਨ ਵੂਮੈਨਜ਼ ਦੇ ਪ੍ਰਧਾਨ ਵੀ ਰਹੇ। ਸੰਸਦ ਤੇ ਅਸੈਂਬਲੀਆਂ ਵਿੱਚ ਮਹਿਲਾਵਾਂ ਲਈ ਇੱਕ-ਤਿਹਾਈ ਰਿਜ਼ਰਵੇਸ਼ਨ ਦੇ ਅੰਦੋਲਨ ਦੀ ਉਨ੍ਹਾ ਅਗਵਾਈ ਕੀਤੀ।

ਪੰਜ ਦਹਾਕਿਆਂ ਦੇ ਆਪਣੇ ਕੈਰੀਅਰ ਦੌਰਾਨ ਗੀਤਾ ਮੁਖਰਜੀ ਪੇਂਡੂ ਮਜ਼ਦੂਰਾਂ ਦੇ ਕੌਮੀ ਕਮਿਸ਼ਨ, ਕੌਮੀ ਮਹਿਲਾ ਕਮਿਸ਼ਨ, ਨੈਸ਼ਨਲ ਚਿਲਡਰਨਜ਼ ਬੋਰਡ, ਪ੍ਰੈੱਸ ਕੌਂਸਲ ਦੇ ਮੈਂਬਰ ਅਤੇ ਅਤੇ ਨੈਸ਼ਨਲ ਫੈਡਰੇਸ਼ਨ ਆਫ ਵੂਮੈਨ ਦੇ ਵਾਈਸ ਚੇਅਰਪਰਸਨ ਤੋਂ ਇਲਾਵਾ ਵੂਮੈਨਜ਼ ਇੰਟਰਨੈਸ਼ਨਲ ਡੈਮੋਕਰੇਟਿਕ ਫੈਡਰੇਸ਼ਨ ਬਰਲਿਨ ਦੇ ਸਕੱਤਰੇਤ ਮੈਂਬਰ ਵੀ ਰਹੇ। ਗੀਤਾ ਮੁਖਰਜੀ ਦੀ ਅਗਵਾਈ ਵਾਲੇ ਸੰਸਦੀ ਪੈਨਲ ਨੇ 1996 ਦੇ ਬਿੱਲ ਦੀ ਘੋਖ ਕੀਤੀ ਅਤੇ ਸੱਤ ਸਿਫਾਰਸ਼ਾਂ ਦਿੱਤੀਆਂ। ਇਨ੍ਹਾਂ ਵਿੱਚੋਂ ਪੰਜ ਸਿਫਾਰਸ਼ਾਂ 2008 ਦੇ ਬਿੱਲ ਵਿੱਚ ਸ਼ਾਮਲ ਕੀਤੀਆਂ ਗਈਆਂ, ਜੋ ਯੂ ਪੀ ਏ ਸਰਕਾਰ ਨੇ ਪੇਸ਼ ਕੀਤਾ। ਇਨ੍ਹਾਂ ਸਿਫਾਰਸ਼ਾਂ ਵਿੱਚ ਸ਼ਾਮਲ ਸੀ ਕਿ ਰਿਜ਼ਰਵੇਸ਼ਨ 15 ਸਾਲਾਂ ਲਈ ਰੱਖੀ ਜਾਵੇ, ਐਂਗਲੋ ਇੰਡੀਅਨਜ਼ ਲਈ ਸਬ-ਰਿਜ਼ਰਵੇਸ਼ਨ ਹੋਵੇ; ਜੇ ਰਾਜ ਵਿੱਚ ਲੋਕ ਸਭਾ ਲਈ ਤਿੰਨ ਤੋਂ ਘੱਟ ਸੀਟਾਂ ਹਨ ਤਾਂ ਵੀ ਰਿਜ਼ਰਵੇਸ਼ਨ ਦਿੱਤੀ ਜਾਵੇ; ਦਿੱਲੀ ਵਿਧਾਨ ਸਭਾ ਲਈ ਰਿਜ਼ਰਵੇਸ਼ਨ ਹੋਵੇ ਅਤੇ ਘੱਟੋ-ਘੱਟ ਇੱਕ-ਤਿਹਾਈ ਨੂੰ ਜਿਵੇਂ ਹੋ ਸਕੇ, ਇੱਕ-ਤਿਹਾਈ ਵਿੱਚ ਬਦਲਿਆ ਜਾਵੇ। ਪੈਨਲ ਦੀਆਂ ਦੋ ਸਿਫਾਰਸ਼ਾਂ 2008 ਦੇ ਬਿੱਲ ਵਿੱਚ ਸ਼ਾਮਲ ਨਹੀਂ ਕੀਤੀਆਂ ਗਈਆਂ। ਪਹਿਲੀ ਸੀ ਰਾਜ ਸਭਾ ਅਤੇ ਵਿਧਾਨ ਪ੍ਰੀਸ਼ਦਾਂ ਵਿੱਚ ਸੀਟਾਂ ਦੀ ਰਿਜ਼ਰਵੇਸ਼ਨ, ਅਤੇ ਦੂਜੀ ਸੀ ਸੰਵਿਧਾਨ ਵੱਲੋਂ ਓ ਬੀ ਸੀ ਨੂੰ ਰਿਜ਼ਰਵੇਸ਼ਨ ਦੇਣ ਤੋਂ ਬਾਅਦ ਓ ਬੀ ਸੀ ਮਹਿਲਾਵਾਂ ਲਈ ਸਬ-ਰਿਜ਼ਰਵੇਸ਼ਨ।

ਨਿਮਰ ਸੁਭਾਅ ਦੇ ਗੀਤਾ ਮੁਖਰਜੀ ਆਪਣੇ ਵਿਚਾਰਾਂ ਵਿੱਚ ਫੌਲਾਦੀ ਅਤੇ ਭਾਰਤ ਦੀਆਂ ਮਹਿਲਾਵਾਂ ਤੇ ਮਜ਼ਦੂਰਾਂ ਦੇ ਹੱਕ ਲਈ ਲੜਨ ਵਾਲੀ ਸ਼ਖਸੀਅਤ ਸਨ। ਪੰਸਕੁਰਾ (ਪੱਛਮੀ ਬੰਗਾਲ) ਤੋਂ ਸਾਂਸਦ ਰਹੇ ਗੀਤਾ ਮੁਖਰਜੀ ਜੀਵਨ ਦੇ ਆਖਰੀ ਦਿਨ ਤੱਕ ਸਰਗਰਮ ਰਹੇ। ਹਾਲਾਂਕਿ ਉਹ ਕਮਿਊਨਿਸਟ ਸਨ, ਪਰ ਸਾਰੀਆਂ ਪਾਰਟੀਆਂ ਵੱਲੋਂ ਉਨ੍ਹਾ ਦਾ ਸਤਿਕਾਰ ਕੀਤਾ ਜਾਂਦਾ ਸੀ।

ਮਹਿਲਾ ਰਿਜ਼ਰਵੇਸ਼ਨ ਬਿੱਲ ਪਹਿਲੀ ਵਾਰੀ 4 ਸਤੰਬਰ, 1996 ਨੂੰ ਦੇਵਗੌੜਾ ਦੀ ਅਗਵਾਈ ਵਾਲੀ ਯੂਨਾਈਟਡ ਫਰੰਟ ਸਰਕਾਰ ਵੱਲੋਂ ਪੇਸ਼ ਕੀਤਾ ਗਿਆ। ਇਹ 81ਵਾਂ ਸੰਵਿਧਾਨਕ ਸੋਧ ਬਿੱਲ ਸੀ। ਫਿਰ ਇਸ ਨੂੰ ਗੀਤਾ ਮੁਖਰਜੀ ਦੀ ਅਗਵਾਈ ਵਾਲੀ 31 ਮੈਂਬਰਾਂ ਦੀ ਸਾਂਝੀ ਸੰਸਦੀ ਕਮੇਟੀ ਵੱਲ ਭੇਜਿਆ ਗਿਆ। ਕਮੇਟੀ ਨੂੰ ਵੱਖ-ਵੱਖ ਸੰਗਠਨਾਂ ਅਤੇ ਮਹਿਲਾਵਾਂ ਦੇ ਸਮੂਹਾਂ ਵੱਲੋਂ 102 ਮੈਮੋਰੰਡਮ ਮਿਲੇ। ਇਸ ਨੇ ਕਈ ਪ੍ਰਸਿੱਧ ਸਮਾਜਕ ਕਾਰਕੁਨਾਂ ਅਤੇ ਮਹਿਲਾ ਸੰਗਠਨਾਂ ਦੇ ਪ੍ਰਤੀਨਿਧਾਂ ਦੀ ਸੁਣਵਾਈ ਕੀਤੀ ਅਤੇ ਰਿਕਾਰਡ ਤਿੰਨ ਮਹੀਨਿਆਂ ਵਿੱਚ 11ਵੀਂ ਲੋਕ ਸਭਾ ਨੂੰ ਆਪਣੀ ਰਿਪੋਰਟ ਪੇਸ਼ ਕੀਤੀ। ਕਈ ਮਹਿਲਾਵਾਂ ਨੇ ਖ਼ੂਨ ਨਾਲ ਦਸਤਖਤ ਕੀਤੇ ਮੈਮੋਰੰਡਮ ਭੇਜੇ, ਜਿਸ ਨੇ ਗੀਤਾ ਮੁਖਰਜੀ ਨੂੰ ਬਹੁਤ ਪ੍ਰਭਾਵਤ ਕੀਤਾ।

ਮੁਖਰਜੀ ਨੇ ਖੱਬੀਆਂ ਪਾਰਟੀਆਂ, ਕਾਂਗਰਸ ਤੇ ਭਾਜਪਾ ਨੂੰ ਮਨਾ ਕੇ ਸਹਿਮਤੀ ਬਣਾਉਣ ਦੀਆਂ ਭਰਪੂਰ ਕੋਸ਼ਿਸ਼ਾਂ ਕੀਤੀਆਂ, ਪਰ ਇਹ ਵੇਖ ਕੇ ਬਹੁਤ ਨਿਰਾਸ਼ ਹੋਏ ਕਿ ਇਹ ਪਾਰਟੀਆਂ ਪਿੱਛੇ ਹਟ ਰਹੀਆਂ ਸਨ, ਸਹਿਮਤੀ ਦੀ ਘਾਟ ਨੂੰ ਬਹਾਨਾ ਬਣਾ ਕੇ। ਉਨ੍ਹਾ ਗੁਜਰਾਲ ਸਰਕਾਰ ਵਿੱਚ ਮੰਤਰੀ ਦੇ ਅਹੁਦੇ ਦੀ ਤਜਵੀਜ਼ ਨੂੰ ਵੀ ਠੁਕਰਾਇਆ, ਤਾਂ ਜੋ ਉਹ ਪੂਰੀ ਤਰ੍ਹਾਂ ਬਿੱਲ 'ਤੇ ਧਿਆਨ ਕੇਂਦਰਤ ਕਰ ਸਕਣ।

ਮੁਖਰਜੀ ਨੇ ਦੇਸ਼ ਦੇ ਸਾਰੇ ਰਾਜਾਂ ਵਿੱਚ ਮਹਿਲਾ ਰਿਜ਼ਰਵੇਸ਼ਨ ਬਿੱਲ ਲਈ ਮੁਹਿੰਮ ਚਲਾਈ। ਨਾਕਾਮ ਰਹਿਣ 'ਤੇ ਪੱਤਰਕਾਰਾਂ ਨਾਲ ਗੱਲ ਕਰਦਿਆਂ ਉਨ੍ਹਾ ਕਿਹਾ ਸੀ, 'ਜਦ ਮੇਰੇ ਪਤੀ ਗੁਜ਼ਰੇ, ਮੈਂ ਹੌਸਲਾ ਨਹੀਂ ਢਾਹਿਆ, ਪਰ ਅੱਜ ਮੈਂ ਹੰਝੂ ਵਹਾ ਰਹੀ ਹਾਂ।'

## ਟੈਕਸਟਾਈਲ ਮਜ਼ਦੂਰਾਂ ਦੇ ਰੇਟ ਵਧਾਉਣ ਲਈ ਅੰਦੋਲਨ ਦਾ ਫੈਸਲਾ



**ਛੇਹਰਟਾ/ਖਾਸਾ (ਮਨੋਜ ਕੁਮਾਰ/ਸ਼ਸ਼ਪਾਲ ਸਿੰਘ)**

ਟੈਕਸਟਾਈਲ ਖੇਤਰ ਦੇ ਮਜ਼ਦੂਰਾਂ ਦੀਆਂ ਉਜਰਤਾਂ ਵਿਚ ਵਾਧੇ ਦੀ ਮੰਗ ਨੂੰ ਲੈ ਕੇ ਪ੍ਰਮੁੱਖ ਮਜ਼ਦੂਰ ਜਥੇਬੰਦੀਆਂ ਸੀਟੂ , ਏਟਕ ਤੇ ਸੀ ਟੀ ਯੂ ਦੀ ਸਾਂਝੀ ਹੰਗਾਮੀ ਮੀਟਿੰਗ ਪੁਤਲੀਘਰ ਸਥਿਤ ਸੀਟੂ ਦਫ਼ਤਰ ਵਿਖੇ ਕਿਰਪਾ ਰਾਮ ਦੀ ਪ੍ਰਧਾਨਗੀ ਹੇਠ ਸੰਪੰਨ ਹੋਈ। ਇਸ ਮੀਟਿੰਗ ਦੌਰਾਨ ਏਟਕ ਆਗੂ ਅਮਰਜੀਤ ਸਿੰਘ ਆਸਲ, ਸੀਟੂ ਆਗੂ ਸੁੱਚਾ ਸਿੰਘ ਅਜਨਾਲਾ ਤੇ ਸੀ ਟੀ ਯੂ ਆਗੂ ਜਗਤਾਰ ਸਿੰਘ ਕਰਮਪੁਰਾ ਨੇ ਸੰਬੋਧਨ ਕਰਦਿਆਂ ਦੱਸਿਆ ਕਿ ਬੀਤੀ 6 ਅਪ੍ਰੈਲ ਨੂੰ ਮਿੱਲ ਮਾਲਕਾਂ ਨਾਲ ਟੈਕਸਟਾਈਲ ਕਾਮਿਆਂ ਦੇ ਰੇਟਾਂ ਵਿਚ ਵਾਧੇ ਸੰਬੰਧੀ ਕੀਤੀ ਗਈ ਮੀਟਿੰਗ ਬੇਸਿੱਟਾ ਰਹੀ। ਆਗੂਆਂ ਸਪੱਸ਼ਟ ਕੀਤਾ ਕਿ ਮਾਲਕਾਂ ਨਾਲ ਹੋਇਆ ਪਿਛਲਾ ਸਮਝੌਤਾ 31 ਜਨਵਰੀ 2026 ਨੂੰ ਖ਼ਤਮ ਹੋ ਚੁੱਕਾ ਹੈ ਤੇ ਅਸਮਾਨੀ ਚੜ੍ਹ ਰਹੀ ਮਹਿੰਗਾਈ ਦੇ ਦੌਰ ਵਿਚ ਵਰਕਰਾਂ ਦਾ ਮੌਜੂਦਾ ਉਜਰਤਾਂ 'ਤੇ ਗੁਜ਼ਾਰਾ ਕਰਨਾ ਅਸੰਭਵ ਹੋ ਗਿਆ ਹੈ, ਜਿਸ ਕਾਰਨ ਰੇਟਾਂ ਵਿਚ ਤੁਰੰਤ ਵਾਧਾ ਕਰਨਾ ਲਾਜ਼ਮੀ ਹੈ।

ਮਾਲਕਾਂ ਦੇ ਅੜੀਅਲ ਵਤੀਰੇ ਨੂੰ ਦੇਖਦਿਆਂ ਜਥੇਬੰਦੀਆਂ ਨੇ ਹੁਣ ਆਰ-ਪਾਰ ਦੀ ਲੜਾਈ ਦਾ ਫ਼ੈਸਲਾ ਕਰਦਿਆਂ ਹੜਤਾਲ ਦੀ ਰਣਨੀਤੀ ਉਲੀਕੀ ਹੈ। ਇਸ ਤਹਿਤ ਮਜ਼ਦੂਰਾਂ ਨੂੰ ਲਾਮਬੰਦ ਕਰਨ ਲਈ ਲੜੀਵਾਰ ਮੀਟਿੰਗਾਂ ਦਾ ਪ੍ਰੋਗਰਾਮ • ਬਾਕੀ ਸਫਾ 2 'ਤੇ

## ਬਿਨਾਂ ਕਿਤਾਬਾਂ ਦੇ ਪੜ੍ਹਾਈ

**ਨਵੀਂ ਦਿੱਲੀ** : ਸੀ ਬੀ ਐੱਸ ਈ ਨੇ 2026-27 ਦੇ ਅਕਾਦਮਿਕ ਸੈਸ਼ਨ ਤੋਂ ਛੇਵੀਂ ਵਿੱਚ ਤੀਜੀ ਭਾਸ਼ਾ ਨੂੰ ਲਾਜ਼ਮੀ ਕਰ ਦਿੱਤਾ ਹੈ। ਬੋਰਡ ਨੇ ਵੀਰਵਾਰ ਸਕੂਲਾਂ ਨੂੰ ਹੁਕਮ ਜਾਰੀ ਕਰ ਕੇ ਕਿਹਾ ਕਿ ਭਾਵੇਂ ਇਸ ਵੇਲੇ ਪਾਠ ਪੁਸਤਕਾਂ ਉਪਲਬਧ ਨਹੀਂ ਹਨ ਪਰ ਅਧਿਆਪਕ ਸਮੱਗਰੀ ਨੂੰ ਆਪਣੇ ਪੱਧਰ 'ਤੇ ਜੁਟਾਉਣ। ਪੁਸਤਕਾਂ ਜਲਦੀ ਹੀ ਮੁਹੱਈਆ ਕਰਵਾਈਆਂ ਜਾਣਗੀਆਂ।

## ਤਿੰਨ ਅਸੈਂਬਲੀਆਂ ਲਈ ਬੰਪਰ ਵੋਟਿੰਗ

**ਨਵੀਂ ਦਿੱਲੀ** : ਤਿੰਨ ਅਸੈਂਬਲੀਆਂ ਲਈ ਵੋਟਿੰਗ ਦੌਰਾਨ ਵੀਰਵਾਰ ਸ਼ਾਮ ਪੰਜ ਵਜੇ ਤੱਕ ਆਸਾਮ ਵਿੱਚ 84.42 ਫੀਸਦੀ, ਕੇਰਲਾ ਵਿੱਚ 75.01 ਫੀਸਦੀ ਤੇ ਕੇਂਦਰ ਸ਼ਾਸਤ ਪ੍ਰਦੇਸ਼ ਪੁੱਡੂਚੇਰੀ ਵਿੱਚ 86.92 ਫੀਸਦੀ ਹੋ ਗਈ ਸੀ। ਬੂਥਾਂ ਦੇ ਅੰਦਰ ਪਹੁੰਚ ਚੁੱਕੇ ਵੋਟਰਾਂ ਨੇ ਵੋਟਾਂ ਪਾਉਣੀਆਂ ਸਨ। ਕੇਰਲਾ ਦੇ ਮੁੱਖ ਚੋਣ ਅਧਿਕਾਰੀ ਨੇ ਕਿਹਾ ਕਿ ਵੋਟਿੰਗ 90 ਫੀਸਦੀ ਤੋਂ ਟੱਪ ਜਾਣ ਦੀ ਉਮੀਦ ਹੈ।



**ਪੁੱਡੂਚੇਰੀ ਦੇ ਇੱਕ ਬੂਥ 'ਚ ਵੋਟਰਾਂ ਦਾ ਫੁੱਲਾਂ ਨਾਲ ਸਵਾਗਤ ਕਰਦਾ ਰੋਬੋਟ** →

## ਗ਼ੈਰ-ਕਾਨੂੰਨੀ ਮਾਈਨਿੰਗ ਰੋਕਣ ਲਈ 500 ਕਰੋੜ ਦਾ ਪ੍ਰੋਜੈਕਟ

**ਚੰਡੀਗੜ੍ਹ** : ਸਵਾਂ ਨਦੀ ਵਿੱਚ ਗੈਰ-ਕਾਨੂੰਨੀ ਮਾਈਨਿੰਗ ਨੂੰ ਨੱਥ ਪਾਉਣ ਲਈ ਪੰਜਾਬ ਦੇ ਸਿੰਚਾਈ ਵਿਭਾਗ ਨੇ ਸਵਾਂ ਪੁਲ ਤੱਕ ਨਦੀ ਦੇ 20 ਕਿੱਲੋਮੀਟਰ ਹਿੱਸੇ ਨੂੰ ਚੈਨਲਾਈਜ਼ (ਨਹਿਰ ਵਾਂਗ ਪੱਕਾ) ਕਰਨ ਲਈ 500 ਕਰੋੜ ਰੁਪਏ ਦਾ ਪ੍ਰਾਜੈਕਟ ਤਿਆਰ ਕੀਤਾ ਹੈ। ਸਿੱਖਿਆ ਮੰਤਰੀ ਹਰਜੋਤ ਬੈਂਸ ਨੇ ਦੱਸਿਆ ਕਿ ਇਸ ਪ੍ਰਾਜੈਕਟ ਦੇ ਤਹਿਤ ਨਦੀ ਨੂੰ ਦੋਵਾਂ ਪਾਸਿਆਂ ਤੋਂ ਚੈਨਲਾਈਜ਼ ਕੀਤਾ ਜਾਵੇਗਾ ਅਤੇ ਡੈਮ ਬਣਾ ਕੇ ਪਾਣੀ ਸਟੋਰ ਕੀਤਾ ਜਾਵੇਗਾ। ਇਸ ਨਾਲ ਵੱਡੇ ਪੱਧਰ 'ਤੇ ਹੋ ਰਹੀ ਗੈਰ-ਕਾਨੂੰਨੀ ਮਾਈਨਿੰਗ 'ਤੇ ਰੋਕ ਲੱਗੇਗੀ। ਪੰਜਾਬ ਇੰਜੀਨੀਅਰਿੰਗ ਕਾਲਜ ਵੱਲੋਂ ਕੀਤੇ ਗਏ ਇੱਕ ਅਧਿਐਨ ਵਿੱਚ ਖੁਲਾਸਾ ਹੋਇਆ ਹੈ ਕਿ ਨੰਗਲ ਸਬ-ਡਵੀਜ਼ਨ ਵਿੱਚ ਸਵਾਂ ਪੁਲ ਦੇ ਆਲੇ-ਦੁਆਲੇ ਵੱਡੇ ਪੱਧਰ 'ਤੇ ਗੈਰ-ਕਾਨੂੰਨੀ ਰੇਤ ਮਾਈਨਿੰਗ ਹੋ ਰਹੀ ਹੈ, ਜਿਸ ਵਿੱਚ ਪਿਛਲੇ ਦੋ ਦਹਾਕਿਆਂ ਦੌਰਾਨ ਅੰਦਾਜ਼ਨ 34.10 ਲੱਖ ਕਿਊਬਿਕ ਮੀਟਰ ਸਮੱਗਰੀ ਕੱਢੀ ਗਈ ਹੈ।

# 16 ਨੂੰ ਜਲੰਧਰ 'ਚ ਜੰਗ ਵਿਰੋਧੀ ਕਨਵੈਨਸ਼ਨ ਤੇ ਮਾਰਚ



**ਜਲੰਧਰ** : ਸੀ ਪੀ ਆਈ, ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ ਐੱਮ ਪੀ ਆਈ), ਸੀ ਪੀ ਆਈ (ਐੱਮ ਐੱਲ) ਨਿਊ ਡੈਮੋਕ੍ਰੇਸੀ, ਸੀ ਪੀ ਆਈ (ਐੱਮ ਐੱਲ )ਲਿਬਰੇਸ਼ਨ, ਐੱਮ ਸੀ ਪੀ ਆਈ-ਯੂ ਦੇ ਕੇਂਦਰੀ ਤੇ ਸੂਬਾਈ ਆਗੂਆਂ ਦੀ ਸਾਂਝੀ ਮੀਟਿੰਗ ਸਥਾਨਕ ਸ਼ਹੀਦ ਸਾਥੀ ਸਰਬਣ ਸਿੰਘ ਚੀਮਾ ਭਵਨ ਵਿਖੇ ਰਾਜਵਿੰਦਰ ਸਿੰਘ ਰਾਣਾ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ 'ਚ ਮੰਗਤ ਰਾਮ ਪਾਸਲਾ, ਪ੍ਰਿਥੀਪਾਲ ਸਿੰਘ ਮਾੜੀਮੇਘਾ, ਅਜਮੇਰ ਸਿੰਘ ਸਮਰਾ, ਸੁਰਿੰਦਰ ਪਾਲ ਸ਼ਰਮਾ, ਕਿਰਨਜੀਤ ਸਿੰਘ ਸੇਖੋਂ, ਪ੍ਰੋ. ਜੈਪਾਲ ਸਿੰਘ, ਕੁਲਵਿੰਦਰ ਸਿੰਘ ਵੜੈਚ, ਮਹੀਪਾਲ, ਗੁਰਨਾਮ ਸਿੰਘ ਦਾਊਦ ਸ਼ਾਮਲ ਹੋਏ।

ਮੀਟਿੰਗ 'ਚ ਹਾਜ਼ਰ ਆਗੂਆਂ ਵੱਲੋਂ ਹਜ਼ਾਰਾਂ ਬੇਗੁਨਾਹਾਂ ਦੀ ਬਲੀ ਲੈਣ ਵਾਲੀ ਤੇ ਵਿਸ਼ਵ ਦੇ ਸਾਰੇ ਦੇਸ਼ਾਂ, ਖਾਸ ਕਰਕੇ ਏਸ਼ੀਆਈ ਮੁਲਕਾਂ ਦੇ ਅਰਥਚਾਰੇ ਝੰਜੋੜ ਸੁੱਟਣ ਵਾਲੀ ਖਾੜੀ ਜੰਗ ਰੋਕੇ ਜਾਣ ਲਈ ਹੋਈ ਦੋ ਹਫਤਿਆਂ ਦੀ ਅਸਥਾਈ ਜੰਗਬੰਦੀ ਦਾ ਸੁਆਗਤ ਕਰਦਿਆਂ ਮੁਕੰਮਲ ਤੇ ਸਥਾਈ ਜੰਗਬੰਦੀ ਕੀਤੇ ਜਾਣ ਦੀ ਜ਼ੋਰਦਾਰ ਮੰਗ ਕੀਤੀ ਗਈ ਹੈ।ਮੀਟਿੰਗ ਦੀ ਇਹ ਪ੍ਰਪੱਕ ਰਾਇ ਕਿ ਅਮਰੀਕਾ-ਇਜ਼ਰਾਇਲ ਜੰਗਬਾਜ਼ ਜੁੰਡਲੀ ਵੱਲੋਂ ਈਰਾਨ ਖਿਲਾਫ ਵਿੱਢੀ ਨਿਹੱਕੀ ਜੰਗ ਅਸਲ 'ਚ ਈਰਾਨ ਸਮੇਤ ਮੱਧ ਪੂਰਬ ਖਿੱਤੇ ਦੇ ਸਾਰੇ ਦੇਸ਼ਾਂ ਦੇ ਤੇਲ-ਗੈਸ ਦੇ ਭੰਡਾਰ ਅਤੇ ਕੁਦਰਤੀ ਤੇ ਮਾਨਵੀ ਵਸੀਲੇ ਹਥਿਆਉਣ ਦੀ ਸਾਮਰਾਜੀਆਂ ਦੀ ਚਿਰੋਕਣੀ ਸਾਜ਼ਿਸ਼ ਦੀ ਪੈਦਾਵਾਰ ਹੈ।

ਮੀਟਿੰਗ 'ਚ ਦੁੱਖ ਅਤੇ ਗੁੱਸੇ ਨਾਲ ਨੋਟ ਕੀਤਾ ਕਿ ਪੀੜਤ ਈਰਾਨ ਨਾਲ ਖੜ੍ਹਨ ਦੀ ਥਾਂ ਬੇਹਿਆਈ ਨਾਲ ਅਮਰੀਕਾ-ਇਜ਼ਰਾਇਲ ਦਾ ਸਾਥ ਦੇਣ ਵਾਲੀ ਕੇਂਦਰ ਦੀ ਮੋਦੀ ਸਰਕਾਰ ਨੇ ਦੇਸ਼ ਦਾ ਸਵੈਮਾਨ ਘੱਟੇ ਰੋਲ ਦਿੱਤਾ ਹੈ ਤੇ ਦੇਸ਼ ਵਾਸੀਆਂ ਨੂੰ ਅਣ-ਕਿਆਸੀਆਂ ਮੁਸੀਬਤਾਂ 'ਚ ਫਸਾ ਦਿੱਤਾ ਹੈ।

ਮੀਟਿੰਗ ਦੀ ਇਹ ਠੋਸ ਸਮਝਦਾਰੀ ਹੈ ਕਿ ਵਿਸ਼ਵ ਭਰ ਦੇ ਅਮਨਪਸੰਦ ਲੋਕਾਂ ਦੇ ਦਬਾਅ ਸਦਕਾ ਹੋਈ ਜੰਗਬੰਦੀ ਦੇ ਬਾਵਜੂਦ ਸਾਮਰਾਜੀ ਜਰਵਾਣੇ, ਖਾਸ ਕਰਕੇ ਅਮਰੀਕਾ ਆਪਣੇ ਅੰਦਰੂਨੀ ਸੰਕਟ ਦਾ ਬੋਝ ਨਵੇਂ ਆਜ਼ਾਦ ਹੋਏ ਦੇਸ਼ਾਂ ਸਿਰ ਲੱਦਣ ਦੀ ਮਨਸ਼ਾ ਤਹਿਤ ਆਪਣੀਆਂ ਜੰਗ ਭੜਕਾਊ ਸਾਜਿਸ਼ਾਂ ਤੇ ਪਸਾਰਵਾਦੀ ਮਨਸੂਬਾਬੰਦੀ ਤੋਂ ਬਾਜ਼ ਨਹੀਂ ਆਉਣ ਲੱਗੇ। ਇਸ ਲਈ ਵਿਸ਼ਵ ਨੂੰ ਜੰਗਾਂ-ਯੁੱਧਾਂ ਤੋਂ ਸਦੀਵੀ ਮੁਕਤੀ ਦਿਵਾਉਣ ਲਈ ਸਾਮਰਾਜੀ ਲੁੱਟ ਤੇ ਦਾਬੇ ਖਿਲਾਫ਼ ਵਿਸ਼ਾਲ ਲੋਕ ਲਾਮਬੰਦੀ 'ਤੇ ਅਧਾਰਤ ਤਿੱਖੇ ਤੇ ਬੱਝਵੇਂ, ਸੰਸਾਰ ਵਿਆਪੀ ਜਨ-ਸੰਗਰਾਮ ਵਿੱਢਣੇ ਸਮੇਂ ਦੀ ਸਭ ਤੋਂ ਪਲੇਠੀ, ਮਹੱਤਵਪੂਰਨ ਲੋੜ ਬਣ ਚੁੱਕੀ ਹੈ।

ਉਕਤ ਸੇਧ ਵਿੱਚ ਮੀਟਿੰਗ ਵੱਲੋਂ ਆਉਣ ਵਾਲੀ 16 ਅਪ੍ਰੈਲ ਨੂੰ ਦੇਸ਼ ਭਗਤ ਯਾਦਗਾਰ ਜਲੰਧਰ ਦੇ ਬਾਬਾ ਜਵਾਲਾ ਸਿੰਘ ਠੱਠੀਆਂ ਹਾਲ ਵਿਖੇ ਸਾਂਝੀ ਸੂਬਾਈ ਕਨਵੈਨਸ਼ਨ ਅਤੇ ਸ਼ਹਿਰ 'ਚ ਜੰਗ ਵਿਰੋਧੀ ਮਾਰਚ ਕਰਨ ਦਾ ਨਿਰਣਾ ਲਿਆ ਗਿਆ ਹੈ।

## ਅੱਜ-ਨਾਮਾ

ਚਰਚੇ ਸੁਣੇ ਸੀ ਕੁਝ ਅਗਲੀ ਚੋਣ ਖਾਤਰ,
ਤਿਆਰੀ ਹੋਈ ਅਗੇਤੀ ਜਿਹੀ ਸ਼ੁਰੂ ਬੇਲੀ।
ਹਲਕਿਆਂ ਵਾਰ ਕਮੇਟੀ ਤੱਕ ਬਣਨ ਵਾਲੀ,
ਕਮੇਟੀ ਬਣਨ ਮਗਰੋਂ ਕੰਮ ਵੀ ਤੁਰੂ ਬੇਲੀ।
ਸਮਾਂ ਖਾਸ ਨਾ ਚੋਣ ਵਿੱਚ ਰਹਿ ਗਿਆ ਈ,
ਘੜੀ ਵਕਤ ਦੀ ਅਗਾਂਹਾਂ ਵੱਲ ਤੁਰੂ ਬੇਲੀ।
ਮੌਕੇ ਇਹੋ ਜਿਹੇ ਅਗਲਿਆਂ ਦਿਨਾਂ ਅੰਦਰ,
ਮੂਹਰੇ ਆਉਣੇ ਕੁਝ ਚੋਣਾਂ ਦੇ ਗੁਰੂ ਬੇਲੀ।
ਚੱਲਦੀ ਚੋਣ ਵਿੱਚ ਇਕੱਲੇ ਨਾ ਗੁਰੂ ਆਖੋ,
ਹੋਣੇ ਕੁਝ ਗੁਰੂਆਂ ਦੇ ਨਾਲ ਘੰਟਾਲ ਬੇਲੀ।
ਵਕਤ ਨੇ ਫੜੀ ਹੈ ਜਿਹੜੀ ਰਫਤਾਰ ਦੱਸੇ,
ਅਗਲੇ ਦੇਂਦੇ ਨਹੀਂ ਚੜ੍ਹਨ ਸਿਆਲ ਬੇਲੀ।

-ਤੀਸ ਮਾਰ ਖਾਂ

## ਸਿੱਖਿਆ ਕ੍ਰਾਂਤੀ ਦਾ ਨਵਾਂ ਦੌਰ : ਮਿਸ਼ਨ ਸਮਰੱਥ 4.0 ਦੀ ਸ਼ੁਰੂਆਤ



**ਚੰਡੀਗੜ੍ਹ (ਗੁਰਜੀਤ ਬਿੱਲਾ, ਸੁਰਜੀਤ ਸੁਮਨ)**-ਪੰਜਾਬ ਸਰਕਾਰ ਨੇ ਸਿੱਖਿਆ ਖੇਤਰ ਵਿੱਚ ਇਕ ਹੋਰ ਵੱਡਾ ਕਦਮ ਚੁੱਕਦਿਆਂ ਮਿਸ਼ਨ ਸਮਰੱਥ 4.0 ਦੀ ਸ਼ੁਰੂਆਤ ਕਰ ਦਿੱਤੀ ਹੈ। ਇਸ ਪ੍ਰੋਗਰਾਮ ਦੀ ਅਗਵਾਈ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਕੀਤੀ, ਜਦਕਿ ਇਸ ਮੌਕੇ ਦਿੱਲੀ ਦੇ ਸਾਬਕਾ ਉਪ ਮੁੱਖ ਮੰਤਰੀ ਮਨੀਸ਼ ਸਿਸੋਦੀਆ ਵੀ ਮੌਜੂਦ ਸਨ। ਇਹ ਪਹਿਲ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਚੱਲ ਰਹੀ ਸਿੱਖਿਆ ਸੁਧਾਰ ਮੁਹਿੰਮ ਦਾ ਹਿੱਸਾ ਹੈ।ਮਿਸ਼ਨ ਸਮਰੱਥ 4.0 ਤਹਿਤ ਸੂਬੇ ਭਰ ਵਿੱਚ ਨਵਾਂ ਹਾਜ਼ਰੀ ਟਰੈਕਿੰਗ ਸਿਸਟਮ ਲਾਗੂ ਕੀਤਾ ਗਿਆ ਹੈ। ਇਸ ਦੇ ਨਾਲ ਮਾਪਿਆਂ ਨੂੰ ਆਪਣੇ ਬੱਚਿਆਂ ਦੀ ਹਾਜ਼ਰੀ ਬਾਰੇ ਰੋਜ਼ਾਨਾ ਐੱਸ ਐੱਮ ਐੱਸ ਰਾਹੀਂ ਜਾਣਕਾਰੀ ਮਿਲੇਗੀ। ਸਰਕਾਰ ਦੇ ਅਨੁਸਾਰ ਇਹ ਕਦਮ ਵਿਦਿਆਰਥੀਆਂ ਦੀ ਨਿਯਮਤ ਹਾਜ਼ਰੀ ਯਕੀਨੀ ਬਣਾਉਣ ਅਤੇ ਸਕੂਲਾਂ ਵਿੱਚ ਜਵਾਬਦੇਹੀ ਵਧਾਉਣ ਲਈ ਚੁੱਕਿਆ ਗਿਆ ਹੈ। ਸਿੱਖਿਆ ਮੰਤਰੀ ਨੇ ਕਿਹਾ ਕਿ ਪੰਜਾਬ ਪਹਿਲਾਂ ਹੀ 'ਪਰਖ' ਸਰਵੇਖਣ 2024 ਵਿੱਚ ਦੇਸ਼ ਵਿੱਚ ਪਹਿਲਾ ਸਥਾਨ ਹਾਸਲ ਕਰ ਚੁੱਕਾ ਹੈ ਅਤੇ ਹੁਣ ਇਹ ਨਵਾਂ ਪੜਾਅ ਸਿੱਖਿਆ ਪ੍ਰਣਾਲੀ ਨੂੰ ਆਲਮੀ ਮਿਆਰਾਂ ਤੱਕ ਲਿਜਾਣ ਵਿੱਚ ਮਦਦਗਾਰ ਸਾਬਤ • ਬਾਕੀ ਸਫਾ 2 'ਤੇ



ਭੋਗ ਅਤੇ ਅੰਤਿਮ ਅਰਦਾਸ
ਸਰਦਾਰ ਲਾਲ ਸਿੰਘ ਜੀ
(ਸਾਬਕਾ ਕੈਬਨਿਟ ਮੰਤਰੀ, ਪੰਜਾਬ ਸਰਕਾਰ)
ਮਿਤੀ: 10 ਅਪ੍ਰੈਲ 2026, ਦਿਨ ਸ਼ੁੱਕਰਵਾਰ
ਸਮਾਂ: ਸਵੇਰੇ 12:00 ਵਜੇ ਤੋਂ ਦੁਪਹਿਰ 1:00 ਵਜੇ ਤੱਕ
ਸਥਾਨ:
ਗੁਰਦੁਆਰਾ ਮੋਤੀ ਬਾਗ ਸਾਹਿਬ, ਪਟਿਆਲਾ
ਆਪ ਜੀ ਨੂੰ ਅੰਤਿਮ ਅਰਦਾਸ ਵਿਚ ਸ਼ਾਮਿਲ ਹੋਣ ਲਈ ਬੇਨਤੀ ਕੀਤੀ ਜਾਂਦੀ ਹੈ।
ਹਰਦਿਆਲ ਸਿੰਘ ਕੰਬੋਜ਼, ਸਾਬਕਾ ਵਿਧਾਇਕ, ਰਾਜਪੁਰਾ
ਨਿਰਭੈ ਸਿੰਘ ਕੰਬੋਜ਼ (ਮਿਲਟੀ), ਸੀਨੀਅਰ ਆਗੂ ਯੂਥ ਕਾਂਗਰਸ
ਮੋਬ: 98725-12000



ਭੋਗ ਅਤੇ ਅੰਤਿਮ ਅਰਦਾਸ
ਸਰਦਾਰ ਲਾਲ ਸਿੰਘ ਜੀ
(ਸਾਬਕਾ ਕੈਬਨਿਟ ਮੰਤਰੀ, ਪੰਜਾਬ ਸਰਕਾਰ)
ਮਿਤੀ: 10 ਅਪ੍ਰੈਲ 2026, ਦਿਨ ਸ਼ੁੱਕਰਵਾਰ
ਸਮਾਂ: ਸਵੇਰੇ 12:00 ਵਜੇ ਤੋਂ ਦੁਪਹਿਰ 1:00 ਵਜੇ ਤੱਕ
ਸਥਾਨ:
ਗੁਰਦੁਆਰਾ ਮੋਤੀ ਬਾਗ ਸਾਹਿਬ, ਪਟਿਆਲਾ
ਆਪ ਜੀ ਨੂੰ ਅੰਤਿਮ ਅਰਦਾਸ ਵਿਚ ਸ਼ਾਮਿਲ ਹੋਣ ਲਈ ਬੇਨਤੀ ਕੀਤੀ ਜਾਂਦੀ ਹੈ।
ਚਰਨਜੀਤ ਸਿੰਘ (ਜੱਜ ਕੌੜਾ ਸਰਪੰਚ) ਸਨੌਰ
ਸਿਨੀਅਰ ਆਗੂ ਯੂਥ (ਕਾਂਗਰਸ)
ਮੋ: 92177-00010

## ਸੰਗਤਪੁਰਾ 'ਚ ਇੱਕੋ ਰਾਤ ਤਿੰਨ ਟਰਾਂਸਫਾਰਮਰਾਂ ਦਾ ਸਾਮਾਨ ਚੋਰੀ



**ਨਾਭਾ (ਵਰਿੰਦਰ ਵਰਮਾ)**-ਰਿਆਸਤੀ ਸ਼ਹਿਰ ਨਾਭਾ ਦੇ ਨੇੜਲੇ ਪਿੰਡ ਸੰਗਤਪੁਰਾ ਭੌਂਕੀ ਵਿਖੇ ਬੀਤੀ ਰਾਤ ਚੋਰਾਂ ਨੇ ਇੱਕੋ ਰਾਤ ਵਿੱਚ ਮੋਟਰਾਂ ਦੇ ਤਿੰਨ ਟਰਾਂਸਫਾਰਮਰਾਂ ਦਾ ਸਾਮਾਨ ਚੋਰੀ ਕਰਕੇ ਰਫੂ ਚੱਕਰ ਹੋ ਗਏ। ਪਿੰਡ ਸੰਗਤਪੁਰਾ ਦੇ ਕਿਸਾਨ ਦਰਸ਼ਨ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਬੀਤੀ ਰਾਤ ਚੋਰੀ ਕਰਨ ਵਾਲਿਆਂ ਨੇ ਜਿੱਥੇ ਟਰਾਂਸਫਾਰਮਰਾਂ ਦਾ ਸਾਮਾਨ ਚੋਰੀ ਕੀਤਾ ਹੈ, ਉੱਥੇ ਹੀ ਕਣਕ ਤੇ ਬਰਸੀਮ ਦਾ ਵੀ ਪੂਰੀ ਤਰ੍ਹਾਂ ਨੁਕਸਾਨ ਕੀਤਾ ਹੈ। ਉਨ੍ਹਾਂ ਦੱਸਿਆ ਕਿ ਇਹ ਟਰਾਂਸਫਾਰਮਰ ਤਿੰਨ ਮਹੀਨਿਆਂ ਵਿੱਚ ਦੂਸਰੀ ਵਾਰ ਚੋਰਾਂ ਵੱਲੋਂ ਖੋਲ੍ਹੇ ਗਏ ਹਨ, ਹੁਣ ਸਾਨੂੰ ਇਹ ਨਹੀਂ ਪਤਾ ਲੱਗਦਾ ਕਿ ਇਨ੍ਹਾਂ ਚੋਰਾਂ ਦਾ ਇਲਾਜ ਪ੍ਰਸ਼ਾਸਨ ਕਰੇਗਾ ਜਾਂ ਸਰਕਾਰ ਕਰੇਗੀ, ਪ੍ਰੰਤੂ ਇਨ੍ਹਾਂ ਚੋਰਾਂ ਨੇ ਸਾਡੀ ਕਿਸਾਨੀ ਨੂੰ ਬਿਲਕੁਲ ਖਤਮ ਕਰ ਛੱਡਿਆ ਹੈ।ਕਿਸਾਨ ਦਰਸ਼ਨ ਸਿੰਘ ਸੰਗਤਪੁਰਾ ਨੇ ਦੱਸਿਆ ਕਿ ਮੈਂ ਖੇਤ ਵਿੱਚ ਪਸ਼ੂ ਰੱਖੇ ਹੋਏ ਹਨ, ਸਵੇਰ ਸਮੇਂ ਪਸ਼ੂਆਂ ਨੂੰ ਚੋਣ ਲਈ ਖੇਤ ਆਇਆ ਤਾਂ ਇਹ ਤਿੰਨੋ ਟਰਾਂਸਫਾਰਮਰ ਸਾਮਾਨ ਕੱਢ ਕੇ ਚੋਰਾਂ ਵੱਲੋਂ ਖਿਲਾਰੇ ਪਏ ਸਨ। ਉਨ੍ਹਾਂ ਦੱਸਿਆ ਕਿ ਜਿੱਥੇ ਬਿਜਲੀ ਬੋਰਡ ਮਹਿਕਮੇ ਦਾ ਵੱਡਾ ਨੁਕਸਾਨ ਹੋ ਰਿਹਾ, ਉਥੇ ਹੀ ਕਿਸਾਨ ਦੀ ਫਸਲ ਜਿਵੇਂ ਪਸ਼ੂਆਂ ਲਈ ਬਰਸੀਮ ਤੇ ਕਿਸਾਨਾਂ ਵੱਲੋਂ ਬੀਜੀ ਗਈ ਮੱਕੀ ਪਾਣੀ ਨਾ ਮਿਲਣ ਕਾਰਨ ਸੁੱਕ ਰਹੀ ਹੈ। ਉਨ੍ਹਾਂ ਸਰਕਾਰ ਤੇ ਪ੍ਰਸ਼ਾਸਨ 'ਤੇ ਦੋਸ਼ ਲਾਉਂਦਿਆਂ ਕਿਹਾ ਕਿ ਸਰਕਾਰ ਤੇ ਪ੍ਰਸ਼ਾਸਨ ਸੁੱਤਾ ਪਿਆ ਹੈ, ਹਾਲਾਤ ਦਿਨੋਂ ਦਿਨ ਬਦ ਤੋਂ ਬਦਤਰ ਹੁੰਦੇ ਜਾ ਰਹੇ ਹਨ। ਉਨ੍ਹਾਂ ਸਰਕਾਰ ਤੇ ਪ੍ਰਸ਼ਾਸਨ ਨੂੰ ਅਪੀਲ ਕਰਦਿਆਂ ਕਿਹਾ ਕਿ ਇਨ੍ਹਾਂ ਚੋਰਾਂ ਨੂੰ ਜਲਦੀ ਤੋਂ ਜਲਦੀ ਨਕੇਲ ਪਾਈ ਜਾਵੇ ਤਾਂ ਜੋ ਕਿਸਾਨਾਂ ਨੂੰ ਥੋੜ੍ਹਾ ਬਹੁਤ ਸੁੱਖ ਦਾ ਸਾਹ ਮਿਲ ਸਕੇ।

## ਪੀ ਡਬਲਯੂ ਡੀ ਫੀਲਡ ਤੇ ਵਰਕਸ਼ਾਪ ਵਰਕਰਜ਼ ਯੂਨੀਅਨ ਦੀ ਮੀਟਿੰਗ



**ਜਲਾਲਾਬਾਦ (ਜੀਤ ਕੁਮਾਰ)**-ਪੀ.ਡਬਲਯੂ.ਡੀ. ਫੀਲਡ ਤੇ ਵਰਕਸ਼ਾਪ ਵਰਕਰਜ਼ ਯੂਨੀਅਨ ਬ੍ਰਾਂਚ ਜਲਾਲਾਬਾਦ ਦੀ ਮੀਟਿੰਗ ਸਥਾਨਕ ਸ਼ਹੀਦ ਊਧਮ ਸਿੰਘ ਪਾਰਕ ਵਿਖੇ ਬ੍ਰਾਂਚ ਪ੍ਰਧਾਨ ਪਰਮਜੀਤ ਸਿੰਘ ਸੋਹਣਾ ਸਾਂਦੜ ਦੀ ਪ੍ਰਧਾਨਗੀ ਹੇਠ ਕੀਤੀ ਗਈ। ਮੀਟਿੰਗ ਵਿੱਚ ਜਥੇਬੰਦੀ ਦੇ ਵੱਖ ਵੱਖ ਬੁਲਾਰਿਆਂ ਨੇ ਆਪਣੇ ਵਿਚਾਰ ਪੇਸ਼ ਕੀਤੇ। ਮੁਲਾਜ਼ਮ ਮਾਰੂ ਨੀਤੀਆਂ, ਜੋਕਿ ਪੰਜਾਬ ਸਰਕਾਰ ਵੱਲੋਂ ਬਣਾਈਆਂ ਜਾ ਰਹੀਆਂ ਹਨ, ਬਾਰੇ ਵਿਸਥਾਰ ਨਾਲ ਵਰਕਰਾਂ ਨਾਲ ਸਾਂਝੀਆਂ ਕੀਤੀਆਂ ਗਈਆਂ। ਚੇਅਰਮੈਨ ਭੁਪਿੰਦਰ ਕੁਮਾਰ ਤੇ ਸੀ. ਮੀਤ ਪ੍ਰਧਾਨ ਹਰਵੇਲ ਸਿੰਘ ਨੇ ਦੱਸਿਆ ਕਿ ਸਰਕਾਰ ਵੱਲੋਂ 16 ਪ੍ਰਤੀਸ਼ਤ ਮਹਿੰਗਾਈ ਭੱਤਾ ਤੇ 6ਵੇਂ ਪੇ ਕਮਿਸ਼ਨ ਦੇ ਬਕਾਏ ਨਹੀਂ ਦਿੱਤੇ ਜਾ ਰਹੇ। ਕੰਟਰੈਕਟ 'ਤੇ ਕੰਮ ਕਰਦੇ ਕਾਮਿਆਂ ਨੂੰ ਵਿਭਾਗ ਵਿੱਚ ਨਹੀਂ ਲਿਆ ਜਾ ਰਿਹਾ ਹੈ। ਵਾਟਰ ਸਪਲਾਈ ਸਕੀਮਾਂ ਦਾ ਪੰਚਾਇਤੀਕਰਨ ਕੀਤਾ ਜਾ ਰਿਹਾ ਹੈ। ਦਰਜਾ-3 ਤੇ ਦਰਜਾ-4 ਦੀਆਂ ਪ੍ਰਮੋਸ਼ਨਾਂ, ਮ੍ਰਿਤਕਾਂ ਦੇ ਵਾਰਸਾਂ ਨੂੰ ਨੌਕਰੀਆਂ ਦੇਣੀਆਂ ਆਦਿ ਮੰਗਾਂ ਦਾ ਹੱਲ ਜਲਦੀ ਨਾ ਕੀਤਾ ਗਿਆ ਤਾਂ ਜਥੇਬੰਦੀ ਵੱਲੋਂ 16 ਅਪ੍ਰੈਲ 2026 ਨੂੰ ਵਿਭਾਗੀ ਮੁੱਖੀ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਮੋਹਾਲੀ ਅੱਗੇ ਧਰਨਾ ਦਿੱਤਾ ਜਾਵੇਗਾ। ਇਸ ਮੌਕੇ ਜਥੇਬੰਦੀ ਦੇ ਪ੍ਰਧਾਨ ਪਰਮਜੀਤ ਸਿੰਘ, ਭੁਪਿੰਦਰ ਕੁਮਾਰ, ਹਰਵੇਲ ਸਿੰਘ, ਅੱਤਰ ਸਿੰਘ, ਬੰਤਾ ਸਿੰਘ, ਬਹਾਦਰ ਸਿੰਘ, ਕਾਲਾ ਸਿੰਘ ਪ੍ਰਧਾਨ ਜੰਗਲਾਤ ਵਰਕਰਜ਼, ਰਾਜ ਸਿੰਘ, ਰਾਜ ਕੁਮਾਰ, ਵਿਜੇ ਕੁਮਾਰ, ਨਗਰ ਕੌਂਸਲ, ਜਗਦੀਸ਼ ਨਗਰ ਕੌਂਸਲ, ਹਰਜੀਤ ਸਿੰਘ, ਸਰਦੂਲ ਸਿੰਘ, ਸ਼ਾਮਾ ਨੰਦ, ਮੱਖਣ ਸਿੰਘ ਆਦਿ ਮੌਜੂਦ ਸਨ।

## ਗੋਲਡੀ ਵੱਲੋਂ ਬਾਬਾ ਭੂਮਣ ਸ਼ਾਹ ਤੋਂ ਸ਼ਰਧਾਲੂਆਂ ਦੀ ਬੱਸ ਰਵਾਨਾ



**ਜਲਾਲਾਬਾਦ (ਜੀਤ ਕੁਮਾਰ)**-ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸ਼ੁਰੂ ਕੀਤੀ ਗਈ 'ਮੁੱਖ ਮੰਤਰੀ ਤੀਰਥ ਯਾਤਰਾ' ਸਕੀਮ ਤਹਿਤ ਵੱਖ-ਵੱਖ ਧਾਰਮਿਕ ਸਥਾਨਾਂ ਦੇ ਦਰਸ਼ਨਾਂ ਲਈ ਸ਼ਰਧਾਲੂਆਂ ਲਈ ਬੱਸ ਰਵਾਨਾ ਕੀਤੀ ਗਈ। ਇਸੇ ਕੜੀ ਤਹਿਤ ਵਿਧਾਇਕ ਜਗਦੀਪ ਕੰਬੋਜ ਗੋਲਡੀ ਵੱਲੋਂ ਪਿੰਡ ਬਸਤੀ ਬਾਬਾ ਭੂਮਣ ਸ਼ਾਹ ਤੋਂ ਬੱਸ ਰਵਾਨਾ ਲਈ ਵਿਸ਼ੇਸ਼ ਤੌਰ 'ਤੇ ਪੁੱਜੇ ਤੇ ਜਿਨ੍ਹਾਂ ਵੱਲੋਂ ਬਜ਼ੁਰਗਾਂ ਨੂੰ ਫੁੱਲਾਂ ਦੇ ਹਾਰ ਪਾ ਕੇ ਸਵਾਗਤ ਕੀਤਾ ਗਿਆ। ਵਿਧਾਇਕ ਗੋਲਡੀ ਨੇ ਦੱਸਿਆ ਕਿ ਇਸ ਯਾਤਰਾ ਦੌਰਾਨ ਸ਼ਰਧਾਲੂ ਸ੍ਰੀ ਹਰਮੰਦਰ ਸਾਹਿਬ, ਦੁਰਗਿਆਣਾ ਮੰਦਰ, ਜ਼ਲ੍ਹਿਆਂ ਵਾਲਾ ਬਾਗ, ਰਾਮ ਤੀਰਥ ਮੰਦਰ ਤੇ ਹੋਰ ਪ੍ਰਸਿੱਧ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਨਗੇ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਯਾਤਰੀਆਂ ਲਈ ਆਵਾਜਾਈ, ਰਹਿਣ-ਸਹਿਣ, ਖਾਣ-ਪੀਣ ਤੇ ਰਸਤੇ ਵਿੱਚ ਚਾਹ ਆਦਿ ਦਾ ਸੁਚੱਜਾ ਪ੍ਰਬੰਧ ਕੀਤਾ ਗਿਆ ਹੈ ਤਾਂ ਜੋ ਕਿ ਸ਼ਰਧਾਲੂਆਂ ਨੂੰ ਕਿਸੇ ਵੀ ਤਰ੍ਹਾਂ ਦੀ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ। ਵਿਧਾਇਕ ਨੇ ਕਿਹਾ ਕਿ ਸਕੀਮ ਨੂੰ ਬਜ਼ੁਰਗ ਸ਼ਰਧਾਲੂ ਪੰਜਾਬ ਦੇ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੇ ਉਪਰਾਲੇ ਦੀ ਭਰਪੂਰ ਸ਼ਲਾਘਾ ਕਰ ਰਹੇ ਹਨ।

## ਕਲਾਲ ਮਾਜਰਾ ਦੇ ਵਿਦਿਆਰਥੀਆਂ ਨੇ ਇਕ ਰੋਜ਼ਾ ਧਾਰਮਿਕ ਟੂਰ ਲਗਾਇਆ




**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**- ਸਰਕਾਰੀ ਪ੍ਰਾਇਮਰੀ ਸਕੂਲ ਕਲਾਲ ਮਾਜਰਾ ਦੇ ਵਿਦਿਆਰਥੀਆਂ ਦਾ ਇੱਕ ਰੋਜ਼ਾ ਧਾਰਮਿਕ ਟੂਰ ਸ੍ਰੀ ਫਤਿਹਗੜ੍ਹ ਸਾਹਿਬ ਸਰਹਿੰਦ ਵਿਖੇ ਲਿਜਾਇਆ ਗਿਆ।ਸਕੂਲ ਮੁਖੀ ਸੁਖਪਾਲ ਸਿੰਘ ਨੇ ਦੱਸਿਆ ਕਿ ਇਸ ਸਮੇਂ ਬੱਚਿਆਂ ਨੂੰ ਗੁਰਦੁਆਰਾ ਸ੍ਰੀ ਜੋਤੀ ਸਰੂਪ ਤੇ ਸ੍ਰੀ ਫਤਿਹਗੜ੍ਹ ਸਾਹਿਬ ਦੇ ਦਰਸ਼ਨ ਕਰਵਾਏ ਗਏ।ਬੱਚਿਆਂ ਨੂੰ ਇਸ ਇਤਿਹਾਸਕ ਅਸਥਾਨ ਬਾਰੇ ਜਾਣਕਾਰੀ ਦਿੱਤੀ ਗਈ।ਬੱਚਿਆਂ ਨੂੰ ਇਸ ਸਮੇਂ ਠੰਡਾ ਬੁਰਜ, ਦੀਵਾਨ ਟੋਡਰ ਮੱਲ ਦੀ ਹਵੇਲੀ, ਸਰਹੰਦ ਵਿਖੇ ਆਮ ਖਾਸ ਬਾਗ ਦਿਖਾਇਆ ਗਿਆ।ਬੱਚਿਆਂ ਨੂੰ ਗੁਰਦੁਆਰਾ ਸ੍ਰੀ ਕਰਮਸਰ ਰਾੜ੍ਹਾ ਸਾਹਿਬ, ਗੁਰਦੁਆਰਾ ਸ੍ਰੀ ਟਾਹਲੀਆਣਾ ਸਾਹਿਬ ਰਾਏਕੋਟ ਦੇ ਵੀ ਦਰਸ਼ਨ ਕਰਵਾਏ ਗਏ। ਬੱਚਿਆਂ ਨੇ ਜਿੱਥੇ ਟੂਰ ਦੌਰਾਨ ਇਤਿਹਾਸਿਕ ਜਾਣਕਾਰੀ ਇਕੱਠੀ ਕੀਤੀ, ਉੱਥੇ ਹੀ ਬੱਚਿਆਂ ਨੇ ਇਸ ਟੂਰ ਦਾ ਪੂਰਾ ਆਨੰਦ ਮਾਣਿਆ।ਟੂਰ ਦੌਰਾਨ ਬੱਚਿਆਂ ਨੂੰ ਗੁਲਾਬ ਸਿੱਧੂ ਪੰਜਾਬੀ ਗਾਇਕ ਸਰਹੰਦ ਵਿਖੇ ਮਿਲੇ। ਉਨ੍ਹਾਂ ਬੱਚਿਆਂ ਨੂੰ ਗੀਤ ਸੁਣਾ ਕੇ ਉਨ੍ਹਾਂ ਦਾ ਮਨੋਰੰਜਨ ਕੀਤਾ ਤੇ ਉਨ੍ਹਾਂ ਨਾਲ ਇੱਕ ਯਾਦਗਾਰੀ ਫੋਟੋ ਵੀ ਕਰਵਾਈ।ਬੱਚਿਆਂ ਨੇ ਸਰਹੰਦ ਦੇ 'ਚ ਬਣੇ ਆਮ ਖਾਸ ਬਾਗ ਵਿੱਚ ਪੁਰਾਤਨ ਇਮਾਰਤਾਂ ਨੂੰ ਦੇਖਿਆ ਤੇ ਉਥੇ ਕਾਫੀ ਸਮਾਂ ਘੁੰਮ ਕੇ ਆਨੰਦ ਮਾਣਿਆ।ਬੱਚਿਆਂ ਲਈ ਇਹ ਟੂਰ ਇਕ ਯਾਦਗਾਰੀ ਸਾਬਿਤ ਹੋਇਆ। ਇਸ ਸਮੇਂ ਟੂਰ ਦੌਰਾਨ ਮਾ: ਅਮਨਪ੍ਰੀਤ ਸਿੰਘ, ਸ੍ਰੀਮਤੀ ਸਵਰਨਜੀਤ ਕੌਰ, ਸ੍ਰੀਮਤੀ ਜਸਪ੍ਰੀਤ ਕੌਰ, ਸ੍ਰੀਮਤੀ ਸੋਮਾ ਕੌਰ, ਮੈਡਮ ਜਗਨਦੀਪ ਕੌਰ, ਸ੍ਰੀਮਤੀ ਰਾਜ ਰਾਣੀ ਤੇ ਸ੍ਰੀਮਤੀ ਰਣਜੀਤ ਕੌਰ ਸ਼ਾਮਲ ਸਨ।

## ਪੰਜਾਬ ਰਾਜ ਪੈਨਸ਼ਨਰਜ਼ ਮਹਾਂ ਸੰਘ ਖਰੜ ਦੀ ਇਕੱਤਰਤਾ



**ਲੁਧਿਆਣਾ (ਸਤੀਸ਼ ਸਚਦੇਵਾ)**-ਪੰਜਾਬ ਰਾਜ ਪੈਨਸ਼ਨਰਜ਼ ਮਹਾਂ ਸੰਘ ਖਰੜ ਦੀ ਜਨਰਲ ਇਕੱਤਰਤਾ ਭਗਤ ਰਾਮ ਰੰਗਾੜਾ, ਚੇਅਰਮੈਨ ਦੀ ਅਗਵਾਈ ਹੇਠ ਰਾਮ ਭਵਨ ਦੁਸਹਿਰਾ ਗਰਾਊਂਡ ਖਰੜ ਵਿਖੇ ਹੋਈ।ਗੁਰਬਖਸ਼ ਸਿੰਘ ਮੁੱਖ ਮਹਿਮਾਨ ਕਰਤਾਰ ਪਾਲ ਸਿੰਘ ਵਿਸ਼ੇਸ਼ ਮਹਿਮਾਨ ਦੇ ਤੌਰ 'ਤੇ ਸ਼ਾਮਲ ਹੋਏ।ਪ੍ਰਧਾਨਗੀ ਮੰਡਲ ਵਿੱਚ ਨਿਰਮੈਲ ਸਿੰਘ ਪ੍ਰਧਾਨ, ਸੁਰਿੰਦਰ ਵਰਮਾ ਜਨਰਲ ਸਕੱਤਰ ਮਦਨਜੀਤ ਸਿੰਘ, ਧਿਆਨ ਸਿੰਘ ਕਾਹਲੋਂ ਹਾਜ਼ਰ ਸਨ ਤੇ ਸਾਰੇ ਮੈਂਬਰਾਂ ਦੀ ਇੱਕ ਮੱਤ ਰਾਇ ਸੀ ਕਿ ਜੋ ਹਾਈਕੋਰਟ ਨੇ ਪਿਛਲੇ ਸਮੇਂ ਵਿੱਚ ਪੈਨਸ਼ਨਰ ਦੇ ਡੀ ਏ ਸਬੰਧੀ ਫ਼ੈਸਲੇ ਦਿੱਤੇ ਹਨ ਲਾਗੂ ਕੀਤੇ ਜਾਣ।ਇਸ ਮੌਕੇ 80 ਸਾਲ ਤੋਂ ਵੱਧ ਉਮਰ ਦੇ ਪੈਨਸ਼ਨਰਾਂ ਨੂੰ ਦੌਲਤ ਰਾਮ ਮੱਲ, ਮੋਹਨ ਸਿੰਘ, ਐਮ ਪੀ ਅਰੋੜਾ, ਬੀ ਐੱਸ ਬੇਦੀ ਤੇ ਪ੍ਰਧਾਨਗੀ ਮੰਡਲ ਵਿੱਚ ਸ਼ਾਮਲ ਸ਼ਖ਼ਸੀਅਤਾਂ ਨੂੰ ਲੋਈ ਤੇ ਹਾਰਾਂ ਨਾਲ ਸਨਮਾਨਤ ਕੀਤਾ ਗਿਆ।ਧਿਆਨ ਸਿੰਘ ਕਾਹਲੋਂ, ਗੁਰਮੀਤ ਸਿੰਘ ਖੋਖਰ ਨੇ ਤਰੰਨਮ ਵਿੱਚ ਗੀਤ ਗਾਏ।ਕਰਤਾਰ ਸਿੰਘ ਪਾਲ ਨੇ ਪੈਨਸ਼ਨਰਾਂ ਦੀਆਂ ਜਾਇਜ਼ ਤੇ ਹੱਕੀ ਮੰਗਾਂ ਤੁਰੰਤ ਪ੍ਰਵਾਨ ਕਰਨ ਲਈ ਪੰਜਾਬ ਸਰਕਾਰ ਨੂੰ ਅਪੀਲ ਕੀਤੀ।ਮੰਚ ਸੰਚਾਲਨ ਮਦਨਜੀਤ ਸਿੰਘ ਨੇ ਬਹੁਤ ਵਧੀਆ ਢੰਗ ਨਾਲ ਕੀਤਾ ਤੇ ਆਏ ਸਭਨਾਂ ਪੈਨਸ਼ਨਰਾਂ ਦਾ ਧੰਨਵਾਦ ਕੀਤਾ।

# ਸ਼ਹਿਰ ਨੂੰ ਬੁਨਿਆਦੀ ਸਹੂਲਤਾਂ ਨਾਲ ਕੀਤਾ ਜਾਵੇਗਾ ਲੈਸ : ਵਿਧਾਇਕ ਰਾਏ

**ਬੀ ਡੀ ਪੀ ਓ ਦਫਤਰ ਤੋਂ ਸਰਹਿੰਦ ਸ਼ਹਿਰ ਨੂੰ ਜਾਣ ਵਾਲੀ ਸੜਕ ਦਾ ਰੱਖਿਆ ਨੀਂਹ ਪੱਥਰ**



**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਵਿਧਾਇਕ ਲਖਬੀਰ ਸਿੰਘ ਰਾਏ ਵੱਲੋਂ ਸਰਹਿੰਦ ਸ਼ਹਿਰ ਤੇ ਸਰਹਿੰਦ ਮੰਡੀ ਨੂੰ ਜੋੜਨ ਵਾਲੀ ਬੀਡੀਪੀਓ ਦਫਤਰ ਰੋਡ ਦੇ ਨਵੀਨੀਕਰਨ ਦਾ ਨੀਂਹ ਪੱਥਰ ਰੱਖਿਆ ਗਿਆ।ਇਸ ਸੜਕ ਦੇ ਬਣਨ ਨਾਲ ਜਿੱਥੇ ਸ਼ਹਿਰ ਵਾਸੀਆਂ ਨੂੰ ਆਉਣ ਜਾਣ ਦੇ ਵਿੱਚ ਆਸਾਨੀ ਹੋਵੇਗੀ, ਉੱਥੇ ਹੀ ਸ਼ਹੀਦੀ ਜੋੜ ਮੇਲ ਮੌਕੇ ਆਉਣ ਵਾਲੀਆਂ ਸੰਗਤਾਂ ਨੂੰ ਵੀ ਰਸਤੇ ਦਾ ਵਿਕਲਪ ਮਿਲੇਗਾ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵਿਧਾਇਕ ਰਾਏ ਨੇ ਦੱਸਿਆ ਕਿ ਪੰਜਾਬ ਸਰਕਾਰ ਦੇ ਯਤਨਾਂ ਸਦਕਾ ਸਰਹਿੰਦ ਸ਼ਹਿਰ ਤੋਂ ਸਰਹਿੰਦ ਮੰਡੀ ਨੂੰ ਜੋੜਨ ਵਾਲੇ ਬੀਡੀਪੀਓ ਦਫਤਰ ਰੋਡ ਨੂੰ ਇੰਟਰਲੋਕ ਟਾਈਲ ਦੇ ਨਾਲ ਪੱਕਾ ਕੀਤਾ ਜਾ ਰਿਹਾ ਹੈ।ਇਸ ਦੇ ਦੋਨਾਂ ਸਾਈਡਾਂ ਤੇ ਡੇਢ ਡੇਢ ਮੀਟਰ ਦੇ ਬਰਮ ਵੀ ਬਣਾਏ ਜਾ ਰਹੇ ਹਨ ਤੇ ਪੰਜ ਫੁੱਟ ਦਾ ਪਾਥ ਬਣਾਇਆ ਜਾ ਰਿਹਾ ਹੈ ਤਾਂ ਜੋ ਇਸ ਸੜਕ ਨੂੰ ਸੈਰਗਾਹ ਵਜੋਂ ਵੀ ਇਸਤੇਮਾਲ ਕੀਤਾ ਜਾ ਸਕੇ।ਉਨ੍ਹਾਂ ਕਿਹਾ ਕਿ ਇਸੇ ਸੜਕ ਦੇ ਉੱਤੇ ਆਉਣ ਵਾਲੇ ਦਿਨਾਂ ਦੇ ਵਿੱਚ ਇੱਕ ਪਾਰਕ ਦੀ ਉਸਾਰੀ ਹੋ ਰਹੀ ਹੈ, ਜੋ ਸ਼ਹਿਰ ਵਾਸੀਆਂ ਦੇ ਲਈ ਲਾਹੇਮੰਦ ਸਾਬਿਤ ਹੋਵੇਗੀ।ਇਸ ਮੌਕੇ ਸ਼ਹਿਰ ਵਾਸੀ ਰਜੇਸ਼ ਉੱਪਲ ਨੇ ਕਿਹਾ ਕਿ ਉਹ ਵਿਧਾਇਕ ਲਖਬੀਰ ਸਿੰਘ ਰਾਏ ਦੇ ਧੰਨਵਾਦੀ ਹਨ, ਜਿਨ੍ਹਾਂ ਨੇ ਪਹਿਲਾਂ ਗੰਦੇ ਪਾਣੀ ਦੀ ਨਿਕਾਸੀ ਦਾ ਪੱਕਾ ਹੱਲ ਕਰਵਾਇਆ, ਹੁਣ ਸ਼ਹਿਰ ਦੇ ਆਲੇ ਦੁਆਲੇ ਨੂੰ ਪੱਕਾ ਕਰਵਾਉਣ ਲਈ ਕੰਮ ਕਰ ਰਹੇ ਹਨ।ਇਸ ਮੌਕੇ ਹੋਰਨਾਂ ਤੋਂ ਇਲਾਵਾ ਦਿਲਪ੍ਰੀਤ ਸਿੰਘ ਭੱਟੀ, ਏਐੱਸਆਈ ਬਲਜਿੰਦਰ ਸਿੰਘ, ਐਡਵੋਕੇਟ ਹਰ ਕਮਲ ਸਿੰਘ, ਡਾਕਟਰ ਸਨੀਤ ਕੁਮਾਰ, ਕੁਲਵਿੰਦਰ ਡੇਰਾ, ਸਨੀ ਚੋਪੜਾ, ਤਰਸੇਮ ਉਪਲ, ਹਿਤੇਸ਼ ਉੱਪਲ, ਮਾਸਟਰ ਸੰਤੋਖ ਸਿੰਘ, ਅਸ਼ੋਕ ਕੁਮਾਰ ਵਿੱਕੀ, ਰਜੇਸ਼ ਕੁਮਾਰ, ਬਹਾਦਰ ਜਲਾਲ, ਮੋਹਿਤ ਸੂਦ, ਐਡਵੋਕੇਟ ਗੀਨਾ ਰਾਣੀ ਆਦਿ ਹਾਜ਼ਰ ਸਨ।

## ਕਵੀ ਦਰਬਾਰ ਤੇ ਪੁਸਤਕ ਰਿਲੀਜ਼ ਭਲਕੇ

**ਲੁਧਿਆਣਾ (ਰੈਕਟਰ ਕਥੂਰੀਆ)**

ਪੰਜਾਬੀ ਭਵਨ ਲੁਧਿਆਣਾ ਵਿਖੇ ਵਿਸ਼ੇਸ਼ ਕਵੀ ਦਰਬਾਰ ਤੇ ਪ੍ਰਸਿੱਧ ਲੇਖਿਕਾ ਪਰਵਿੰਦਰ ਕੌਰ ਸੁੱਖ ਦੀ ਬਾਲ ਪੁਸਤਕ ਰਿਲੀਜ਼ ਸਮਾਗਮ 11 ਅਪ੍ਰੈਲ ਨੂੰ ਸਵੇਰੇ 10:00 ਵਜੇ ਹੋਵੇਗਾ।ਇਸ ਸਮਾਗਮ ਦੌਰਾਨ ਪ੍ਰਸਿੱਧ ਕਵੀ-ਕਵਿਤਰੀਆਂ ਵੱਲੋਂ ਕਵੀ ਦਰਬਾਰ ਰਾਹੀਂ ਸਾਹਿਤਕ ਰੰਗ ਬਿਖੇਰੇ ਜਾਣਗੇ।ਇਸ ਦੇ ਨਾਲ ਹੀ ਮਾਣਯੋਗ ਲੇਖਿਕਾ ਬੀਬੀ ਪਰਵਿੰਦਰ ਕੌਰ ਸੁੱਖ ਦੀ ਨਵੀਂ ਬਾਲ ਪੁਸਤਕ ਚੂਹਿਆਂ ਦੀ ਮੀਟਿੰਗ ਦਾ ਵਿਧੀਵਤ ਲੋਕ ਅਰਪਣ ਵੀ ਕੀਤਾ ਜਾਵੇਗਾ।ਉਕਤ ਪੁਸਤਕ ਸੰਬੰਧੀ ਪ੍ਰਸਿੱਧ ਵਿਦਵਾਨ, ਸਟੇਟ ਐਵਾਰਡੀ ਤੇ ਬਾਲ ਸਾਹਿਤਕਾਰ ਡਾ. ਦਰਸ਼ਨ ਸਿੰਘ ਆਸ਼ਟ ਵੱਲੋਂ ਵਿਸ਼ੇਸ਼ ਪੇਪਰ ਪੜ੍ਹਿਆ ਜਾਵੇਗਾ, ਜਿਸ ਵਿੱਚ ਪੁਸਤਕ ਦੇ ਸਾਰਥਕ ਪੱਖਾਂ ਉੱਤੇ ਵਿਸਥਾਰ ਨਾਲ ਚਰਚਾ ਕੀਤੀ ਜਾਵੇਗੀ।ਸਮਾਗਮ ਵਿੱਚ ਸ਼ਾਮਲ ਹੋ ਰਹੇ ਮਾਣਯੋਗ ਵਿਦਵਾਨਾਂ ਤੇ ਸਾਹਿਤਕ ਹਸਤੀਆਂ ਵਿੱਚ ਪ੍ਰਭਦੀਪ ਸਿੰਘ ਨੱਥੋਵਾਲ, ਡਿਪਟੀ ਡਾਇਰੈਕਟਰ, ਸੂਚਨਾ ਤੇ ਲੋਕ ਸੰਪਰਕ ਵਿਭਾਗ, ਪੰਜਾਬ, ਡਾ. ਹਰੀ ਸਿੰਘ ਜਾਚਕ ਚੇਅਰਮੈਨ, ਪਰਮਦੀਪ ਸਿੰਘ ਦੀਪ ਵੈਲਫੇਅਰ ਸੁਸਾਇਟੀ, ਡਾ. ਗੁਲਜ਼ਾਰ ਸਿੰਘ ਪੰਧੇਰ, ਜਨਰਲ ਸਕੱਤਰ, ਪੰਜਾਬੀ ਸਾਹਿਤ ਅਕਾਦਮੀ, ਸ੍ਰ. ਰਣਯੋਧ ਸਿੰਘ ਪ੍ਰਧਾਨ, ਰਾਮਗੜ੍ਹੀਆ ਐਜੂਕੇਸ਼ਨ ਕੌਂਸਲ, ਲੁਧਿਆਣਾ, ਸਰਦਾਰ ਦਵਿੰਦਰ ਸਿੰਘ ਲੋਟੇ, ਡਿਪਟੀ ਡਾਇਰੈਕਟਰ, ਸਪੋਰਟਸ ਐਂਡ ਯੂਥ ਸੇਵਾਵਾਂ, ਲੁਧਿਆਣਾ, ਸਰਦਾਰ ਕਰਮਜੀਤ ਸਿੰਘ ਗਰੇਵਾਲ, ਲੇਖਕ, ਗਾਇਕ ਤੇ ਅਦਾਕਾਰ ਸ਼ਾਮਲ ਹਨ।

## ਡਿੰਪੀ ਢਿੱਲੋਂ ਦੀ ਅਗਵਾਈ 'ਚ ਕਈ ਪਰਵਾਰ 'ਆਪ' 'ਚ ਸ਼ਾਮਲ



**ਗਿੱਦੜਬਾਹਾ (ਜਸਵੰਤ ਗਿੱਲ)**-ਵਿਧਾਨ ਸਭਾ ਦੀਆਂ ਚੋਣਾਂ ਭਾਵੇਂ ਅਗਲੇ ਸਾਲ 2027 ਵਿੱਚ ਹੋਣ ਜਾ ਰਹੀਆਂ ਹਨ, ਪਰ ਹਲਕਾ ਵਿਧਾਇਕ ਹਰਦੀਪ ਸਿੰਘ ਡਿੰਪੀ ਢਿੱਲੋਂ ਦੀ ਅਗਵਾਈ ਵਿੱਚ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਵਾਲਿਆਂ ਦਾ ਸਿਲਸਿਲਾ ਜਾਰੀ ਹੈ, ਅੱਜ ਪਿੰਡ ਹੁਸਨਰ ਦੇ ਮਹਿਮਾ ਸਿੰਘ ਬਲਾਕ ਪ੍ਰਧਾਨ ਕਿਸਾਨ ਵਿੰਗ ਦੀ ਪ੍ਰੇਰਨਾ ਸਦਕਾ ਕਈ ਪਰਵਾਰ ਵੱਖ-ਵੱਖ ਪਾਰਟੀਆਂ ਨੂੰ ਛੱਡ ਕੇ ਆਮ ਆਦਮੀ ਪਾਰਟੀ ਦੀਆਂ ਚੰਗੀਆਂ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਵਿਧਾਇਕ ਹਰਦੀਪ ਸਿੰਘ ਡਿੰਪੀ ਢਿੱਲੋਂ ਦੀ ਅਗਵਾਈ ਵਿੱਚ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਏ, ਜਿਨ੍ਹਾਂ ਵਿੱਚ ਬਲਤੇਜ ਸਿੰਘ ਪੁੱਤਰ ਅਜੈਬ ਸਿੰਘ ਪੰਚਾਇਤ ਮੈਂਬਰ, ਖੁਸ਼ਵਿੰਦਰ ਸਿੰਘ ਪੁੱਤਰ ਬਲਤੇਜ ਸਿੰਘ, ਗੁਰਚਰਨ ਸਿੰਘ ਪੁੱਤਰ ਰਾਮ ਜੀ ਲਾਲ, ਗੋਰਾ ਸਿੰਘ ਪੁੱਤਰ ਗੁਰਚਰਨ ਸਿੰਘ, ਅਮਿਤ ਕੁਮਾਰ ਪੁੱਤਰ ਰਾਮ ਬਖਸ਼ ਰਾਮ, ਵਿਜੇ ਕੁਮਾਰ ਪੁੱਤਰ ਰਘਬੀਰ ਸਿੰਘ, ਕਾਕਾ ਬਾਬਾ, ਹਰਪ੍ਰੀਤ ਕੌਰ ਪਤਨੀ ਕਾਕਾ ਬਾਬਾ, ਨਿੱਕਾ ਸਿੰਘ ਪੁੱਤਰ ਦਰਸ਼ਨ ਸਿੰਘ ਆਪਣੇ ਪਰਵਾਰ ਸਮੇਤ ਵਿਧਾਇਕ ਹਰਦੀਪ ਸਿੰਘ ਡਿੰਪੀ ਢਿੱਲੋਂ ਦਾ ਸਹਿਯੋਗ ਦੇਣ ਲਈ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਏ।ਇਸ ਮੌਕੇ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਪਰਵਾਰਾਂ ਨੂੰ ਹਰਦੀਪ ਸਿੰਘ ਡਿੰਪੀ ਢਿੱਲੋਂ ਵੱਲੋਂ ਪਾਰਟੀ ਚਿੰਨ ਦੇ ਕੇ ਸਨਮਾਨਤ ਕੀਤਾ ਗਿਆ ਤੇ ਉਨ੍ਹਾਂ ਨੂੰ ਭਰੋਸਾ ਦਿੱਤਾ ਕਿ ਪਾਰਟੀ ਵਿੱਚ ਉਨ੍ਹਾਂ ਦਾ ਬਣਦਾ ਮਾਣ ਸਨਮਾਨ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਦੀ ਪਾਰਟੀ ਦੀ ਸਰਕਾਰ ਨੇ ਹਮੇਸ਼ਾ ਹੀ ਆਮ ਲੋਕਾਂ ਦੀਆਂ ਸਹੂਲਤਾਂ ਲਈ ਨਵੀਆਂ ਨਵੀਆਂ ਯੋਜਨਾਵਾਂ ਲੈ ਕੇ ਆਈ ਹੈ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਵੱਲੋਂ ਚੋਣਾਂ ਦੌਰਾਨ ਕੀਤੇ ਗਏ ਵਾਅਦੇ ਪੂਰੇ ਕੀਤੇ ਤੇ ਪੰਜਾਬ ਸਰਕਾਰ ਦੇ ਚਾਰ ਸਾਲ ਦੇ ਕਾਰਜ ਕਾਲ ਤੋਂ ਪੰਜਾਬ ਦੇ ਲੋਕ ਖੁਸ਼ ਨਜ਼ਰ ਆ ਰਹੇ ਹਨ।ਇਸ ਮੌਕੇ ਵੱਡੀ ਗਿਣਤੀ ਵਿੱਚ ਆਮ ਆਦਮੀ ਪਾਰਟੀ ਦੇ ਵਰਕਰ ਤੇ ਆਗੂ ਹਾਜ਼ਰ ਸਨ।

## ਲਾਲਾ ਕਸਤੂਰੀ ਲਾਲ ਵਿਦਿਆ ਮੰਦਰ 'ਚ ਨਵੇਂ ਅਕਾਦਮਿਕ ਸੈਸ਼ਨ ਦੀ ਸ਼ੁਰੂਆਤ

**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਸਰਵਹਿੱਤਕਾਰੀ ਸਿੱਖਿਆ ਸਮਿਤੀ ਪੰਜਾਬ ਵੱਲੋਂ ਸੰਚਾਲਿਤ ਲਾਲਾ ਕਸਤੂਰੀ ਲਾਲ ਸਰਵਹਿਤਕਾਰੀ ਸੀਨੀਅਰ ਸੈਕੰਡਰੀ ਵਿਦਿਆ ਮੰਦਰ ਵਿੱਚ ਸਾਲ 2026 ਦੇ ਨਵੇਂ ਅਕਾਦਮਿਕ ਸੈਸ਼ਨ ਦੀ ਸ਼ੁਰੂਆਤ ਮੌਕੇ ਮਾਂ ਸਰਸਵਤੀ ਜੀ ਦੇ ਅਸੀਸ ਪ੍ਰਾਪਤ ਕਰਨ ਲਈ ਇੱਕ ਭਵਿਆ ਹਵਨ ਯੱਗ ਦਾ ਆਯੋਜਨ ਕੀਤਾ ਗਿਆ।ਇਸ ਪਵਿੱਤਰ ਯੱਗ ਵਿੱਚ ਸਾਲਾਨਾ ਪਰੀਖਿਆ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਸਾਰੇ ਵਿਦਿਆਰਥੀਆਂ ਨੂੰ ਉਤਸ਼ਾਹ ਨਾਲ ਭਾਗ ਲੈਣ ਦਾ ਮੌਕਾ ਦਿੱਤਾ ਗਿਆ।ਸਭ ਹਾਜ਼ਰ ਸੱਜਣਾਂ ਨੇ ਆਉਣ ਵਾਲੇ ਸੈਸ਼ਨ ਲਈ ਸਕੂਲ ਦੀ ਲਗਾਤਾਰ ਤਰੱਕੀ ਅਤੇ ਸਾਰੇ ਵਿਦਿਆਰਥੀਆਂ ਦੇ ਚਮਕਦੇ ਭਵਿੱਖ ਲਈ ਅਰਦਾਸ ਕੀਤੀ।ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਸੰਜੀਵ ਕੁਮਾਰ ਤੇ ਉਨ੍ਹਾਂ ਦੀ ਧਰਮਪਤਨੀ ਸ਼੍ਰੀਮਤੀ ਨੀਲਮ ਰਾਣੀ ਯੱਗ ਦੇ ਜਜਮਾਨ ਰਹੇ।ਇਸ ਤੋਂ ਇਲਾਵਾ ਸਕੂਲ ਪ੍ਰਬੰਧਕ ਕਮੇਟੀ ਦੇ ਸਰਪ੍ਰਸਤ ਯਸ਼ਪਾਲ ਗੋਇਲ ਅਤੇ ਮੈਂਬਰ ਸੰਜੀਵ ਕੁਮਾਰ ਦੀ ਖ਼ਾਸ ਹਾਜ਼ਰੀ ਨੇ ਸਮਾਰੋਹ ਦੀ ਸ਼ਾਨ ਨੂੰ ਹੋਰ ਵਧਾਇਆ।ਸਭ ਨੇ ਹਵਨ ਯੱਗ ਵਿੱਚ ਆਪਣੀ ਅਹੂਤੀ ਪਾਈ ਅਤੇ ਆਉਣ ਵਾਲੇ ਸੈਸ਼ਨ ਲਈ ਚੰਗੇ ਸੰਕਲਪ ਲਏ।ਸਕੂਲ ਦੇ ਯੋਗ ਪ੍ਰਮੁੱਖ ਵਿਪਨ ਕੁਮਾਰ ਨੇ ਸਾਰੀ ਵਿਵਸਥਾ ਨੂੰ ਸੁਚੱਜੇ ਢੰਗ ਨਾਲ ਸੰਭਾਲਣ ਵਿੱਚ ਮਹੱਤਵਪੂਰਨ ਯੋਗਦਾਨ ਦਿੱਤਾ।



## ਸਮਾਰਟ ਫ਼ੋਨ ਤੋਂ ਬਿਨਾਂ 'ਮਾਵਾਂ ਧੀਆਂ ਸਤਿਕਾਰ' ਸਕੀਮ 'ਚ ਕੰਮ ਨਹੀਂ ਕਰਾਂਗੇ : ਆਂਗਣਵਾੜੀ ਵਰਕਰ

**ਡਾਇਰੈਕਟਰ ਦੇ ਨਾਂਅ 'ਤੇ ਸੀ ਡੀ ਪੀ ਓ ਨੂੰ ਸੌਂਪਿਆ ਮੰਗ ਪੱਤਰ**



**ਮਮਦੋਟ (ਜਸਬੀਰ ਸਿੰਘ ਕੰਬੋਜ)**-ਆਲ ਪੰਜਾਬ ਆਂਗਣਵਾੜੀ ਮੁਲਾਜ਼ਮ ਯੂਨੀਅਨ ਵੱਲੋਂ ਬਲਾਕ ਪ੍ਰਧਾਨ ਮਮਦੋਟ ਪ੍ਰਕਾਸ਼ ਕੌਰ ਦੀ ਅਗਵਾਈ ਹੇਠ ਬਲਾਕ ਪੱਧਰ 'ਤੇ ਡਾਇਰੈਕਟਰ ਦੇ ਨਾਮ 'ਤੇ ਸੀ.ਡੀ.ਪੀ.ਓ. ਨੂੰ ਮੰਗ ਪੱਤਰ ਸੌਂਪਿਆ ਗਿਆ।ਇਸ ਮੌਕੇ ਜਾਣਕਾਰੀ ਦਿੰਦੇ ਹੋਏ ਬਲਾਕ ਪ੍ਰਧਾਨ ਪ੍ਰਕਾਸ਼ ਕੌਰ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪੋਸ਼ਣ ਅਭਿਆਨ ਫੰਡਾਂ ਵਿੱਚੋਂ ਆਂਗਣਵਾੜੀ ਵਰਕਰਾਂ ਲਈ ਖ਼ਰੀਦੇ ਗਏ ਮੋਬਾਈਲ ਫ਼ੋਨ ਤੁਰੰਤ ਵਰਕਰਾਂ ਨੂੰ ਦਿੱਤੇ ਜਾਣ।ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਇਹ ਫੋਨ ਵਰਕਰਾਂ ਨੂੰ ਨਹੀਂ ਮਿਲਦੇ ਤਾਂ ਉਹ ਆਪਣੇ ਨਿੱਜੀ ਫੋਨਾਂ ਤੋਂ ਸਰਕਾਰ ਦੀ 'ਮਾਵਾਂ ਧੀਆਂ ਸਤਿਕਾਰਯੋਗ' ਯੋਜਨਾ ਵਿੱਚ ਲਾਭਪਾਤਰੀਆਂ ਦੀ ਰਜਿਸਟਰੇਸ਼ਨ ਨਹੀਂ ਕਰਨਗੀਆਂ।ਉਨ੍ਹਾਂ ਦੱਸਿਆ ਕਿ ਵਰਕਰ ਪਹਿਲਾਂ ਹੀ ਆਪਣੇ ਨਿੱਜੀ ਫੋਨਾਂ ਰਾਹੀਂ ਪੋਸ਼ਣ ਅਭਿਆਨ ਦਾ ਕੰਮ ਕਰ ਰਹੀਆਂ ਹਨ ਤੇ ਪਿਛਲੇ ਕਰੀਬ ਅੱਠ ਸਾਲਾਂ ਤੋਂ ਫੋਨਾਂ ਦੀ ਉਡੀਕ ਕਰ ਰਹੀਆਂ ਹਨ, ਜਿਸ ਦਾ ਯੂਨੀਅਨ ਵੱਲੋਂ ਤਿੱਖਾ ਵਿਰੋਧ ਕੀਤਾ ਗਿਆ। ਇਸ ਤੋਂ ਇਲਾਵਾ ਜਥੇਬੰਦੀ ਨੇ ਮੰਗ ਕੀਤੀ ਕਿ ਇਕ ਲਾਭਪਾਤਰੀ ਦੀ ਰਜਿਸਟਰੇਸ਼ਨ ਲਈ ਘੱਟੋ-ਘੱਟ ਆਂਗਣਵਾੜੀ ਵਰਕਰ ਨੂੰ 100 ਰੁਪਏ ਤੇ ਹੈਲਪਰ ਨੂੰ 50 ਰੁਪਏ ਭੁਗਤਾਨ ਕੀਤਾ ਜਾਵੇ।ਇਸ ਮੌਕੇ ਨੀਰਜਾ ਮਮਦੋਟ, ਪਰਮਜੀਤ ਕੌਰ ਕੜਮਾ, ਅਮਰਜੀਤ ਕੌਰ, ਕਿਰਨ ਬਾਲਾ, ਪਰਮਜੀਤ ਕੌਰ ਸਵਾਈ ਕੇ, ਰਜਿੰਦਰ ਕੌਰ ਚੱਕ ਟਾਲੀ ਵਾਲਾ, ਪ੍ਰੇਮ ਕੌਰ ਵਿੱਤ ਸਕੱਤਰ, ਪੁਸ਼ਪਿੰਦਰ ਕੌਰ ਹਾਂਮਦ, ਰਾਜ ਰਾਣੀ, ਅਛਰਾਂ ਬਾਈ, ਸੁਨੀਤਾ, ਵੀਰਪਾਲ ਕੌਰ, ਮਨਜੀਤ ਕੌਰ, ਅਮਨਦੀਪ ਕੌਰ, ਜਸ਼ਨ ਦੀਪ ਕੌਰ ਹਾਜ਼ਰ ਸਨ।

## ਗਲੋਬਲ ਡਿਸਕਵਰੀ ਸਕੂਲ 'ਚ ਨਵੇਂ ਵਿੱਦਿਅਕ ਸੈਸ਼ਨ ਮੌਕੇ ਵਿਦਿਆਰਥੀਆਂ ਦੇ ਮਾਪਿਆਂ ਨਾਲ ਮੀਟਿੰਗ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਐਜੂਬੀਕਨਜ਼ ਗਲੋਬਲ ਡਿਸਕਵਰੀ ਸਕੂਲ ਰਾਮਪੁਰਾ ਫੂਲ ਵਿੱਚ ਨਵੇਂ ਵਿੱਦਿਅਕ ਸੈਸ਼ਨ ਦੇ ਸ਼ੁਭ ਆਰੰਭ ਮੌਕੇ ਸਕੂਲ ਦੀ ਪ੍ਰਿੰਸੀਪਲ ਤੇ ਵਿਦਿਆਰਥੀਆਂ ਦੇ ਮਾਪਿਆਂ ਨਾਲ ਇੱਕ ਪ੍ਰਭਾਵਸ਼ਾਲੀ ਓਰੀਐਂਟੇਸ਼ਨ ਮੀਟਿੰਗ ਕੀਤੀ ਗਈ।ਇਸ ਮੀਟਿੰਗ ਦਾ ਉਦੇਸ਼ ਮਾਪਿਆਂ ਨੂੰ ਸਕੂਲ ਦੀਆਂ ਵਿੱਦਿਅਕ ਨੀਤੀਆਂ, ਕਾਰਜ-ਪ੍ਰਣਾਲੀ ਤੇ ਵਿਦਿਆਰਥੀਆਂ ਦੇ ਸਰਵ-ਪੱਖੀ ਵਿਕਾਸ ਬਾਰੇ ਜਾਣਕਾਰੀ ਦੇਣਾ ਸੀ।ਸਕੂਲ ਦੀ ਪ੍ਰਿੰਸੀਪਲ ਸ਼੍ਰੀਮਤੀ ਕਾਵਿਆ ਅਸੀਜਾ ਨੇ ਮਾਪਿਆਂ ਨਾਲ ਸਿੱਧੇ ਸੰਵਾਦ ਦੌਰਾਨ ਬੱਚਿਆਂ ਦੀ ਸਫਲਤਾ ਵਿੱਚ ਮਾਪਿਆਂ ਦੀ ਭੂਮਿਕਾ 'ਤੇ ਜ਼ੋਰ ਦਿੱਤਾ ਤੇ ਨਵੀਂ ਸਿੱਖਿਆ ਨੀਤੀ ਅਨੁਸਾਰ ਸਕੂਲ ਦੀ ਪੜ੍ਹਾਉਣ ਦੀ ਵਿਧੀ, ਪਾਠਕ੍ਰਮ ਦੀ ਰੂਪਰੇਖਾ, ਮੁਲਾਂਕਣ ਪ੍ਰਣਾਲੀ, ਅਨੁਸ਼ਾਸਨ ਨਿਯਮ ਤੇ ਵਿਦਿਆਰਥੀਆਂ ਦੇ ਸਮੂਹਕ ਵਿਕਾਸ ਲਈ ਅਪਣਾਈਆਂ ਜਾ ਰਹੀਆਂ ਨੀਤੀਆਂ ਬਾਰੇ ਜਾਣਕਾਰੀ ਦਿੱਤੀ।ਇਸ ਦੌਰਾਨ ਮਾਪਿਆਂ ਨੂੰ ਸਕੂਲ ਦੀ ਪੜ੍ਹਾਈ ਪ੍ਰਕਿਰਿਆ ਦੀਆਂ ਵਿਸ਼ੇਸ਼ਤਾਵਾਂ, ਸਮਾਰਟ ਕਲਾਸਰੂਮ ਰਾਹੀਂ ਤਕਨੀਕ-ਅਧਾਰਤ ਸਿੱਖਿਆ, ਗਤੀਵਿਧੀ-ਅਧਾਰਤ ਅਧਿਆਪਨ, ਪ੍ਰੋਜੈਕਟ ਵਰਕ ਤੇ ਨਿਯਮਤ ਮੁਲਾਂਕਣ ਬਾਰੇ ਜਾਣੂ ਕਰਵਾਇਆ ਗਿਆ।ਇਸ ਦੇ ਨਾਲ ਹੀ ਵਿਦਿਆਰਥੀਆਂ ਦੇ ਬੌਧਿਕ, ਸਰੀਰਕ ਤੇ ਭਾਵਨਾਤਮਕ ਵਿਕਾਸ ਲਈ ਸਹ-ਪਾਠਕ੍ਰਮ ਗਤੀਵਿਧੀਆਂ, ਮੁਕਾਬਲਿਆਂ ਅਤੇ ਨੈਤਿਕ ਸਿੱਖਿਆ ਬਾਰੇ ਵੀ ਵਿਸਥਾਰ ਨਾਲ ਦੱਸਿਆ ਗਿਆ।ਮੀਟਿੰਗ ਦੌਰਾਨ ਮਾਪਿਆਂ ਨੇ ਆਪਣੇ ਬੱਚਿਆਂ ਦੇ ਉੱਜਲੇ ਭਵਿੱਖ ਲਈ ਆਪਣੇ ਵਿਚਾਰ, ਸੁਝਾਅ ਤੇ ਉਮੀਦਾਂ ਸਾਂਝੀਆਂ ਕੀਤੀਆਂ, ਜਿਨ੍ਹਾਂ ਦਾ ਸਕੂਲ ਪ੍ਰਸ਼ਾਸਨ ਵੱਲੋਂ ਸਕਾਰਾਤਮਕ ਸਵਾਗਤ ਕੀਤਾ ਗਿਆ।ਅੰਤ ਵਿੱਚ ਪ੍ਰਸ਼ਨ-ਉੱਤਰ ਸੈਸ਼ਨ ਕੀਤਾ ਗਿਆ, ਜਿਸ ਵਿੱਚ ਮਾਪਿਆਂ ਦੀਆਂ ਜਿਗਿਆਸਾਵਾਂ ਦਾ ਸੰਤੋਸ਼ਜਨਕ ਹੱਲ ਕੀਤਾ ਗਿਆ।ਇਹ ਓਰੀਐਂਟੇਸ਼ਨ ਮੀਟਿੰਗ ਸਕੂਲ ਤੇ ਮਾਪਿਆਂ ਵਿਚਕਾਰ ਵਧੀਆ ਤਾਲਮੇਲ ਸਥਾਪਤ ਕਰਨ ਵਿੱਚ ਸਫਲ ਰਹੀ।ਪ੍ਰਿੰਸੀਪਲ ਨੇ ਕਿਹਾ ਕਿ ਸਕੂਲ ਤੇ ਮਾਪਿਆਂ ਵਿਚਕਾਰ ਚੰਗਾ ਸਹਿਯੋਗ ਹੀ ਬੱਚਿਆਂ ਦੇ ਸਰਵ-ਪੱਖੀ ਵਿਕਾਸ ਤੇ ਉੱਜਲੇ ਭਵਿੱਖ ਲਈ ਮਹੱਤਵਪੂਰਨ ਭੂਮਿਕਾ ਨਿਭਾਉਂਦਾ ਹੈ।

# ਪੰਜਾਬ ਦੀ ਬਦਹਾਲੀ ਲਈ ਰਵਾਇਤੀ ਪਾਰਟੀਆਂ ਜ਼ਿੰਮੇਵਾਰ : ਡਾ. ਕਰੀਮਪੁਰੀ

- **ਬੁਢਲਾਡਾ ਵਿਸ਼ਾਲ ਰੈਲੀ ਰਾਹੀਂ 2027 'ਚ ਸੱਤਾ ਪ੍ਰਾਪਤੀ ਦਾ ਹੋਕਾ : ਬੈਨੀਵਾਲ**
- **ਬਸਪਾ ਸਰਕਾਰ ਬਣਨ 'ਤੇ ਕਿਸਾਨਾਂ, ਮਜ਼ਦੂਰਾਂ ਤੇ ਮੁਲਾਜ਼ਮਾਂ ਦੇ ਹਿੱਤਾਂ ਦੀ ਹੋਵੇਗੀ ਰਾਖੀ**



**ਬੁਢਲਾਡਾ (ਅਸ਼ੋਕ ਲਾਕੜਾ)**-ਬਹੁਜਨ ਸਮਾਜ ਪਾਰਟੀ (ਬਸਪਾ) ਵੱਲੋਂ ਵਿੱਢੀ ਗਈ 'ਪੰਜਾਬ ਸੰਭਾਲੋ' ਮੁਹਿੰਮ ਤਹਿਤ ਅੱਜ ਮਾਲਵਾ ਖਿੱਤੇ ਦੇ ਬੁਢਲਾਡਾ ਵਿੱਚ ਇੱਕ ਵਿਸ਼ਾਲ ਰੈਲੀ ਕਰਕੇ ਆਪਣੀ ਸਿਆਸੀ ਤਾਕਤ ਦਾ ਪ੍ਰਦਰਸ਼ਨ ਕੀਤਾ ਗਿਆ।ਇਸ ਰੈਲੀ ਦੌਰਾਨ ਪਾਰਟੀ ਲੀਡਰਸ਼ਿਪ ਨੇ ਸਾਲ 2027 ਵਿੱਚ ਪੰਜਾਬ ਅੰਦਰ ਬਸਪਾ ਦੀ ਸਰਕਾਰ ਬਣਾਉਣ ਤੇ ਸੂਬੇ ਨੂੰ ਖੁਸ਼ਹਾਲੀ ਤੇ ਤਰੱਕੀ ਦੀ ਲੀਹ 'ਤੇ ਤੋਰਨ ਦਾ ਪੱਕਾ ਸੰਕਲਪ ਲਿਆ।ਬਸਪਾ ਦੇ ਸੂਬਾ ਪ੍ਰਧਾਨ ਡਾ. ਅਵਤਾਰ ਸਿੰਘ ਕਰੀਮਪੁਰੀ ਦੀ ਅਗਵਾਈ ਵਿੱਚ ਹੋਈ ਇਸ ਰੈਲੀ ਵਿੱਚ ਪਾਰਟੀ ਦੇ ਸੈਂਟਰਲ ਕੋਆਰਡੀਨੇਟਰ ਰਣਧੀਰ ਸਿੰਘ ਬੈਨੀਵਾਲ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਰੈਲੀ ਨੂੰ ਸੰਬੋਧਨ ਕਰਦਿਆਂ ਰਣਧੀਰ ਸਿੰਘ ਬੈਨੀਵਾਲ ਨੇ ਕਿਹਾ ਕਿ ਪਿਛਲੇ 78 ਸਾਲਾਂ ਤੋਂ ਪੰਜਾਬ ਦੀ ਸੱਤਾ 'ਤੇ ਕਾਬਜ਼ ਰਹੀਆਂ ਪਾਰਟੀਆਂ ਨੇ ਸੂਬੇ ਨੂੰ ਸਿਰਫ਼ ਕਰਜ਼ੇ, ਨਸ਼ੇ ਅਤੇ ਬੇਰੁਜ਼ਗਾਰੀ ਦੀ ਸੌਗਾਤ ਦਿੱਤੀ ਹੈ। ਉਨ੍ਹਾਂ ਕਿਹਾ ਕਿ ਅੱਜ ਪੰਜਾਬ ਗੰਭੀਰ ਆਰਥਿਕ ਸੰਕਟ ਵਿੱਚ ਹੈ, ਜਿਸ ਕਾਰਨ ਵਿਕਾਸ ਦੇ ਸਾਰੇ ਕਾਰਜ ਠੱਪ ਪਏ ਹਨ। ਰੁਜ਼ਗਾਰ ਦੀ ਘਾਟ ਕਾਰਨ ਨੌਜਵਾਨ ਮਜਬੂਰੀਵੱਸ ਵਿਦੇਸ਼ਾਂ ਵੱਲ ਹਿਜਰਤ ਕਰ ਰਹੇ ਹਨ।ਉਨ੍ਹਾਂ ਸਪੱਸ਼ਟ ਕੀਤਾ ਕਿ ਮੌਜੂਦਾ 'ਆਪ' ਸਰਕਾਰ ਦੀਆਂ ਨੀਤੀਆਂ ਵੀ ਪੁਰਾਣੀਆਂ ਸਰਕਾਰਾਂ ਵਾਂਗ ਹੀ ਲੋਕ-ਵਿਰੋਧੀ ਸਾਬਿਤ ਹੋ ਰਹੀਆਂ ਹਨ।ਡਾ. ਅਵਤਾਰ ਸਿੰਘ ਕਰੀਮਪੁਰੀ ਨੇ ਪੰਜਾਬ ਦੇ ਭਖਦੇ ਮੁੱਦਿਆਂ 'ਤੇ ਚਰਚਾ ਕਰਦਿਆਂ ਕਿਹਾ ਕਿ ਬਸਪਾ ਵੱਲੋਂ ਸ਼ੁਰੂ ਕੀਤੀ ਪੰਜਾਬ ਸੰਭਾਲੋ ਮਹਿਮ ਪੰਜਾਬ ਦੇ ਵਿੱਚ ਪੰਜਾਬ ਦੀਆਂ ਮਾਵਾਂ ਪੁੱਤ ਬਚਾਉਣ ਲਈ ਪੰਜਾਬੀਆਂ ਦਾ ਆਸ਼ੀਰਵਾਦ ਮੰਗਦੀ ਹੈ ਬਸਪਾ ਪੰਜਾਬ ਵਿੱਚੋਂ ਡਰੱਗ ਮਾਫੀਆ ਦੀਆਂ ਪੰਜਾਬ ਦੀ ਰਾਜਨੀਤੀ ਤੋਂ ਜੜ੍ਹਾਂ ਪੁੱਟਣ ਦਾ ਕੰਮ ਕਰੇਗੀ ਤੇ ਨਸ਼ਾ ਮੁਕਤ ਸੂਬਾ ਬਣਾਏਗੀ, ਉਨ੍ਹਾਂ ਪੰਜਾਬ ਸਰਕਾਰ ਨੂੰ ਕਿਹਾ ਕਿ ਫਸਲਾਂ ਦੇ ਬਾਰਿਸ਼ ਕਾਰਨ ਹੋਈ ਬਰਬਾਦੀ ਲਈ ਸਰਕਾਰ ਕਿਸਾਨਾਂ ਤੇ ਖੇਤੀ ਦੇ ਨਿਰਭਰ ਮਜ਼ਦੂਰਾਂ ਨੂੰ ਤੁਰੰਤ ਮੁਆਵਜ਼ਾ ਦੇਵੇ। ਬੁਲਾਰਿਆਂ ਨੇ ਸੂਬੇ ਵਿੱਚ ਵਿਗੜ ਰਹੀ ਅਮਨ-ਕਾਨੂੰਨ ਦੀ ਸਥਿਤੀ 'ਤੇ ਡੂੰਘੀ ਚਿੰਤਾ ਪ੍ਰਗਟਾਈ। ਉਨ੍ਹਾਂ ਕਿਹਾ ਕਿ ਰੋਜ਼ਾਨਾ ਹੋ ਰਹੀਆਂ ਲੁੱਟਾਂ-ਖੋਹਾਂ ਤੇ ਗੈਂਗਸਟਰਵਾਦ ਨੇ ਲੋਕਾਂ ਦੇ ਮਨਾਂ ਵਿੱਚ ਸਹਿਮ ਪੈਦਾ ਕਰ ਦਿੱਤਾ ਹੈ।ਬਸਪਾ ਨੇ ਭਰੋਸਾ ਦਿੱਤਾ ਕਿ ਉਨ੍ਹਾਂ ਦੀ ਸਰਕਾਰ ਆਉਣ 'ਤੇ ਅਪਰਾਧਿਕ ਅਨਸਰਾਂ ਨੂੰ ਨੱਥ ਪਾ ਕੇ ਲੋਕਾਂ ਦੀ ਜਾਨ-ਮਾਲ ਦੀ ਰਾਖੀ ਕੀਤੀ ਜਾਵੇਗੀ।ਰੈਲੀ ਦੌਰਾਨ ਵਿਸ਼ੇਸ਼ ਤੌਰ 'ਤੇ ਬੁਢਲਾਡਾ ਹਲਕੇ ਦੀ ਗੱਲ ਕਰਦਿਆਂ ਆਗੂਆਂ ਨੇ ਕਿਹਾ ਕਿ ਅੱਜ ਤੱਕ ਦੇ ਹੁਕਮਰਾਨਾਂ ਨੇ ਇਸ ਇਲਾਕੇ ਨੂੰ ਵਿਕਾਸ ਪੱਖੋਂ ਅਣਗੌਲਿਆ ਰੱਖਿਆ ਹੈ।ਬਸਪਾ ਇਸ ਪਛੜੇਪਨ ਨੂੰ ਦੂਰ ਕਰਕੇ ਬੁਢਲਾਡਾ ਨੂੰ ਵਿਕਾਸ ਪੱਖੋਂ ਮੋਹਰੀ ਬਣਾਏਗੀ।

ਵਿਧਾਇਕ ਡਾ. ਨਛੱਤਰ ਪਾਲ ਨੇ ਵਰਕਰਾਂ ਵਿੱਚ ਜੋਸ਼ ਭਰਦਿਆਂ ਕਿਹਾ ਕਿ ਬਸਪਾ ਹੁਣ ਸਿਰਫ਼ ਸਹਿਯੋਗੀ ਨਹੀਂ ਬਲਕਿ ਇੱਕ ਮੁੱਖ ਤਾਕਤ ਵਜੋਂ ਉੱਭਰ ਰਹੀ ਹੈ ਅਤੇ ਪੰਜਾਬ ਦੇ ਦੱਬੇ-ਕੁਚਲੇ ਲੋਕਾਂ ਦੀ ਅਸਲ ਆਵਾਜ਼ ਬਣ ਚੁੱਕੀ ਹੈ।ਜ਼ੋਨ ਕੋਆਰਡੀਨੇਟਰ ਕੁਲਦੀਪ ਸਿੰਘ ਸਰਦੂਲਗੜ੍ਹ ਨੇ ਕਿਹਾ ਕਿ ਮਾਲਵਾ ਦੇ ਲੋਕਾਂ ਦਾ ਉਤਸ਼ਾਹ ਦੱਸ ਰਿਹਾ ਹੈ ਕਿ ਉਹ ਹੁਣ ਰਵਾਇਤੀ ਪਾਰਟੀਆਂ ਦੇ ਝੂਠੇ ਲਾਰਿਆਂ ਤੋਂ ਅੱਕ ਚੁੱਕੇ ਹਨ ਅਤੇ ਬਦਲਾਅ ਲਈ ਤਿਆਰ ਹਨ।ਇਸ ਮੌਕੇ ਤੇ ਹੋਰਨਾਂ ਆਗੂਆਂ ਨੇ ਵੀ ਸੰਬੋਧਨ ਕੀਤਾ।

## ਆਰਥਿਕ ਵਿਕਾਸ ਦੇ ਨਾਲ-ਨਾਲ ਕੁਦਰਤ ਦੀ ਸੰਭਾਲ ਸਮੇਂ ਦੀ ਮੁੱਖ ਲੋੜ : ਸੰਜੀਵ ਅਰੋੜਾ




**ਮੰਡੀ ਗੋਬਿੰਦਗੜ੍ਹ/ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਪੰਜਾਬ ਸਰਕਾਰ ਉਦਯੋਗਿਕ ਵਿਕਾਸ ਨੂੰ ਹੁਲਾਰਾ ਦੇਣ ਤੇ ਨਵੇਂ ਨਿਵੇਸ਼ ਨੂੰ ਆਕਰਸ਼ਿਤ ਕਰਨ ਲਈ ਵਚਨਬੱਧ ਹੈ।ਇਹ ਪ੍ਰਗਟਾਵਾ ਪੰਜਾਬ ਦੇ ਉਦਯੋਗ ਤੇ ਵਣਜ, ਨਿਵੇਸ਼ ਪ੍ਰੋਤਸਾਹਨ, ਸਥਾਨਕ ਸਰਕਾਰਾਂ ਤੇ ਬਿਜਲੀ ਮੰਤਰੀ ਸ੍ਰੀ ਸੰਜੀਵ ਅਰੋੜਾ ਨੇ ਮੰਡੀ ਗੋਬਿੰਦਗੜ੍ਹ ਵਿਖੇ ਪ੍ਰਮੁੱਖ ਉਦਯੋਗਿਕ ਇਕਾਈ ਵਰਧਮਾਨ ਆਦਰਸ਼ ਇਸਪਾਤ ਪ੍ਰਾਈਵੇਟ ਲਿਮਟਿਡ ਦੇ ਵਿਸ਼ੇਸ਼ ਦੌਰੇ ਦੌਰਾਨ ਕੀਤਾ।ਉਨ੍ਹਾਂ ਨੇ ਉਦਯੋਗਪਤੀਆਂ ਨੂੰ ਭਰੋਸਾ ਦਿੱਤਾ ਕਿ ਉਦਯੋਗਿਕ ਇਕਾਈਆਂ ਨੂੰ ਜੋੜਨ ਵਾਲੀਆਂ ਖਸਤਾਹਾਲ ਸੜਕਾਂ ਦੀ ਮੁਰੰਮਤ ਦਾ ਕੰਮ ਜਲਦੀ ਹੀ ਸ਼ੁਰੂ ਕਰ ਦਿੱਤਾ ਜਾਵੇਗਾ ਤਾਂ ਜੋ ਵਪਾਰੀਆਂ ਤੇ ਟਰਾਂਸਪੋਰਟਰਾਂ ਲਈ ਚੁਣੌਤੀਆਂ ਨੂੰ ਘੱਟ ਕੀਤਾ ਜਾ ਸਕੇ। ਕੰਪਨੀ ਦੀ 'ਗ੍ਰੀਨ ਮੁਹਿੰਮ' ਦੇ ਹਿੱਸੇ ਵਜੋਂ, ਕੈਬਨਿਟ ਮੰਤਰੀ ਸੰਜੀਵ ਅਰੋੜਾ ਨੇ ਫ਼ਤਹਿਗੜ੍ਹ ਸਾਹਿਬ ਦੇ ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਤੇ ਵਧੀਕ ਡਿਪਟੀ ਕਮਿਸ਼ਨਰ ਸ੍ਰੀਮਤੀ ਪੂਜਾ ਸਿਆਲ ਗਰੇਵਾਲ ਦੇ ਨਾਲ ਫੈਕਟਰੀ ਕੰਪਲੈਕਸ ਵਿੱਚ ਪੌਦੇ ਲਗਾਏ।ਉਨ੍ਹਾਂ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਆਰਥਿਕ ਵਿਕਾਸ ਦੇ ਨਾਲ-ਨਾਲ ਕੁਦਰਤ ਦੀ ਸੰਭਾਲ ਸਮੇਂ ਦੀ ਮੁੱਖ ਲੋੜ ਹੈ।ਉਨ੍ਹਾਂ ਨੇ ਹਰਿਆ ਭਰਿਆ ਤੇ ਟਿਕਾਊ ਵਾਤਾਵਰਣ ਬਣਾਈ ਰੱਖਣ ਲਈ ਵਰਧਮਾਨ ਆਦਰਸ਼ ਇਸਪਾਤ ਵੱਲੋਂ ਕੀਤੇ ਗਏ ਉਪਰਾਲਿਆਂ ਦੀ ਵੀ ਭਰਪੂਰ ਸ਼ਲਾਘਾ ਕੀਤੀ।ਕੈਬਨਿਟ ਮੰਤਰੀ ਨੇ 'ਸੁਪਰ ਫੂਡਜ਼' ਉਦਯੋਗਿਕ ਇਕਾਈ ਦਾ ਵੀ ਦੌਰਾ ਕੀਤਾ।ਡਾਇਰੈਕਟਰ ਸ੍ਰੀ ਨਿਮਿਤ ਗਰਗ ਨੇ ਕੈਬਨਿਟ ਮੰਤਰੀ ਨੂੰ ਫੈਕਟਰੀ ਵਿੱਚ ਵਰਤੀਆਂ ਜਾ ਰਹੀਆਂ ਆਧੁਨਿਕ ਤੇ ਉੱਨਤ ਤਕਨੀਕਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ।ਇਸ ਮੌਕੇ ਸ੍ਰੀ ਆਦਰਸ਼ ਗਰਗ (ਸੀ.ਐਮ.ਡੀ., ਜੋਗਿੰਦਰਾ ਗਰੁੱਪ), ਸ੍ਰੀ ਸੰਜੇ ਗੁਪਤਾ (ਮੈਨੇਜਿੰਗ ਡਾਇਰੈਕਟਰ), ਸ੍ਰੀ ਅਸ਼ਵਨੀ ਗਰਗ (ਡਾਇਰੈਕਟਰ), ਸ੍ਰੀ ਨਿਮਿਤ ਗੁਪਤਾ (ਡਾਇਰੈਕਟਰ), ਸੀ.ਈ.ਓ. ਸ੍ਰੀ ਅਮਿਤ ਤੋਮਰ, ਐਚ. ਆਰ. ਹੈੱਡ ਸ੍ਰੀ ਸੁਨੀਲ ਸੰਮੀ, ਸ੍ਰੀ ਨਰਿੰਦਰ ਗੁਪਤਾ ਤੇ ਕੰਪਨੀ ਦੇ ਹੋਰ ਸੀਨੀਅਰ ਅਧਿਕਾਰੀ ਹਾਜ਼ਰ ਸਨ।

## ਸਫਾ 1 ਦੇ ਬਾਕੀ...

### ਟੈਕਸਟਾਈਲ ਮਜ਼ਦੂਰਾਂ...

ਉਲੀਕਿਆ ਗਿਆ ਹੈ, ਜਿਸ ਅਨੁਸਾਰ 11 ਅਪ੍ਰੈਲ ਨੂੰ ਬੱਕਰ ਮੰਡੀ, 12 ਅਪ੍ਰੈਲ ਨੂੰ ਬਟਾਲਾ ਰੋਡ, 15 ਅਪ੍ਰੈਲ ਨੂੰ ਭੱਲੇ ਵਾਲਾ ਖੂਹ, 16 ਅਪ੍ਰੈਲ ਨੂੰ 22 ਨੰਬਰ ਫਾਟਕ ਤੇ 17 ਅਪ੍ਰੈਲ ਨੂੰ ਤਰਨ ਤਾਰਨ ਰੋਡ ਵਿਖੇ ਵਰਕਰਾਂ ਦੇ ਇਕੱਠ ਕੀਤੇ ਜਾਣਗੇ, ਤਾਂ ਜੋ ਉਨ੍ਹਾਂ ਨੂੰ ਸੰਭਾਵਤ ਹੜਤਾਲ ਲਈ ਤਿਆਰ ਕੀਤਾ ਜਾ ਸਕੇ। ਆਗੂਆਂ ਚੇਤਾਵਨੀ ਦਿੱਤੀ ਕਿ ਜੇਕਰ ਮਾਲਕਾਂ ਨੇ ਜਲਦ ਵਾਜਬ ਮੰਗਾਂ ਨਾ ਮੰਨੀਆਂ ਤਾਂ ਕੰਮ ਪੂਰੀ ਤਰ੍ਹਾਂ ਠੱਪ ਕਰ ਦਿੱਤਾ ਜਾਵੇਗਾ। ਹੋਰਨਾਂ ਤੋਂ ਇਲਾਵਾ ਧਰਮਪਾਲ ਬਿੱਲਾ, ਮੋਹਨ ਲਾਲ, ਸ਼ਮਸ਼ੇਰ ਸਿੰਘ, ਸੁਰਜੀਤ ਸਿੰਘ, ਵਿਜੇ ਕੁਮਾਰ, ਸ਼ਿਵ ਕੁਮਾਰ ਅਤੇ ਸੁਵਿੰਦਰ ਸਿੰਘ ਮੀਰਾਂਕੋਟ ਸਮੇਤ ਵੱਡੀ ਗਿਣਤੀ ਵਿਚ ਸਾਥੀ ਹਾਜ਼ਰ ਸਨ।

### ਸਿੱਖਿਆ ਕ੍ਰਾਂਤੀ ਦਾ...

ਹੋਵੇਗਾ। ਸਿੱਖਿਆ ਬਜਟ ਨੂੰ ਵਧਾ ਕੇ 19,279 ਕਰੋੜ ਰੁਪਏ ਕੀਤਾ ਗਿਆ ਹੈ, ਜੋ ਰਾਜ ਵਿੱਚ ਕਿਸੇ ਵੀ ਖੇਤਰ ਲਈ ਸਭ ਤੋਂ ਵੱਡੀ ਰਕਮ ਹੈ। ਉਨ੍ਹਾ ਕਿਹਾ ਕਿ ਸਰਕਾਰ ਦਾ ਟੀਚਾ ਇਹ ਯਕੀਨੀ ਬਣਾਉਣਾ ਹੈ ਕਿ ਹਰ ਬੱਚੇ ਨੂੰ ਬੁਨਿਆਦੀ ਸਿੱਖਿਆ ਵਿੱਚ ਮਜ਼ਬੂਤੀ ਮਿਲੇ। ਇਸ ਮਿਸ਼ਨ ਤਹਿਤ ਤੀਜੀ ਤੋਂ ਅੱਠਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਪੜ੍ਹਨ, ਲਿਖਣ ਅਤੇ ਗਣਿਤ ਵਿੱਚ ਨਿਪੁੰਨ ਬਣਾਉਣ 'ਤੇ ਖ਼ਾਸ ਧਿਆਨ ਦਿੱਤਾ ਜਾਵੇਗਾ।

ਇਸ ਮੌਕੇ ਅਧਿਆਪਕਾਂ ਵੱਲੋਂ ਅਪਣਾਏ 38 ਉਤਮ ਕਲਾਸਰੂਮ ਅਭਿਆਸਾਂ ਦਾ ਸੰਗ੍ਰਹਿ ਵੀ ਜਾਰੀ ਕੀਤਾ ਗਿਆ, ਜਿਸ ਨਾਲ ਸਿੱਖਣ ਦੇ ਨਤੀਜਿਆਂ ਵਿੱਚ ਸੁਧਾਰ ਆਉਣ ਦੀ ਉਮੀਦ ਹੈ। ਸਾਬਕਾ ਉਪ ਮੁੱਖ ਮੰਤਰੀ ਮਨੀਸ਼ ਸਿਸੋਦੀਆ ਨੇ ਕਿਹਾ ਕਿ ਪੰਜਾਬ ਨੇ ਸਾਬਤ ਕਰ ਦਿੱਤਾ ਹੈ ਕਿ ਸਰਕਾਰੀ ਸਕੂਲ ਵੀ ਦੇਸ਼ ਦੀ ਅਗਵਾਈ ਕਰ ਸਕਦੇ ਹਨ। ਉਨ੍ਹਾ ਜ਼ੋਰ ਦਿੰਦਿਆਂ ਕਿਹਾ ਕਿ ਜੇਕਰ ਕੋਈ ਵੀ ਬੱਚਾ ਸਿੱਖਿਆ ਵਿੱਚ ਪਿੱਛੇ ਰਹਿ ਜਾਂਦਾ ਹੈ ਤਾਂ ਇਹ ਸਰਕਾਰ ਦੀ ਅਸਫਲਤਾ ਮੰਨੀ ਜਾਵੇਗੀ।ਸਰਕਾਰ ਦੇ ਅਨੁਸਾਰ ਮਿਸ਼ਨ ਸਮਰੱਥ ਪਹਿਲਾਂ ਹੀ ਲਗਭਗ 12 ਲੱਖ ਵਿਦਿਆਰਥੀਆਂ ਅਤੇ 70,000 ਤੋਂ ਵੱਧ ਅਧਿਆਪਕਾਂ ਨੂੰ ਜੋੜ ਚੁੱਕਾ ਹੈ।

## ਨਸ਼ਾ ਤਸਕਰ ਦਾ ਸਾਥ ਦੇਣ 'ਤੇ ਪੰਜ ਪੁਲਸ ਮੁਲਾਜ਼ਮ ਨਾਮਜ਼ਦ

**ਤਰਨ ਤਾਰਨ** : ਇੱਥੋਂ ਦੀ ਸਦਰ ਪੁਲਸ ਨੇ ਕੌਮਾਂਤਰੀ ਨਸ਼ਾ ਤਸਕਰ ਸ਼ਾਹਪਿੰਦਰ ਸਿੰਘ ਉਰਫ ਸ਼ੌਨ ਭਿੰਡਰ ਨੂੰ ਧੋਖਾਧੜੀ ਦੇ ਸਾਧਨਾਂ ਰਾਹੀਂ ਪਾਸਪੋਰਟ ਕਲੀਅਰੈਂਸ ਦੀ ਸਹੂਲਤ ਦੇਣ ਦੇ ਕਥਿਤ ਦੋਸ਼ ਵਿੱਚ ਸੀ ਆਈ ਏ ਸਟਾਫ ਦੇ ਇੰਚਾਰਜ ਪ੍ਰਭਜੀਤ ਸਿੰਘ ਸਮੇਤ ਪੰਜ ਪੁਲਸ ਮੁਲਾਜ਼ਮਾਂ ਵਿਰੁੱਧ ਫੌਜਦਾਰੀ ਮਾਮਲਾ ਦਰਜ ਕੀਤਾ ਹੈ। ਨਾਮਜ਼ਦ ਕੀਤੇ ਗਏ ਹੋਰ ਮੁਲਾਜ਼ਮਾਂ ਵਿੱਚ ਦੋ ਸਹਾਇਕ ਸਬ-ਇੰਸਪੈਕਟਰ ਲਖਵਿੰਦਰ ਸਿੰਘ ਤੇ ਗੁਰਵਿੰਦਰ ਸਿੰਘ, ਹੌਲਦਾਰ ਹਰਕਮਲ ਸਿੰਘ ਅਤੇ ਸਿਪਾਹੀ ਧਰਮਿੰਦਰ ਸਿੰਘ ਸ਼ਾਮਲ ਹਨ। ਇਨ੍ਹਾਂ 'ਤੇ ਸ਼ੌਨ ਭਿੰਡਰ ਦੇ ਪਾਸਪੋਰਟ ਨੂੰ ਜਾਰੀ ਕਰਵਾਉਣ ਦੇ ਯੋਗ ਬਣਾਉਣ ਲਈ ਸਰਕਾਰੀ ਰਿਕਾਰਡ ਨਾਲ ਛੇੜਛਾੜ ਕਰਨ ਤੇ ਨੋ ਅਬਜੈਕਸ਼ਨ ਸਰਟੀਫਿਕੇਟ (ਐਨ ਓ ਸੀ) ਜਾਰੀ ਕਰਨ ਦੇ ਦੋਸ਼ ਹਨ। ਜਾਂਚ ਵਿੱਚ ਸਾਹਮਣੇ ਆਇਆ ਹੈ ਕਿ ਮੁਲਜ਼ਮਾਂ ਨੇ ਕਥਿਤ ਤੌਰ 'ਤੇ ਭੇਸ ਬਦਲ ਕੇ ਐਨ ਓ ਸੀ ਉੱਤੇ ਏ ਐੱਸ ਆਈ ਬਲਬੀਰ ਸਿੰਘ ਦੇ ਜਾਅਲੀ ਦਸਤਖਤ ਕੀਤੇ ਸਨ, ਜਿਸ ਨਾਲ ਖੇਤਰੀ ਪਾਸਪੋਰਟ ਦਫਤਰ ਦੁਆਰਾ ਲੋੜੀਂਦੀਆਂ ਲਾਜ਼ਮੀ ਤਸਦੀਕ ਪ੍ਰਕਿਰਿਆਵਾਂ ਨੂੰ ਬਾਈਪਾਸ (ਨਜ਼ਰਅੰਦਾਜ਼) ਕੀਤਾ ਗਿਆ ਸੀ। ਰਿਪੋਰਟ ਅਨੁਸਾਰ ਇਹ ਧੋਖਾਧੜੀ ਵਾਲੀ ਕਲੀਅਰੈਂਸ ਲੱਗਭੱਗ ਇੱਕ ਸਾਲ ਪਹਿਲਾਂ ਹੋਈ ਸੀ। ਪ੍ਰਭਜੀਤ ਨੂੰ ਇਸ ਕੇਸ ਵਿੱਚ 6 ਅਪਰੈਲ ਨੂੰ ਮੁਅੱਤਲ ਕਰ ਦਿੱਤਾ ਗਿਆ ਸੀ ਅਤੇ ਬਾਕੀ ਚਾਰ ਪੁਲਸ ਮੁਲਾਜ਼ਮਾਂ ਨੂੰ 8 ਅਪਰੈਲ ਨੂੰ ਮੁਅੱਤਲ ਕੀਤਾ ਗਿਆ।

ਸ਼ੌਨ ਭਿੰਡਰ ਨੂੰ ਪਿਛਲੇ ਸਾਲ ਸਦਰ ਪੁਲਸ ਨੇ ਗ੍ਰਿਫਤਾਰ ਕੀਤਾ ਸੀ। ਉਸ ਸਮੇਂ ਰਿਪੋਰਟਾਂ ਅਨੁਸਾਰ ਉਹ ਕਰੋੜਾਂ ਡਾਲਰ ਦੇ ਨਸ਼ਾ ਤਸਕਰੀ ਨੈੱਟਵਰਕ ਦੇ ਸੰਬੰਧ ਵਿੱਚ ਅਮਰੀਕਾ ਦੇ ਫੈਡਰਲ ਬਿਊਰੋ ਆਫ ਇਨਵੈਸਟੀਗੇਸ਼ਨ (ਐਫ ਬੀ ਆਈ) ਨੂੰ ਲੋੜੀਂਦਾ ਸੀ। ਅਧਿਕਾਰੀਆਂ ਨੇ ਦੋਸ਼ ਲਾਇਆ ਸੀ ਕਿ ਭਿੰਡਰ ਕੋਲੰਬੀਆ ਤੋਂ ਅਮਰੀਕਾ ਅਤੇ ਕੈਨੇਡਾ ਸਮੇਤ ਹੋਰ ਦੇਸ਼ਾਂ ਵਿੱਚ ਵੱਡੀ ਮਾਤਰਾ ਵਿੱਚ ਕੋਕੀਨ ਦੀ ਸਮਗਲਿੰਗ ਦਾ ਤਾਲਮੇਲ ਕਰਦਾ ਸੀ। ਉਸ ਦੀ ਗ੍ਰਿਫਤਾਰੀ ਦੇ ਬਾਵਜੂਦ ਭਿੰਡਰ ਨੂੰ ਬਾਅਦ ਵਿੱਚ ਇੱਕ ਸਥਾਨਕ ਅਦਾਲਤ ਨੇ ਬਰੀ ਕਰ ਦਿੱਤਾ ਸੀ। ਉਸ ਦਾ ਪਾਸਪੋਰਟ, ਜੋ ਕੇਸ ਪ੍ਰਾਪਰਟੀ ਵਜੋਂ ਜ਼ਬਤ ਕਰਕੇ ਪੁਲਸ ਕੋਲ ਜਮ੍ਹਾਂ ਕਰਵਾਇਆ ਗਿਆ ਸੀ, ਉਸ ਵੱਲੋਂ ਐਨ ਓ ਸੀ ਪੇਸ਼ ਕਰਨ ਤੋਂ ਬਾਅਦ ਵਾਪਸ ਕਰ ਦਿੱਤਾ ਗਿਆ ਸੀ, ਜੋ ਐਨ ਓ ਸੀ ਹੁਣ ਕਥਿਤ ਜਾਅਲਸਾਜ਼ੀ ਲਈ ਜਾਂਚ ਦੇ ਘੇਰੇ ਵਿੱਚ ਹੈ। ਫਿਰੋਜ਼ਪੁਰ ਰੇਂਜ ਦੇ ਡਿਪਟੀ ਇੰਸਪੈਕਟਰ ਜਨਰਲ ਸਨੇਹ ਸ਼ਰਮਾ ਨੇ ਦੱਸਿਆ ਕਿ ਸਾਰੇ ਪੰਜੇ ਮੁਲਜ਼ਮ ਫਿਲਹਾਲ ਫਰਾਰ ਹਨ।

## ਰਾਕੇਸ਼ ਕੁਮਾਰ ਵਾਟਸ ਮੁੜ ਬਲਾਕ ਪ੍ਰਧਾਨ ਨਿਯੁਕਤ



**ਜਲਾਲਾਬਾਦ (ਬਲਵਿੰਦਰ ਸਿੰਘ, ਜੀਤ ਕੁਮਾਰ, ਰਣਬੀਰ ਕੌਰ ਢਾਬਾਂ)**-ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਵੱਲੋਂ ਸੰਗਠਨ ਸਿਰਜਣ ਅਭਿਆਨ ਨੂੰ ਤੇਜ਼ ਕਰਦੇ ਹੋਏ ਜ਼ਮੀਨੀ ਪੱਧਰ 'ਤੇ ਪਾਰਟੀ ਢਾਂਚੇ ਨੂੰ ਹੋਰ ਮਜ਼ਬੂਤ ਬਣਾਉਣ ਲਈ ਮਹੱਤਵਪੂਰਨ ਫੈਸਲੇ ਕੀਤੇ ਜਾ ਰਹੇ ਹਨ।ਇਸੇ ਕੜੀ ਵਿੱਚ ਪਾਰਟੀ ਹਾਈਕਮਾਨ ਨੇ ਤਜਰਬੇਕਾਰ ਤੇ ਸਰਗਰਮ ਆਗੂ ਰਾਕੇਸ਼ ਕੁਮਾਰ ਬੰਟੀ ਵਾਟਸ 'ਤੇ ਦੁਬਾਰਾ ਵਿਸ਼ਵਾਸ ਜਤਾਉਂਦੇ ਹੋਏ ਉਨ੍ਹਾਂ ਨੂੰ ਮੁੜ ਬਲਾਕ ਕਾਂਗਰਸ ਪ੍ਰਧਾਨ ਨਿਯੁਕਤ ਕੀਤਾ ਹੈ।ਬੰਟੀ ਵਾਟਸ ਪਹਿਲਾਂ ਤੋਂ ਹੀ ਇਸ ਅਹੁਦੇ 'ਤੇ ਕਾਇਮ ਰਹਿੰਦੇ ਹੋਏ ਲਗਾਤਾਰ ਸੰਗਠਨ ਨੂੰ ਮਜ਼ਬੂਤ ਕਰਨ ਵਿੱਚ ਜੁਟੇ ਰਹੇ ਹਨ।ਆਪਣੇ ਪਿਛਲੇ ਕਾਰਜਕਾਲ ਦੌਰਾਨ ਉਨ੍ਹਾਂ ਨੇ ਵਰਕਰਾਂ ਨੂੰ ਇਕੱਠਾ ਰੱਖਣ, ਬੂਥ ਪੱਧਰ ਤੱਕ ਸੰਗਠਨ ਨੂੰ ਸਰਗਰਮ ਕਰਨ ਅਤੇ ਪਾਰਟੀ ਦੀਆਂ ਨੀਤੀਆਂ ਨੂੰ ਲੋਕਾਂ ਤੱਕ ਪਹੁੰਚਾਉਣ ਲਈ ਕਾਫ਼ੀ ਮਿਹਨਤ ਕੀਤੀ ਹੈ।ਇਲਾਕੇ ਵਿੱਚ ਉਨ੍ਹਾਂ ਦੀ ਮੈਦਾਨੀ ਹਾਜ਼ਰੀ ਤੇ ਵਰਕਰਾਂ ਨਾਲ ਨਜ਼ਦੀਕੀ ਹੀ ਉਨ੍ਹਾਂ ਦੀ ਸਭ ਤੋਂ ਵੱਡੀ ਤਾਕਤ ਮੰਨੀ ਜਾਂਦੀ ਹੈ।ਪਾਰਟੀ ਦੇ ਅੰਦਰੂਨੀ ਸਰੋਤਾਂ ਮੁਤਾਬਕ ਇਹ ਨਿਯੁਕਤੀ ਲਗਾਤਾਰਤਾ ਬਣਾਈ ਰੱਖਣ ਤੇ ਚੱਲ ਰਹੇ ਸੰਗਠਨਾਤਮਕ ਕੰਮਾਂ ਨੂੰ ਹੋਰ ਤੇਜ਼ੀ ਨਾਲ ਅੱਗੇ ਵਧਾਉਣ ਲਈ ਕੀਤੀ ਗਈ ਹੈ।ਆਉਣ ਵਾਲੇ ਸਮੇਂ ਵਿੱਚ ਪਾਰਟੀ ਨੂੰ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤ ਕਰਨ, ਨਵੇਂ ਵਰਕਰਾਂ ਨੂੰ ਜੋੜਨ ਤੇ ਲੋਕੀ ਮੁੱਦਿਆਂ 'ਤੇ ਅਵਾਜ਼ ਬੁਲੰਦ ਕਰਨ ਵਿੱਚ ਬੰਟੀ ਵਾਟਸ ਦੀ ਭੂਮਿਕਾ ਅਹਿਮ ਮੰਨੀ ਜਾ ਰਹੀ ਹੈ।ਬੰਟੀ ਵਾਟਸ ਨੇ ਗੱਲਬਾਤ ਕਰਦੇ ਕਿਹਾ ਕਿ ਮੈਂ ਪਾਰਟੀ ਹਾਈਕਮਾਨ ਦਾ ਦਿਲੋਂ ਧੰਨਵਾਦ ਕਰਦਾ ਹਾਂ ਜਿਨ੍ਹਾਂ ਨੇ ਦੁਬਾਰਾ ਮੇਰੇ 'ਤੇ ਭਰੋਸਾ ਜਤਾਇਆ।ਮੈਂ ਹਰ ਵਰਕਰ ਦੇ ਸਹਿਯੋਗ ਨਾਲ ਸੰਗਠਨ ਨੂੰ ਹੋਰ ਮਜ਼ਬੂਤ ਕਰਦੇ ਹੋਏ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰਨ ਲਈ ਪੂਰੀ ਨਿਸ਼ਠਾ ਨਾਲ ਕੰਮ ਕਰਾਂਗਾ।

## ਵੱਖ-ਵੱਖ ਸੰਸਥਾਵਾਂ ਨੇ ਸਮਾਜ ਸੇਵੀ ਕੁਲਵੰਤ ਬਾਂਸਲ ਨੂੰ ਕੀਤਾ ਸਨਮਾਨਤ



**ਸੰਗਰੂਰ (ਪ੍ਰਵੀਨ ਸਿੰਘ)**-ਸਥਾਨਕ ਪਟਿਆਲਾ ਗੇਟ ਸਥਿਤ ਹੋਟਲ ਵਿਖੇ ਇੱਕ ਸ਼ਾਨਦਾਰ ਪ੍ਰਭਾਵਸ਼ਾਲੀ ਸਮਾਗਮ ਦੌਰਾਨ ਉੱਘੇ ਸਮਾਜ ਸੇਵੀ ਸ੍ਰੀ ਕੁਲਵੰਤ ਰਾਏ ਬਾਂਸਲ ਨੂੰ ਉਨ੍ਹਾਂ ਵੱਲੋਂ ਕੀਤੇ ਜਾ ਰਹੇ ਸਮਾਜ ਸੇਵੀ ਕੰਮਾਂ ਤੇ 73ਵੇਂ ਜਨਮ ਦਿਨ ਮੌਕੇ ਸ਼ਹਿਰ ਦੀਆਂ ਵੱਖ ਵੱਖ ਸਮਾਜ ਸੇਵੀ, ਧਾਰਮਿਕ ਸੰਸਥਾਵਾਂ ਵੱਲੋਂ ਸਨਮਾਨਤ ਕੀਤਾ ਗਿਆ।ਇਸ ਮੌਕੇ ਸੀਨੀਅਰ ਸਿਟੀਜਨ ਭਲਾਈ ਸੰਸਥਾ ਦੇ ਪ੍ਰਧਾਨ ਡਾ. ਨਰਵਿੰਦਰ ਸਿੰਘ ਕੌਸ਼ਲ, ਜਨਰਲ ਸਕੱਤਰ ਜਗਜੀਤ ਸਿੰਘ ਜੱਸਲ, ਸੀਨੀਅਰ ਮੀਤ ਪ੍ਰਧਾਨ ਪ੍ਰੋ: ਸੁਰੇਸ਼ ਗੁਪਤਾ, ਰਾਜ ਕੁਮਾਰ ਅਰੋੜਾ, ਭੁਪਿੰਦਰ ਸਿੰਘ ਜੱਸੀ, ਮੀਤ ਪ੍ਰਧਾਨ ਵਿਪਨ ਮਲਿਕ, ਸੁਧੀਰ ਵਾਲੀਆ, ਬਲਵੰਤ ਸਿੰਘ ਮੰਡੀ ਬੋਰਡ, ਦਵਿੰਦਰ ਗੁਪਤਾ, ਸੰਗਰੂਰ ਸੋਸ਼ਲ ਵੈਲਫੇਅਰ ਐਸੋਸੀਏਸ਼ਨ ਦੇ ਪ੍ਰਧਾਨ ਅਤੇ ਸੂਬਾਈ ਪੈਨਸ਼ਨਰ ਆਗੂ ਰਾਜ ਕੁਮਾਰ ਅਰੋੜਾ, ਸਕੱਤਰ ਜਰਨਲ ਤਿਲਕ ਰਾਜ ਸਤੀਜਾ, ਲਹਿਰਾਗਾਗਾ ਨਿਵਾਸੀ ਸਭਾ ਦੇ ਪ੍ਰਧਾਨ ਰਜਿੰਦਰ ਗੋਇਲ (ਮੋਹਿਤ ਡੇਅਰੀ), ਸਮਾਜ ਸੇਵੀ ਤੇ ਦਾਨੀ ਸ਼ਖ਼ਸੀਅਤ ਵਿਜੇ ਸਿੰਗਲਾ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਸਥਾਵਾਂ ਦੇ ਆਗੂ ਮੌਜੂਦ ਸਨ।ਰਾਜ ਕੁਮਾਰ ਅਰੋੜਾ ਵੱਲੋਂ ਕੀਤੇ ਗਏ ਮੰਚ ਸੰਚਾਲਨ ਦੌਰਾਨ ਸੀਨੀਅਰ ਸਿਟੀਜ਼ਨ ਭਲਾਈ ਸੰਸਥਾ ਦੇ ਪ੍ਰਧਾਨ ਡਾ. ਨਰਵਿੰਦਰ ਕੌਸ਼ਲ, ਜਨਰਲ ਸਕੱਤਰ ਜਗਜੀਤ ਸਿੰਘ ਜੱਸਲ, ਕੰਜ਼ਿਊਮਰ ਕਮਿਸ਼ਨ ਦੇ ਸਾਬਕਾ ਮੈਂਬਰ ਇੰਜੀ: ਪਰਵੀਨ ਬਾਂਸਲ, ਆਰ. ਐੱਸ. ਮਦਾਨ, ਰੋਜ਼ੀ ਖੰਨਾ ਤੇ ਹਰਬੰਸ ਲਾਲ ਗਰਗ ਨੇ ਸ੍ਰੀ ਕੁਲਵੰਤ ਰਾਏ ਬਾਂਸਲ ਵੱਲੋਂ ਕੀਤੇ ਜਾ ਰਹੇ ਸਮਾਜ ਸੇਵੀ ਤੇ ਲੋਕ ਭਲਾਈ ਦੇ ਕੰਮਾਂ ਲਈ ਸ਼ਲਾਘਾ ਕੀਤੀ ਅਤੇ ਨਾਲ ਹੀ ਗੀਤ ਸੰਗੀਤ ਦੇ ਨਾਲ ਸਮਾਗਮ ਵਿੱਚ ਰੰਗ ਬੰਨ੍ਹ ਦਿੱਤਾ।ਇਸ ਮੌਕੇ ਮਿਊਂਸਪਲ ਕਮਿਸ਼ਨਰ ਸਤਿੰਦਰ ਸੈਣੀ, ਵਿਨੀਤ ਕੁਮਾਰ ਸਿੰਗਲਾ, ਸੁਧੀਰ ਗਰਗ, ਦੀਪਕ ਕੁਮਾਰ, ਜੀਵਨ, ਓਮ ਪ੍ਰਕਾਸ਼ ਨੰਦੀ, ਹੀਰਾ ਲਾਲ ਨੇ ਵੀ ਆਪਣੇ ਵਿਚਾਰ ਪੇਸ਼ ਕੀਤੇ।ਇਸ ਮੌਕੇ ਪਵਨ ਗਰਗ, ਜਸਵੀਰ ਸਿੰਘ, ਹਰਬੰਸ ਲਾਲ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸ਼ਹਿਰ ਨਿਵਾਸੀ ਮੌਜੂਦ ਸਨ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਉਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ।
**ਫੋਨ ਨੰਬਰ ਪ੍ਰਬੰਧਕੀ ਵਿਭਾਗ** : 0181-5097300, **ਸਮਾਚਾਰ ਵਿਭਾਗ** : 0181-5097310, **ਈ-ਮੇਲ** : nawanzamana@gmail.com * **Web** : www.nawanzamana.in



ਗੈਂਗਸਟਰ-ਮੁਕਤ ਪੰਜਾਬ
ਤੁਹਾਡੀ ਜਾਣਕਾਰੀ, ਸਾਡੀ ਕਾਰਵਾਈ
ਸ. ਭਗਵੰਤ ਸਿੰਘ ਮਾਨ
ਮੁੱਖ ਮੰਤਰੀ, ਪੰਜਾਬ
ਪੰਜਾਬ ਵਿੱਚ ਪਹਿਲੀ ਵਾਰ
ਗ੍ਰਿਫ਼ਤਾਰੀ ਵਿੱਚ ਸਹਾਇਤਾ ਕਰਨ ਵਾਲੀ ਪੁਖ਼ਤਾ ਅਤੇ ਭਰੋਸੇਮੰਦ ਸੂਚਨਾ ਦੇਣ ਵਾਲਿਆਂ ਲਈ ਇਨਾਮ ਦਾ ਐਲਾਨ
ਵਾਂਟਡ ਅਪਰਾਧੀ
ਇਨਾਮ 10 ਲੱਖ — ਸਤਿੰਦਰਜੀਤ ਸਿੰਘ — ਮਕਾਨ ਨੰ. 970, ਗਲੀ ਨੰ- 2, ਆਦੇਸ਼ ਨਗਰ, ਪੁਲੀਸ ਥਾਣਾ ਸ਼ਹਿਰੀ, ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ, ਪੰਜਾਬ
ਇਨਾਮ 10 ਲੱਖ — ਲਖਬੀਰ ਸਿੰਘ — ਪਿੰਡ ਹਰੀਕੇ, ਪੁਲੀਸ ਥਾਣਾ ਹਰੀਕੇ, ਜ਼ਿਲ੍ਹਾ ਤਰਨ ਤਾਰਨ, ਪੰਜਾਬ
ਇਨਾਮ 10 ਲੱਖ — ਹਰਵਿੰਦਰ ਸਿੰਘ ਸੰਧੂ — ਗਲੀ ਨੰ. 5, ਗੁਰਦੁਆਰਾ ਸਚਖੰਡ ਸ੍ਰੀ ਹਜ਼ੂਰ ਸਾਹਿਬ, ਨੰਦੇੜ, ਮਹਾਰਾਸ਼ਟਰ
ਇਨਾਮ 10 ਲੱਖ — ਸਤਬੀਰ ਸਿੰਘ — ਨੌਸ਼ਹਿਰਾ ਪੰਨੂਆਂ, ਜ਼ਿਲ੍ਹਾ ਤਰਨ ਤਾਰਨ ਪੰਜਾਬ
ਇਨਾਮ 10 ਲੱਖ — ਬਲਵਿੰਦਰ ਸਿੰਘ ਦੋਨੀ — ਪਿੰਡ ਪੱਤੀ ਬਲੇਲ, ਸਠਿਆਲਾ, ਪੁਲੀਸ ਥਾਣਾ ਬਿਆਸ, ਜ਼ਿਲ੍ਹਾ ਅੰਮ੍ਰਿਤਸਰ, ਪੇਂਡੂ ਪੰਜਾਬ
ਇਨਾਮ 10 ਲੱਖ — ਪ੍ਰਭਦੀਪ ਸਿੰਘ — ਪਿੰਡ ਦਾਸੂਵਾਲ, ਪੁਲੀਸ ਥਾਣਾ ਸਦਰ ਪੱਟੀ, ਜ਼ਿਲ੍ਹਾ ਤਰਨ ਤਾਰਨ, ਪੰਜਾਬ
ਇਨਾਮ 10 ਲੱਖ — ਗੌਰਵ ਪਟਿਆਲ — ਪਿੰਡ ਖੁੱਡਾ ਲਹੌਰਾ, ਪੁਲੀਸ ਥਾਣਾ ਸਾਰੰਗਪੁਰ, ਚੰਡੀਗੜ੍ਹ (ਯੂ.ਟੀ.)
ਇਨਾਮ 10 ਲੱਖ — ਸਰਵਣ ਸਿੰਘ — ਸਹਿਜਾਦਾ ਕਲਾਂ, ਜ਼ਿਲ੍ਹਾ ਬਟਾਲਾ, ਪੰਜਾਬ
ਇਨਾਮ 10 ਲੱਖ — ਰੋਹਿਤ ਗੋਦਰਾ — ਕਪੂਰੀਸਰ, ਪੁਲੀਸ ਥਾਣਾ ਕਾਲੂ, ਜ਼ਿਲ੍ਹਾ ਬੀਕਾਨੇਰ, ਰਾਜਸਥਾਨ
ਇਨਾਮ 5 ਲੱਖ — ਹੈਰੀ ਬੌਕਸਰ ਹਰੀਚੰਦ — ਚਿਤਰਪੁਰਾ, ਪੁਲੀਸ ਥਾਣਾ ਬੰਸੁਰ, ਜ਼ਿਲ੍ਹਾ ਅਲਵਰ, ਰਾਜਸਥਾਨ
ਇਨਾਮ 5 ਲੱਖ — ਗੁਰਵਿੰਦਰ ਸਿੰਘ — ਤੂਤ, ਪੁਲੀਸ ਥਾਣਾ ਸਦਰ ਪੱਟੀ, ਜ਼ਿਲ੍ਹਾ ਤਰਨ ਤਾਰਨ, ਪੰਜਾਬ
ਇਨਾਮ 5 ਲੱਖ — ਅਦਿੱਤਿਆ ਕਪੂਰ — 1045/8 ਗਲੀ ਤਾਰਾ ਸਿੰਘ, ਕਟੜਾ ਸੁਫੈਦ, ਲਾਹੌਰੀ ਗੇਟ, ਜ਼ਿਲ੍ਹਾ ਅੰਮ੍ਰਿਤਸਰ, ਪੰਜਾਬ
ਇਨਾਮ 5 ਲੱਖ — ਅਮਰਜੀਤ ਸਿੰਘ — ਪਿੰਡ ਖੱਬੇ ਰਾਜਪੂਤਾਂ, ਪੁਲੀਸ ਥਾਣਾ ਮਹਿਤਾ, ਜ਼ਿਲ੍ਹਾ ਅੰਮ੍ਰਿਤਸਰ ਪੇਂਡੂ, ਪੰਜਾਬ
ਇਨਾਮ 5 ਲੱਖ — ਮਨਪ੍ਰੀਤ ਸਿੰਘ — ਪਿੰਡ ਘਣਸ਼ਾਮਪੁਰ, ਪੁਲੀਸ ਥਾਣਾ ਮਹਿਤਾ, ਜ਼ਿਲ੍ਹਾ ਅੰਮ੍ਰਿਤਸਰ ਪੇਂਡੂ, ਪੰਜਾਬ
ਇਨਾਮ 5 ਲੱਖ — ਜੋਬਨਜੀਤ ਸਿੰਘ — ਪਿੰਡ ਅਰਜੁਨ ਮੰਗਾ, ਜ਼ਿਲ੍ਹਾ ਅੰਮ੍ਰਿਤਸਰ ਪੇਂਡੂ, ਪੰਜਾਬ
ਇਨਾਮ 5 ਲੱਖ — ਵਰਿੰਦਰ ਸਿੰਘ — ਸੈਦੋ ਕੇ, ਪੁਲੀਸ ਥਾਣਾ ਮਹਿਤਾ, ਜ਼ਿਲ੍ਹਾ ਅੰਮ੍ਰਿਤਸਰ ਪੇਂਡੂ, ਪੰਜਾਬ
ਇਨਾਮ 5 ਲੱਖ — ਸੁਪ੍ਰੀਤ ਸਿੰਘ — ਚੱਠਾ, ਪੁਲੀਸ ਜ਼ਿਲ੍ਹਾ ਬਟਾਲਾ, ਪੰਜਾਬ
ਇਨਾਮ 5 ਲੱਖ — ਨਵੀਨ ਕੁਮਾਰ — ਵੀ.ਪੀ.ਓ. ਰਜਵਾਲੀ, ਪੁਲੀਸ ਥਾਣਾ ਸ਼ਹੀਰੀ-1 ਅਬੋਹਰ, ਜ਼ਿਲ੍ਹਾ ਫ਼ਾਜ਼ਿਲਕਾ, ਪੰਜਾਬ
ਇਨਾਮ 5 ਲੱਖ — ਗੁਰਪ੍ਰੀਤ ਸਿੰਘ — ਬਾਬਾ ਦੀਪ ਸਿੰਘ ਕਲੋਨੀ ਨੇੜੇ ਗਗਨ ਚੌਂਕ ਰਾਜਪੁਰਾ, ਜ਼ਿਲ੍ਹਾ- ਪਟਿਆਲਾ, ਪੰਜਾਬ
ਇਨਾਮ 5 ਲੱਖ — ਮੁਹੰਮਦ ਯਾਸੀਨ ਅਖਤਰ — ਸ਼ੰਕਰ ਪੱਤੀ, ਗੁਜਰਾਤੀਕੇ, ਪੁਲੀਸ ਥਾਣਾ ਸਦਰ ਨਕੋਦਰ, ਜ਼ਿਲ੍ਹਾ ਜਲੰਧਰ ਪੇਂਡੂ, ਪੰਜਾਬ
ਇਨਾਮ 5 ਲੱਖ — ਨਿਸ਼ਾਨ ਸਿੰਘ ਜੌੜੀਆਂ — ਜੌੜੀਆਂ ਕਲਾਂ, ਡੇਰਾ ਬਾਬਾ ਨਾਨਕ, ਜ਼ਿਲ੍ਹਾ ਬਟਾਲਾ, ਪੰਜਾਬ
ਇਨਾਮ 5 ਲੱਖ — ਗੁਰਦੇਵ ਸਿੰਘ — ਪਿੰਡ ਚੰਬਲ, ਜ਼ਿਲ੍ਹਾ ਤਰਨ ਤਾਰਨ, ਪੰਜਾਬ
ਇਨਾਮ 5 ਲੱਖ — ਰਾਜੇਸ਼ ਕੁਮਾਰ — ਰਕੜਾਂ ਢਾਹਾਂ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ, ਪੰਜਾਬ
ਇਨਾਮ 5 ਲੱਖ — ਜਸਵਿੰਦਰ ਸਿੰਘ — ਅਗਵਾਂ, ਕਲਾਨੌਰ, ਜ਼ਿਲ੍ਹਾ ਗੁਰਦਾਸਪੁਰ, ਪੰਜਾਬ
ਇਨਾਮ 5 ਲੱਖ — ਗੁਰਪ੍ਰੀਤ ਸਿੰਘ — ਵੈਰੋਵਾਲ, ਪੁਲੀਸ ਥਾਥਾ ਸਦਰ ਨਵਾਸ਼ਹਿਰ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ, ਪੰਜਾਬ
ਇਨਾਮ 5 ਲੱਖ — ਜਸਕਰਨ ਸਿੰਘ — ਚਕਰਵਾਲੇ ਝੁੱਗੇ, ਜ਼ਿਲ੍ਹਾ ਫ਼ਾਜ਼ਿਲਕਾ, ਪੰਜਾਬ
ਇਨਾਮ 5 ਲੱਖ — ਰਜਿੰਦਰ ਸਿੰਘ — ਪਿੰਡ ਬੱਲੂਆਣਾ, ਜ਼ਿਲ੍ਹਾ ਫ਼ਾਜ਼ਿਲਕਾ, ਪੰਜਾਬ
ਇਨਾਮ 5 ਲੱਖ — ਸ਼ਕਤੀ ਕੁਮਾਰ — ਅਜੀਮਗੜ੍ਹ, ਅਬੋਹਰ, ਪੁਲੀਸ ਥਾਣਾ ਸ਼ਹਿਰੀ 2 ਅਬੋਹਰ, ਜ਼ਿਲ੍ਹਾ ਫ਼ਾਜ਼ਿਲਕਾ, ਪੰਜਾਬ
ਜਾਣਕਾਰੀ ਦੇਣ ਲਈ 93946-93946
ਤੁਹਾਡੀ ਪਛਾਣ ਅਤੇ ਜਾਣਕਾਰੀ ਪੂਰੀ ਤਰ੍ਹਾਂ ਗੁਪਤ ਰੱਖੀ ਜਾਵੇਗੀ
ਸੂਚਨਾ ਅਤੇ ਲੋਕ ਸੰਪਰਕ ਵਿਭਾਗ, ਪੰਜਾਬ

# ਫਾਸ਼ੀਵਾਦ ਖਿਲਾਫ ਮੁੜ ਬਣਾਉਣਾ ਪੈਣਾ ਲੋਕ ਮੋਰਚਾ

1936 ਵਿੱਚ ਲਖਨਊ ਦੇ ਮਸ਼ਹੂਰ 'ਰਿਫ਼ਾਅ-ਏ-ਆਮ' ਕਲੱਬ ਵਿੱਚ 9 ਤੇ 10 ਅਪ੍ਰੈਲ ਨੂੰ ਪ੍ਰਗਤੀਸ਼ੀਲ ਲੇਖਕ ਸੰਘ ਦਾ ਪਹਿਲਾ ਕੌਮੀ ਅਜਲਾਸ ਹੋਇਆ ਸੀ, ਜਿਸ ਵਿੱਚ ਬਾਕਾਇਦਾ ਜਥੇਬੰਦੀ ਦੀ ਸਥਾਪਨਾ ਕੀਤੀ ਗਈ। ਇਸ ਤਰ੍ਹਾਂ ਇਸ ਨੇ 2026 ਵਿੱਚ ਆਪਣੀ ਸਥਾਪਨਾ ਦੇ 90 ਸਾਲ ਪੂਰੇ ਕਰ ਲਏ ਹਨ, ਜੋ ਕਿ ਇੱਕ ਗੌਰਵਸ਼ਾਲੀ ਯਾਤਰਾ ਹੈ। ਪਹਿਲੇ ਅਜਲਾਸ ਦੀ ਪ੍ਰਧਾਨਗੀ ਕਰਦਿਆਂ ਮਹਾਨ ਕਥਾਕਾਰ ਮੁਣਸ਼ੀ ਪ੍ਰੇਮ ਚੰਦ ਨੇ ਕਿਹਾ ਸੀ, "ਸਾਡੀ ਕਸੌਟੀ 'ਤੇ ਉਹ ਸਾਹਿਤ ਖਰਾ ਉਤਰੇਗਾ, ਜਿਸ ਵਿੱਚ ਉੱਚ ਚਿੰਤਨ ਹੋਵੇ, ਸਵਾਧੀਨਤਾ ਦਾ ਭਾਵ ਹੋਵੇ, ਖ਼ੂਬਸੂਰਤੀ ਦਾ ਸਾਰ ਹੋਵੇ, ਸਿਰਜਣ ਦੀ ਆਤਮਾ ਹੋਵੇ, ਜੀਵਨ ਦੀਆਂ ਸਚਾਈਆਂ ਦਾ ਪ੍ਰਕਾਸ਼ ਹੋਵੇ, ਜੋ ਸਾਡੇ 'ਚ ਰਫਤਾਰ, ਸੰਘਰਸ਼ ਤੇ ਬੇਚੈਨੀ ਪੈਦਾ ਕਰੇ, ਸੁਆਵੇ ਨਾ, ਕਿਉਂਕਿ ਹੁਣ ਹੋਰ ਜ਼ਿਆਦਾ ਸੌਣਾ ਮੌਤ ਦਾ ਲੱਛਣ ਹੈ।" ਪ੍ਰੇਮ ਚੰਦ ਵੱਲੋਂ ਦਿੱਤੇ ਗਏ ਇਸ ਬੀਜ ਬਿਆਨ ਨੂੰ ਇੱਕ ਲੰਬਾ ਅਰਸਾ ਬੀਤ ਗਿਆ ਹੈ, ਪਰ ਅੱਜ ਵੀ ਇਹ ਸਾਹਿਤ ਨੂੰ ਸਹੀ ਤਰ੍ਹਾਂ ਨਾਲ ਪਰਖਣ ਦਾ ਪੈਮਾਨਾ ਹੈ। ਉਕਤ ਕਥਨ ਦੀ ਕਸੌਟੀ 'ਤੇ ਖਰਾ ਉਤਰਨ ਵਾਲਾ ਸਾਹਿਤ ਹੀ ਸਾਡਾ ਸਰਵਸ੍ਰੇਸ਼ਠ ਸਾਹਿਤ ਹੈ। ਇਹੀ ਅਦਬ ਆਵਾਮ ਦੇ ਦਿਲੋ-ਦਿਮਾਗ ਵਿੱਚ ਹਮੇਸ਼ਾ ਜ਼ਿੰਦਾ ਰਹੇਗਾ। ਉਨ੍ਹਾਂ ਨੂੰ ਸੰਘਰਸ਼ ਲਈ ਪ੍ਰੇਰਿਤ ਕਰਦਾ ਰਹੇਗਾ।

ਪ੍ਰਗਤੀਸ਼ੀਲ ਲੇਖਕ ਸੰਘ ਦੇ ਗਠਨ ਦੇ ਪਿੱਛੇ ਇਤਿਹਾਸਕ ਕਾਰਨ ਸਨ। 1930 ਤੋਂ 1935 ਤੱਕ ਦਾ ਦੌਰ ਪਰਿਵਰਤਨ ਦਾ ਦੌਰ ਸੀ। ਪਹਿਲੀ ਸੰਸਾਰ ਜੰਗ ਦੇ ਬਾਅਦ ਸਾਰੀ ਦੁਨੀਆ ਆਰਥਿਕ ਮੰਦੀ ਝੱਲ ਰਹੀ ਸੀ। ਜਰਮਨੀ ਤੇ ਇਟਲੀ ਵਿੱਚ ਕ੍ਰਮਵਾਰ ਹਿਟਲਰ ਤੇ ਮੁਸੋਲਿਨੀ ਦੀ ਤਾਨਾਸ਼ਾਹੀ ਅਤੇ ਫਰਾਂਸ ਦੀ ਪੂੰਜੀਪਤੀ ਸਰਕਾਰ ਦੇ ਲੋਕ-ਵਿਰੋਧੀ ਕਾਰਿਆਂ ਨਾਲ ਪੂਰੀ ਦੁਨੀਆ 'ਤੇ ਸਾਮਰਾਜਵਾਦ ਤੇ ਫਾਸ਼ੀਵਾਦ ਦਾ ਖਤਰਾ ਮੰਡਰਾ ਰਿਹਾ ਸੀ। ਇਨ੍ਹਾਂ ਸਭ ਸੰਕਟਾਂ ਦੇ ਬਾਵਜੂਦ ਉਮੀਦਾਂ ਵੀ ਖਤਮ ਨਹੀਂ ਹੋਈਆਂ ਸਨ। ਹਰ ਢਲਦਾ ਹਨੇਰਾ, ਪਹਿਲਾਂ ਨਾਲੋਂ ਵੀ ਉੱਜਲ ਨਵਾਂ ਸਵੇਰਾ ਲੈ ਕੇ ਆਉਂਦਾ ਹੈ। ਜਰਮਨੀ ਵਿੱਚ ਕਮਿਊਨਿਸਟ ਪਾਰਟੀ ਦੇ ਆਗੂ ਦਿਮਿਤ੍ਰੋਵ ਦੇ ਮੁਕੱਦਮੇ, ਫਰਾਂਸ ਦੇ ਮਜ਼ਦੂਰਾਂ ਦੀ ਬੇਦਾਰੀ ਤੇ ਆਸਟਰੀਆ ਦੀ ਨਾਕਾਮਯਾਬ ਮਜ਼ਦੂਰ ਕ੍ਰਾਂਤੀ ਨਾਲ ਸਾਰੀ ਦੁਨੀਆ ਵਿੱਚ ਕ੍ਰਾਂਤੀ ਦੇ ਇੱਕ ਨਵੇਂ ਯੁੱਗ ਦਾ ਆਗਾਜ਼ ਹੋਇਆ। ਸਾਲ 1033 ਵਿੱਚ ਪ੍ਰਸਿੱਧ ਫਰਾਂਸੀਸੀ ਸਾਹਿਤਕਾਰ ਹੈਨਰੀ ਬਾਰਬੂਸ ਦੀਆਂ ਕੋਸ਼ਿਸ਼ਾਂ ਨਾਲ ਫਰਾਂਸ ਵਿੱਚ ਲੇਖਕਾਂ ਤੇ ਕਲਾਕਾਰਾਂ ਦਾ ਫਾਸ਼ੀਵਾਦ ਖਿਲਾਫ ਇੱਕ ਸਾਂਝਾ ਮੋਰਚਾ 'ਵਰਲਡ ਕਾਨਫਰੰਸ ਆਫ ਰਾਈਟਰਜ਼ ਫਾਰ ਦੀ ਡਿਫੈਂਸ ਆਫ ਕਲਚਰ' ਬਣਿਆ, ਜਿਹੜਾ ਅੱਗੇ ਚੱਲ ਕੇ ਪਾਪੂਲਰ ਫਰੰਟ (ਲੋਕ ਮੋਰਚਾ) ਵਿੱਚ ਤਬਦੀਲ ਹੋ ਗਿਆ। ਇਸ ਮੋਰਚੇ ਵਿੱਚ ਮੈਕਸਿਮ ਗੋਰਕੀ, ਰੋਮਯਾ ਰੋਲਾਂ, ਆਂਦਰੇ ਮਾਲਰੋ, ਟਾਮਸ ਮਾਨ, ਵਾਲਡੋ ਫਰੈਂਕ, ਮਾਰਸਲ, ਆਂਦਰੇ ਦੀਜ ਤੇ ਆਰਾਂਗੋ ਵਰਗੇ ਵਿਸ਼ਵ ਪ੍ਰਸਿੱਧ ਸਾਹਿਤਕਾਰ ਸ਼ਾਮਲ ਸਨ। ਇਸ ਨੂੰ ਲੋਕਾਂ ਦੀ ਹਮਾਇਤ ਹਾਸਲ ਸੀ। ਦੁਨੀਆ-ਭਰ ਵਿੱਚ ਵਾਪਰ ਰਹੀਆਂ ਇਨਕਲਾਬੀ ਘਟਨਾਵਾਂ ਨੇ ਹਿੰਦੋਸਤਾਨੀਆਂ ਨੂੰ ਵੀ ਵੱਡੇ ਪੱਧਰ 'ਤੇ ਮੁਤਾਸਿਰ ਕੀਤਾ। ਇਨ੍ਹਾਂ ਹਿੰਦੋਸਤਾਨੀਆਂ ਵਿੱਚ ਲੰਡਨ ਵਿੱਚ ਉੱਚ ਵਿੱਦਿਆ ਹਾਸਲ ਕਰ ਰਹੇ ਸੱਜਾਦ ਜ਼ਹੀਰ, ਡਾ. ਮੁਲਕ ਰਾਜ ਆਨੰਦ, ਪ੍ਰਮੋਦ ਸੇਨ ਗੁਪਤ ਤੇ ਹੀਰੇਨ ਮੁਖਰਜੀ ਵਰਗੇ ਤਰੱਕੀਪਸੰਦ ਨੌਜਵਾਨ ਵੀ ਸਨ। ਪ੍ਰਗਤੀਸ਼ੀਲ ਲੇਖਕ ਸੰਘ ਦੇ ਐਲਾਨਨਾਮੇ ਦਾ ਸ਼ੁਰੂਆਤੀ ਮਸੌਦਾ ਉੱਥੇ ਹੀ ਤਿਆਰ ਹੋਇਆ, ਜਿਸ ਨੂੰ ਤਿਆਰ ਕਰਨ ਵਿੱਚ ਡਾ. ਮੁਲਕ ਰਾਜ ਆਨੰਦ ਨੇ ਵੱਡਾ ਰੋਲ ਨਿਭਾਇਆ। ਸੱਜਾਦ ਜ਼ਹੀਰ ਨੇ 1936 ਵਿੱਚ ਲੰਡਨ ਤੋਂ ਭਾਰਤ ਪਰਤਦਿਆਂ ਸਭ ਤੋਂ ਪਹਿਲਾਂ ਪ੍ਰਗਤੀਸ਼ੀਲ ਲੇਖਕ ਸੰਘ ਦੇ ਪਹਿਲੇ ਅਜਲਾਸ ਦੀਆਂ ਤਿਆਰੀਆਂ ਸ਼ੁਰੂ ਕਰ ਦਿੱਤੀਆਂ। ਅਜਲਾਸ ਕਾਮਯਾਬ ਰਿਹਾ। ਇਸ ਦੇ ਐਲਾਨਨਾਮੇ ਵਿੱਚ ਕਿਹਾ ਗਿਆ : ਸਾਡੇ ਅਦਬ ਨੂੰ ਕੌਮੀ ਆਜ਼ਾਦੀ ਦੀ ਤਹਿਰੀਕ ਦੀ ਤਰਜਮਾਨੀ ਕਰਨੀ ਚਾਹੀਦੀ ਹੈ। ਸਾਮਰਾਜੀਆਂ ਅਤੇ ਜ਼ੁਲਮ ਕਰਨ ਵਾਲੇ ਅਮੀਰਾਂ ਦੀ ਮੁਜ਼ਾਹਮਤ ਕਰਨੀ ਚਾਹੀਦੀ ਹੈ। ਮਜ਼ਦੂਰਾਂ, ਕਿਸਾਨਾਂ ਤੇ ਤਮਾਮ ਮਜ਼ਲੂਮ ਇਨਸਾਨਾਂ ਦੀ ਤਰਫਦਾਰੀ ਤੇ ਹਮਾਇਤ ਕਰਨੀ ਚਾਹੀਦੀ ਹੈ। ਲੋਕਾਂ ਦੇ ਦੁੱਖ-ਸੁੱਖ, ਉਨ੍ਹਾਂ ਦੀਆਂ ਬਿਹਤਰੀਨ ਇੱਛਾਵਾਂ ਤੇ ਤਮੰਨਾਵਾਂ ਦਾ ਇਜ਼ਹਾਰ ਇਸ ਤਰ੍ਹਾਂ ਕਰਨਾ ਚਾਹੀਦਾ ਹੈ ਕਿ ਜਿਸ ਨਾਲ ਉਨ੍ਹਾਂ ਦੀ ਇਨਕਲਾਬੀ ਤਾਕਤ ਵਿੱਚ ਵਾਧਾ ਹੋਵੇ ਅਤੇ ਉਹ ਇਕੱਠੇ ਤੇ ਜਥੇਬੰਦ ਹੋ ਕੇ ਆਪਣੀ ਜੱਦੋ-ਜਹਿਦ ਨੂੰ ਕਾਮਯਾਬ ਬਣਾ ਸਕਣ।

ਪ੍ਰਗਤੀਸ਼ੀਲ ਲੇਖਕ ਸੰਘ ਨੇ ਉਸ ਦੌਰ ਵਿੱਚ ਜਿੱਥੇ ਧਾਰਮਿਕ ਅੰਧਵਿਸ਼ਵਾਸ ਤੇ ਜਾਤੀਵਾਦ ਦਾ ਵਿਰੋਧ ਕੀਤਾ, ਉੱਥੇ ਸਾਮਰਾਜਵਾਦ ਤੇ ਦੇਸੀ ਸਰਮਾਏਦਾਰਾਂ ਨਾਲ ਵੀ ਟੱਕਰ ਲਈ। ਦੇਸ਼ ਵਿੱਚ ਇੱਕ ਸਮਾਂ ਅਜਿਹਾ ਵੀ ਆਇਆ, ਜਦ ਉਰਦੂ ਦੇ ਸਾਰੇ ਵੱਡੇ ਸਾਹਿਤਕਾਰ ਪ੍ਰਗਤੀਸ਼ੀਲ ਲੇਖਕ ਸੰਘ ਦੇ ਪਰਚਮ ਤਲੇ ਸਨ। ਇਨ੍ਹਾਂ ਲੇਖਕਾਂ ਦੀਆਂ ਰਚਨਾਵਾਂ ਨੇ ਮੁਲਕ ਵਿੱਚ ਆਜ਼ਾਦੀ ਦੇ ਹੱਕ ਵਿੱਚ ਸਮਾਂ ਬੰਨ੍ਹ ਦਿੱਤਾ ਸੀ। ਪ੍ਰਗਤੀਸ਼ੀਲ ਲੇਖਕ ਸੰਘ ਦੇ ਗਠਨ ਨੂੰ ਲੰਬਾ ਅਰਸਾ ਗੁਜ਼ਰ ਗਿਆ ਹੈ, ਪਰ ਦੇਸ਼-ਦੁਨੀਆ ਦੇ ਸਾਹਮਣੇ ਚੁਣੌਤੀਆਂ ਉਸੇ ਤਰ੍ਹਾਂ ਦੀਆਂ ਹਨ। ਹੁਣ ਫਾਸ਼ੀਵਾਦ ਤੇ ਸਾਮਰਾਜਵਾਦ ਨਵੇਂ ਰੂਪ ਬਦਲ ਕੇ ਆ ਰਿਹਾ ਹੈ। ਇਨ੍ਹਾਂ ਪਿਛਾਖੜੀ ਤਾਕਤਾਂ ਨਾਲ ਟੱਕਰ ਤਦੇ ਲਈ ਜਾ ਸਕਦੀ ਹੈ, ਜਦ ਪ੍ਰਗਤੀਸ਼ੀਲ ਤੇ ਜਨਵਾਦੀ ਵਿਚਾਰਾਂ ਨਾਲ ਜੁੜੇ ਸਾਰੇ ਲੇਖਕ ਤੇ ਕਲਾਕਾਰ ਇੱਕਜੁੱਟ ਹੋਣ ਤੇ ਇਨ੍ਹਾਂ ਖਿਲਾਫ ਸਾਂਝਾ ਮੋਰਚਾ ਬਣਾਉਣ। ਨਿੱਕੇ-ਨਿੱਕੇ ਸਵਾਰਥਾਂ ਨੂੰ ਭੁੱਲ ਕੇ ਸੜਕਾਂ 'ਤੇ ਨਿਤਰ ਕੇ ਆਵਾਮ ਦੀ ਨੁਮਾਇੰਦਗੀ ਕਰਨ। ਤਦੇ ਇਨ੍ਹਾਂ ਖਿਲਾਫ ਜਨ ਮੋਰਚਾ ਕਾਇਮ ਹੋਵੇਗਾ।

# ਉਹ ਮਾਂ, ਜਿਸ ਦੇ ਨਸ਼ੇ ਦੀ ਭੇਟ ਚੜ੍ਹੇ ਪੰਜ ਪੁੱਤ


ਡਾ. ਤੇਜਿੰਦਰ ਵਿਰਲੀ

ਸੁਲਤਾਨਪੁਰ ਲੋਧੀ ਦੇ ਪੰਡੋਰੀ ਮੁਹੱਲੇ ਦੀ ਬੇਵੱਸ ਮਾਂ ਦੀਆਂ ਹੰਝੂਆਂ ਭਰੀਆਂ ਅਪੀਲਾਂ ਸੋਸ਼ਲ ਮੀਡੀਆ 'ਤੇ ਤੇਜ਼ੀ ਨਾਲ ਵਾਇਰਲ ਹੋ ਰਹੀਆਂ ਹਨ । ਪੰਜ ਪੁੱਤਰਾਂ ਦੀ ਮਾਂ ਮਨਜੀਤ ਕੌਰ ਨੇ ਆਪਣੇ ਚਾਰ ਪੁੱਤ ਨਸ਼ਿਆਂ ਕਾਰਨ ਗੁਆ ਦਿੱਤੇ ਹਨ, ਪੰਜਵਾਂ ਪੁੱਤਰ 30 ਸਾਲਾ ਸੋਨੂੰ ਇਸ ਵੇਲੇ ਮੌਤ ਦੇ ਬਿਸਤਰ 'ਤੇ ਪਿਆ ਹੈ । ਜ਼ਿੰਦਗੀ ਅਤੇ ਮੌਤ ਦੀ ਜੰਗ ਲੜਦੇ ਜਵਾਨ ਪੁੱਤਰ ਦੇ ਮੂੰਹ ਵੱਲ ਵੇਖ ਕੇ ਮਾਂ ਉਦਾਸ ਹੈ। ਇਸ ਪੀੜਤ ਮਾਂ ਦਾ ਦੋਸ਼ ਹੈ ਕਿ ਨਸ਼ਾ ਉਸ ਦੇ ਘਰ ਤੋਂ ਮਹਿਜ਼ ਕੁਝ ਕਦਮਾਂ ਦੀ ਦੂਰੀ 'ਤੇ ਆਸਾਨੀ ਨਾਲ ਮਿਲ ਰਿਹਾ ਹੈ।

ਇਲਾਕੇ ਵਿੱਚ ਫੈਲੇ ਨਸ਼ੇ ਕਾਰਨ ਸਿਰਫ਼ ਮਨਜੀਤ ਕੌਰ ਹੀ ਨਹੀਂ, ਸਗੋਂ ਹੋਰ ਔਰਤਾਂ ਨੇ ਵੀ ਆਪਣੇ ਪੁੱਤ ਗਵਾ ਚੁੱਕੀਆਂ ਹਨ । ਦੁਖੀ ਪਰਵਾਰਾਂ ਦਾ ਦਰਦ ਵੰਡਾਉਣ ਵਾਲਾ ਕੋਈ ਨਹੀਂ । ਪੱਤਰਕਾਰਾਂ ਨੂੰ ਵਿਥਿਆ ਸੁਣਾਉਂਦੀ ਹੋਈ ਮਨਜੀਤ ਕੌਰ ਆਪਣੀ ਦਰਦ ਕਹਾਣੀ ਨਾਲ ਮਹੱਲੇ ਦਾ ਦਰਦ ਵੀ ਬਿਆਨ ਕਰਦੀ ਹੈ । ਭਾਵੇਂ ਉਸ ਦਾ ਦਰਦ ਸਾਰੇ ਮਹੱਲੇ ਦੇ ਦਰਦ ਨਾਲੋਂ ਬਹੁਤ ਵੱਡਾ ਹੈ, ਪਰ ਉਸ ਨੂੰ ਜਾਪਦਾ ਕਿ ਉਸ ਦੇ ਦਰਦ ਦੀਆਂ ਜੜ੍ਹਾਂ ਮਹੱਲੇ 'ਚ ਵਿਕਦੇ ਨਸ਼ੇ ਵਿੱਚ ਪਈਆਂ ਹਨ । ਨਸ਼ੇ ਦੀ ਸੰਗਤ 'ਚ ਪਏ ਮੁੰਡੇ ਨਵੇਂ ਨੌਜਵਾਨਾਂ ਨੂੰ ਬੜੇ ਆਰਾਮ ਨਾਲ ਆਪਣੇ ਵੱਲ ਖਿੱਚ ਰਹੇ ਹਨ । ਇੱਕ ਦੇ ਦੇਖੀ ਦੂਜਾ, ਦੂਜੇ ਦੀ ਦੇਖੀ ਤੀਜਾ ਜੁੜਦਾ ਜਾ ਰਿਹਾ ਹੈ।

ਨੌਜਵਾਨਾਂ ਦੀਆਂ ਲਗਾਤਾਰ ਹੋ ਰਹੀਆਂ ਮੌਤਾਂ ਕਾਰਨ ਕਈ ਨੂੰਹਾਂ ਪਿੰਡ ਛੱਡ ਕੇ ਚਲੀਆਂ ਗਈਆਂ ਹਨ । ਬਜ਼ੁਰਗ ਔਰਤਾਂ ਹੁਣ ਆਪਣੇ ਪੋਤੇ-ਪੋਤੀਆਂ ਨੂੰ ਸੰਭਾਲਣ ਲਈ ਮਜਬੂਰ ਹਨ । ਕਈ ਪਰਵਾਰਾਂ ਨੇ ਆਪਣੇ ਪੁੱਤਾਂ ਨੂੰ ਨਸ਼ਾ ਛੁਡਾਊ ਕੇਂਦਰਾਂ ਵਿੱਚ ਵੀ ਭੇਜਿਆ, ਪਰ ਘਰ ਪਰਤਣ 'ਤੇ ਉਹ ਮੁੜ ਨਸ਼ੇ ਦੀ ਦਲਦਲ ਵਿੱਚ ਫਸ ਗਏ। ਇਸ ਤਰ੍ਹਾਂ ਉਹ ਦੋ ਤਰਫੋਂ ਲੁੱਟੇ ਗਏ। ਇੱਕ ਤਾਂ ਨਸ਼ਾ ਛੁਡਾਊ ਕੇਂਦਰਾਂ ਵਿੱਚ ਵੱਡਾ ਵਿੱਤੀ ਬੋਝ ਉਹਨਾਂ ਉੱਪਰ ਪਿਆ ਤੇ ਦੂਸਰਾ ਉਹਨਾਂ ਦਾ ਪੁੱਤਰ ਨਸ਼ੇ ਦੇ ਵੱਖ-ਵੱਖ ਖੇਤਰਾਂ ਦੇ ਮਾਹਰ ਵਿਅਕਤੀਆਂ ਦਾ ਗਿਆਤਾ ਬਣ ਕੇ ਨਸ਼ਾ ਛੁਡਾਊ ਕੇਂਦਰ ਵਿੱਚੋਂ ਪਰਤਿਆ। ਨਸ਼ਾ ਛੁਡਾਊ ਕੇਂਦਰ ਨੇ ਉਹਨਾਂ ਦੇ ਪੁੱਤਰਾਂ ਨੂੰ ਬਚਾਇਆ ਨਹੀਂ, ਸਗੋਂ ਇਸ ਦਲਦਲ ਵਿੱਚ ਹੋਰ ਧਸਦੇ ਜਾਂਦੇ ਪਰਵਾਰਾਂ ਦਾ ਆਰਥਿਕ ਤੌਰ ਤੇ ਲੱਕ ਤੋੜਿਆ ਤੇ ਨਸ਼ੇ ਦੇ ਸੌਦਾਗਰਾਂ ਤੱਕ ਉਹਨਾਂ ਦੀ ਪਹੁੰਚ ਸਹਿਜ ਕਰਵਾਈ। ਨਸ਼ਾ ਛੁਡਾਊ ਕੇਂਦਰਾਂ ਵਿੱਚ ਇੱਕ ਨਸ਼ੇੜੀ ਦੂਸਰੇ ਨਸ਼ੇੜੀ ਨੂੰ ਆਪਣੇ ਇਲਾਕੇ ਦਾ ਭੇਦ ਦੱਸਦਾ ਹੈ, ਉਹ ਇੱਕ-ਦੂਸਰੇ ਦੇ ਇਲਾਕੇ ਤੋਂ ਜਾਣੂ ਹੁੰਦੇ ਤੇ ਨਾਲ ਦੀ ਨਾਲ ਇਹਨਾਂ ਨਸ਼ਾ ਛੁਡਾਊ ਕੇਂਦਰਾਂ ਵਿੱਚ ਕਿਤੇ ਵੀ ਡਾਕਟਰ ਨਾ ਹੋਣ ਕਰਕੇ ਇਹਨਾਂ ਨੂੰ ਨਸ਼ਾ ਛਡਾਉਣ ਦੀਆਂ ਮਿਲਦੀਆਂ ਗੋਲੀਆਂ ਵੀ ਆਪਣੇ ਆਪ ਵਿੱਚ ਨਸ਼ੇ ਦਾ ਕਾਰਜ ਕਰਦੀਆਂ ਹਨ । ਨਸ਼ਾ ਛੁਡਾਓ ਕੇਂਦਰ ਨਸ਼ੇੜੀਆਂ ਨੂੰ ਇੱਕ ਤਰੀਕੇ ਨਾਲ ਜਥੇਬੰਦ ਕਰਨ ਦਾ ਕੰਮ ਕਰ ਰਹੇ ਹਨ।

ਜੋਗਿੰਦਰ ਪਾਲ ਸਿੰਘ ਅਤੇ ਮਨਜੀਤ ਕੌਰ, ਦੋਵੇਂ ਆਪਣੀ ਉਮਰ ਦੇ ਸੱਠਵਿਆਂ ਦੇ ਦਹਾਕੇ ਵਿੱਚ ਹਨ । ਪਹਿਲਾਂ ਹੀ ਚਾਰ ਪੁੱਤਰ ਨਸ਼ੇ ਦੀ ਲਤ ਕਾਰਨ ਗੁਆ ਚੁੱਕੇ ਹਨ । ਹੁਣ ਉਨ੍ਹਾਂ ਨੂੰ ਡਰ ਹੈ ਕਿ ਉਹ ਆਪਣਾ ਪੰਜਵਾਂ ਤੇ ਆਖਰੀ ਪੁੱਤਰ ਵੀ ਹੱਥਾਂ ਵਿੱਚੋਂ ਰੇਤ ਵਾਂਗੂ ਕਿਰ ਰਿਹਾ ਹੈ। ਉਹਨਾਂ ਦਾ ਸਾਰਾ ਜ਼ੋਰ ਉਸ ਨੂੰ ਬਚਾਉਣ ਲਈ ਲੱਗਾ ਹੋਇਆ ਹੈ

ਅਪ੍ਰੈਲ ਮਹੀਨੇ ਦੇ ਪਹਿਲੇ ਐਤਵਾਰ ਉਮਰ ਤੋਂ ਪਹਿਲਾਂ ਬਿਰਧ ਹੋ ਗਏ ਪਰੇਸ਼ਾਨ ਜੋੜੇ ਨੇ ਇਲਾਕੇ ਦੇ ਵਸਨੀਕਾਂ ਦੇ ਨਾਲ ਮਿਲ ਕੇ ਇੱਕ ਵਿਰੋਧ ਪ੍ਰਦਰਸ਼ਨ ਨਸ਼ਿਆਂ ਦੇ ਖਿਲਾਫ ਕੀਤਾ, ਜਿਸ ਵਿੱਚ ਮੰਗ ਕੀਤੀ ਕਿ ਰਾਜ ਸਰਕਾਰ ਸੋਨੂੰ ਨੂੰ ਬਚਾਉਣ ਅਤੇ ਇਲਾਕੇ ਨੂੰ ਨਸ਼ੇ ਦੇ ਖਤਰੇ ਤੋਂ ਮੁਕਤ ਕਰਨ ਲਈ ਦਖਲ ਦੇਵੇ।

ਮਨਜੀਤ ਕੌਰ ਅਤੇ ਮੁਹੱਲੇ ਦੀਆਂ ਹੋਰ ਔਰਤਾਂ ਨੇ ਦੋਸ਼ ਲਗਾਇਆ ਕਿ ਇਲਾਕੇ ਵਿੱਚ ਨਸ਼ੇ ਖੁੱਲ੍ਹੇਆਮ ਉਪਲੱਬਧ ਹਨ, ਉਨ੍ਹਾਂ ਦਾਅਵਾ ਕੀਤਾ ਕਿ ਪਿਛਲੇ ਕੁਝ ਸਾਲਾਂ ਵਿੱਚ ਹੀ ਉਨ੍ਹਾਂ ਦੇ ਆਪਣੇ ਮੁਹੱਲੇ ਵਿਚ ਲਗਭਗ 20 ਨੌਜਵਾਨਾਂ ਦੀ ਮੌਤ ਨਸ਼ੇ ਕਰਕੇ ਹੋ ਗਈ ਹੈ। ਨਾਲ ਖੜੀ ਇਕ ਹੋਰ ਔਰਤ ਨੇ ਗੱਲ ਨੂੰ ਵਿਸਥਾਰ ਦਿੰਦਿਆਂ ਕਿਹਾ ਸਾਡੇ ਮੁਹੱਲੇ ਵਿੱਚ ਪਿਛਲੇ ਚਾਰ ਤੋਂ ਪੰਜ ਮਹੀਨਿਆਂ ਵਿੱਚ ਹੀ ਤਿੰਨ ਨੌਜਵਾਨਾਂ ਦੀ ਮੌਤ ਨਸ਼ੇ ਕਰਕੇ ਹੋ ਗਈ ਹੈ ।

ਮਨਜੀਤ ਕੌਰ ਦਾ ਦਿਲ ਕਰਦਾ ਹੈ ਕਿ ਮੈਂ ਬਾਕੀਆਂ ਵੱਲੋਂ ਧਿਆਨ ਹਟਾ ਕੇ ਕੇਵਲ ਉਸ ਦੀ ਗੱਲ ਸੁਣਦਾ ਜਾਵਾਂ । ਉਹ ਆਖਦੀ ਹੈ-ਮੇਰੇ ਮਰਨ ਵਾਲੇ ਦੋ ਪੁੱਤਰ ਵਿਆਹੇ ਹੋਏ ਸਨ ਅਤੇ ਦੋ ਅਣਵਿਆਹੇ ਸਨ। ਹੁਣ ਸਾਨੂੰ ਡਰ ਹੈ ਕਿ ਸਾਡਾ ਪੰਜਵਾਂ ਪੁੱਤਰ ਵੀ ਇਹੀ ਹਾਲ ਕਰੇਗਾ, ਮਨਜੀਤ ਨੇ ਦੱਸਿਆ ਕਿ ਸੋਨੂੰ ਨੂੰ ਹਾਲ ਹੀ ਵਿੱਚ ਇੱਕ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ ਸੀ, ਪਰ ਡਾਕਟਰਾਂ ਵੱਲੋਂ ਉਸ ਦੀਆਂ ਨਾੜੀਆਂ ਨਾ ਲੱਭਣ ਅਤੇ ਸਿਰਫ਼ ਮੂੰਹ ਰਾਹੀਂ ਦਵਾਈ ਦੇਣ ਤੋਂ ਬਾਅਦ ਉਸ ਨੂੰ ਛੁੱਟੀ ਦੇ ਦਿੱਤੀ ਗਈ।

ਉਸ ਨੇ ਕਿਹਾ ਕਿ ਉਸ ਦੇ ਸਭ ਤੋਂ ਛੋਟੇ ਪੁੱਤਰ ਦੀ ਲਗਭਗ ਦੋ ਸਾਲ ਪਹਿਲਾਂ ਨਸ਼ੇ ਕਰਕੇ ਮੌਤ ਹੋ ਗਈ ਸੀ। ਉਹ ਸਬੂਤ ਵਜੋਂ ਆਪਣੇ ਪੁੱਤਰਾਂ ਦੀਆਂ ਫੋਟੋਆਂ ਵੱਲ ਇਸ਼ਾਰਾ ਕਰਦੀ ਹੋਈ ਹੌਕੇ ਭਰਦੀ ਹੈ। ਸੋਨੂੰ ਵਿਆਹਿਆ ਹੋਇਆ ਹੈ, ਉਸ ਦੇ ਦੋ ਬੱਚੇ ਹਨ - ਢਾਈ ਸਾਲ ਦਾ ਇੱਕ ਪੁੱਤਰ ਅਤੇ ਛੇ ਮਹੀਨੇ ਦੀ ਇੱਕ ਧੀ । ਜਿਨ੍ਹਾਂ ਮਸੂਮ ਬੱਚਿਆਂ ਨੂੰ ਇਹ ਨਹੀਂ ਪਤਾ ਕਿ ਉਨ੍ਹਾਂ ਦੇ ਪਰਵਾਰ ਦੀ ਹੋਣੀ ਉਹਨਾਂ ਨੂੰ ਕਿਸ ਪਾਸੇ ਵੱਲ ਧੱਕੀ ਲੈ ਜਾ ਰਹੀ ਹੈ।

ਬਹੁਤ ਸਾਰੀਆਂ ਔਰਤਾਂ ਨੇ ਇਸ ਗੱਲ ਦੇ ਵੇਰਵੇ ਸਾਂਝੇ ਕੀਤੇ ਕਿ ਕਿਵੇਂ ਨਸ਼ੇ ਨੇ ਉਨ੍ਹਾਂ ਦੇ ਪਰਵਾਰਾਂ ਨੂੰ ਤੋੜ ਦਿੱਤਾ ਹੈ । ਕੁਝ ਨੇ ਕਿਹਾ ਕਿ ਨਸ਼ੇੜੀ ਅਕਸਰ ਆਪਣੀ ਆਦਤ ਨੂੰ ਕਾਇਮ ਰੱਖਣ ਲਈ ਚੋਰੀ ਦਾ ਸਹਾਰਾ ਲੈਂਦੇ ਹਨ ਜਾਂ ਘਰੇਲੂ ਸਮਾਨ ਵੇਚਦੇ ਹਨ । ਇੱਕ ਔਰਤ ਨੇ ਏਥੋਂ ਤੱਕ ਕਿਹਾ ਕਿ ਉਸ ਦੀ ਨੂੰਹ ਉਸ ਦੇ ਪੁੱਤਰ ਦੇ ਨਸ਼ੇ ਨਾ ਛੱਡਣ ਕਰਕੇ ਪੇਕਿਆਂ ਦੇ ਚਲੇ ਗਈ ਹੈ । ਕੋਲ ਖੜ੍ਹੀ ਦੂਜੀ ਨੇ ਕਿਹਾ ਕਿ ਉਸ ਦਾ ਇਕਲੌਤਾ ਪੁੱਤਰ, ਜਿਸ ਦਾ ਛੋਟੀ ਉਮਰ ਵਿੱਚ ਵਿਆਹ ਹੋਇਆ ਸੀ, ਹੁਣ ਨਸ਼ਿਆਂ ਦਾ ਆਦੀ ਹੋ ਗਿਆ ਹੈ।

ਮੁਹੱਲਾ ਨਿਵਾਸੀਆਂ ਨੇ ਇਹ ਵੀ ਦੋਸ਼ ਲਗਾਇਆ ਕਿ ਨਸ਼ਾ ਤਸਕਰ ਇਲਾਕੇ ਵਿੱਚ ਖੁੱਲ੍ਹੇਆਮ ਕੰਮ ਕਰਦੇ ਹਨ, ਉਹਨਾਂ ਨੂੰ ਕਿਸੇ ਸਰਕਾਰ ਦਾ ਕੋਈ ਡਰ-ਭੈਅ ਨਹੀਂ। ਆਪਣੇ ਮੂੰਹ ਢੱਕ ਕੇ ਮੋਟਰਸਾਈਕਲਾਂ 'ਤੇ ਘੁੰਮਦੇ ਹਨ ਅਤੇ ਬਿਨਾਂ ਡਰ-ਭੈਅ ਤੋਂ ਨਸ਼ੇ ਸਪਲਾਈ ਕਰਦੇ ਹਨ ।

ਜਦੋਂ ਇਸ ਸੰਬੰਧੀ ਪੁਲਸ ਅਧਿਕਾਰੀਆਂ ਨਾਲ ਗੱਲ ਕੀਤੀ ਗਈ ਤਾਂ ਉਨ੍ਹਾਂ ਦਾ ਅਧਿਕਾਰਤ ਜਵਾਬ ਸੀ ਕਿ ਉਹ ਇਸ ਮੁੱਦੇ ਤੋਂ ਜਾਣੂ ਹਨ।ਐਨ ਡੀ ਪੀ ਐਸ ਐਕਟ ਦੇ ਤਹਿਤ ਕਈ ਮਾਮਲੇ ਦਰਜ ਕੀਤੇ ਹਨ । ਉਹ ਸੋਨੂੰ ਦੇ ਇਲਾਜ ਲਈ ਹਸਪਤਾਲ ਵਿੱਚ ਦਾਖਲ ਕਰਵਾਉਣ ਲਈ ਵਚਨਬੱਧ ਹਨ।

ਕਿਸੇ ਨੇ ਆਪਣਾ ਨਾਂਅ ਜਨਤਕ ਨਾ ਕਰਨ ਦੀ ਸ਼ਰਤ 'ਤੇ ਦੱਸਿਆ ਕਿ ਸੋਨੂੰ ਨੂੰ ਲਿਵਰ ਦੀ ਗੰਭੀਰ ਇਨਫੈਕਸ਼ਨ ਹੈ, ਇਹ ਨਸ਼ੇ ਦੀ ਤੇ ਗੰਦੀ ਸ਼ਰਾਬ ਤੇ ਨਸ਼ੇ ਦੀਆਂ ਗੋਲੀਆਂ ਦੀ ਦੁਰਵਰਤੋਂ ਕਰਨ ਕਾਰਨ ਹੀ ਹੈ । ਉਹ ਪਿਛਲੇ 10 ਦਿਨਾਂ ਤੋਂ ਬਿਸਤਰੇ 'ਤੇ ਭੁੱਖਾ-ਪਿਆਸਾ ਪਿਆ ਹੈ। ਉਹ ਆਪਣੀ ਆਪ ਸਹੇੜੀ ਬਿਮਾਰੀ ਕਰਕੇ ਖਾਣ ਜਾਂ ਬੋਲਣ ਤੋਂ ਅਸਮਰੱਥ ਹੋ ਗਿਆ ਹੈ।

ਇੱਕ ਗੁਆਂਢੀ ਨੇ ਕਿਹਾ-ਸਾਡੇ ਪੁੱਤਰ ਚਿੱਟੇ ਦੇ ਆਦੀ ਹਨ । ਨਸ਼ੇ ਇੱਕ ਮਜਬੂਰੀ ਬਣ ਗਏ ਹਨ। ਸਾਨੂੰ ਨਹੀਂ ਪਤਾ ਕਿ ਉਹ ਇਹ ਕਿੱਥੋਂ ਪ੍ਰਾਪਤ ਕਰਦੇ ਹਨ, ਪਰ ਇਹ ਆਸਾਨੀ ਨਾਲ ਉਪਲੱਬਧ ਹੈ । ਉਹ ਇਸ ਦੇ ਲਈ ਆਪਣੀਆਂ ਮਾਵਾਂ ਦਾ ਸਮਾਨ ਵੀ ਵੇਚ ਦਿੰਦੇ ਹਨ। ਸਾਡੇ ਪੁੱਤਰਾਂ ਨੇ ਨਸ਼ਿਆਂ ਦੀ ਖਾਤਰ ਛੋਟੀਆਂ-ਮੋਟੀਆਂ ਚੋਰੀਆਂ ਦੀ ਆਦਤ ਬਣਾ ਲਈ। ਕਦੇ ਦਾਤਰੀ ਚੋਰੀ ਕਰ ਲਈ ਤੇ ਕਦੇ ਗੈਸ ਸਿਲੰਡਰ ਚੋਰੀ ਕਰ ਲਿਆ । ਸਮਾਜਿਕ ਤੌਰ 'ਤੇ ਏਨੇ ਲੀਹੋਂ ਲੱਥ ਗਏ ਹਨ ਕਿ ਕੋਈ ਮੂੰਹ ਨਹੀਂ ਲਾਉਂਦਾ।

ਸੋਨੂ ਦੀ 25 ਕੁਝ ਸਾਲਾ ਪਤਨੀ ਨੇ ਕਿਹਾ-ਡਾਕਟਰਾਂ ਨੇ ਕਿਹਾ ਹੈ ਕਿ ਮੇਰੇ ਪਤੀ ਦੀ ਬਿਮਾਰੀ ਦੀ ਹਾਲਤ ਹੁਣ ਲਾਇਲਾਜ ਹੈ। ਸਾਡਾ ਵਿਆਹ ਤਿੰਨ ਸਾਲ ਪਹਿਲਾਂ ਹੋਇਆ ਸੀ । ਉਸ ਦੇ ਤਿੰਨ ਵੱਡੇ ਭਰਾ ਪਹਿਲਾਂ ਹੀ ਮਰ ਚੁੱਕੇ ਸਨ ਅਤੇ ਇੱਕ ਛੋਟੇ ਭਰਾ ਦੀ ਮੌਤ ਸਾਡੇ ਵਿਆਹ ਤੋਂ ਕੁਝ ਮਹੀਨੇ ਬਾਅਦ ਹੋ ਗਈ ਸੀ। ਅਸੀਂ ਅਧਿਕਾਰੀਆਂ ਨੂੰ ਅਪੀਲ ਕਰਦੇ ਹਾਂ ਕਿ ਮੇਰੇ ਪਤੀ ਦਾ ਇਲਾਜ ਕਰਵਾਇਆ ਜਾਵੇ ਤਾਂ ਜੋ ਉਸ ਦੀ ਜਾਨ ਬਚਾਈ ਜਾ ਸਕੇ । ਅਸੀਂ ਆਪਣੀ ਸੱਸ ਦੀ ਕਮਾਈ 'ਤੇ ਗੁਜ਼ਾਰਾ ਕਰਦੇ ਹਾਂ, ਜੋ ਲੋਕਾਂ ਦੇ ਘਰਾਂ ਵਿੱਚ ਕੰਮ ਕਰਦੀ ਹੈ। ਮੈਂ ਵੀ ਪੇਕਿਆਂ ਨੂੰ ਵਾਪਸ ਜਾ ਸਕਦੀ ਸੀ, ਪਰ ਮੈਂ ਆਪਣੇ ਬੇਸਹਾਰਾ ਸਹੁਰਿਆਂ ਨੂੰ ਇਸ ਹਾਲਤ 'ਚ ਨਹੀਂ ਛੱਡ ਸਕਦੀ। ਜੇ ਸਰਕਾਰ ਮੇਰੀ ਮਦਦ ਕਰੇ ਤਾਂ ਮੈਂ ਆਪਣੇ ਬੱਚੇ ਪਾਲ ਸਕਦੀ ਹਾਂ।

ਕਪੂਰਥਲਾ ਦੇ ਡੀ ਐੱਸ ਪੀ (ਅਪਰਾਧ) ਹਰਗੁਰਦੇਵ ਸਿੰਘ ਨੇ ਕਿਹਾ-ਇਹ ਮਾਮਲਾ ਸਾਡੇ ਨੋਟਿਸ ਵਿੱਚ ਹੈ । ਪੁਲਸ ਸਥਾਨਕ ਲੋਕਾਂ ਦੀ ਮਦਦ ਲਈ ਲੋੜੀਂਦੇ ਕਦਮ ਚੁੱਕ ਰਹੀ ਹੈ। ਨਸ਼ਿਆਂ ਖ਼ਿਲਾਫ਼ ਸਾਡੀ ਮੁਹਿੰਮ ਲਗਾਤਾਰ ਜਾਰੀ ਹੈ । ਸੁਲਤਾਨਪੁਰ ਲੋਧੀ ਦੇ ਐੱਸ ਐੱਚ ਓ ਹਰਿੰਦਰ ਸਿੰਘ ਨੇ ਕਿਹਾ-ਅਸੀਂ ਉਸ ਇਲਾਕੇ ਦਾ ਦੌਰਾ ਕੀਤਾ ਹੈ ਅਤੇ ਕਈ ਨੌਜਵਾਨਾਂ ਨੂੰ ਨਸ਼ਾ ਛੁਡਾਊ ਕੇਂਦਰ ਇਲਾਜ ਲਈ ਦਾਖ਼ਲ ਕਰਵਾਇਆ ਹੈ । ਕੁਝ ਵਿਅਕਤੀਆਂ ਖ਼ਿਲਾਫ਼ ਕੇਸ ਵੀ ਦਰਜ ਕੀਤੇ ਗਏ ਹਨ । ਹਾਲ ਦੇ ਸਮੇਂ ਪਿੰਡ ਦੇ ਮੁਲਜ਼ਮਾਂ ਖ਼ਿਲਾਫ਼ ਐੱਨ ਡੀ ਪੀ ਐੱਸ ਐਕਟ ਤਹਿਤ ਘੱਟੋ-ਘੱਟ 10-12 ਕੇਸ ਦਰਜ ਹਨ। ਮਨਜੀਤ ਕੌਰ ਦੇ ਬਿਮਾਰ ਪੁੱਤਰ ਨੂੰ ਵੀ ਹਸਪਤਾਲ ਦਾਖਲ ਕਰਵਾਇਆ ਜਾਵੇਗਾ।

ਇਸ ਦੌਰਾਨ ਇਹ ਖਬਰ ਪੜ੍ਹੀ ਹੈ ਕਿ ਮਨਜੀਤ ਕੌਰ ਦਾ ਪੰਜਵਾਂ ਪੁੱਤਰ ਵੀ ਨਸ਼ਿਆਂ ਦੀ ਭੇਟ ਚੜ੍ਹ ਗਿਆ ਹੈ ਖਬਰ ਉਦਾਸ ਕਰਨ ਵਾਲੀ ਹੈ। ਮਾਂ ਦਾ ਮਾਸੂਮ ਚਿਹਰਾ ਮੇਰੀਆਂ ਅੱਖਾਂ ਮੂਹਰੇ ਘੁੰਮ ਰਿਹਾ ਹੈ । ਗੋਦੀ ਵਿੱਚ ਸੋਨੂੰ ਦਾ ਪੁੱਤਰ ਚੁੱਕੀ ਖੜੀ ਪਤਨੀ ਪਤਾ ਨਹੀਂ ਹੁਣ ਕੀ ਸੋਚਦੀ ਹੋਵੇਗੀ।

# ਸੰਪਰਕ : 94647-97400

ਸ਼ਰਧਾਂਜਲੀ ਸਮਾਗਮ 'ਤੇ ਵਿਸ਼ੇਸ਼

# ਮਜ਼ਦੂਰ ਘੋਲਾਂ ਦੇ ਆਗੂ ਕਾਮਰੇਡ ਬਾਵਾ ਸਿੰਘ

ਸੁਰਿੰਦਰ ਖੀਵਾ



ਕਾਮਰੇਡ ਬਾਵਾ ਸਿੰਘ ਬੀਰ ਪਿੰਡ 85 ਸਾਲ ਦੀ ਉਮਰ ਵਿੱਚ ਸਾਨੂੰ ਸਾਰਿਆਂ ਨੂੰ ਵਿਛੋੜਾ ਦੇ ਗਏ। ਥੋੜ੍ਹੇ ਸਮੇਂ ਤੋਂ ਉਹ ਬਿਮਾਰ ਸਨ, ਉਹ ਦਿਲ ਦੀ ਬਿਮਾਰੀ ਤੇ ਗਦੂਦਾਂ ਤੋਂ ਪਰੇਸ਼ਾਨ ਸਨ। ਦਿਲ ਦੀ ਬਿਮਾਰੀ ਕਰਕੇ ਉਹਨਾਂ ਨੂੰ ਸਟੰਟ ਪਵਾਉਣੇ ਪਏ, ਉਮਰ ਥੋੜ੍ਹੀ ਜ਼ਿਆਦਾ ਹੋਣ ਕਾਰਨ ਜਦੋਂ ਗਦੂਦਾਂ ਦਾ ਅਪਰੇਸ਼ਨ ਕੀਤਾ ਗਿਆ ਤਾਂ ਉਹਨਾਂ ਦੀ ਸਿਹਤ ਹੋਰ ਕਮਜ਼ੋਰ ਹੋ ਗਈ, ਕਮਜ਼ੋਰ ਹੋਈ ਸਿਹਤ ਜਾਨਲੇਵਾ ਸਾਬਤ ਹੋਈ।

ਕਾਮਰੇਡ ਬਾਵਾ ਸਿੰਘ ਸਿਹਤ ਪੱਖੋਂ ਬੜੇ ਨਰੋਏ ਤੇ ਲੱਗਭੱਗ ਸਾਢੇ ਛੇ ਫੁੱਟ ਉਹਨਾਂ ਦਾ ਕੱਦ ਸੀ। ਉਹਨਾਂ ਦਾ ਜਨਮ ਬੀਰ ਪਿੰਡ ਵਿਖੇ ਸਰਦਾਰ ਪਾਖਰ ਸਿੰਘ ਦੇ ਘਰ ਹੋਇਆ। ਉਹਨਾਂ ਦੇ ਪਿਤਾ ਜੀ ਖੇਤੀ ਕਰਦੇ ਸਨ । ਛੇਤੀ ਹੀ ਉਨ੍ਹਾ ਰੁਜ਼ਗਾਰ ਦੀ ਭਾਲ ਵਿੱਚ ਬਿਹਾਰ ਤੇ ਬਾਅਦ ਵਿੱਚ ਛੱਤੀਸਗੜ੍ਹ ਬਾਕਾਰੋ ਸਟੀਲ ਪਲਾਂਟ ਵਿੱਚ ਮਜ਼ਦੂਰ ਦੇ ਤੌਰ 'ਤੇ ਜਾ ਕੇ ਨੌਕਰੀ ਕਰ ਲਈ, ਸਰਕਾਰ ਨੇ ਉਹ ਸਟੀਲ ਪਲਾਂਟ ਰੂਸ ਦੀ ਸਰਕਾਰ ਦੀ ਮਦਦ ਨਾਲ ਲਗਾਇਆ ਸੀ, ਪਬਲਿਕ ਖੇਤਰ ਵਿੱਚ ਉਸ ਸਮੇਂ ਦੇਸ਼ ਅੰਦਰ ਵੱਡੇ-ਵੱਡੇ ਕਾਰਖਾਨੇ ਲੱਗੇ ਸਨ, ਉੱਥੇ ਹੀ ਕਾਮਰੇਡ ਬਾਵਾ ਸਿੰਘ ਦਾ ਵਾਹ ਟ੍ਰੇਡ ਯੂਨੀਅਨ ਦੇ ਲੀਡਰਾਂ ਨਾਲ ਪੈ ਗਿਆ, ਜਿੱਥੇ ਉਹ ਦੇਸ਼ ਦੀ ਮਜ਼ਦੂਰ ਜਮਾਤ ਦੀ ਆਗੂ ਜਥੇਬੰਦੀ ਵਿੱਚ ਕੰਮ ਕਰਨ ਲੱਗੇ। ਇੱਥੇ ਹੀ ਉਹਨਾਂ ਦਾ ਵਾਹ ਮਾਰਕਸਵਾਦੀ ਵਿਚਾਰਧਾਰਾ ਵਾਲੇ ਲੋਕਾਂ ਨਾਲ ਪੈ ਗਿਆ। ਇੱਥੇ ਹੀ ਵਿਗਿਆਨਕ ਗਿਆਨ ਹਾਸਲ ਕਰਨ ਲਈ ਉਹਨਾਂ ਨੇ ਟ੍ਰੇਡ ਯੂਨੀਅਨ ਵੱਲੋਂ ਨਿਕਲਦੇ ਪਰਚੇ, ਪਾਰਟੀ ਵੱਲੋਂ ਛਪਦੀਆਂ ਅਖਬਾਰਾਂ ਲਗਾਤਾਰ ਪੜ੍ਹਨੀਆਂ ਸ਼ੁਰੂ ਕੀਤੀਆਂ। ਦੁਨੀਆ ਦੇ ਪ੍ਰਸਿੱਧ ਵਿਦਵਾਨ ਰਾਹੁਲ ਸੰਕਰਾਤਾਇਨ, ਪ੍ਰਸਿੱਧ ਇਤਿਹਾਸਕਾਰ ਇਰਫਾਨ ਹਬੀਬ ਨੂੰ ਪੜ੍ਹਿਆ, ਟਰੇਡ ਯੂਨੀਅਨ ਦੇ ਇਤਿਹਾਸ ਨੂੰ ਦੁਨੀਆ ਤੇ ਭਾਰਤ ਅੰਦਰ ਵਿਸਥਾਰ ਨਾਲ ਅਧਿਐਨ ਕੀਤਾ ਤੇ ਉਸ ਨੂੰ ਆਪਣੇ ਜੀਵਨ 'ਚ ਲਾਗੂ ਕੀਤਾ । ਉਨ੍ਹਾਂ ਨੇ ਬਕਾਰੋ ਸਟੀਲ ਪਲਾਂਟ ਵਿੱਚ ਮਜ਼ਦੂਰਾਂ ਨੂੰ ਜਥੇਬੰਦ ਕਰਨ ਲਈ ਆਗੂ ਰੋਲ ਅਦਾ ਕੀਤਾ। ਉੱਥੇ ਵੀ ਆਪਣੇ ਸੰਗੀ-ਸਾਥੀਆਂ ਨੂੰ ਮਾਰਕਸਵਾਦੀ ਵਿੱਦਿਆ ਤੇ ਆਪਣੇ ਜੀਵਨ ਅੰਦਰ ਵਿਗਿਆਨਕ ਵਿਚਾਰਧਾਰਾ ਨੂੰ ਅਪਣਾਉਣ ਲਈ ਪ੍ਰੇਰਿਤ ਕੀਤਾ । ਮਜ਼ਦੂਰ ਜਮਾਤ ਵੱਲੋਂ ਕੀਤੀਆਂ ਗਈਆਂ ਵੱਡੀਆਂ-ਵੱਡੀਆਂ ਹੜਤਾਲਾਂ ਵਿੱਚ ਉਨ੍ਹਾਂ ਨੇ ਬਹੁਤ ਸਰਗਰਮੀ ਨਾਲ ਭਾਗ ਲਿਆ, 1998 ਈਸਵੀ ਵਿੱਚ ਉਹ ਬਕਾਰੋ ਸਟੀਲ ਪਲਾਂਟ ਤੋਂ ਰੁਖਸਤ ਹੋ ਕੇ ਆਪਣੇ ਪਿੰਡ ਬੀਰ ਪਿੰਡ ਆ ਗਏ। ਉਹਨਾਂ ਦੇ ਦੋ ਲੜਕੇ ਤੇ ਦੋ ਲੜਕੀਆਂ ਹਨ, ਵਿਆਹ ਨੇੜਲੇ ਪਿੰਡ ਹਰੀਪੁਰ ਦੀ ਬਹੁਤ ਹੀ ਸੁੱਘੜ ਤੇ ਸਿਆਣੀ ਔਰਤ ਰੇਸ਼ਮ ਕੌਰ ਨਾਲ ਹੋਇਆ। ਵੱਡੇ ਬੇਟੇ ਦਲਵੀਰ ਸਿੰਘ ਦਾ ਦੇਹਾਂਤ ਹੋ ਗਿਆ ਸੀ, ਦਾ ਬੇਟਾ ਹਰਨੇਕ ਸਿੰਘ ਅਰਬ ਦੇਸ਼ ਵਿੱਚ ਮਿਹਨਤ-ਮੁਸ਼ੱਕਤ ਕਰਦੇ ਹਨ, ਉਹਨਾਂ ਦੀਆਂ ਬੇਟੀਆਂ ਵਿਦੇਸ਼ ਵਿੱਚ ਆਪਣੇ ਪਰਿਵਾਰਾਂ ਨਾਲ ਮਨਜੀਤ ਕੌਰ ਤੇ ਜਸਮੀਤ ਕੌਰ ਰਹਿੰਦੀਆਂ ਹਨ, ਆਪਣੇ ਪਿਤਾ ਜੀ ਵੱਲੋਂ ਦਿੱਤੀ ਸਿੱਖਿਆ 'ਤੇ ਹਮੇਸ਼ਾ ਚੱਲਦੀਆਂ ਹਨ, ਉਹਨਾਂ ਦੀ ਨੂੰਹ ਰਾਣੀ ਸੁਖਵਿੰਦਰ ਕੌਰ ਵੱਲੋਂ ਉਹਨਾਂ ਦੇ ਬਿਮਾਰ ਹੋਣ ਵੇਲੇ ਉਨ੍ਹਾਂ ਦੀ ਰੱਜ ਕੇ ਸੇਵਾ ਕੀਤੀ, ਉਹਨਾਂ ਨੂੰ ਘਰ ਅਕਸਰ ਬਾਹਰੋਂ ਕਾਮਰੇਡ ਮਿਲਣ ਆਏ ਰਹਿੰਦੇ ਸਨ, ਪਰਵਾਰ ਵੱਲੋਂ ਆਏ ਮਹਿਮਾਨਾਂ ਦੀ ਟਹਿਲ ਸੇਵਾ ਪੂਰੀ ਦਿਲੋਂ ਕੀਤੀ ਜਾਂਦੀ ਰਹੀ ਹੈ।

ਉਹਨਾਂ ਦੇ ਪਿੰਡ ਬੀਰ ਪਿੰਡ ਵਿੱਚ ਉਹਨਾਂ ਨੇ ਹਮੇਸ਼ਾ ਪਿੰਡ ਦੇ ਵਿਕਾਸ ਕਰਨ ਵਾਲੇ ਲੋਕਾਂ ਨੂੰ ਉਤਸ਼ਾਹਤ ਕੀਤਾ। ਉਹਨਾਂ ਨਾਲ ਮੋਢੇ ਨਾਲ ਮੋਢਾ ਜੋੜ ਕੇ ਕੰਮ ਕੀਤਾ। ਪਿੰਡ ਦੇ ਕਿਸੇ ਵੀ ਚੰਗੇ ਕੰਮ ਲਈ ਉਹਨਾਂ ਨੇ ਕਦੇ ਪਿੱਠ ਨਹੀਂ ਸੀ ਦਿੱਤੀ। ਉਹ ਹਿੰਦ ਕਮਿਊਨਿਸਟ ਪਾਰਟੀ ਮਾਰਕਸਵਾਦੀ ਦੇ ਤਹਿਸੀਲ ਕਮੇਟੀ ਮੈਂਬਰ ਸਨ, ਨੌਜਵਾਨਾਂ ਨੂੰ ਪੜ੍ਹਨ ਦੀ ਚੇਟਕ ਲਾਉਣੀ, ਵਿਚਾਰਧਾਰਾ ਦੀਆਂ ਕਿਤਾਬਾਂ ਬਾਰੇ ਦੱਸਣਾ, ਕੋਲੋਂ ਕਿਤਾਬਾਂ ਦਾ ਪ੍ਰਬੰਧ ਕਰਕੇ ਦੇਣਾ ਉਹਨਾਂ ਦਾ ਮੀਰੀ ਗੁਣ ਸੀ।

ਉਹ ਹਮੇਸ਼ਾ ਹੀ ਸਾਈਕਲ ਚਲਾਉਣ ਨੂੰ ਤਰਜੀਹ ਦਿੰਦੇ ਸਨ, ਸਾਰੀ ਉਮਰ ਉਹਨਾਂ ਦੇ ਸਕੂਟਰ-ਮੋਟਰਸਾਈਕਲ ਦੀ ਵਰਤੋਂ ਨਹੀਂ ਕੀਤੀ, ਬੀਰ ਪਿੰਡ ਤੋਂ ਨਕੋਦਰ ਤੱਕ ਉਹ ਹਮੇਸ਼ਾ ਸਾਈਕਲ 'ਤੇ ਸਫਰ ਕਰਦੇ, ਉਹਨਾਂ ਦਾ ਸਰੀਰ ਬਹੁਤ ਹੀ ਨਰੋਇਆ ਸੀ, ਸਾਦਾ ਰਹਿਣਾ, ਸਾਦਾ ਖਾਣਾ, ਸਾਡੇ ਕੱਪੜੇ ਪਹਿਨਣੇ ਉਹਨਾਂ ਦੇ ਮੁੱਖ ਗੁਣ ਸਨ। ਅੱਜ ਦੇ ਖਪਤਕਾਰ ਦੁਨੀਆ ਵਿੱਚ ਇਹੋ ਜਿਹੇ ਸਾਦੇ ਇਨਸਾਨ ਬਹੁਤ ਹੀ ਵਿਰਲੇ ਦਿਸਦੇ ਹਨ, ਜਿਨ੍ਹਾਂ ਦੀਆਂ ਜ਼ਿੰਦਗੀ ਵਿੱਚ ਬਹੁਤ ਹੀ ਥੋੜ੍ਹੀਆਂ ਲੋੜਾਂ ਸਨ, ਮੇਰਾ ਉਹਨਾਂ ਨਾਲ ਵਾਹ ਸੰਨ 2000 ਦੇ ਨੇੜੇ-ਤੇੜੇ ਪਿਆ, ਉਹਨਾਂ ਦੀ ਜ਼ਿੰਦਗੀ ਮੇਰੇ ਲਈ ਹਮੇਸ਼ਾ ਪ੍ਰੇਰਨਾਦਾਇਕ ਰਹੀ ਹੈ। ਉਹਨਾਂ ਦੇ ਲਗਾਤਾਰ ਅਧਿਐਨ ਕਰਨ ਦੇ ਪ੍ਰਕਿਰਿਆ ਦਾ ਹਮੇਸ਼ਾ ਕਾਇਲ ਰਿਹਾ, ਯਤਨ ਕੀਤਾ ਕਿ ਅਧਿਆਨ ਕੀਤਾ ਜਾਵੇ ਤਾਂ ਕਿ ਕਿਰਤੀ ਲੋਕਾਂ ਦੀ ਲਹਿਰ ਪੰਜਾਬ ਦੇਸ਼ ਵਿੱਚ ਤਕੜੀ ਹੋ ਸਕੇ, 10 ਅਪ੍ਰੈਲ 2026 ਨੂੰ ਬੀਰ ਪਿੰਡ ਵਿਖੇ ਉਹਨਾਂ ਦਾ ਸ਼ਰਧਾਂਜਲੀ ਸਮਾਗਮ ਕੀਤਾ ਜਾ ਰਿਹਾ ਹੈ। ਮੈਂ ਇਸ ਮਹਾਨ ਮਨੁੱਖ ਨੂੰ ਚੇਤੇ ਕਰਦਿਆਂ ਜਿੱਥੇ ਉਹਨਾਂ ਨੂੰ ਸ਼ਰਧਾ ਦੇ ਫੁੱਲ ਭੇਟ ਕਰਦਾ ਹਾਂ, ਉਥੇ ਉਹਨਾਂ ਦੇ ਸੁਚੱਜੇ ਜੀਵਨ ਤੋਂ ਸੇਧ ਲੈ ਕੇ ਆਪਣੇ ਜੀਵਨ ਨੂੰ ਹੋਰ ਚੰਗਾ ਬਣਾਉਣ ਦੇ ਯਤਨ ਕਰਾਂਗੇ, ਵੱਲੋਂ ਦਿੱਤੇ ਗਏ ਗਿਆਨ ਨਾਲ ਮਜ਼ਦੂਰ ਜਮਾਤ ਨੂੰ ਹੋਰ ਤਕੜਾ ਕੀਤਾ ਜਾਵੇ, ਤਾਂ ਕਿ ਦੇਸ਼ ਅੰਦਰ ਲੋਕ ਜਮਹੂਰੀ ਇਨਕਲਾਬ ਲਿਆਂਦਾ ਜਾ ਸਕੇ, ਇਹੀ ਕਾਮਰੇਡ ਬਾਵਾ ਸਿੰਘ ਨੂੰ ਸੱਚੀ ਸ਼ਰਧਾਂਜਲੀ ਹੋਵੇਗੀ।

# ਸੰਪਰਕ : 98150-84707

# ਕੀ ਜੰਗਬੰਦੀ ਚਿਰ-ਸਥਾਈ ਰਹਿ ਸਕੇਗੀ

ਪਿਰਥੀਪਾਲ ਸਿੰਘ ਮਾੜੀਮੇਘਾ

ਅਮਰੀਕਾ-ਇਜ਼ਰਾਈਲ-ਈਰਾਨ ਜੰਗ ਭਾਵੇਂ ਆਰਜ਼ੀ ਤੌਰ 'ਤੇ ਦੋ ਹਫ਼ਤਿਆਂ ਲਈ ਬੰਦ ਹੋ ਗਈ, ਪਰ ਜੇ ਯਮਨ ਦੇ ਹੂਤੀ ਵਿਦਰੋਹੀ ਜੰਗ ਦੌਰਾਨ ਈਰਾਨ ਦੀ ਮਦਦ 'ਤੇ ਪੂਰਨ ਤੌਰ 'ਤੇ ਆ ਜਾਂਦੇ ਤਾਂ ਸੰਸਾਰ ਦੇ ਵਿੱਚ ਮਹਿੰਗਾਈ ਸਭ ਹੱਦਾਂ-ਬੰਨੇ ਪਾਰ ਕਰ ਜਾਣੀ ਸੀ।

ਅਮਰੀਕਾ ਦੇ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਇਜ਼ਰਾਈਲ ਨਾਲ ਮਿਲ ਕੇ 28 ਫਰਵਰੀ 2026 ਨੂੰ ਈਰਾਨ 'ਤੇ ਖਤਰਨਾਕ ਮਿਜ਼ਾਈਲੀ ਹਮਲਿਆਂ ਦੀ ਸ਼ੁਰੂਆਤ ਕੀਤੀ ਸੀ ਅਤੇ ਇਨ੍ਹਾਂ ਹਮਲਿਆਂ ਦੌਰਾਨ ਈਰਾਨ ਦਾ ਧਾਰਮਿਕ ਅਯਾਤੁੱਲਾ ਅਲੀ ਖਾਮਨੇਈ ਤੇ ਪ੍ਰਵਾਰ ਦੇ ਕੁਝ ਮੈਂਬਰ ਮਾਰੇ ਗਏ ਸਨ । ਅਮਰੀਕਾ ਨੇ ਇਸ ਜੰਗ ਬਾਰੇ ਦਲੀਲ ਇਹ ਦਿੱਤੀ ਸੀ ਕਿ ਈਰਾਨ ਦੀ ਸਰਕਾਰ ਈਰਾਨੀ ਲੋਕਾਂ ਦੀ ਆਜ਼ਾਦੀ ਅਤੇ ਮਨੁੱਖੀ ਅਧਿਕਾਰਾਂ ਦਾ ਘਾਣ ਕਰ ਰਹੀ ਹੈ, ਇਸ ਲਈ ਈਰਾਨ ਦੇ ਲੋਕਾਂ ਦੀ ਜਾਨ-ਮਾਲ ਦੀ ਸੁਰੱਖਿਆ ਵਾਸਤੇ ਰਾਜ ਸੱਤਾ ਬਦਲਣੀ ਜ਼ਰੂਰੀ ਹੈ। ਨਾਲ ਹੀ ਕਿਹਾ ਕਿ ਈਰਾਨ ਦੇ ਕੋਲ ਖਤਰਨਾਕ ਹਥਿਆਰ ਹਨ ਤੇ ਉਹ ਪ੍ਰਮਾਣੂ ਬੰਬ ਤਿਆਰ ਕਰ ਰਿਹਾ ਹੈ, ਜਿਸ ਤੋਂ ਸੰਸਾਰ ਅਮਨ ਖਤਰੇ ਵਿੱਚ ਹੈ। ਅਮਰੀਕਾ ਦੀ ਇਸ ਦਲੀਲ ਨੂੰ ਸੰਸਾਰ ਦੇ ਬਹੁਤੇ ਲੋਕਾਂ ਤੇ ਦੇਸ਼ਾਂ ਨੇ ਨਾ ਮੰਨਿਆ ਅਤੇ ਸਾਥ ਦੇਣ ਤੋਂ ਕੋਰਾ ਜੁਆਬ ਦੇ ਦਿੱਤਾ । ਨਾਟੋ ਦੇਸ਼ਾਂ ਵਿੱਚੋਂ ਵੀ ਬਹੁਤਿਆਂ ਨੇ ਡੋਨਾਲਡ ਟਰੰਪ ਵੱਲੋਂ ਈਰਾਨ 'ਤੇ ਕੀਤੇ ਹਮਲੇ ਦੀ ਵਿਰੋਧਤਾ ਕੀਤੀ।

ਅਮਰੀਕਾ ਤੇ ਇਜ਼ਰਾਈਲ ਦੇ ਈਰਾਨ ਉੱਤੇ ਹਮਲੇ ਵਧਦੇ ਗਏ। ਇਸ ਦੇ ਜੁਆਬ ਵਿੱਚ ਈਰਾਨ ਨੇ ਵੀ ਆਪਣੇ ਯੁੱਧਨੀਤਕ ਦਾਅਪੇਚਾਂ ਅਨੁਸਾਰ ਖਾੜੀ ਦੇਸ਼ਾਂ ਵਿੱਚ ਅਮਰੀਕੀ ਫੌਜੀ ਅੱਡਿਆਂ ਉੱਤੇ ਹਮਲੇ ਕਰਕੇ ਜਾਨੀ ਤੇ ਮਾਲੀ ਨੁਕਸਾਨ ਕੀਤਾ। ਅਮਰੀਕਾ ਤੇ ਇਜ਼ਰਾਈਲ ਦੀ ਬੰਬਾਰੀ ਨਾਲ ਈਰਾਨ ਵਿੱਚ ਹਜ਼ਾਰਾਂ ਬੇਦੋਸ਼ੇ ਲੋਕਾਂ ਦੀਆਂ ਮੌਤਾਂ ਹੋਈਆਂ । ਡੋਨਾਲਡ ਟਰੰਪ ਲਗਾਤਾਰ ਈਰਾਨ ਨੂੰ ਘੇਰਨ ਲਈ ਦਬਕੇ ਮਾਰਦਾ ਰਿਹਾ। ਈਰਾਨ ਦੇ ਨਾਲ ਲਗਦਾ ਅਰਬ ਸਾਗਰ ਦਾ ਸਮੁੰਦਰੀ ਰਸਤਾ 167 ਕਿਲੋਮੀਟਰ ਲੰਮਾ ਅਤੇ ਸਿਰਫ 33 ਕਿਲੋਮੀਟਰ ਚੌੜਾ ਹੈ। ਇਸ ਰਸਤੇ ਰਾਹੀਂ 25 ਤੋਂ 30 ਫੀਸਦੀ ਕੱਚੇ ਤੇਲ ਦਾ ਵਪਾਰ ਚਲਦਾ ਹੈ । ਈਰਾਨ ਵਾਲਾ ਰਸਤਾ ਹੋਰਮੁਜ਼ ਜਲਡਮਰੂ ਕਰਕੇ ਜਾਣਿਆ ਜਾਂਦਾ ਹੈ, ਜਿਸ 'ਤੇ ਕਬਜ਼ਾ ਈਰਾਨ ਦਾ ਹੈ। ਜੰਗ ਦੌਰਾਨ ਈਰਾਨ ਨੇ ਇਸ ਰਸਤੇ ਰਾਹੀਂ ਆਪਣੇ ਵਿਰੋਧੀ ਦੇਸ਼ਾਂ ਦੇ ਜਹਾਜ਼ਾਂ ਨੂੰ ਕੱਚਾ ਤੇਲ, ਗੈਸ ਤੇ ਹੋਰ ਵਪਾਰਕ ਸਾਮਾਨ ਲਿਜਾਣ ਤੋਂ ਰੋਕਿਆ । ਜੰਗ ਦੌਰਾਨ ਦੁਨੀਆ ਤੇ ਖਾਸ ਕਰਕੇ ਯੂਰਪੀ ਦੇਸ਼ਾਂ ਵਿੱਚ ਤੇਲ, ਗੈਸ ਤੇ ਆਮ ਵਸਤਾਂ ਦੀਆਂ ਕੀਮਤਾਂ ਵਧਣ ਕਰਕੇ ਅਫਰਾ-ਤਫਰੀ ਮਚ ਗਈ ਸੀ । ਦੂਜੇ ਪਾਸੇ ਅਮਰੀਕਾ 'ਤੇ ਜੰਗ ਬੰਦ ਕਰਨ ਲਈ ਦਬਾਅ ਵਧਣ ਕਰਕੇ ਜੰਗਬੰਦੀ ਹੋਈ ਹੈ ।

ਖਾੜੀ ਦੇ ਦੇਸ਼ ਯਮਨ ਦੇ ਹੂਤੀ ਵਿਦਰੋਹੀ ਈਰਾਨ ਦੀ ਮਦਦ 'ਤੇ ਆਉਣ ਕਰਕੇ ਕੌਮਾਂਤਰੀ ਹਾਲਾਤ ਬਹੁਤ ਵਿਗੜ ਜਾਣੇ ਸਨ। ਯਮਨ ਮੱਧ ਪੂਰਬੀ ਏਸ਼ੀਆ ਦਾ ਇੱਕ ਦੇਸ਼ ਹੈ। ਇਸ ਦੇਸ਼ ਦੀਆਂ ਹੱਦਾਂ ਸਾਊਦੀ ਅਰਬ, ਪੱਛਮ ਵਿੱਚ ਲਾਲ ਸਾਗਰ, ਦੱਖਣ ਵਿੱਚ ਅਰਬ ਸਾਗਰ ਤੇ ਅਦਨ ਦੀ ਖਾੜੀ ਅਤੇ ਪੂਰਬ ਵਿੱਚ ਓਮਾਨ ਨਾਲ ਜੁੜਦੀਆਂ ਹਨ। ਯਮਨ ਦੀ ਲਾਲ ਸਾਗਰ ਨਾਲ ਲਗਦੀ ਸੀਮਾ ਵਿਚਦੀ ਅਲਮੰਡੇਬ ਸਮੁੰਦਰੀ ਰਸਤਾ ਲੰਘਦਾ ਹੈ, ਜਿਸ 'ਤੇ ਯਮਨ ਦਾ ਕਬਜ਼ਾ ਹੈ। ਮੌਜੂਦਾ ਜੰਗ ਦੇ ਹਾਲਾਤ ਵਿੱਚ ਹੋਰਮੁਜ਼ ਬੰਦ ਹੋਣ ਕਰਕੇ ਖਾੜੀ ਦੇਸ਼ਾਂ ਦਾ ਤੇਲ ਲਾਲ ਸਾਗਰ ਦੇ ਰਸਤੇ ਰਾਹੀਂ ਲੰਘ ਰਿਹਾ ਹੈ। ਦੁਨੀਆ ਦੇ ਸਾਰੇ ਤੇਲ, ਗੈਸ ਤੇ ਹੋਰ ਵਸਤਾਂ ਦਾ ਵਪਾਰ 12 ਫੀਸਦੀ ਦੇ ਕਰੀਬ ਲਾਲ ਸਾਗਰ ਦੇ ਰਸਤੇ ਰਾਹੀਂ ਹੁੰਦਾ ਹੈ। ਜੇ ਹੂਤੀ ਲਾਲ ਸਾਗਰ ਦਾ ਅਲਮੰਡੇਬ ਰਸਤਾ ਵੀ ਰੋਕ ਦਿੰਦੇ ਤਾਂ ਦੁਨੀਆਂ 'ਤੇ ਖਾਸ ਕਰਕੇ ਯੂਰਪ ਅਤੇ ਏਸ਼ੀਆ ਵਿੱਚ ਆਰਥਿਕ ਮੰਦਵਾੜਾ ਆ ਸਕਦਾ ਸੀ। ਹੂਤੀਆਂ ਨੇ ਇਹ ਕਿਹਾ ਵੀ ਸੀ ਕਿ ਉਹ ਸਮੁੰਦਰੀ ਰਸਤਾ ਅਲਮੰਡੇਬ ਰੋਕ ਸਕਦੇ ਹਨ । ਸਮੁੰਦਰੀ ਜਹਾਜ਼ ਯਮਨ ਦੇ ਅਲਮੰਡੇਬ ਸਮੁੰਦਰੀ ਰਾਹ ਤੋਂ ਲੰਗ ਕੇ ਸੁਏਜ਼ ਨਹਿਰ ਤੋਂ ਹੁੰਦੇ ਹੋਏ ਯੂਰਪ ਵਿੱਚ ਪ੍ਰਵੇਸ਼ ਕਰਦੇ ਹਨ। ਹੂਤੀ ਵਿਦਰੋਹੀ ਉੱਤਰੀ ਯਮਨ ਦਾ ਇੱਕ ਸ਼ੀਆ ਮੁਸਲਿਮ ਵਿਦਰੋਹੀ ਰਾਜਨੀਤਕ ਤੇ ਮਿਲਟਰੀ ਸੰਗਠਨ ਹੈ। ਇਸ ਸੰਸਥਾ ਦਾ ਬਾਨੀ ਆਗੂ ਹੁਸੈਨ ਬਦੂਰਦੀਨ ਅਲ-ਹੂਤੀ ਹੈ, ਜਿਸ ਤੋਂ ਹੂਤੀ ਨਾਂਅ ਪਿਆ। ਇਸ ਵਿਦਰੋਹੀ ਸੰਸਥਾ ਨੇ 2004 ਵਿੱਚ ਯਮਨ ਦੀ ਸਰਕਾਰ ਵਿਰੁੱਧ ਹਥਿਆਰਬੰਦ ਵਿਦਰੋਹ ਕਰਕੇ ਯਮਨ ਦੇ 80 ਫੀਸਦੀ ਹਿੱਸੇ 'ਤੇ ਕਬਜ਼ਾ ਕਰਕੇ ਆਪਣੀ ਸਰਕਾਰ ਕਾਇਮ ਕਰ ਲਈ ਸੀ।

ਹੂਤੀ ਵਿਦਰੋਹੀ ਅਮਰੀਕਾ, ਇਜ਼ਰਾਈਲ ਤੇ ਯਹੂਦੀਆਂ ਨੂੰ ਆਪਣਾ ਦੁਸ਼ਮਣ ਮੰਨਦੇ ਹਨ ।ਈਰਾਨ ਹੂਤੀ ਵਿਦਰੋਹੀਆਂ ਨੂੰ ਹਥਿਆਰਬੰਦ ਟ੍ਰੇਨਿੰਗ ਅਤੇ ਹਥਿਆਰ ਦਿੰਦਾ ਹੈ। ਹੂਤੀਆਂ ਨੇ ਪਹਿਲਾਂ ਵੀ ਅਲਮੰਡੇਬ ਸਮੁੰਦਰੀ ਰਸਤੇ ਰਾਹੀਂ ਲੰਘਦੇ ਸਮੁੰਦਰੀ ਜਹਾਜਾਂ ਨੂੰ ਰੋਕ ਕੇ ਦੁਨੀਆ ਨੂੰ ਚਕਾਚੌਂਧ ਕੀਤਾ ਸੀ। ਯਮਨ ਦੇਸ਼ ਦੀ ਪੱਛਮੀ ਹੱਦ 400-500 ਕਿਲੋਮੀਟਰ ਦੇ ਕਰੀਬ ਲਾਲ ਸਾਗਰ ਨਾਲ ਲਗਦੀ ਹੈ। ਯਮਨ ਦੀ ਇਹ ਤੱਟੀ ਰੇਖਾ (ਉਹ ਖੇਤਰ ਜਿਥੇ ਜ਼ਮੀਨ ਅਤੇ ਸਮੁੰਦਰ ਆਪਸ ਵਿੱਚ ਮਿਲਦੇ) ਬਹੁਤ ਰਣਨੀਤਕ ਅਹਿਮੀਅਤ ਰੱਖਦੀ ਹੈ। ਜੋ ਰੇਖਾ ਉੱਤਰ ਵਿੱਚ ਸਾਊਦੀ ਅਰਬ ਤੋਂ ਲੈ ਕੇ ਦੱਖਣ ਵਿੱਚ ਮਸ਼ਹੂਰ (ਬਬ-ਅਲ-ਮੰਦੇਬ ਪਣਜੋੜ) ਤੱਕ ਫੈਲੀ ਹੋਈ ਹੈ, ਜੋ ਲਾਲ ਸਾਗਰ ਨੂੰ ਅਦਨ ਦੀ ਖਾੜੀ ਨਾਲ ਜੋੜਦੀ ਹੈ।

ਲਾਲ ਸਾਗਰ ਅਫਰੀਕਾ ਅਤੇ ਏਸ਼ੀਆ ਵਿਚਕਾਰ ਹਿੰਦ ਮਹਾਂਸਾਗਰ ਦੀ ਇੱਕ ਮਹੱਤਵਪੂਰਨ ਖਾੜੀ ਹੈ, ਜਿਸ ਦੀ ਲੰਬਾਈ 2000 ਕਿਲੋਮੀਟਰ ਅਤੇ ਇਹ ਸੁਏਜ਼ ਨਹਿਰ ਰਾਹੀਂ ਭੂ-ਮੱਧ ਸਾਗਰ ਨਾਲ ਜੁੜਦਾ ਹੈ। ਇਹ ਏਸ਼ੀਆ ਤੇ ਯੂਰਪ ਵਿਚਕਾਰ ਵਪਾਰ ਦਾ ਮੁੱਖ ਰਸਤਾ ਹੈ। ਖੋਜੀਆਂ ਨੇ ਸੁਏਜ਼ ਨਹਿਰ ਕੱਢ ਕੇ ਯੂਰਪ ਨਾਲ ਜੁੜਣ ਦਾ ਰਸਤਾ ਛੋਟਾ ਤੇ ਸੌਖਾਲਾ ਕਰ ਦਿੱਤਾ ਸੀ। ਕੁਝ ਖੋਜੀਆਂ ਦੀ ਇਹ ਖੋਜ ਹੈ ਕਿ ਲਾਲ ਸਾਗਰ ਹੇਠ ਇੱਕ ਲਾਲ ਸਮੁੰਦਰੀ ਤੇੜ ਹੈ, ਜੋ ਮਹਾਨ ਤੇੜ ਘਾਟੀ ਦਾ ਹਿੱਸਾ ਹੈ। ਕੁਝ ਖੋਜੀ ਟਾਪੂ ਦੇ ਲਾਲ ਰੰਗ ਦੇ ਪੌਦੇ ਹੋਣ ਕਰਕੇ ਲਾਲ ਸਾਗਰ ਆਖਦੇ ਹਨ। ਲਾਲ ਸਾਗਰ ਤੋਂ ਸੁਏਜ਼ ਨਹਿਰ ਨਿਕਲਣ ਕਰਕੇ ਲਾਲ ਸਾਗਰ ਰਾਹੀਂ ਵਪਾਰਕ ਕਾਰੋਬਾਰ ਯੂਰਪ ਨਾਲ ਜੁੜ ਗਿਆ ਅਤੇ ਇਹ ਸਮੁੰਦਰੀ ਰਸਤਾ ਛੋਟਾ ਤੇ ਸੌਖਾ ਹੋਣ ਕਰਕੇ ਸੰਸਾਰਕ ਵਪਾਰਕ ਕਾਰੋਬਾਰ ਵਿੱਚ ਪਹਿਲਾਂ ਨਾਲੋਂ ਵਾਧਾ ਹੋਇਆ ।

ਸੁਏਜ਼ ਨਹਿਰ 1869 ਵਿੱਚ ਬਣਨ ਤੋਂ ਪਹਿਲਾਂ ਯੂਰਪ ਤੋਂ ਏਸ਼ੀਆ ਵਿੱਚਕਾਰ ਆਵਾਜਾਈ ਲਈ ਸਮੁੰਦਰੀ ਜਹਾਜ਼ਾਂ ਨੂੰ ਦੱਖਣ ਅਫਰੀਕਾ ਦੇ 'ਕੇਪ ਆਫ ਗੁੱਡ' ਤੋਂ ਲੰਘਣਾ ਪੈਂਦਾ ਸੀ । ਸੁਏਜ਼ ਨਹਿਰ ਨੇ ਜਹਾਜ਼ਾਂ ਦਾ ਸਫਰ 10 ਤੋਂ 14 ਦਿਨ ਘਟਾ ਦਿੱਤਾ ਅਤੇ ਜਹਾਜ਼ਾਂ ਦਾ ਤੇਲ ਤੇ ਵਪਾਰਕ ਸਮਾਨ ਦੇ ਕਿਰਾਏ ਦਾ ਖਰਚ ਵੀ ਘਟ ਗਿਆ। ਕੱਚੇ ਤੇਲ ਤੇ ਐੱਲ ਪੀ ਜੀ ਗੈਸ ਦੇ ਵਪਾਰ ਦਾ ਵੱਡਾ ਹਿੱਸਾ ਇਸ ਰਾਹ ਰਾਹੀਂ ਲੰਘਦਾ ਹੈ । ਸੁਏਜ਼ ਨਹਿਰ 'ਤੇ ਪਹੁੰਚਣ ਲਈ ਅਲਮੰਡੇਬ ਤੋਂ ਹੀ ਲੰਗ ਕੇ ਜਾਣਾ ਪੈਂਦਾ ਹੈ।ਜੇ ਹੂਤੀ ਯਮਨ ਦਾ ਸਮੁੰਦਰੀ ਰਾਹ ਅਲਮੰਡੇਬ ਰੋਕ ਦਿੰਦੇ ਤਾਂ ਸੰਸਾਰ ਵਿੱਚ ਆਰਥਿਕ ਤਬਾਹੀ ਮਚ ਜਾਣੀ ਸੀ ।

ਜੰਗਬੰਦੀ ਤੋਂ ਬਾਅਦ ਇਜ਼ਰਾਈਲ ਨੇ ਲਿਬਨਾਨ 'ਤੇ ਹਮਲਾ ਕਰਕੇ 100 ਤੋਂ ਵਧੇਰੇ ਲੋਕਾਂ ਨੂੰ ਮੌਤ ਦੇ ਘਾਟ ਉਤਾਰ ਦਿੱਤਾ ਹੈ। ਲਿਬਨਾਨ ਦੀ ਹਿਜ਼ਬੁੱਲਾ ਜਥੇਬੰਦੀ ਦੂਤੀਆਂ ਦੀ ਤਰ੍ਹਾਂ ਇਜ਼ਰਾਈਲ ਵਿਰੋਧੀ ਹੈ। ਲਿਬਨਾਨ ਪਾਰਲੀਮੈਂਟ ਵਿੱਚ ਹਿਜ਼ਬੁੱਲਾ ਨੇ ਸਾਥੀ ਪਾਰਟੀਆਂ ਦੇ ਇੱਕ ਗੱਠਜੋੜ 'ਲਾਇਲਟੀ ਟੂ ਦੀ ਰਜਿਸਟੈਂਸ' ਬਲਾਕ ਰਾਹੀਂ ਪਾਰਲੀਮੈਂਟ ਦੀਆਂ 128 ਸੀਟਾਂ 'ਚੋਂ ਚੋਖੀਆਂ ਸੀਟਾਂ ਜਿੱਤੀਆਂ ਹਨ ਜੋ ਬਹੁਮਤ ਤੋਂ ਕੁਝ ਘੱਟ ਹਨ। ਪਹਿਲਾਂ ਸਰਕਾਰ ਵਿੱਚ ਬਹੁਮਤ ਵੀ ਰਿਹਾ ਹੈ।

# ਸੰਪਰਕ : 98760-78731

# ਅਮਨ ਅਰੋੜਾ ਵੱਲੋਂ ਹਲਕਾ ਸੁਨਾਮ ਦੇ ਪਿੰਡਾਂ ਲਈ 65 ਲੱਖ ਦੇ ਚੈੱਕ ਤਕਸੀਮ



**ਸੰਗਰੂਰ/ਸੁਨਾਮ (ਪ੍ਰਵੀਨ ਸਿੰਘ/ਅਸ਼ੋਕ ਬਾਂਸਕ, ਹਾਕਮ ਭੱਟੀ)**-ਪੰਜਾਬ ਦੇ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਹਲਕੇ ਦੇ ਪਿੰਡ ਬਲਵਾੜ ਕਲਾਂ, ਖੁਰਾਣੀ, ਸੋਹੀਆਂ ਕਲਾਂ, ਈਲਵਾਲ, ਕਨੋਈ ਤੇ ਕੁਲਾਰ ਖੁਰਦ ਦਾ ਵਿਸਤ੍ਰਿਤ ਦੌਰਾ ਕਰਦਿਆਂ ਵੱਖ-ਵੱਖ ਵਿਕਾਸ ਪ੍ਰੋਜੈਕਟਾਂ ਲਈ 65 ਲੱਖ ਰੁਪਏ ਦੀਆਂ ਗ੍ਰਾਂਟਾਂ ਦੇ ਚੈੱਕ ਪੰਚਾਇਤਾਂ ਨੂੰ ਸੌਂਪੇ। ਇਸ ਮੌਕੇ ਉਨ੍ਹਾਂ ਪਿੰਡਾਂ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਦਾ ਜਾਇਜ਼ਾ ਲਿਆ ਤੇ ਸਥਾਨਕ ਲੋਕਾਂ ਨਾਲ ਸੰਵਾਦ ਕਰਦੇ ਹੋਏ, ਉਨ੍ਹਾਂ ਦੀਆਂ ਸਮੱਸਿਆਵਾਂ ਵੀ ਸੁਣੀਆਂ।ਕੈਬਨਿਟ ਮੰਤਰੀ ਅਮਨ ਅਰੋੜਾ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਪੰਜਾਬ ਸਰਕਾਰ ਪਿੰਡਾਂ ਨੂੰ ਮਾਡਲ ਪਿੰਡਾਂ ਵਿੱਚ ਤਬਦੀਲ ਕਰਨ ਲਈ ਵਚਨਬੱਧ ਹੈ ਤੇ ਇਸੇ ਦਿਸ਼ਾ ਵਿੱਚ ਲਗਾਤਾਰ ਕਦਮ ਚੁੱਕੇ ਜਾ ਰਹੇ ਹਨ।ਪਿੰਡਾਂ ਵਿੱਚ ਬੁਨਿਆਦੀ ਢਾਂਚੇ ਦੀ ਮਜ਼ਬੂਤੀ ਤਹਿਤ ਸੜਕਾਂ ਦੀ ਮੁਰੰਮਤ ਤੇ ਨਵੀਨੀਕਰਨ, ਗਲੀ-ਨਾਲੀਆਂ ਬਣਾਉਣ, ਸਾਫ਼ ਪੀਣਯੋਗ ਪਾਣੀ ਦੀ ਉਪਲਬਧਤਾ, ਸਟਰੀਟ ਲਾਈਟਾਂ ਦੀ ਸਥਾਪਨਾ ਅਤੇ ਸਰਕਾਰੀ ਇਮਾਰਤਾਂ ਦੀ ਮੁਰੰਮਤ ਵਰਗੇ ਕੰਮ ਤਰਜੀਹੀ ਅਧਾਰ 'ਤੇ ਕੀਤੇ ਜਾ ਰਹੇ ਹਨ।ਉਨ੍ਹਾਂ ਹੋਰ ਦੱਸਿਆ ਕਿ ਇਹ ਗ੍ਰਾਂਟਾਂ ਪਿੰਡ ਵਾਸੀਆਂ ਦੀਆਂ ਮੰਗਾਂ ਅਤੇ ਜ਼ਰੂਰਤਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਜਾਰੀ ਕੀਤੀਆਂ ਗਈਆਂ ਹਨ, ਤਾਂ ਜੋ ਕੋਈ ਵੀ ਪਿੰਡ ਵਿਕਾਸ ਪੱਖੋਂ ਪਿੱਛੇ ਨਾ ਰਹਿ ਜਾਵੇ।ਕੈਬਨਿਟ ਮੰਤਰੀ ਨੇ ਪੰਚਾਇਤਾਂ ਦੇ ਨੁਮਾਇੰਦਿਆਂ ਨੂੰ ਅਪੀਲ ਕੀਤੀ ਕਿ ਉਹ ਵਿਕਾਸ ਕਾਰਜਾਂ ਨੂੰ ਸਮੇਂ-ਸਿਰ ਅਤੇ ਪੂਰੀ ਪਾਰਦਰਸ਼ਤਾ ਨਾਲ ਮੁਕੰਮਲ ਕਰਨ ਨੂੰ ਯਕੀਨੀ ਬਣਾਉਣ।ਉਨ੍ਹਾਂ ਕਿਹਾ ਕਿ ਸਰਕਾਰੀ ਫੰਡਾਂ ਦੀ ਸਹੀ ਵਰਤੋਂ ਨਾਲ ਹੀ ਲੋਕਾਂ ਦਾ ਭਰੋਸਾ ਮਜ਼ਬੂਤ ਹੁੰਦਾ ਹੈ ਤੇ ਇਲਾਕੇ ਦੀ ਤਰੱਕੀ ਸੰਭਵ ਬਣਦੀ ਹੈ।ਕੈਬਨਿਟ ਮੰਤਰੀ ਨੇ ਕੁਝ ਚੱਲ ਰਹੇ ਕੰਮਾਂ ਦੀ ਮੌਕੇ 'ਤੇ ਜਾਂਚ ਵੀ ਕੀਤੀ ਤੇ ਅਧਿਕਾਰੀਆਂ ਨੂੰ ਲੋੜੀਂਦੇ ਨਿਰਦੇਸ਼ ਜਾਰੀ ਕਰਦੇ ਹੋਏ ਕੰਮ ਦੀ ਗੁਣਵੱਤਾ ਨੂੰ ਯਕੀਨੀ ਬਣਾਉਣ ਲਈ ਕਿਹਾ।ਉਨ੍ਹਾਂ ਇਹ ਵੀ ਕਿਹਾ ਕਿ ਕਿਸੇ ਵੀ ਕਿਸਮ ਦੀ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।ਇਸ ਮੌਕੇ ਸਬਜ਼ੀ ਕਾਸ਼ਤਕਾਰਾਂ ਦੇ ਬਰਸਾਤ ਕਾਰਨ ਹੋਏ ਨੁਕਸਾਨ ਬਾਬਤ ਮੀਡੀਆ ਵੱਲੋਂ ਪੁੱਛੇ ਸਵਾਲ ਦੇ ਜਵਾਬ ਵਿੱਚ ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਫਸਲਾਂ ਦੇ ਨੁਕਸਾਨ ਸਬੰਧੀ ਵਿਸ਼ੇਸ਼ ਗਿਰਦਾਵਰੀ ਦੇ ਨਿਰਦੇਸ਼ ਦੇ ਦਿੱਤੇ ਗਏ ਹਨ ਤੇ ਹਰ ਕਿਸਾਨ ਨੂੰ ਢੁਕਵਾਂ ਮੁਆਵਜ਼ਾ ਦਿੱਤਾ ਜਾਵੇਗਾ ਤੇ ਸਬਜ਼ੀਆਂ ਦੇ ਹੋਏ ਨੁਕਸਾਨ ਸਬੰਧੀ ਵੀ ਵਿਸ਼ੇਸ਼ ਗਿਰਦਾਵਰੀ ਹਿੱਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।ਕੈਬਨਿਟ ਮੰਤਰੀ ਨੇ ਇਸ ਮੌਕੇ ਇਹ ਵੀ ਕਿਹਾ ਕਿ ਜ਼ਿਲ੍ਹਾ ਸੰਗਰੂਰ ਦੀ ਧਰਤੀ ਯੋਧਿਆਂ, ਸੰਘਰਸ਼ੀਆਂ ਤੇ ਸ਼ਹੀਦਾਂ ਦੀ ਧਰਤੀ ਹੈ ਤੇ ਇਸ ਧਰਤੀ ਸਬੰਧੀ ਕਿਸੇ ਵੱਲੋਂ ਵੀ ਬੋਲਿਆ ਕੋਈ ਵੀ ਅਪਮਾਨਜਨਕ ਸ਼ਬਦ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਇਸ ਮੌਕੇ ਪਿੰਡਾਂ ਦੇ ਵਾਸੀਆਂ ਨੇ ਕੈਬਨਿਟ ਮੰਤਰੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਨ੍ਹਾਂ ਗ੍ਰਾਂਟਾਂ ਨਾਲ ਲੰਬੇ ਸਮੇਂ ਤੋਂ ਪੈਂਡਿੰਗ ਪਏ ਵਿਕਾਸ ਕਾਰਜ ਹੁਣ ਜਲਦੀ ਮੁਕੰਮਲ ਹੋਣਗੇ, ਜਿਸ ਨਾਲ ਪਿੰਡਾਂ ਦੀ ਹਾਲਤ ਵਿੱਚ ਵੱਡਾ ਸੁਧਾਰ ਆਵੇਗਾ।ਇਸ ਮੌਕੇ ਸਥਾਨਕ ਪੰਚਾਇਤ ਮੈਂਬਰਾਂ, ਪ੍ਰਮੁੱਖ ਆਗੂਆਂ ਤੇ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਮੌਜੂਦ ਸਨ।

## ਗੜ੍ਹੇਮਾਰੀ ਤੇ ਦੌਧਰ ਪੁਲ ਤੋਂ ਬੱਧਨੀ ਪੁਲ ਤੱਕ ਕੱਚਾ ਰਸਤਾ ਪੱਕਾ ਕਰਨ ਲਈ ਦਿੱਤਾ ਮੰਗ ਪੱਤਰ



**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)**-ਭਾਰਤੀ ਕਿਸਾਨ ਯੂਨੀਅਨ ਏਕਤਾ ਅਜ਼ਾਦ ਵੱਲੋਂ ਸੂਬਾ ਆਗੂ ਲਖਵੀਰ ਸਿੰਘ ਜੰਗ ਦੌਧਰ ਤੇ ਪੰਚਾਇਤ ਦੌਧਰ ਸਰਕੀ ਤੇ ਪੰਚਾਇਤ ਦੌਧਰ ਗਰਬੀ ਤੇ ਬਾਬਾ ਜਗਦੇਵ ਸਿੰਘ ਦੀ ਅਗਵਾਈ ਵਿੱਚ ਐੱਮ ਐੱਲ ਏ ਹਲਕਾ ਨਿਹਾਲ ਸਿੰਘ ਵਾਲਾ ਮਨਜੀਤ ਸਿੰਘ ਬਿਲਾਸਪੁਰ ਨੂੰ ਮੰਗ ਪੱਤਰ ਦਿੱਤਾ ਗਿਆ, ਜਿਸ ਵਿੱਚ ਦੌਧਰ ਪੁਲ ਤੋਂ ਲੈ ਕੇ ਬੱਧਨੀ ਪੁਲ ਤੱਕ ਰਸਤੇ ਨੂੰ ਪੱਕਾ ਕਰਨ ਤਾਂ ਕਿ ਜੋ ਪਿੰਡ ਦੌਧਰ ਨੂੰ ਹਸਪਤਾਲ ਤੇ ਥਾਣਾ ਬੱਧਨੀ ਕਲਾਂ ਆਉਣ-ਜਾਣ ਵਿੱਚ ਸਮਾਂ ਘੱਟ ਲੱਗੇ। ਕਈ ਵਾਰੀ ਸੀਰੀਅਸ ਮਰੀਜ਼ ਨੂੰ ਹਸਪਤਾਲ ਆਉਣ ਤੇ ਸਮਾਂ ਲੱਗ ਜਾਂਦਾ ਹੈ ਜੋ ਜਾਨੀ ਨੁਕਸਾਨ ਵੀ ਹੋ ਜਾਂਦਾ। ਇਸ ਕਰਕੇ ਇਸ ਰਸਤੇ ਨੂੰ ਪੱਕਾ ਕੀਤਾ ਜਾਵੇ ਤਾਂ ਕਿ ਆਗਾ ਹੋਰ ਕੋਈ ਅਣਸਖਾਵੀ ਘਟਨਾ ਨਾ ਵਾਪਰੇ ਤੇ ਨਾਲ ਹੀ ਇੱਥੇ ਦੋ ਗੁਰਦੁਆਰਾ ਸਾਹਿਬਾਨ ਹਨ, ਜਿੱਥੇ ਹਜ਼ਾਰਾਂ ਸੰਗਤ ਦਰਸ਼ਨ ਲਈ ਆਉਂਦੀਆ ਹਨ। ਦੂਜਾ ਮੰਗ ਪੱਤਰ ਬੇਮੌਸਮੀ ਬਰਸਾਤ ਕਾਰਨ ਗੜ੍ਹੇਮਾਰੀ ਕਾਰਨ ਹੋਏ ਫਸਲਾਂ ਦੀ ਨੁਕਸਾਨ ਸੰਬੰਧੀ ਮਨਜੀਤ ਸਿੰਘ ਐਮ ਐਮ ਏ ਬਿਲਾਸਪੁਰ ਰਾਹੀਂ ਮੁੱਖ ਮੰਤਰੀ ਪੰਜਾਬ ਸਰਕਾਰ ਨੂੰ ਮੰਗ ਪੱਤਰ ਭੇਜਿਆ ਗਿਆ ਹੈ ਤਾਂ ਕਿ ਵਿਸ਼ੇਸ਼ ਗਿਰਦਾਵਰੀਆਂ ਕਰਾ ਕੇ ਹੋਏ ਨੁਕਸਾਨ ਦੀ ਭਰਵਾਈ ਕੀਤੀ ਜਾਵੇ, ਤੇ ਵਿਸ਼ੇਸ਼ ਗਿਰਦਾਵਰੀ ਕਰਾ ਕੇ ਘੱਟੋ ਘੱਟ 70 ਹਜ਼ਾਰ ਪ੍ਰਤੀ ਏਕੜ ਕਿਸਾਨ ਦੇ ਖਾਤੇ ਦੇ ਵਿੱਚ ਪਾਏ ਜਾਣ ਤਾਂ ਕਿ ਉਹ ਆਪਣਾ ਆਰਥਿਕਤਾ ਨੂੰ ਕੁਝ ਮਜ਼ਬੂਤ ਕਰ ਸਕੇ। ਇੱਥੇ ਮੌਜੂਦ ਜਿਲਾ ਆਗੂ ਜਗਰਾਜ ਸਿੰਘ ਦੱਦਾਹੂਰ, ਰਾਜੂ ਪੱਤੋ, ਬਲਜਿੰਦਰ ਸਿੰਘ ਕਿਸ਼ਨਪੁਰਾ, ਅਜਮੇਰ ਸਿੰਘ, ਧਰਮ ਸਿੰਘ, ਕਾਲਾ ਸਿੰਘ, ਦਰਵਾਰ ਸਿੰਘ, ਬਲਵੀਰ ਸਿੰਘ ਕਿਸ਼ਨਪੁਰਾ, ਕਰਮਜੀਤ ਸਿੰਘ, ਸਤਨਾਮ ਸਿੰਘ ਰਾਮ, ਗੁਰਮੀਤ ਸਿੰਘ, ਸੇਮਾ ਸਿੰਘ ਮੱਲੀ, ਬਲਜੀਤ ਸਿੰਘ, ਸੁਖਜੀਤ ਸਿੰਘ ਦੌਧਰ, ਗੁਰਦੀਪ ਸਿੰਘ, ਇਕਬਲ ਸਿੰਘ ਮੀਨੀਆ, ਪੰਚ ਚਮਕੌਰ ਸਿੰਘ, ਪੰਚ ਹਰਜੀਤ ਸਿੰਘ, ਸੁਖਰਾਜ ਸਿੰਘ ਦੱਦਾਹੂਰ, ਗਿਆਨ ਸਿੰਘ ਬੁੱਟਰ. ਬਾਬਾ ਜਗਦੇਵ ਸਿੰਘ ਠਾਠਾ ਖੂਹੀ ਸਾਹਿਬ ਆਦਿ ਕਿਸਾਨ ਮੌਜੂਦ ਸਨ।

**ਅੰਤਮ ਅਰਦਾਸ 'ਤੇ ਵਿਸ਼ੇਸ਼**

# ਮਾਲਵੇ 'ਚ ਕਾਂਗਰਸ ਪਾਰਟੀ ਦੇ ਥੰਮ੍ਹ ਸਨ ਸਵ: ਲਾਲ ਸਿੰਘ



ਮਰਹੂਮ ਕਾਂਗਰਸੀ ਆਗੂ ਤੇ ਸਾਬਕਾ ਕੈਬਨਿਟ ਮੰਤਰੀ ਲਾਲ ਸਿੰਘ ਮਾਲਵੇ 'ਚ ਕਾਂਗਰਸ ਦੇ ਥੰਮ੍ਹ ਸਨ।ਲਾਲ ਸਿੰਘ ਵੱਲੋਂ ਆਪਣਾ ਸਿਆਸੀ ਜੀਵਨ ਕਾਂਗਰਸ ਪਾਰਟੀ ਅੰਦਰ ਵਿਧਾਇਕ ਵਜੋਂ 1977 ਵਿੱਚ ਪਹਿਲੀ ਵਾਰ ਡਕਾਲਾ ਹਲਕੇ ਤੋਂ ਜਿੱਤ ਕੇ ਸ਼ੁਰੂ ਕੀਤਾ ਗਿਆ ਸੀ, ਪਰ ਇਸ ਤੋਂ ਪਹਿਲਾਂ ਉਹ ਸਹਿਕਾਰੀ ਬੈਂਕ, ਮਾਰਕਿਟ ਕਮੇਟੀ, ਛੇ ਵਾਰ ਵਿਧਾਇਕ, ਤਿੰਨ ਵਾਰ ਕੈਬਨਿਟ ਮੰਤਰੀ ਵਜੋਂ ਸੇਵਾਵਾਂ ਨਿਭਾਈਆਂ। ਸਾਬਕਾ ਕੈਬਨਿਟ ਮੰਤਰੀ ਲਾਲ ਸਿੰਘ ਪੰਚਾਇਤ ਸੰਮਤੀ ਆਦਿ ਸੰਸਥਾਵਾਂ ਵਿੱਚ ਜਿੱਤ ਦਰਜ ਕਰਕੇ ਜ਼ਮੀਨੀ ਰਾਜਨੀਤੀ ਵਿੱਚੋਂ ਅੱਗੇ ਵਧੇ ਸਨ।ਸਵ. ਲਾਲ ਸਿੰਘ ਇਕ ਨਿਰ-ਵਿਵਾਦਤ ਲੀਡਰ ਸਨ, ਜਿਸ ਕਾਰਨ ਵਿਰੋਧੀ ਪਾਰਟੀਆਂ ਦੇ ਆਗੂ ਉਨ੍ਹਾਂ ਨੂੰ ਪੂਰਾ ਮਾਣ ਸਤਿਕਾਰ ਦਿੰਦੇ ਸਨ। ਲਾਲ ਸਿੰਘ 1977 ਤੋਂ ਬਾਅਦ ਦੂਜੀ ਵਾਰ ਮੁੜ 1980 ਵਿੱਚ ਹਲਕਾ ਡਕਾਲਾ ਤੋਂ ਕਾਂਗਰਸ ਪਾਰਟੀ ਤੋਂ ਹੀ ਵਿਧਾਇਕ ਜਿੱਤੇ।ਸਾਲ 1992 ਵਿੱਚ ਮੁੜ ਚੋਣਾਂ ਹੋਈਆਂ ਤੇ ਲਾਲ ਸਿੰਘ ਵੱਲੋਂ ਤੀਜੀ ਵਾਰ ਹਲਕਾ ਡਕਾਲਾ ਤੋਂ ਜਿੱਤ ਦਰਜ ਕਰਕੇ ਵਿਧਾਇਕ ਬਣੇ।ਸਾਲ 1992 ਵਿੱਚ ਲਾਲ ਸਿੰਘ ਨੇ ਬੇਅੰਤ ਸਿੰਘ ਦੀ ਅਗਵਾਈ ਵਾਲੀ ਸਰਕਾਰ ਵਿੱਚ ਸਿਹਤ ਤੇ ਪਰਿਵਾਰ ਭਲਾਈ, ਡਾਕਟਰੀ ਸਿੱਖਿਆ ਤੇ ਖੋਜ, ਖੁਰਾਕ ਤੇ ਸਿਵਲ ਸਪਲਾਈ ਕੈਬਨਿਟ ਮੰਤਰੀ ਵਜੋਂ ਆਪਣੀ ਸੇਵਾ ਨਿਭਾਈ।ਸਾਲ 1996 ਅੰਦਰ ਮੁੱਖ ਮੰਤਰੀ ਹਰਚਰਨ ਸਿੰਘ ਬਰਾੜ ਦੀ ਅਗਵਾਈ ਵਾਲੇ ਮੰਤਰੀ ਮੰਡਲ ਵਿੱਚ ਖੁਰਾਕ ਤੇ ਸਿਵਲ ਸਪਲਾਈ ਦੇ ਕੈਬਨਿਟ ਮੰਤਰੀ ਬਣੇ।ਸਾਲ 1997 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਲਾਲ ਸਿੰਘ ਨੂੰ ਹਾਰ ਦਾ ਸਾਹਮਣਾ ਕਰਨਾ ਪਿਆ।ਇਸ ਤੋਂ ਬਾਅਦ ਸਾਲ 2002 ਵਿੱਚ ਲਾਲ ਸਿੰਘ ਮੁੜ ਹਲਕਾ ਡਕਾਲਾ ਤੋਂ ਚੋਣ ਜਿੱਤ ਕੇ ਵਿਧਾਇਕ ਬਣੇ ਤੇ ਕੈਪਟਨ ਅਮਰਿੰਦਰ ਸਿੰਘ ਪਹਿਲੀ ਵਾਰ ਮੁੱਖ ਮੰਤਰੀ ਬਣੇ।

ਕੈਪਟਨ ਅਮਰਿੰਦਰ ਸਿੰਘ ਦੀ ਅਗਵਾਈ ਵਾਲੀ ਸਰਕਾਰ ਵਿੱਚ ਲਾਲ ਸਿੰਘ ਖਜ਼ਾਨਾ ਮੰਤਰੀ ਬਣੇ ਤੇ ਨਾਲ ਹੀ ਉਨ੍ਹਾਂ ਕੋਲ ਵਿੱਤ, ਯੋਜਨਾਬੰਦੀ, ਖੁਰਾਕ, ਸਿਵਲ ਸਪਲਾਈ ਤੇ ਖਪਤਕਾਰ ਮਾਮਲੇ, ਸਿੰਚਾਈ ਸਹਿਕਾਰਤਾ, ਪਾਵਰ, ਪੇਂਡੂ ਵਿਕਾਸ ਤੇ ਪੰਚਾਇਤ, ਜੇਲ੍ਹ ਤੇ ਸਿਵਲ ਏਵੀਏਸ਼ਨ ਵਰਗੇ ਅਹਿਮ ਵਿਭਾਗ ਵੀ ਸਨ।ਇਸ ਤੋਂ ਬਾਅਦ ਸਾਲ 2012 ਵਿੱਚ ਹਲਕਾ ਡਕਾਲਾ ਤੋੜ ਕੇ ਹਲਕਾ ਸਨੌਰ ਬਣਾ ਦਿੱਤਾ ਗਿਆ ਤੇ ਲਾਲ ਸਿੰਘ ਹਲਕਾ ਸਨੌਰ ਤੋਂ 2012 ਵਿੱਚ ਜਿੱਤ ਕੇ ਵਿਧਾਇਕ ਬਣੇ।ਉਹ ਉੱਚ ਅਹੁਦਿਆਂ 'ਤੇ ਰਹਿੰਦੇ ਹੋਏ ਵੀ ਆਪਣੇ ਹਲਕੇ ਦੇ ਆਗੂਆਂ ਤੇ ਆਪਣੇ ਵਰਕਰਾਂ ਨਾਲ ਜ਼ਮੀਨੀ ਪੱਧਰ 'ਤੇ ਜੁੜੇ ਰਹੇ। ਉਨ੍ਹਾਂ ਨੇ ਜਿੱਥੇ ਵਿਧਾਨ ਸਭਾ ਹਲਕਾ ਸਨੌਰ ਤੇ ਡਕਾਲਾ ਦੀ ਵਿਕਾਸ ਪੱਖੋਂ ਕਾਇਆ ਕਲਪ ਕੀਤੀ, ਉੱਥੇ ਸੈਕੜੇ ਨੌਜਵਾਨਾਂ ਨੂੰ ਵੱਖ ਵੱਖ ਸਰਕਾਰੀ ਤੇ ਗੈਰ-ਸਰਕਾਰੀ ਵਿਭਾਗਾਂ ਵਿੱਚ ਰੁਜ਼ਗਾਰ ਮੁਹੱਈਆ ਕਰਵਾਇਆ। ਸਾਲ 2017 ਦੀ ਚੋਣ ਵਿੱਚ ਇਨ੍ਹਾਂ ਨੇ ਆਪਣੇ ਬੇਟੇ ਕਾਕਾ ਰਜਿੰਦਰ ਸਿੰਘ ਨੂੰ ਰਾਜਨੀਤੀ ਵਿੱਚ ਅੱਗੇ ਤੋਰਿਆ ਤੇ ਉਹ ਸਮਾਣਾ ਤੋਂ ਜਿੱਤ ਕੇ ਵਿਧਾਇਕ ਬਣੇ।ਸਾਲ 2017 ਦੀ ਕੈਪਟਨ ਅਮਰਿੰਦਰ ਵਾਲੀ ਸਰਕਾਰ ਵਿੱਚ ਉਹ ਮੰਡੀ ਬੋਰਡ ਪੰਜਾਬ ਦੇ ਚੇਅਰਮੈਨ ਬਣੇ।ਲਾਲ ਸਿੰਘ ਸ੍ਰੀਮਤੀ ਇੰਦਰਾ ਗਾਂਧੀ, ਸੋਨੀਆ ਗਾਂਧੀ ਤੇ ਰਾਹੁਲ ਗਾਂਧੀ ਦੇ ਨਜ਼ਦੀਕੀਆਂ ਵਿੱਚੋਂ ਰਹੇ ਹਨ ਤੇ ਦਿੱਲੀ ਤੋਂ ਹੀ ਟਿਕਟ ਲੈ ਕੇ ਪੁੱਜਦੇ ਸਨ।ਲਾਲ ਸਿੰਘ ਦੇ ਚਲੇ ਜਾਣ ਨਾਲ ਜਿੱਥੇ ਕਾਂਗਰਸ ਪਾਰਟੀ ਨੂੰ ਵੱਡਾ ਘਾਟਾ ਪਿਆ ਹੈ, ਉਥੇ ਉਸ ਦੇ ਪਰਵਾਰ ਤੇ ਉਸ ਦੇ ਚਾਹੁਣ ਵਾਲਿਆਂ ਨੂੰ ਨਾ ਪੂਰਨ ਵਾਲਾ ਘਾਟਾ ਪਿਆ ਹੈ। ਸਵ. ਲਾਲ ਸਿੰਘ ਦੀ ਅੰਤਿਮ ਅਰਦਾਸ ਅੱਜ 10 ਅਪ੍ਰੈਲ ਨੂੰ ਪਟਿਆਲਾ ਦੇ ਗੁਰਦੁਆਰਾ ਸ੍ਰੀ ਮੋਤੀ ਬਾਗ ਸਾਹਿਬ ਵਿਖੇ ਦੁਪਹਿਰ 12 ਵਜੇ ਤੋਂ ਦੁਪਹਿਰ 1 ਵਜੇ ਤੱਕ ਹੋਵੇਗੀ, ਜਿੱਥੇ ਮਹਾਨ ਸ਼ਖਸੀਅਤ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਜਾਣਗੇ।

-ਰਾਜਿੰਦਰ ਸਿੰਘ ਥਿੰਦ

## ਕਾਤਰਾਂ

### 300 ਗ੍ਰਾਮ ਹੈਰੋਇਨ ਸਣੇ ਇਕ ਗ੍ਰਿਫਤਾਰ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਸਦਰ ਜਲਾਲਾਬਾਦ ਦੀ ਪੁਲਸ ਵੱਲੋਂ 300 ਗ੍ਰਾਮ ਹੈਰੋਇਨ ਸਣੇ ਇੱਕ ਵਿਅਕਤੀ ਨੂੰ ਗ੍ਰਿਫਤਾਰ ਕੀਤਾ ਗਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਜਾਂਚ ਅਧਿਕਾਰੀ ਐਸ.ਆਈ. ਕੁਲਵੰਤ ਸਿੰਘ (ਸੀ.ਆਈ.ਏ. ਫਾਜ਼ਿਲਕਾ) ਨੇ ਦੱਸਿਆ ਕਿ ਉਹ ਸਮੇਤ ਸਾਥੀ ਕਰਮਚਾਰੀਆਂ ਦੇ ਨਾਲ ਗਸ਼ਤ ਦੌਰਾਨ ਥਾਣਾ ਸਦਰ ਜਲਾਲਾਬਾਦ ਏਰੀਏ ਵਿੱਚ ਮੌਜੂਦ ਸੀ ਅਤੇ ਇਸ ਦੌਰਾਨ ਪੁਲਸ ਪਾਰਟੀ ਸਮੇਤ ਬੀ.ਐਸ.ਐਫ. ਪਾਰਟੀ ਵੱਲੋਂ ਜੋਧਾ ਭੈਣੀ ਤੋਂ ਗਹਿਣੇ ਵਾਲੀ ਭੈਣੀ ਦੇ ਵਿਚਕਾਰ ਨਾਕਾਬੰਦੀ ਕੀਤੀ ਹੋਈ ਸੀ ਤਾਂ ਗੁਰਪ੍ਰੀਤ ਸਿੰਘ ਪੁੱਤਰ ਲਾਭ ਸਿੰਘ ਪੁੱਤਰ ਜਿਉਣ ਸਿੰਘ ਵਾਸੀ ਚਿਮਨੇਵਾਲਾ (ਥਾਣਾ ਅਰਨੀਵਾਲਾ) ਨੂੰ ਸ਼ੱਕ ਦੇ ਅਧਾਰ ਤੇ ਕਾਬੂ ਕਰਕੇ ਤਲਾਸ਼ੀ ਕੀਤੀ ਗਈ ਤਾਂ ਉਸ ਦੇ ਕਬਜ਼ੇ ਵਿੱਚੋਂ 300 ਗ੍ਰਾਮ ਹੈਰੋਇਨ ਬਰਾਮਦ ਹੋਈ। ਗੁਰਪ੍ਰੀਤ ਸਿੰਘ ਨੂੰ ਹੈਰੋਇਨ ਸਮੇਤ ਕਾਬੂ ਕਰਨ ਉਪਰੰਤ ਥਾਣਾ ਸਦਰ ਜਲਾਲਾਬਾਦ ਵਿਖੇ ਮੁਕੱਦਮਾ ਦਰਜ ਕੀਤਾ ਗਿਆ ਹੈ।

### ਗੌਰਮਿੰਟ ਪੈਨਸ਼ਨਰਜ਼ ਐਸੋਸੀਏਸ਼ਨ ਦੀ ਮਾਸਿਕ ਮੀਟਿੰਗ ਭਲਕੇ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਪੰਜਾਬ ਦੇ ਪ੍ਰਸਿੱਧ ਟ੍ਰੇਡ ਯੂਨੀਅਨ ਆਗੂ ਤੇ ਜ਼ਿਲ੍ਹਾ ਪ੍ਰਧਾਨ ਕਰਮਜੀਤ ਸ਼ਰਮਾ ਦੀ ਅਗਵਾਈ ਤੇ ਰਹਿਨੁਮਾਈ ਹੇਠ ਸੇਵਾ ਮੁਕਤ ਕਰਮਚਾਰੀਆਂ ਦੀ ਸਿਰਮੌਰ ਸੰਸਥਾ ਪੰਜਾਬ ਗੌਰਮਿੰਟ ਪੈਨਸ਼ਨਰਜ਼ ਐਸੋਸੀਏਸ਼ਨ ਦੀ ਜ਼ਿਲ੍ਹਾ ਇਕਾਈ ਦੀ ਮਾਸਿਕ ਮੀਟਿੰਗ ਆਉਂਦੀ 11 ਅਪ੍ਰੈਲ ਨੂੰ ਸਵੇਰੇ 10:00 ਵਜੇ ਸਥਾਨਕ ਪੈਨਸ਼ਨਰ ਭਵਨ ਵਿਖੇ ਹੋਵੇਗੀ।ਮੀਟਿੰਗ ਵਿੱਚ ਵੱਖ-ਵੱਖ ਵਿਭਾਗਾਂ ਦੀਆਂ ਪੈਨਸ਼ਨਰ ਜਥੇਬੰਦੀਆਂ ਦੇ ਅਹੁਦੇਦਾਰ ਤੇ ਸੇਵਾ ਮੁਕਤ ਕਰਮਚਾਰੀ ਤੇ ਫੈਮਲੀ ਪੈਨਸ਼ਨਰ ਭਾਗ ਲੈਣਗੇ।ਮੀਟਿੰਗ ਦੌਰਾਨ ਸਟੇਜ ਸਕੱਤਰ ਦੀ ਭੂਮਿਕਾ ਮੁਲਾਜ਼ਮ ਹੱਕਾਂ ਲਈ ਲੰਮੇ ਸਮੇਂ ਤੋਂ ਪੈਰਵਾਈ ਕਰਦੇ ਆ ਰਹੇ ਜ਼ਿਲ੍ਹਾ ਜਨਰਲ ਸਕੱਤਰ ਬਲਵੰਤ ਸਿੰਘ ਅਟਵਾਲ ਕਰਨਗੇ।ਇਸ ਆਉਂਦੀ ਮੀਟਿੰਗ ਵਿਚ ਪਿਛਲੇ ਦਿਨੀਂ ਅਕਾਲ ਚਲਾਣਾ ਕਰ ਗਏ ਪੈਨਸ਼ਨਰ ਸਾਥੀਆਂ ਨੂੰ ਸ਼ਰਧਾਂਜਲੀ ਭੇਟ ਕੀਤੀ ਜਾਵੇਗੀ।ਆਪਣੀ ਸੇਵਾ ਮੁਕਤ ਤੋਂ ਬਾਅਦ ਕਰੀਬ ਚੌਦਾਂ ਸਾਲ ਤੋਂ ਲਗਾਤਾਰ ਜ਼ਿਲ੍ਹਾ ਪ੍ਰੈੱਸ ਸਕੱਤਰ ਵਜੋਂ ਸੇਵਾਵਾਂ ਨਿਭਾਅ ਰਹੇ ਪ੍ਰਸਿੱਧ ਸਮਾਜ ਸੇਵਕ ਜਗਦੀਸ਼ ਰਾਏ ਢੋਸੀਵਾਲ ਨੇ ਪ੍ਰਧਾਨ ਸ਼ਰਮਾ ਵੱਲੋਂ ਦਿੱਤੀ ਉਕਤ ਜਾਣਕਾਰੀ ਪ੍ਰੈੱਸ ਨਾਲ ਸਾਂਝੀ ਕੀਤੀ।ਪ੍ਰਧਾਨ ਸ਼ਰਮਾ ਨੇ ਜ਼ਿਲ੍ਹੇ ਦੇ ਸਮੂਹ ਪੈਨਸ਼ਨਰਾਂ ਨੂੰ ਇਸ ਮਾਸਿਕ ਮੀਟਿੰਗ ਵਿੱਚ ਸਮੇਂ ਸਿਰ ਸ਼ਾਮਲ ਹੋਣ ਦੀ ਅਪੀਲ ਕੀਤੀ।

### ਧੋਖਾਧੜੀ ਦੇ ਦੋਸ਼ 'ਚ ਕਾਰੋਬਾਰੀ ਵਿਰੁੱਧ ਕੇਸ ਦਰਜ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਮੰਡੀ ਗੋਬਿੰਦਗੜ੍ਹ ਪੁਲਸ ਵੱਲੋਂ ਇੱਕ ਕਾਰੋਬਾਰੀ ਦੀ ਸ਼ਿਕਾਇਤ 'ਤੇ ਪਿੰਜੌਰ ਦੇ ਇੱਕ ਕਾਰੋਬਾਰੀ ਖ਼ਿਲਾਫ਼ ਧੋਖਾਧੜੀ ਦੇ ਦੋਸ਼ਾਂ ਤਹਿਤ ਕੇਸ ਦਰਜ ਕੀਤੇ ਜਾਣ ਦਾ ਸਮਾਚਾਰ ਹੈ।ਪ੍ਰਾਪਤ ਹੋਈ ਜਾਣਕਾਰੀ ਅਨੁਸਾਰ ਸੀਨੀਅਰ ਪੁਲਸ ਅਧਿਕਾਰੀ ਨੂੰ ਦਿੱਤੀ ਦਰਖ਼ਾਸਤ ਵਿੱਚ ਮੰਡੀ ਗੋਬਿੰਦਗੜ੍ਹ ਦੇ ਭਗਵਾਨ ਦਾਸ ਨਾਮਕ ਕਾਰੋਬਾਰੀ ਨੇ ਦੋਸ਼ ਲਗਾਏ ਸਨ ਕਿ ਪਿੰਜੌਰ (ਹਰਿਆਣਾ) ਵਿਖੇ ਸਟੀਲ ਇੰਡਸਟਰੀ ਚਲਾ ਰਹੇ ਸੰਜੀਵ ਕੁਮਾਰ ਗਰਗ ਨੇ ਆਪਣੀ ਫਰਮ ਲਈ ਉਨ੍ਹਾਂ ਤੋਂ ਵੱਖ ਵੱਖ ਤਰੀਕਾਂ ਨੂੰ ਫਿਨਿਸ਼ ਗੁੱਡ ਦਾ ਮਾਲ ਖਰੀਦਿਆ ਸੀ, ਜਿਸ ਦੀ ਕੁੱਲ ਕੀਮਤ 58,49,229/- ਰੁਪਏ ਬਣਦੀ ਹੈ।ਸ਼ਿਕਾਇਤਕਰਤਾ ਨੇ ਦੋਸ਼ ਲਗਾਏ ਕਿ ਉਨ੍ਹਾਂ ਤੋਂ ਮੰਗਵਾਏ ਗਏ ਮਾਲ ਦੀ ਅਦਾਇਗੀ ਨਾ ਕਰਕੇ ਸੰਜੀਵ ਕੁਮਾਰ ਗਰਗ ਨੇ ਉਨ੍ਹਾਂ ਨਾਲ ਧੋਖਾਧੜੀ ਕੀਤੀ ਹੈ।ਦਰਖ਼ਾਸਤ ਦੀ ਪੜਤਾਲ ਉਪਰੰਤ ਸੰਜੀਵ ਕੁਮਾਰ ਗਰਗ ਵਾਸੀ ਪਿੰਜੌਰ (ਹਰਿਆਣਾ) ਵਿਰੁੱਧ ਅ/ਧ 420 ਆਈ.ਪੀ.ਸੀ. ਤਹਿਤ ਮੁਕੱਦਮਾ ਦਰਜ ਕਰਕੇ ਥਾਣਾ ਮੰਡੀ ਗੋਬਿੰਦਗੜ੍ਹ ਦੀ ਪੁਲਸ ਨੇ ਮਾਮਲੇ ਦੀ ਤਫਤੀਸ਼ ਸ਼ੁਰੂ ਕਰ ਦਿੱਤੀ ਹੈ।

# ਕੈਬਨਿਟ ਮੰਤਰੀ ਸੌਂਦ ਨੇ ਕਣਕ ਖਰੀਦ ਦੀ ਸ਼ੁਰੂਆਤ ਕਰਵਾਈ



**ਖੰਨਾ (ਸੁਖਵਿੰਦਰ ਸਿੰਘ ਭਾਦਲਾ)**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬਾ ਸਰਕਾਰ ਨੇ ਮੌਜੂਦਾ ਕਣਕ ਖਰੀਦ ਸੀਜ਼ਨ ਦੌਰਾਨ ਕਿਸਾਨਾਂ ਦੀ ਮੱਦਦ ਲਈ ਪੁਖ਼ਤਾ ਪ੍ਰਬੰਧ ਕੀਤੇ ਹਨ।ਸੂਬੇ ਨੂੰ ਅਪ੍ਰੈਲ ਮਹੀਨੇ ਲਈ 30973 ਕਰੋੜ ਰੁਪਏ ਦੀ ਨਕਦ ਕਰਜ਼ਾ ਹੱਦ (ਸੀ.ਸੀ.ਐੱਲ.) ਪ੍ਰਾਪਤ ਹੋਈ ਹੈ।ਇਸ ਤੋਂ ਇਲਾਵਾ ਸੂਬੇ ਕੋਲ 122 ਲੱਖ ਮੀਟ੍ਰਿਕ ਟਨ (ਐੱਲ.ਐੱਮ.ਟੀ.) ਕਣਕ ਦੀ ਖ਼ਰੀਦ ਦਾ ਟੀਚਾ ਹੈ, ਹਾਲਾਂਕਿ 132 ਐੱਲ.ਐੱਮ.ਟੀ. ਕਣਕ ਦੀ ਖਰੀਦ ਲਈ ਵਿਆਪਕ ਪ੍ਰਬੰਧ ਕੀਤੇ ਗਏ ਹਨ।

ਇਹ ਪ੍ਰਗਟਾਵਾ ਪੰਜਾਬ ਦੇ ਪੇਂਡੂ ਵਿਕਾਸ ਤੇ ਪੰਚਾਇਤ, ਕਿਰਤ ਤੇ ਸੈਰ ਸਪਾਟਾ ਤੇ ਸੱਭਿਆਚਾਰਕ ਮਾਮਲਿਆਂ ਬਾਰੇ ਮੰਤਰੀ ਸ੍ਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਏਸ਼ੀਆ ਦੀ ਸਭ ਤੋਂ ਵੱਡੀ ਅਨਾਜ ਮੰਡੀ ਖੰਨਾ ਵਿੱਚ ਵੀਰਵਾਰ ਨੂੰ ਕਣਕ ਦੀ ਖਰੀਦ ਸ਼ੁਰੂ ਕਰਵਾਉਣ ਮੌਕੇ ਕੀਤਾ।ਇਸ ਮੌਕੇ ਉਨ੍ਹਾਂ ਦੇ ਨਾਲ ਡਿਪਟੀ ਕਮਿਸ਼ਨਰ ਲੁਧਿਆਣਾ ਸ੍ਰੀ ਹਿਮਾਂਸ਼ੂ ਜੈਨ ਮੌਜੂਦ ਸਨ।ਹਲਕਾ ਖੰਨਾ ਤੋਂ ਵਿਧਾਇਕ ਕੈਬਨਿਟ ਮੰਤਰੀ ਤਰਨਪ੍ਰੀਤ ਸਿੰਘ ਸੌਂਦ ਕਿਹਾ ਕਿ ਇਸੇ ਤਰੀਕੇ ਨਾਲ ਅੱਜ ਅਸੀਂ ਨੌਵੇਂ ਖਰੀਦ ਸੀਜ਼ਨ ਵਿੱਚ ਪ੍ਰਕਿਰਿਆ ਸ਼ੁਰੂ ਕਰ ਚੁੱਕੇ ਹਾਂ।ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਤੇ ਖੁਰਾਕ, ਸਿਵਲ ਸਪਲਾਈ ਤੇ ਖਪਤਕਾਰ ਮਾਮਲੇ ਮੰਤਰੀ ਪੰਜਾਬ ਲਾਲ ਚੰਦ ਕਟਾਰੂਚੱਕ ਦੀ ਅਗਵਾਈ ਦੇ ਅੰਦਰ ਪੰਜਾਬ ਦੀਆਂ ਸਾਰੀਆਂ ਅਨਾਜ ਮੰਡੀਆਂ ਵਿੱਚੋਂ ਕਿਸਾਨਾਂ ਦੀ ਕਣਕ ਘੱਟੋ-ਘੱਟ ਸਮਰਥਨ ਮੁੱਲ (ਐੱਮ.ਐੱਸ.ਪੀ.) 2,585 ਰੁਪਏ ਪ੍ਰਤੀ ਕੁਇੰਟਲ ਦੇ ਹਿਸਾਬ ਨਾਲ ਖ਼ਰੀਦੀ ਜਾਵੇਗੀ ਤੇ ਚੁੱਕੀ ਹੋਈ ਕਣਕ ਦੀ ਫਸਲ ਦੀ ਅਦਾਇਗੀ ਕਿਸਾਨਾਂ ਨੂੰ 24 ਘੰਟੇ ਦੇ ਅੰਦਰ-ਅੰਦਰ ਉਨ੍ਹਾਂ ਦੇ ਬੈਂਕ ਖਾਤਿਆਂ ਵਿੱਚ ਕੀਤੀ ਜਾਵੇਗੀ।ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ ਨੇ ਕਿਹਾ ਕਿ ਜ਼ਿਲ੍ਹਾ ਲੁਧਿਆਣਾ ਦੀਆਂ ਅਨਾਜ ਮੰਡੀਆਂ ਵਿੱਚ ਸਟੋਰੇਜ, ਸਾਫ਼-ਸਫ਼ਾਈ, ਬਿਜਲੀ ਅਤੇ ਪੀਣ ਵਾਲੇ ਸਾਫ਼ ਪਾਣੀ ਤੇ ਬਾਥਰੂਮ ਆਦਿ ਦਾ ਪ੍ਰਬੰਧ ਕੀਤਾ ਗਿਆ ਹੈ।ਉਨ੍ਹਾਂ ਦੱਸਿਆ ਕਿ ਕਿਸਾਨ ਜਦੋਂ ਆਪਣੀ ਕਣਕ ਲੈ ਕੇ ਅਨਾਜ ਮੰਡੀ ਵਿੱਚ ਆਉਂਦਾ ਹੈ ਤਾਂ ਉਹ ਆਪਣੀ ਕਣਕ 24 ਘੰਟਿਆਂ ਦੇ ਵਿੱਚ-ਵਿੱਚ ਵੇਚ ਕੇ ਆਪਣੇ ਘਰ ਨੂੰ ਚਲਾ ਜਾਵੇਗਾ।ਕਿਸਾਨ ਤੋਂ ਖਰੀਦ ਕੀਤੀ ਗਈ ਕਣਕ ਦੀ ਅਦਾਇਗੀ 24 ਘੰਟਿਆਂ ਦੇ ਵਿੱਚ ਉਸ ਦੇ ਬੈਂਕ ਖਾਤੇ ਵਿੱਚ ਪਾ ਦਿੱਤੀ ਜਾਵੇਗੀ।

## ਅਮਰੀਕਾ ਦੁਨੀਆ 'ਤੇ ਆਪਣੀ ਧੌਂਸ ਜਮਾਉਣਾ ਚਾਹੁੰਦੈ : ਰਜਿੰਦਰ, ਨਰਿੰਦਰ, ਸਦੇਸ਼ ਕੁਮਾਰੀ

### ਪੰਜਾਬ ਇਸਤਰੀ ਸਭਾ ਦਾ ਪਾਰਟੀ ਸਕੂਲ ਅੱਜ ਤੋਂ



**ਫਾਜ਼ਿਲਕਾ (ਜੀਤ ਕੁਮਾਰ)**-ਪੰਜਾਬ ਇਸਤਰੀ ਸਭਾ ਦੀ ਸੂਬਾ ਪ੍ਰਧਾਨ ਰਜਿੰਦਰ ਪਾਲ ਕੌਰ, ਕਾਮਰੇਡ ਨਰਿੰਦਰ ਕੌਰ ਸੋਹਲ ਸਕੱਤਰ ਪੰਜਾਬ ਇਸਤਰੀ ਸਭਾ ਤੇ ਸੀ ਪੀ ਆਈ ਦੇ ਕੌਮੀ ਕੌਂਸਲ ਮੈਂਬਰ ਅਤੇ ਕਾਮਰੇਡ ਸਦੇਸ਼ ਕੁਮਾਰੀ ਪੰਜਾਬ ਇਸਤਰੀ ਸਭਾ ਦੀ ਕੌਂਸਲ ਮੈਂਬਰ ਨੇ ਇੱਥੇ ਭਾਰਤੀ ਕਮਿਊਨਿਸਟ ਪਾਰਟੀ ਦੀ ਕੌਂਸਲ ਮੀਟਿੰਗ ਤੋਂ ਬਾਅਦ ਪ੍ਰੈਸ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ ਅਮਰੀਕਾ ਦੁਨੀਆ 'ਤੇ ਆਪਣੀ ਧੌਂਸ ਜਮਾਉਣਾ ਚਾਹੁੰਦਾ ਹੈ, ਜੋ ਅਤਿ ਨਿੰਦਣਯੋਗ ਹੈ।ਇਸੇ ਤਹਿਤ ਉਹ ਤੇਲ ਉਤਪਾਦਕ ਦੇਸ਼ਾਂ 'ਤੇ ਕਬਜ਼ਾ ਕਰਕੇ ਦੁਨੀਆ ਦੇ ਤੇਲ ਦੇ ਕਾਰੋਬਾਰ ਨੂੰ ਆਪਣੇ ਕੰਟਰੋਲ ਹੇਠ ਕਰਕੇ ਦੂਜੇ ਮੁਲਕਾਂ ਦੇ ਖਣਿਜ ਪਦਾਰਥਾਂ ਦੀ ਲੁੱਟ ਕਰਨ ਦੀਆਂ ਵਿਉਂਤਾਂ ਬਣਾ ਕੇ ਉਨ੍ਹਾਂ 'ਤੇ ਫ਼ੌਜੀ ਕਾਰਵਾਈਆਂ ਕਰ ਰਿਹਾ ਹੈ।ਉਨ੍ਹਾਂ ਵੈਨੇਜ਼ੁਏਲਾ ਤੇ ਈਰਾਨ ਉੱਤੇ ਕੀਤੇ ਹਮਲਿਆਂ ਦੀ ਨਿੰਦਾ ਕੀਤੀ ਤੇ ਈਰਾਨ, ਅਮਰੀਕਾ ਇਜ਼ਰਾਇਲ ਵਿਚਕਾਰ ਹੋਈ ਗੋਲੀਬੰਦੀ ਦੌਰਾਨ ਈਰਾਨ ਦੇ ਲੋਕਾਂ ਨਾਲ ਹਮਦਰਦੀ ਪ੍ਰਗਟ ਕੀਤੀ। ਇਸ ਦੌਰਾਨ ਉਨ੍ਹਾਂ ਈਰਾਨੀ ਲੋਕਾਂ ਦੀ ਦੇਸ਼ ਪ੍ਰੇਮ ਦੀ ਸ਼ਲਾਘਾ ਕਰਦੇ ਹੋਏ ਦੱਸਿਆ ਕਿ ਅਜਿਹੀਆਂ ਮਿਸਾਲਾਂ ਦੁਨੀਆ ਦੇ ਇਤਿਹਾਸ ਵਿੱਚ ਬਹੁਤ ਘੱਟ ਮਿਲਦੀਆਂ ਹਨ।ਇਸੇ ਦੌਰਾਨ ਉਨ੍ਹਾਂ ਦੱਸਿਆ ਕਿ ਪੰਜਾਬ ਇਸਤਰੀ ਸਭਾ ਦਾ ਪਾਰਟੀ ਸਕੂਲ 10 ਅਪ੍ਰੈਲ ਤੋਂ 12 ਅਪ੍ਰੈਲ ਤੱਕ ਭਾਰਤੀ ਕਮਿਊਨਿਸਟ ਪਾਰਟੀ ਦਫਤਰ ਚੰਡੀਗੜ੍ਹ ਵਿੱਚ ਲਗਾਇਆ ਜਾ ਰਿਹਾ ਹੈ।ਉਨ੍ਹਾਂ ਪੰਜਾਬ ਦੀਆਂ ਇਸਤਰੀਆਂ ਨੂੰ ਅਪੀਲ ਕਰਦੇ ਹੋਏ ਕਿਹਾ ਕਿ ਉਹ ਵੱਧ ਤੋਂ ਵੱਧ ਸਕੂਲ ਵਿੱਚ ਆ ਕੇ ਹਾਜ਼ਰੀ ਲਵਾਉਣ, ਦੇਸ਼ ਤੇ ਦੁਨੀਆ ਦੇ ਹਾਲਾਤ ਤੋਂ ਜਾਣੂ ਹੋਣ।

# ਬਰਿੰਦਰ ਗੋਇਲ ਵੱਲੋਂ ਪੀ ਏ ਯੂ 'ਚ ਕੇਂਦਰੀ ਧਰੁਵੀ ਸਿੰਚਾਈ ਪ੍ਰਣਾਲੀ ਦਾ ਉਦਘਾਟਨ



**ਲੁਧਿਆਣਾ (ਰਾਜ ਸਿੰਗਲਾ)**

ਪੰਜਾਬ ਦੇ ਮਿੱਟੀ ਤੇ ਜਲ ਸੰਭਾਲ, ਖਾਣਾਂ ਤੇ ਭੂ-ਵਿਗਿਆਨ ਤੇ ਜਲ ਸਰੋਤ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਪੰਜਾਬ ਖੇਤੀਬਾੜੀ ਯੂਨੀਵਰਸਿਟੀ (ਪੀ.ਏ.ਯੂ) ਲੁਧਿਆਣਾ ਵਿਖੇ ਸੂਬੇ ਦੇ ਪਹਿਲੇ ਕੇਂਦਰੀ ਧਰੁਵੀ ਸਿੰਚਾਈ ਪ੍ਰਣਾਲੀ ਦਾ ਉਦਘਾਟਨ ਕੀਤਾ। ਇਹ ਉੱਤਰੀ ਭਾਰਤ ਵਿੱਚ ਆਧੁਨਿਕ, ਸਵੈਚਾਲਿਤ ਸਿੰਚਾਈ ਤਕਨਾਲੋਜੀ ਦੀ ਪਹਿਲੀ ਸਥਾਪਨਾ ਹੈ।ਇਸ ਮੌਕੇ ਪੀ.ਏ.ਯੂ. ਦੇ ਵਾਈਸ ਚਾਂਸਲਰ ਡਾ. ਸਤਬੀਰ ਸਿੰਘ ਗੋਸਲ, ਡੀ.ਜੀ.ਐੱਮ. ਨਾਬਾਰਡ ਅਮਿਤ ਗਰਗ ਤੇ ਹੋਰ ਮੌਜੂਦ ਸਨ।ਪ੍ਰਗਤੀਸ਼ੀਲ ਕਿਸਾਨ, ਵਿਗਿਆਨੀ, ਫੈਕਲਟੀ ਮੈਂਬਰ ਅਤੇ ਮਿੱਟੀ ਤੇ ਜਲ ਸੰਭਾਲ, ਖੇਤੀਬਾੜੀ, ਬਾਗਬਾਨੀ ਅਤੇ ਹੋਰ ਸਹਿਯੋਗੀ ਵਿਭਾਗਾਂ ਦੇ ਸੀਨੀਅਰ ਅਧਿਕਾਰੀ ਵੀ ਉਦਘਾਟਨ ਸਮਾਰੋਹ ਵਿੱਚ ਸ਼ਾਮਲ ਹੋਏ।

ਇਸ ਮੌਕੇ ਬੋਲਦਿਆਂ ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਵਿਗਿਆਨੀਆਂ, ਅਧਿਕਾਰੀਆਂ ਅਤੇ ਵਿਦਿਆਰਥੀਆਂ ਨੂੰ ਆਰਟੀਫੀਸ਼ੀਅਲ ਇੰਟੈਲੀਜੈਂਸ (ਏ ਆਈ) ਦੇ ਉੱਭਰ ਰਹੇ ਯੁੱਗ ਵਿੱਚ ਨਵੀਨਤਾ 'ਤੇ ਧਿਆਨ ਕੇਂਦਰਿਤ ਕਰਨ ਤੇ ਅਤਿ-ਆਧੁਨਿਕ ਖੇਤੀ ਤਕਨਾਲੋਜੀਆਂ ਨੂੰ ਅਪਣਾਉਣ ਦੀ ਅਪੀਲ ਕੀਤੀ।ਉਨ੍ਹਾਂ ਪੰਜਾਬ ਵਿੱਚ ਭੂਮੀਗਤ ਪਾਣੀ ਦੀ ਨਾਜ਼ੁਕ ਸਥਿਤੀ ਨੂੰ ਉਜਾਗਰ ਕਰਦਿਆਂ ਪਾਣੀ ਦੀ ਸੰਭਾਲ ਲਈ ਆਧੁਨਿਕ ਸਿੰਚਾਈ ਤਰੀਕਿਆਂ ਨੂੰ ਉਤਸ਼ਾਹਤ ਕਰਨ ਦੀ ਤੁਰੰਤ ਲੋੜ 'ਤੇ ਜ਼ੋਰ ਦਿੱਤਾ।ਬਰਿੰਦਰ ਗੋਇਲ ਨੇ ਪੰਜਾਬ ਸਰਕਾਰ ਦੀ ਭੂਮੀਗਤ ਪਾਣੀ ਦੀ ਸੰਭਾਲ ਪ੍ਰਤੀ ਦ੍ਰਿੜ੍ਹ ਵਚਨਬੱਧਤਾ ਨੂੰ ਦੁਹਰਾਉਂਦਿਆਂ ਖੇਤੀਬਾੜੀ ਵਿੱਚ ਸਤਹੀ ਪਾਣੀ ਦੀ ਵਰਤੋਂ ਵਧਾਉਣ ਵਿੱਚ ਕੀਤੀਆਂ ਗਈਆਂ ਮਹੱਤਵਪੂਰਨ ਪ੍ਰਗਤੀਆਂ ਦੀ ਸ਼ਲਾਘਾ ਕੀਤੀ।

ਉਨ੍ਹਾਂ ਪੰਜਾਬ ਦੇ ਖੇਤੀਬਾੜੀ ਤੇ ਪੇਂਡੂ ਬੁਨਿਆਦੀ ਢਾਂਚੇ ਦੇ ਖੇਤਰਾਂ ਵਿੱਚ ਨਾਬਾਰਡ ਦੁਆਰਾ ਲਾਗੂ ਕੀਤੀਆਂ ਜਾ ਰਹੀਆਂ ਵੱਖ-ਵੱਖ ਯੋਜਨਾਵਾਂ ਤੇ ਪ੍ਰੋਗਰਾਮਾਂ 'ਤੇ ਚਾਨਣਾ ਪਾਇਆ।ਉਨ੍ਹਾਂ ਨੇ ਇਸ ਤਰ੍ਹਾਂ ਦੀਆਂ ਨਵੀਨਤਾਕਾਰੀ ਅਤੇ ਮਾਰਗ-ਤੋੜਨ ਵਾਲੀਆਂ ਪਹਿਲਕਦਮੀਆਂ ਲਈ ਪੂਰਾ ਸਮਰਥਨ ਦੇਣ ਦਾ ਭਰੋਸਾ ਦਿੱਤਾ, ਨਾਲ ਹੀ ਚੱਲ ਰਹੇ ਅਤੇ ਆਉਣ ਵਾਲੇ ਪ੍ਰੋਜੈਕਟਾਂ ਲਈ ਨਿਰੰਤਰ ਸਹਾਇਤਾ ਵੀ ਦਿੱਤੀ।

# ਡਾ. ਅੰਬੇਡਕਰ ਦੇ ਆਗਮਨ ਦਿਵਸ ਨੂੰ ਸਮਰਪਤ ਕਨਵੈਨਸ਼ਨ 15 ਨੂੰ : ਚੌਹਾਨ/ਉੱਡਤ

**ਚਾਰ ਲੇਬਰ ਕੋਡ ਤੇ ਬੀ ਵੀ ਜੀ ਰਾਮ ਜੀ ਕਾਨੂੰਨ 'ਤੇ ਹੋਵੇਗੀ ਚਰਚਾ**



**ਮਾਨਸਾ (ਆਤਮਾ ਸਿੰਘ ਪਮਾਰ)**-ਭਾਰਤੀ ਸੰਵਿਧਾਨ ਦੇ ਨਿਰਮਾਤਾ ਤੇ ਭਾਰਤ ਰਤਨ ਬਾਬਾ ਸਾਹਿਬ ਡਾ. ਬੀ ਆਰ ਅੰਬੇਡਕਰ ਦੇ 135ਵੇਂ ਆਗਮਨ ਦਿਵਸ ਮੌਕੇ ਵਿਸ਼ਾਲ ਕਨਵੈਨਸ਼ਨ 15 ਅਪ੍ਰੈਲ ਨੂੰ ਤੇਜ਼ਾ ਸਿੰਘ ਸੁਤੰਤਰ ਭਵਨ ਮਾਨਸਾ ਵਿਖੇ ਹੋਵੇਗੀ।ਪ੍ਰੈਸ ਬਿਆਨ ਜਾਰੀ ਕਰਦਿਆਂ ਪੰਜਾਬ ਖੇਤ ਮਜ਼ਦੂਰ ਸਭਾ ਦੇ ਸੂਬਾਈ ਆਗੂ ਕਾਮਰੇਡ ਕ੍ਰਿਸ਼ਨ ਸਿੰਘ ਚੌਹਾਨ ਤੇ ਏਟਕ ਦੇ ਸੂਬਾਈ ਆਗੂ ਐਡਵੋਕੇਟ ਕੁਲਵਿੰਦਰ ਉੱਡਤ ਨੇ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਸੰਵਿਧਾਨ ਨੂੰ ਅਣਗੌਲਿਆ ਕਰਕੇ ਕਿਰਤ ਕਾਨੂੰਨਾਂ 'ਚ ਸੋਧਾਂ ਤਹਿਤ ਕਿਰਤ ਵਿਰੋਧੀ ਤੇ ਸਰਮਾਏਦਾਰਾਂ ਪੱਖੀ ਨੀਤੀਆਂ ਨੂੰ ਧੜਾਧੜ ਲਾਗੂ ਕੀਤਾ ਜਾ ਰਿਹਾ ਹੈ।ਕਿਰਤੀਆਂ ਪੱਖੀ ਬਣੇ ਕਿਰਤ ਕਾਨੂੰਨਾਂ ਨੂੰ ਰੱਦ ਕਰਕੇ ਚਾਰ ਲੇਬਰ ਕੋਡ ਮੋਦੀ ਸਰਕਾਰ ਵੱਲੋਂ ਲਾਗੂ ਕੀਤੇ ਜਾ ਚੁੱਕੇ ਹਨ।1 ਅਪ੍ਰੈਲ ਤੋਂ 8 ਘੰਟੇ ਕੰਮ ਦਿਹਾੜੀ ਸਮਾ 12 ਘੰਟੇ ਦਾ ਕਾਨੂੰਨ ਲਾਗੂ ਹੋ ਚੁੱਕਾ ਹੈ।ਆਮ ਲੋਕਾਂ ਕਿਰਤੀਆਂ ਮਜ਼ਦੂਰਾਂ, ਮੁਲਾਜ਼ਮਾ ਦੀ ਕਿਰਤ ਦੀ ਲੁੱਟ ਕਰਨ ਤੇ ਕਾਰਪੋਰੇਟ ਘਰਾਣਿਆਂ ਨੂੰ ਲਾਭ ਪਹੁੰਚਾਉਣਾ ਸਰਕਾਰ ਦਾ ਮਨੋਰਥ ਬਣ ਚੁੱਕਾ ਹੈ।ਪੁਰਾਣੇ ਮਨਰੇਗਾ ਕਾਨੂੰਨ 'ਚ ਬੇਮਿਸਾਲ ਊਣਤਾਈਆਂ ਹੋਣ ਦੇ ਬਾਵਜੂਦ ਕਰੋੜਾਂ ਕਿਰਤੀਆਂ ਨੂੰ ਰੁਜ਼ਗਾਰ ਮੁਹੱਈਆ ਹੁੰਦਾ ਸੀ, ਜੋ ਨਵੇਂ ਬਣੇ ਬੀ ਵੀ ਜੀ ਰਾਮ ਜੀ ਕਾਨੂੰਨ ਤਹਿਤ ਪੰਚਾਇਤਾਂ ਤੇ ਮਹਿਕਮੇ ਨੂੰ ਨਿਹੱਥੇ ਕਰ ਸਿਧਾ ਕੰਮ ਸੈਂਟਰ ਨਾਲ ਜੋੜਣ ਕਰਕੇ ਗਰੀਬ ਲੋਕਾਂ ਦੇ ਰੁਜ਼ਗਾਰ ਹੱਕ ਮਰਿਆ ਗਿਆ ਹੈ।

ਆਗੂਆਂ ਨੇ ਕਿਹਾ ਕਿ ਆਮ ਲੋਕਾਂ ਨੂੰ ਚੇਤਨ ਕਰਨ ਸਬੰਧੀ 15 ਅਪ੍ਰੈਲ ਨੂੰ ਸਵੇਰੇ 10-30 ਵਜੇ ਤੇਜ਼ਾ ਸਿੰਘ ਸੁਤੰਤਰ ਭਵਨ ਮਾਨਸਾ ਵਿਖੇ ਉੱਘੇ ਚਿੰਤਕ ਨਿਰਮਲ ਸਿੰਘ ਧਾਲੀਵਾਲ ਤੇ ਸਾਬਕਾ ਵਿਧਾਇਕ ਕਾਮਰੇਡ ਹਰਦੇਵ ਸਿੰਘ ਅਰਸ਼ੀ ਵਿਸ਼ੇਸ਼ ਤੌਰ 'ਤੇ ਕਨਵੈਨਸ਼ਨ ਨੂੰ ਸੰਬੋਧਨ ਕਰਨਗੇ।ਇਸ ਮੌਕੇ ਵੇਦ ਪ੍ਰਕਾਸ਼ ਬੁਢਲਾਡਾ, ਕੇਵਲ ਸਿੰਘ ਸਮਾਓਂ, ਸੀਤਾਰਾਮ ਗੋਬਿੰਦਪੁਰਾ, ਜਗਸੀਰ ਸਿੰਘ ਰਾਏਕੇ, ਪੂਰਨ ਸਿੰਘ ਸਰਦੂਲਗੜ੍ਹ, ਨਰੇਸ਼ ਕੁਮਾਰ ਬੁਰਜ ਹਰੀ, ਕਰਨੈਲ ਸਿੰਘ ਭੀਖੀ, ਜੀਤ ਰਾਮ ਆਦਿ ਆਗੂ ਹਾਜ਼ਰ ਸਨ।

# ਮਜੀਠੀਆ ਤੇ ਸੁਰਜੀਤ ਕੌਰ ਬਰਨਾਲਾ ਸਮੇਤ ਦਰਜਨਾਂ ਆਗੂਆਂ ਵੱਲੋਂ ਲਾਲ ਸਿੰਘ ਦੇ ਸਦੀਵੀ ਵਿਛੋੜੇ 'ਤੇ ਪਰਵਾਰ ਨਾਲ ਦੁੱਖ ਸਾਂਝਾ

**ਲਾਲ ਸਿੰਘ ਦੇ ਚਲੇ ਜਾਣ ਨਾਲ ਰਾਜਨੀਤੀ ਦੇ ਇਕ ਸੁਨਹਿਰੀ ਯੁਗ ਦਾ ਅੰਤ ਹੋ ਗਿਆ : ਮਜੀਠੀਆ**



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਸਾਬਕਾ ਕੈਬਨਿਟ ਮੰਤਰੀ ਬਿਕਰਮ ਸਿੰਘ ਮਜੀਠੀਆ, ਪੀ ਐੱਸ ਓਬਰਾਏ, ਵਿਧਾਇਕ ਦੇਵ ਸਿੰਘ ਮਾਨ ਸਾਬਕਾ ਮੁੱਖ ਮੰਤਰੀ ਤੇ ਗਵਰਨਰ ਸੁਰਜੀਤ ਸਿੰਘ ਬਰਨਾਲਾ ਦੀ ਧਰਮ ਪਤਨੀ, ਮੈਂਬਰ ਲੋਕ ਸਭਾ ਸ਼ੇਰ ਸਿੰਘ ਘੁਬਾਇਆ, ਪ੍ਰਕਾਸ਼ ਸਿੰਘ ਬੱਲੂਆਣਾ, ਅਕਾਲੀ ਆਗੂ ਸਰਬਜੀਤ ਸਿੰਘ ਝਿੰਜਰ ਸਾਬਕਾ ਵਿਧਾਇਕ ਹਰਦਿਆਲ ਸਿੰਘ ਕੰਬੋਜ਼, ਸਾਬਕਾ ਵਿਧਾਇਕ ਜਸਬੀਰ ਸਿੰਘ ਗਿੱਲ , ਸਾਬਕਾ ਵਿਧਾਇਕ ਕੁਸ਼ਲ ਦੀਪ ਢਿਲੋਂ,ਗੁਰਇਕਬਲ ਕੌਰ ਸਾਬਕਾ ਵਿਧਾਇਕ, ਅੰਗਦ ਸਿੰਘ ਨਵਾਂ ਸ਼ਹਿਰ ਸਮੇਤ ਹੋਰ ਪੰਜਾਬ ਦੀਆਂ ਰਾਜਨੀਤਕ ਪਾਰਟੀਆਂ ਦੇ ਆਗੂਆਂ, ਮੌਜੂਦਾ ਤੇ ਸਾਬਕਾ ਮੰਤਰੀਆਂ, ਵਿਧਾਇਕਾਂ, ਮੈਂਬਰ ਲੋਕ ਸਭਾ, ਪ੍ਰਸ਼ਾਸਨ ਦੇ ਉੱਚ ਅਧਿਕਾਰੀਆਂ, ਸਮਾਜ ਸੇਵੀ ਸੰਸਥਾਵਾਂ ਦੇ ਮੁਖੀਆਂ ਵੱਲੋਂ ਟਕਸਾਲੀ ਕਾਂਗਰਸੀ ਤੇ ਸਾਬਕਾ ਕੈਬਨਿਟ ਮੰਤਰੀ ਸਵ: ਲਾਲ ਸਿੰਘ ਦੇ ਸਦੀਵੀ ਵਿਛੋੜੇ 'ਤੇ ਉਨ੍ਹਾਂ ਦੇ ਗ੍ਰਹਿ ਵਿਖੇ ਪੁੱਜ ਕੇ ਸਾਬਕਾ ਵਿਧਾਇਕ ਸਮਾਣਾ ਰਜਿੰਦਰ ਸਿੰਘ, ਪਬਲਿਕ ਸਰਵਿਸ ਕਮਿਸ਼ਨ ਦੀ ਸਾਬਕਾ ਮੈਂਬਰ ਬੀਬਾ ਰਵਿੰਦਰ ਕੌਰ, ਰਵੀ ਤਮਨ, ਰਾਜ ਸਿੰਘ ਤੇ ਹੋਰ ਦੂਸਰੇ ਪਰਿਵਾਰਕ ਮੈਂਬਰਾਂ ਨਾਲ ਆਪਣੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ।

ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਬਿਕ੍ਰਮ ਮਜੀਠੀਆ ਨੇ ਸਵ: ਲਾਲ ਸਿੰਘ ਨੂੰ ਆਪਣੀ ਸ਼ਰਧਾ ਦੇ ਫੁੱਲ ਭੇਟ ਕਰਦੇ ਹੋਏ ਕਿਹਾ ਕਿਹਾ ਕਿ ਟਕਸਾਲੀ ਕਾਂਗਰਸੀ ਆਗੂ ਲਾਲ ਸਿੰਘ ਇਕ ਦਿੱਗਜ਼ ਤੇ ਨਿਰ-ਵਿਵਾਦਤ ਲੀਡਰ ਸਨ, ਜਿਨ੍ਹਾਂ ਦੇ ਜਾਣ ਨਾਲ ਰਾਜਨੀਤੀ ਦੇ ਇੱਕ ਸੁਨਹਿਰੀ ਯੁੱਗ ਦਾ ਅੰਤ ਹੋ ਗਿਆ ਹੈ। ਉਨ੍ਹਾਂ ਕਿਹਾ ਕਿ ਸਵ: ਲਾਲ ਸਿੰਘ, ਜਿਨ੍ਹਾਂ ਦਾ ਸਮੁੱਚਾ ਜੀਵਨ ਸਾਰਿਆਂ ਲਈ ਪ੍ਰੇਰਨਾ ਦਾ ਮਾਰਗ ਹੈ, ਉਨ੍ਹਾਂ ਵੱਲੋਂ ਪਾਰਟੀ ਪ੍ਰਤੀ ਸਮਰਪਤ ਦੀ ਭਾਵਨਾ ਸਾਰਿਆਂ ਨੂੰ ਇਸ ਗੱਲ ਵੱਲ ਪ੍ਰੇਰਣਾ ਹੈ ਕਿ ਪਾਰਟੀ ਪ੍ਰਤੀ ਹਮੇਸ਼ਾ ਵਫ਼ਾਦਾਰ ਰਹਿਣ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਲਾਲ ਸਿੰਘ ਨੇ ਹਮੇਸ਼ਾ ਰਾਜਨੀਤੀ ਤੋਂ ਉੱਪਰ ਉੱਠ ਕੇ ਪੰਜਾਬ ਦੇ ਲੋਕ ਹਿੱਤਾਂ 'ਤੇ ਪਹਿਰਾ ਦਿੱਤਾ। ਉਨ੍ਹਾਂ ਨੇ ਸਰਦਾਰ ਲਾਲ ਸਿੰਘ ਨੂੰ ਆਪਣੀ ਸ਼ਰਧਾ ਦੇ ਫੁੱਲ ਭੇਟ ਕਰਦੇ ਹੋਏ ਕਿਹਾ ਕਿ ਉਹ ਬਹੁਪੱਖੀ ਸ਼ਖ਼ਸੀਅਤ ਦੇ ਇਨਸਾਨ ਸਨ, ਅਜਿਹੇ ਇਨਸਾਨ ਨੂੰ ਪ੍ਰਮਾਤਮਾ ਆਪਣੇ ਚਰਨਾਂ 'ਚ ਨਿਵਾਸ ਬਖ਼ਸ਼ਣ ਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਪ੍ਰਦਾਨ ਕਰਨ।ਇਸ ਮੌਕੇ ਦਮੋਦਰ ਸਿੰਘ, ਸੋਮਪਾਲ ਸਿੰਘ, ਹਰਮੇਲ ਸਿੰਘ ਮਕੌਰੜ, ਨਾਇਬ ਸਿੰਘ ਭਾਨਰੀ, ਰਾਜ ਕੁਮਾਰ ਡਕਾਲਾ, ਤਰਸੇਮ ਸਿੰਘ ਝੰਡੀ, ਨੰਬਰਦਾਰ ਹਰਵਿੰਦਰ ਸਿੰਘ ਬੀਬੀਪੁਰ, ਜਤਿੰਦਰ ਕੰਬੋਜ਼, ਹੈਪੀ ਧਾਲੀਵਾਲ, ਮੇਜ਼ਰ ਕੰਬੋਜ, ਸਚਿਨ ਕੰਬੋਜ, ਸੰਦੀਪ ਸੋਨੀ, ਸਤਬੀਰ ਸਿੰਘ, ਗੁਰਪ੍ਰੀਤ ਸਿੰਘ ਕਾਕਾ ਜਲਾਲਪੁਰ, ਹੈਪੀ ਗੇਠ ਖੇੜੀ, ਜ਼ੋਨੀ ਮਰਦਾਂਹੇੜੀ ਤੋਂ ਇਲਾਵਾ ਹੋਰ ਬਹੁਤ ਸਾਰੇ ਆਗੂ ਇਸ ਸਮੇਂ ਹਾਜ਼ਰ ਸਨ।

## ਲਾਲ ਸਿੰਘ ਦਾ ਵਿਛੋੜਾ ਪਰਵਾਰ ਤੇ ਕਾਂਗਰਸ ਲਈ ਵੱਡਾ ਘਾਟਾ : ਹਰਦਿਆਲ ਕੰਬੋਜ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਪ੍ਰਦੇਸ਼ ਕਾਂਗਰਸ ਦੇ ਸੀਨੀਅਰ ਆਗੂ ਤੇ ਰਾਜਪੁਰਾ ਦੇ ਸਾਬਕਾ ਵਿਧਾਇਕ ਹਰਦਿਆਲ ਸਿੰਘ ਕੰਬੋਜ ਨੇ ਸਵ. ਲਾਲ ਸਿੰਘ ਦੇ ਅਕਾਲ ਚਲਾਣੇ ਤੋਂ ਬਾਅਦ ਉਨ੍ਹਾਂ ਦੇ ਪਟਿਆਲਾ ਵਿਖੇ ਸਵ: ਲਾਲ ਸਿੰਘ ਦੀ ਰਿਹਾਇਸ਼ 'ਤੇ ਜਾ ਕੇ ਉਨ੍ਹਾਂ ਦੇ ਸਪੁੱਤਰ ਸਾਬਕਾ ਐਮ ਐੱਲ ਏ ਰਾਜਿੰਦਰ ਸਿੰਘ, ਪੰਜਾਬ ਸਰਵਿਸ ਸਲੈਕਸ਼ਨ ਬੋਰਡ ਦੀ ਸਾਬਕਾ ਮੈਂਬਰ ਬੀਬਾ ਰਵਿੰਦਰ ਕੌਰ ਤੇ ਹੋਰ ਪਰਵਾਰ ਨਾਲ ਆਪਣਾ ਦੁੱਖ ਸਾਂਝਾ ਕੀਤਾ। ਇਸ ਮੌਕੇ ਕੰਬੋਜ ਨੇ ਕਿਹਾ ਕਿ ਲਾਲ ਸਿੰਘ ਸਾਡੇ ਸਾਰਿਆਂ ਲਈ ਪ੍ਰੇਰਨਾ ਸਰੋਤ ਸਨ। ਉਨ੍ਹਾਂ ਕਿਹਾ ਕਿ ਲਾਲ ਸਿੰਘ ਇਕ ਬੁੱਧੀਮਾਨ, ਸਭ ਧਰਮਾਂ ਤੇ ਪਾਰਟੀਆਂ ਦੇ ਆਗੂਆਂ ਦਾ ਸਤਿਕਾਰ ਕਰਨ ਵਾਲੇ ਇਕ ਗ਼ੈਰ-ਵਿਵਾਦਿਤ ਰਾਜਸੀ ਆਗੂ ਸਨ ਸਨ, ਜਿਨ੍ਹਾਂ ਨੇ ਹਮੇਸ਼ਾ ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਲੋਕ ਹਿੱਤਾਂ ਲਈ ਕੰਮ ਕੀਤਾ।ਉਨ੍ਹਾਂ ਕਿਹਾ ਕਿ ਲਾਲ ਸਿੰਘ ਨੇ ਪੰਜਾਬ ਤੇ ਸਮਾਜ ਦੀ ਮਜ਼ਬੂਤੀ ਲਈ ਵੱਡਾ ਯੋਗਦਾਨ ਪਾਇਆ ਤੇ ਉਨ੍ਹਾਂ ਦੇ ਵਿਰੋਧੀਆਂ ਨਾਲ ਵੀ ਹਮੇਸ਼ਾ ਸੁਖਾਵੇਂ ਸਬੰਧ ਰਹੇ। ਉਨ੍ਹਾਂ ਕਿਹਾ ਕਿ ਲਾਲ ਸਿੰਘ ਦੇ ਚਲੇ ਜਾਣ ਨਾਲ ਜਿੱਥੇ ਪਰਵਾਰ ਨੂੰ ਵੱਡਾ ਘਾਟਾ ਪਿਆ ਹੈ, ਉੱਥੇ ਪੰਜਾਬ ਨੂੰ ਇਕ ਚੰਗੇ ਰਾਜ ਨੇਤਾ ਦੀ ਘਾਟ ਪੈ ਗਈ ਹੈ। ਇਸ ਮੌਕੇ ਉਨ੍ਹਾਂ ਪਰਿਵਾਰ ਨਾਲ ਆਪਣਾ ਦੁੱਖ ਸਾਂਝਾ ਕਰਦਿਆਂ ਕਿਹਾ ਕਿ ਉਨ੍ਹਾਂ ਸਵ: ਲਾਲ ਸਿੰਘ ਤੋਂ ਰਾਜਨੀਤੀ ਦੇ ਗੁਣ ਸਿੱਖੇ। ਉਨ੍ਹਾਂ ਕਿਹਾ ਕਿ ਸਵ. ਲਾਲ ਸਿੰਘ ਨੇ ਪੰਜਾਬ 'ਚ ਕਾਂਗਰਸ ਪਾਰਟੀ ਨੂੰ ਹਮੇਸ਼ਾ ਮਜ਼ਬੂਤ ਬਣਾਉਣ ਲਈ ਸਖਤ ਮਿਹਨਤ ਕੀਤੀ।

ਇਸ ਮੌਕੇ ਦਮੋਦਰ ਸਿੰਘ, ਜਤਿੰਦਰ ਕੰਬੋਜ ਅਸਰਪੁਰ, ਹਰਮੇਲ ਸਿੰਘ ਮਕੌਰੜ, ਸੰਦੀਪ ਸੋਨੀ ਓ ਐੱਸ ਡੀ, ਸੀਤਲ ਸਿੰਘ ਭਾਨਰਾ, ਕੁਲਦੀਪ ਸਿੰਘ ਥਿੰਦ ਮਕੌਰੜ, ਕੁਲਵਿੰਦਰ ਸਿੰਘ ਮੋਮੀ ਢਿੱਲੋਂ, ਤਰਸੇਮ ਸਿੰਘ ਝੰਡੀ, ਸਾਬਕਾ ਪ੍ਰਧਾਨ ਬਲਾਕ ਸੰਮਤੀ, ਰਣਜੀਤ ਸਿੰਘ ਕੇ ਐੱਸ ਫਾਰਮ ਡਕਾਲਾ, ਰਾਜ ਕੁਮਾਰ ਡਕਾਲਾ, ਨਾਇਬ ਸਿੰਘ ਭਾਨਰੀ ਬਲਾਕ ਪ੍ਰਧਾਨ, ਸਰਪੰਚ ਦਵਿੰਦਰ ਸਿੰਘ ਰਾਮਗੜ੍ਹ ਤੇ ਹੋਰ ਬਹੁਤ ਸਾਰੇ ਆਗੂ ਹਾਜ਼ਰ ਸਨ।

# ਲਾਲ ਸਿੰਘ ਦੇ ਚਲੇ ਜਾਣ ਨਾਲ ਰਾਜਨੀਤੀ ਦੇ ਇਕ ਸੁਨਹਿਰੀ ਯੁੱਗ ਦਾ ਅੰਤ : ਮਕੌਰੜ, ਝੰਡੀ, ਡਕਾਲਾ, ਬਠੋਈ, ਜਤਿੰਦਰ, ਸਨੌਰ



ਪਟਿਆਲਾ (ਰਾਜਿੰਦਰ ਸਿੰਘ ਥਿੰਦ)- ਸੀਨੀਅਰ ਕਾਂਗਰਸ ਆਗੂ ਸਵ. ਲਾਲ ਸਿੰਘ ਸਾਬਕਾ ਮੰਤਰੀ ਦੇ ਦਿਹਾਂਤ 'ਤੇ ਹਰਮੇਲ ਸਿੰਘ ਮਕੌਰੜ, ਭਾਨਰਾ, ਜਤਿੰਦਰ ਕੰਬੋਜ, ਜੱਜ ਸਰਪੰਚ ਸਨੌਰ, ਬਲਾਕ ਸੰਮਤੀ ਦੇ ਸਾਬਕਾ ਚੇਅਰਮੈਨ ਤਰਸੇਮ ਸਿੰਘ ਝੰਡੀ, ਬਲਾਕ ਕਾਂਗਰਸ ਦੇ ਪ੍ਰਧਾਨ ਨਾਇਬ ਸਿੰਘ ਭਾਨਰੀ, ਮਾਰਕੀਟ ਕਮੇਟੀ ਡਕਾਲਾ ਦੇ ਸਾਬਕਾ ਵਾਈਸ ਚੇਅਰਮੈਨ ਰਾਜ ਕੁਮਾਰ ਡਕਾਲਾ, ਹਰਮੇਲ ਸਿੰਘ ਮਕੌਰੜ, ਬਲਾਕ ਸੰਮਤੀ ਦੇ ਸਾਬਕਾ ਪ੍ਰਧਾਨ ਤਰਸੇਮ ਸਿੰਘ ਝੰਡੀ, ਨੰਬਰਦਾਰ ਸੀਤਲ ਸਿੰਘ ਭਾਨਰਾ ਦੇ ਸਾਬਕਾ ਚੇਅਰਮੈਨ ਸੁਰਿੰਦਰ ਮਿੱਤਲ ਨੇ ਸਵ: ਲਾਲ ਸਿੰਘ ਦੇ ਦਿਹਾਂਤ 'ਤੇ ਆਪਣੇ ਦੁੱਖ ਦਾ ਪ੍ਰਗਟਾਵਾ ਕਰਦੇ ਕਿਹਾ ਕਿ ਉਨ੍ਹਾਂ ਦੇ ਚਲੇ ਜਾਣ ਨਾਲ ਰਾਜਨੀਤੀ ਦੇ ਇਕ ਸੁਨਹਿਰੀ ਯੁੱਗ ਦਾ ਅੰਤ ਹੋ ਗਿਆ ਹੈ। ਉਨ੍ਹਾ ਕਿਹਾ ਕਿ ਲਾਲ ਸਿੰਘ ਇੱਕ ਦਰਵੇਸ਼ ਸਿਆਸਤ ਦਾਨ ਵਜੋਂ ਜਾਣੇ ਜਾਂਦੇ ਸਨ। ਸਾਬਕਾ ਵਜ਼ੀਰ ਲਾਲ ਸਿੰਘ ਦੇ ਦੇਹਾਂਤ 'ਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਪਰਵਾਰ ਨਾਲ ਆਪਣਾ ਦੁੱਖ ਸਾਂਝਾ ਕਰਦੇ ਹੋਏ ਕਿਹਾ ਕਿ ਉਨ੍ਹਾਂ ਨੇ ਆਪਣੀ ਸਾਰੀ ਉਮਰ ਚਿੱਟੀ ਚਾਦਰ ਤੇ ਦਾਗ ਨਹੀਂ ਲੱਗਣ ਦਿੱਤਾ ਤੇ ਸਾਫ ਸਿਆਸਤ ਕਰਕੇ ਆਪਣਾ ਨਾਂ ਸਿਆਸਤ ਦੇ ਖੇਤਰ ਵਿੱਚ ਸੁਨਹਿਰੀ ਅੱਖਰਾਂ ਵਿੱਚ ਦਰਜ ਕੀਤਾ ਹੈ।

ਉਨ੍ਹਾਂ ਕਿਹਾ ਕਿ ਸਾਬਕਾ ਮੰਤਰੀ ਸਵ: ਲਾਲ ਸਿੰਘ ਨੇ ਕਾਂਗਰਸ ਪਾਰਟੀ ਨਾਲ ਹਮੇਸ਼ਾ ਹਿੱਕ ਤਾਣ ਕੇ ਸਾਥ ਦਿੱਤਾ ਹੈ ਤੇ ਸਾਰੀ ਉਮਰ ਇੱਕ ਹੀ ਪਾਰਟੀ ਵਿੱਚ ਕੱਢ ਕੇ ਇਹ ਸਾਬਿਤ ਕੀਤਾ ਹੈ ਕਿ ਪਾਰਟੀ ਲਈ ਉਹ ਹਮੇਸ਼ਾ ਪੂਰਨ ਤੌਰ 'ਤੇ ਹੀ ਸਮਰਪਤ ਸਨ।ਉਨ੍ਹਾਂ ਕਿਹਾ ਕਿ ਲਾਲ ਸਿੰਘ ਇੱਕ ਬੇਦਾਗ ਸ਼ਖ਼ਸੀਅਤ ਵਜੋਂ ਸਮਾਜ ਵਿੱਚ ਵਿਚਰਦੇ ਰਹੇ ਤੇ ਸਾਰੀ ਉਮਰ ਉਨ੍ਹਾਂ 'ਤੇ ਕੋਈ ਵੀ ਇਲਜ਼ਾਮ ਨਹੀਂ ਲੱਗਾ।ਮਕੌਰੜ ਨੇ ਕਿਹਾ ਕਿ ਲਾਲ ਸਿੰਘ ਲੋਕਾਂ ਦੇ ਮਸੀਹਾ ਸਨ, ਜਿਸ ਕਾਰਨ ਉਨ੍ਹਾਂ ਦੇ ਵਿਛੋੜੇ ਨਾਲ ਕਾਂਗਰਸ ਪਾਰਟੀ ਤੇ ਵਰਕਰਾਂ 'ਚ ਵੱਡਾ ਖਲਾਅ ਪੈਦਾ ਹੋ ਗਿਆ ਹੈ। ਉਨ੍ਹਾਂ ਕਿਹਾ ਕਿ ਲਾਲ ਸਿੰਘ ਕੇਵਲ ਪਟਿਆਲ਼ਾ ਖੇਤਰ ਨਾਲ ਹੀ ਸਬੰਧਤ ਨਹੀਂ ਸਨ, ਸਗੋਂ ਉਨ੍ਹਾਂ ਨੇ ਆਪਣਾ ਤੇ ਪਾਰਟੀ ਦਾ ਨਾਮ ਪੂਰੇ ਪੰਜਾਬ ਭਰ ਤੇ ਦੇਸ਼ਾਂ ਵਿਦੇਸ਼ਾਂ ਵਿੱਚ ਵੀ ਉਜਾਗਰ ਕੀਤਾ ਹੈ।ਇਸ ਮੌਕੇ ਤਰਸੇਮ ਸਿੰਘ ਝੰਡੀ ਸਾਬਕਾ ਚੇਅਰਮੈਨ ਬਲਾਕ ਸੰਮਤੀ ਪਟਿਆਲ਼ਾ, ਹਰਮੇਲ ਸਿੰਘ ਮਕੌਰੜ, ਮੇਜਰ ਸਿੰਘ ਕੰਬੋਜ, ਰਾਜਿੰਦਰ ਸਿੰਘ ਮੁੰਡਖੇੜਾ, ਕੁਲਦੀਪ ਸਿੰਘ ਥਿੰਦ, ਜਤਿੰਦਰ ਕੰਬੋਜ, ਰਮਨਜੋਤ ਰੋਮੀ, ਕਾਕਾ ਜਲਾਲਪੁਰ, ਜਸਪਾਲ ਸਿੰਘ, ਸੰਦੀਪ ਸੋਨੀ, ਸਚਨ ਕੰਬੋਜ, ਸਤਬੀਰ ਸਿੰਘ ਓ ਐੱਸ ਡੀ ਤੋਂ ਇਲਾਵਾ ਰਣਜੀਤ ਸਿੰਘ ਕੇ ਐੱਸ ਫਾਰਮ ਡਕਾਲਾ, ਸੀਤਲ ਸਿੰਘ ਭਾਨਰਾ, ਰਾਜਿੰਦਰ ਰਾਜੂ ਝੰਡੀ, ਹਰਭਜਨ ਸਰਪੰਚ ਮੁਹਾਦੀਪੁਰ, ਦਵਿੰਦਰ ਸਿੰਘ ਸਰਪੰਚ ਰਾਮਗੜ੍ਹ, ਦੇਵੀ ਰਾਮਗੜ੍ਹ, ਗੁਰਵਿੰਦਰ ਸਿੰਘ ਖੇੜੀ ਮਾਨਿਆਂ, ਲੱਖੀ ਸੇਂਸਰਵਾਲ ਨੇ ਵੀ ਸਵ. ਲਾਲ ਸਿੰਘ ਦੇ ਦਿਹਾਂਤ 'ਤੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ।

# ਜਗਰਾਵਾਂ ਮੰਡੀ 'ਚ ਕਣਕ ਦੀ ਸਰਕਾਰੀ ਖਰੀਦ ਦਾ ਰਸਮੀ ਆਗਾਜ਼

**ਵਿਧਾਇਕ ਸਰਬਜੀਤ ਕੌਰ ਮਾਣੂੰਕੇ ਦੀ ਮੌਜੂਦਗੀ 'ਚ ਪਹਿਲੀ ਢੇਰੀ ਦੀ ਖਰੀਦ**

**ਜਗਰਾਉਂ (ਨਛੱਤਰ ਸੰਧੂ)**-ਏਸ਼ੀਆ ਦੀ ਦੂਜੀ ਸਭ ਤੋਂ ਵੱਡੀ ਅਨਾਜ ਮੰਡੀ ਦੇ ਰੂਪ ਵਿੱਚ ਮਸ਼ਹੂਰ ਜਗਰਾਵਾਂ ਦੀ ਦਾਣਾ ਮੰਡੀ ਵਿਖੇ ਰਬੀ ਸੀਜ਼ਨ ਦੀ ਮੁੱਖ ਫਸਲ ਕਣਕ ਦੀ ਸਰਕਾਰੀ ਖਰੀਦ ਦਾ ਰਸਮੀ ਤੌਰ 'ਤੇ ਸ਼ੁਭ ਆਰੰਭ ਹੋਇਆ।ਇਸ ਮੌਕੇ ਵਿਧਾਨ ਸਭਾ ਹਲਕਾ ਜਗਰਾਉਂ ਤੋਂ ਵਿਧਾਇਕ ਬੀਬੀ ਸਰਬਜੀਤ ਕੌਰ ਮਾਣੂੰਕੇ ਵਿਸ਼ੇਸ਼ ਤੌਰ 'ਤੇ ਪਹੁੰਚੇ ਤੇ ਪ੍ਰਸ਼ਾਸਨ ਵੱਲੋਂ ਉਨ੍ਹਾਂ ਦੇ ਹਾਜ਼ਰੀ ਵਿੱਚ ਕਣਕ ਦੀ ਪਹਿਲੀ ਬੋਲੀ ਲਗਾ ਕੇ ਸੀਜ਼ਨ ਦੀ ਸ਼ੁਰੂਆਤ ਕੀਤੀ ਗਈ।

ਮੰਡੀ ਵਿੱਚ ਕਣਕ ਦੀ ਫਸਲ ਲੈ ਕੇ ਪਹੁੰਚੇ ਪਿੰਡ ਰਾਊਵਾਲ ਦੇ ਕਿਸਾਨ ਰਵਿੰਦਰ ਸਿੰਘ (ਪੁੱਤਰ ਸੁਰਿੰਦਰ ਸਿੰਘ) ਦੀ ਫਸਲ ਦੀ ਖਰੀਦ 'ਜਮੀਂਦਾਰ ਟਰੇਡਰਜ਼' (ਆੜ੍ਹਤੀ) ਰਾਹੀਂ ਕੀਤੀ ਗਈ।ਇਹ ਖਰੀਦ ਸਰਕਾਰ ਦੁਆਰਾ ਨਿਰਧਾਰਤ ਸਮਰਥਨ ਮੁੱਲ 2585 ਰੁਪਏ ਪ੍ਰਤੀ ਕਵਿੰਟਲ ਦੇ ਹਿਸਾਬ ਨਾਲ ਕੀਤੀ ਗਈ।ਕਣਕ ਦੀ ਖਰੀਦ ਦੀ ਸ਼ੁਰੂਆਤ ਮੌਕੇ ਵਿਧਾਇਕ ਮਾਣੂੰਕੇ ਨੇ ਹਾਜ਼ਰੀ ਭਰੀ ਤੇ ਆੜ੍ਹਤੀਆਂ ਦਾ ਮੂੰਹ ਮਿੱਠਾ ਕਰਵਾ ਕੇ ਸੀਜ਼ਨ ਦੀ ਸਫਲਤਾ ਦੀ ਅਰਦਾਸ ਕੀਤੀ।ਇਸ ਮੌਕੇ ਵੱਖ-ਵੱਖ ਸਰਕਾਰੀ ਖਰੀਦ ਏਜੰਸੀਆਂ ਦੇ ਨੁਮਾਇੰਦੇ ਵੀ ਮੌਜੂਦ ਸਨ, ਜਿਨ੍ਹਾਂ ਵਿੱਚ ਪਨਗ੍ਰੇਨ ਦੇ ਡੀ ਐੱਫ ਐੱਸ ਓ ਬੇਅੰਤ ਸਿੰਘ ਤੇ ਜਸਪਾਲ ਸਿੰਘ, ਮਾਰਕਫੈੱਡ ਦੇ ਮੈਨੇਜਰ ਜਸਵੰਤ ਸਿੰਘ, ਪਨਸਪ ਦੇ ਮੈਨੇਜਰ ਹਰਪ੍ਰੀਤ ਸਿੰਘ, ਵੇਅਰਹਾਊਸ ਤੋਂ ਵਿਜੇ ਕੁਮਾਰ, ਮਾਰਕੀਟ ਕਮੇਟੀ ਦੇ ਸਕੱਤਰ ਗੁਰਵਿੰਦਰ ਸਿੰਘ ਤੇ ਲੇਖਕਾਰ ਰਵਿੰਦਰ ਪੱਬੀ ਵੀ ਮੌਜੂਦ ਸਨ।ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵਿਧਾਇਕ ਸਰਬਜੀਤ ਕੌਰ ਮਾਣੂੰਕੇ ਨੇ ਸਪੱਸ਼ਟ ਕੀਤਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਕਿਸਾਨਾਂ ਤੇ ਆੜ੍ਹਤੀਆਂ ਦੇ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜੀ ਹੈ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਵੱਲੋਂ ਸਾਰੇ ਅਧਿਕਾਰੀਆਂ ਨੂੰ ਸਖਤ ਨਿਰਦੇਸ਼ ਦਿੱਤੇ ਗਏ ਕਿ ਮੰਡੀਆਂ ਵਿੱਚ ਕਿਸਾਨ ਵੱਲੋਂ ਸਖ਼ਤ ਮਿਹਨਤ ਕਰਕੇ ਲਿਆਂਦੀ ਫਸਲ ਨੂੰ ਵੇਚਣ ਵਿੱਚ ਕੋਈ ਔਕੜ ਨਾ ਆਵੇ।ਉਨ੍ਹਾਂ ਭਰੋਸਾ ਦਿੱਤਾ ਕਿ ਜੇਕਰ ਕਿਸਾਨਾਂ ਜਾਂ ਆੜ੍ਹਤੀਆਂ ਨੂੰ ਕੋਈ ਸਮੱਸਿਆ ਆਉਂਦੀ ਹੈ ਤਾਂ ਪਹਿਲ ਦੇ ਆਧਾਰ 'ਤੇ ਉਸ ਦਾ ਨਿਪਟਾਰਾ ਕੀਤਾ ਜਾਵੇਗਾ, ਕਿਉਂਕਿ ਸਰਕਾਰ ਕਿਸਾਨਾਂ ਦੀ ਉਪਜ ਦਾ ਇੱਕ-ਇੱਕ ਦਾਣਾ ਖਰੀਦਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ।

# ਏ ਟੀ ਐੱਮ ਚੋਰ ਗਰੋਹ ਦੇ 5 ਮੈਂਬਰ ਗ੍ਰਿਫਤਾਰ

**ਚੋਰੀ ਕੀਤੀ ਏ ਟੀ ਐੱਮ ਮਸ਼ੀਨ ਤੇ ਨਗਦੀ ਬਰਾਬਮਦ**



**ਮਾਨਸਾ (ਆਤਮਾ ਸਿੰਘ ਪਮਾਰ)**

ਮਾਨਸਾ ਪੁਲਸ ਵੱਲੋਂ ਚੋਰੀ ਕਰਨ ਵਾਲੇ ਗਰੋਹ ਦੇ 5 ਮੈਂਬਰਾਂ ਨੂੰ ਕਾਬੂ ਕਰਨ ਵਿੱਚ ਵੱਡੀ ਸਫਲਤਾ ਹਾਸਲ ਕੀਤੀ ਗਈ ਹੈ, ਜਿਨ੍ਹਾਂ ਪਾਸੋਂ ਚੋਰੀ ਕੀਤੇ ਗਈ ਏ.ਟੀ.ਐੱਮ. ਮਸ਼ੀਨ ਤੇ ਨਗਦੀ ਵੀ ਬਰਾਮਦ ਕਰਵਾਈ ਗਈ ਹੈ।ਜ਼ਿਲ੍ਹਾ ਪੁਲਸ ਮੁਖੀ ਨੇ ਅੱਗੇ ਦੱਸਿਆ ਕਿ 01 ਅਪ੍ਰੈਲ 2026 ਨੂੰ ਸੂਚਨਾ ਮਿਲੀ ਕਿ 31 ਮਾਰਚ 2026 ਦੀ ਦਰਮਿਆਨੀ ਰਾਤ ਨੂੰ ਸਰਦੂਲਗੜ੍ਹ ਰੋਡ 'ਤੇ ਝੁਨੀਰ ਵਿਖੇ ਐੱਸ.ਬੀ.ਆਈ. ਬੈਂਕ ਦੀ ਏ.ਟੀ.ਐੱਮ. ਮਸ਼ੀਨ ਦੇ ਸ਼ਟਰ ਦਾ ਤਾਲਾ ਤੋੜ ਕੇ ਕੁੱਝ ਅਣਪਛਾਤੇ ਵਿਅਕਤੀਆ ਵੱਲੋਂ ਰਾਤ ਸਮੇਂ ਏ.ਟੀ.ਐੱਮ. ਮਸ਼ੀਨ ਚੋਰੀ ਕਰ ਲਈ ਹੈ, ਜਿਸ ਵਿੱਚ ਬੈਂਕ ਦੇ ਰਿਕਾਰਡ ਮੁਤਾਬਿਕ 33,28,000/- ਰੁਪਏ ਸਨ, ਜਿਸ 'ਤੇ ਸੁਖਵੀਰ ਸਿੰਘ ਦੇ ਬਿਆਨ 'ਤੇ ਮੁਕੱਦਮਾ ਥਾਣਾ ਝੁਨੀਰ ਵਿਖੇ ਅਣਪਛਾਤੇ ਵਿਅਕਤੀਆਂ ਖਿਲਾਫ ਦਰਜ ਕੀਤਾ ਗਿਆ।ਉਨ੍ਹਾਂ ਦੱਸਿਆ ਕਿ ਇਸ ਸਬੰਧੀ ਸ੍ਰੀ ਮਨਮੋਹਨ ਸਿੰਘ ਔਲਖ ਐੱਸ.ਪੀ (ਇਨਵੈ:), ਸ੍ਰੀ ਜਸਵਿੰਦਰ ਸਿੰਘ ਉਪ ਕਪਤਾਨ ਪੁਲਿਸ (ਡੀ) ਤੇ ਸ੍ਰੀ ਮਨਜੀਤ ਸਿੰਘ ਉਪ ਕਪਤਾਨ ਪੁਲਿਸ (ਸ:ਡ:) ਸਰਦੂਲਗੜ੍ਹ ਦੀ ਨਿਗਰਾਨੀ ਹੇਠ ਇੰਸ: ਬਿਕਰਮਜੀਤ ਸਿੰਘ ਮੁੱਖ ਅਫਸਰ ਥਾਣਾ ਝੁਨੀਰ ਦੀ ਅਗਵਾਈ 'ਚ ਸਦਰ: ਥਾਣਾ: ਅਵਤਾਰ ਸਿੰਘ ਸਮੇਤ ਪੁਲਸ ਪਾਰਟੀ ਵੱਲੋਂ ਤਕਨੀਕੀ ਢੰਗ ਨਾਲ ਮੁਕੱਦਮੇ ਦੀ ਤਫਤੀਸ਼ ਕੀਤੀ ਗਈ। ਤਫਤੀਸ਼ ਦੌਰਾਨ ਮੁਕੱਦਮੇ ਦੀ ਅਹਿਮੀਅਤ ਨੂੰ ਵੇਖਦੇ ਹੋਏ ਮੁਕੱਦਮੇ 'ਚ ਮੁਖਬਰੀ ਦੇ ਅਧਾਰ 'ਤੇ ਦੋਸ਼ੀਆਂ ਨੂੰ ਟਰੇਸ ਕਰਕੇ ਕਥਿਤ ਦੋਸ਼ੀ ਦਲਜੀਤ ਸਿੰਘ ਪੁੱਤਰ ਸਤਨਾਮ ਸਿੰਘ ਪੁੱਤਰ ਗੁਰਬਚਨ ਸਿੰਘ ਵਾਸੀ ਮਕਬੂਲਪੁਰ ਭੈਣੀ ਜ਼ਿਲ੍ਹਾ ਪਟਿਆਲਾ, ਮਨਪ੍ਰੀਤ ਸਿੰਘ ਉਰਫ ਕਾਲਾ ਪੁੱਤਰ ਮਿੱਠੂ ਸਿੰਘ ਪੁੱਤਰ ਹਰੀ ਸਿੰਘ ਵਾਸੀ ਵਾਰਡ ਨੰਬਰ 3 ਸਰਦੂਲਗੜ੍ਹ, ਭੁਪਿੰਦਰ ਸਿੰਘ ਉਰਫ ਭਿੰਦਾ ਪੁੱਤਰ ਭਗਵਾਨ ਸਿੰਘ ਪੁੱਤਰ ਤੇਜ਼ਾ ਸਿੰਘ ਵਾਸੀ ਸਾਦੀਪੁਰ ਜ਼ਿਲ੍ਹਾ ਪਟਿਆਲਾ, ਗੁਰਭੇਜ ਸਿੰਘ ਉਰਫ ਭੇਜਾ ਪੁੱਤਰ ਬਲਵਿੰਦਰ ਸਿੰਘ ਪੁੱਤਰ ਮਨਸਾ ਸਿੰਘ ਵਾਸੀ ਸਤਰਾਣਾ ਜ਼ਿਲ੍ਹਾ ਪਟਿਆਲਾ ਤੇ ਦੀਪਕ ਪੰਡਤ ਪੁੱਤਰ ਵਿਜੇ ਇੰਦਰ ਵਾਸੀ ਜੂਆਂ ਜ਼ਿਲ੍ਹਾ ਸੋਨੀਪਤ ਹਰਿਆਣਾ ਨੂੰ ਰਪਟ ਨੰਬਰ 42 ਮਿਤੀ 07 ਅਪ੍ਰੈਲ 2026 ਨਾਲ ਨਾਮਜ਼ਦ ਕਰਕੇ ਵਾਧਾ ਜੁਰਮ 61(2) ਬੀ.ਐਨ.ਐਸ. ਕੀਤਾ ਗਿਆ, 07 ਅਪ੍ਰੈਲ 2026 ਨੂੰ ਮੁਖਬਰੀ ਦੇ ਅਧਾਰ 'ਤੇ ਦੋਸ਼ੀਆਂ ਨੂੰ ਨਾਕਾਬੰਦੀ ਦੌਰਾਨ ਨੇੜੇ ਜਟਾਣਾ ਕੈਂਚੀਆ ਤੋਂ ਸਮੇਤ ਗੱਡੀ ਗ੍ਰਿਫਤਾਰ ਕਰਕੇ 8 ਅਪ੍ਰੈਲ 2026 ਨੂੰ ਉਨ੍ਹਾਂ ਪਾਸੋ ਡੂੰਘਾਈ ਨਾਲ ਪੁੱਛਗਿੱਛ ਕਰਕੇ ਦੋਸ਼ੀ ਭੁਪਿੰਦਰ ਸਿੰਘ ਉਰਫ ਭਿੰਦਾ ਦੇ ਘਰੋਂ ਉਸਦੀ ਨਿਸ਼ਾਨਦੇਹੀ 'ਤੇ 10,60,000/- ਰੁਪਏ ਤੇ ਦਲਜੀਤ ਸਿੰਘ ਦੀ ਨਿਸ਼ਾਨਦੇਹੀ ਪਰ ਉਸਦੇ ਘਰੋਂ 10,00,000/- ਰੁਪਏ ਕੁੱਲ ਰਕਮ 20,60,000/- ਰੁਪਏ ਬਰਾਮਦ ਕਰਵਾਈ ਗਈ ਹੈ ਅਤੇ ਉਸੇ ਦਿਨ ਦੋਸ਼ੀਆਂ ਨੂੰ ਇਲਾਕਾ ਮੈਜਿਸਟ੍ਰੇਟ ਦੀ ਅਦਾਲਤ 'ਚ ਪੇਸ਼ ਕਰਕੇ 02 ਦਿਨਾਂ ਦਾ ਪੁਲਸ ਰਿਮਾਂਡ ਹਾਸਲ ਕੀਤਾ ਤੇ 9 ਅਪ੍ਰੈਲ 2026 ਨੂੰ ਦੋਸ਼ੀਆਂ ਦੀ ਨਿਸ਼ਾਨਦੇਹੀ 'ਤੇ ਮੇਨ ਸੜਕ ਪੁਲ ਭਾਖੜਾ ਤੋਂ ਅੱਧਾ ਕਿਲੋਮੀਟਰ ਅੱਗੇ ਬਾ ਹੱਦ ਝੁਨੀਰ ਕੁਸਲਾ ਸਾਇਡ ਭਾਖੜਾ ਨਹਿਰ ਚੋਂ ਏ.ਟੀ.ਐੱਮ. ਮਸ਼ੀਨ ਦਾ ਪਾਰਟ ਬਰਾਮਦ ਕਰਵਾਇਆ ਗਿਆ। ਐੱਸ.ਐੱਸ.ਪੀ. ਨੇ ਦੱਸਿਆ ਕਿ ਗ੍ਰਿਫਤਾਰ ਵਿਅਕਤੀਆਂ ਪਾਸੋਂ ਹੋਰ ਵੀ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾਵੇਗੀ, ਜਿਸ ਤਹਿਤ ਚੋਰੀ ਦੀਆਂ ਹੋਰ ਅਨਟਰੇਸ ਵਾਰਦਾਤਾਂ/ਕੇਸ ਟਰੇਸ ਹੋਣ ਦੀ ਸੰਭਾਵਨਾ ਹੈ।

# ਬੱਸ ਲੁੱਟਣ ਦੇ ਮਾਮਲੇ ਦੋ ਨੌਜਵਾਨ ਕਾਬੂ



**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**- ਪੁਲਿਸ ਨੇ ਬੱਸ ਲੁੱਟਣ ਦੇ ਮਾਮਲੇ ਵਿੱਚ ਤੇਜੀ ਨਾਲ ਕਾਰਵਾਈ ਕਰਦਿਆਂ ਦੋ ਨੌਜਵਾਨਾਂ ਨੂੰ ਗ੍ਰਿਫਤਾਰ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ। ਪੁਲਿਸ ਵੱਲੋਂ ਕੀਤੀ ਜਾਂਚ ਦੌਰਾਨ ਦੋਸ਼ੀਆਂ ਕੋਲੋਂ ਵਾਰਦਾਤ ਸਮੇਂ ਵਰਤੀ ਗਈ ਕਾਰ, ਇੱਕ ਦਾਤਰ ਅਤੇ ਲੁੱਟੀ ਗਈ 900 ਰੁਪਏ ਦੀ ਨਕਦੀ ਵੀ ਬਰਾਮਦ ਕੀਤੀ ਗਈ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਦੋਵੇਂ ਮੁਲਜ਼ਮਾਂ ਨੇ ਬੱਸ ਵਿੱਚ ਸਵਾਰ ਯਾਤਰੀਆਂ ਨੂੰ ਡਰਾ-ਧਮਕਾ ਕੇ ਲੁੱਟ ਦੀ ਵਾਰਦਾਤ ਨੂੰ ਅੰਜਾਮ ਦਿੱਤਾ ਸੀ। ਘਟਨਾ ਤੋਂ ਬਾਅਦ ਪੁਲਿਸ ਨੇ ਤੁਰੰਤ ਕਾਰਵਾਈ ਕਰਦੇ ਹੋਏ ਮੁਲਜਮਾਂ ਨੂੰ ਟ੍ਰੇਸ ਕਰਕੇ ਕਾਬੂ ਕਰ ਲਿਆ।ਜਾਂਚ ਵਿੱਚ ਇਹ ਵੀ ਸਾਹਮਣੇ ਆਇਆ ਹੈ ਕਿ ਦੋਵੇਂ ਨੌਜਵਾਨ ਪਹਿਲਾਂ ਵੀ ਵੱਖ-ਵੱਖ ਥਾਣਿਆਂ ਵਿੱਚ ਦਰਜ ਮਾਮਲਿਆਂ 'ਚ ਸ਼ਾਮਲ ਰਹੇ ਹਨ, ਜਿਸ ਨਾਲ ਉਨ੍ਹਾਂ ਦਾ ਅਪਰਾਧਕ ਪਿਛੋਕੜ ਵੀ ਸਾਹਮਣੇ ਆਇਆ ਹੈ।ਪੁਲਿਸ ਅਧਿਕਾਰੀਆਂ ਨੇ ਦੱਸਿਆ ਕਿ ਦੋਸ਼ੀਆਂ ਤੋਂ ਹੋਰ ਪੁੱਛਗਿੱਛ ਜਾਰੀ ਹੈ ਤੇ ਸੰਭਾਵਨਾ ਹੈ ਕਿ ਹੋਰ ਵੱਡੇ ਖੁਲਾਸੇ ਹੋ ਸਕਦੇ ਹਨ।

# ਸਟੀਲ ਸਟ੍ਰਿਪਸ ਗਰੁੱਪ ਆਲ ਇੰਡੀਆ ਓਪਨ ਬ੍ਰਿਜ ਚੈਂਪੀਅਨਸ਼ਿਪ ਅੱਜ ਤੋਂ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਬ੍ਰਿਜ ਗੇਮ ਪ੍ਰੇਮੀਆਂ ਲਈ 10 ਅਪ੍ਰੈਲ ਦਾ ਦਿਨ ਯਕੀਨੀ ਤੌਰ 'ਤੇ ਬੇਹੱਦ ਅਹਿਮ ਹੋਵੇਗਾ ਕਿਉਂਕਿ ਬ੍ਰਿਜ ਫੈਡਰੇਸ਼ਨ ਆਫ ਇੰਡੀਆ (ਬੀ ਐੱਫ ਆਈ) ਦੀ ਅਗਵਾਈ ਹੇਠ ਪੰਜਾਬ ਬ੍ਰਿਜ ਐਸੋਸੀਏਸ਼ਨ (ਪੀ ਬੀ ਏ) ਵੱਲੋਂ 14ਵੀਂ ਸਟੀਲ ਸਟ੍ਰਿਪਸ ਗਰੁੱਪ ਆਲ ਇੰਡੀਆ ਓਪਨ ਬ੍ਰਿਜ ਚੈਂਪੀਅਨਸ਼ਿਪ- 2026 ਦੀ ਮੇਜ਼ਬਾਨੀ ਕੀਤੀ ਜਾਵੇਗੀ ਜਿਸ ਦੌਰਾਨ 50 ਟੀਮਾਂ ਦੇ 225 ਖਿਡਾਰੀ ਆਪਣੇ ਹੁਨਰ ਦਿਖਾਉਣਗੇ। ਪੰਜਾਬ ਬ੍ਰਿਜ ਐਸੋਸੀਏਸ਼ਨ ਦੇ




ਚੇਅਰਮੈਨ ਅਤੇ ਪੰਜਾਬ ਦੇ ਸਾਬਕਾ ਮੁੱਖ ਸਕੱਤਰ ਕੇ ਆਰ ਲਖਨਪਾਲ ਨੇ ਇੱਥੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਇਹ ਚੈਂਪੀਅਨਸ਼ਿਪ ਹਿੱਸਾ ਲੈਣ ਵਾਲੀਆਂ ਟੀਮਾਂ ਅਤੇ ਖਿਡਾਰੀਆਂ ਨੂੰ ਆਪਣੇ ਹੁਨਰ ਦਿਖਾਉਣ ਦਾ ਬਿਹਤਰ ਮੌਕਾ ਪ੍ਰਦਾਨ ਕਰੇਗੀ। ਲਖਨਪਾਲ ਨੇ ਕਿਹਾ ਕਿ ਹਿੱਸਾ ਲੈਣ ਵਾਲੀਆਂ ਟੀਮਾਂ ਵਿੱਚ ਪੰਜਾਬ ਤੋਂ 5 ਟੀਮਾਂ, ਹਿਮਾਚਲ ਪ੍ਰਦੇਸ਼ ਤੋਂ 4 ਟੀਮਾਂ, ਚੰਡੀਗੜ੍ਹ ਤੋਂ 3 ਟੀਮਾਂ, ਹਰਿਆਣਾ ਤੋਂ 2 ਟੀਮਾਂ, ਦਿੱਲੀ ਤੋਂ 6 ਟੀਮਾਂ, ਕੋਲਕਾਤਾ ਤੋਂ 6 ਟੀਮਾਂ, ਪੁਣੇ/ਮੁੰਬਈ ਸਰਕਟ ਤੋਂ 3 ਟੀਮਾਂ, ਗੋਆ ਤੋਂ 1 ਟੀਮ ਸ਼ਾਮਲ ਹੋਵੇਗੀ।

ਇਸ ਤੋਂ ਇਲਾਵਾ, ਇਸ ਚੈਂਪੀਅਨਸ਼ਿਪ ਵਿੱਚ ਹੈਦਰਾਬਾਦ, ਵਿਸ਼ਾਖਾਪਟਨਮ ਅਤੇ ਚੇਨਈ ਤੋਂ ਵੀ ਟੀਮਾਂ ਦੇ ਹਿੱਸਾ ਲੈਣ ਦੀ ਸੰਭਾਵਨਾ ਹੈ। ਇਹ ਚੈਂਪੀਅਨਸ਼ਿਪ ਸੈਕਟਰ - 10 ਦੇ ਹੋਟਲ ਮਾਊਂਟ ਵਿਊ ਵਿਖੇ ਕਰਵਾਈ ਜਾਵੇਗੀ।ਇਸ ਚੈਂਪੀਅਨਸ਼ਿਪ ਦੀ ਇਨਾਮੀ ਰਾਸ਼ੀ ਕੁੱਲ 10 ਲੱਖ ਰੁਪਏ ਹੋਵੇਗੀ ਤੇ ਇਹ ਵੀ ਫੈਸਲਾ ਕੀਤਾ ਗਿਆ ਹੈ ਕਿ ਮਹਿਲਾ ਟੀਮਾਂ ਅਤੇ ਯੰਗਸਟਰਸ ਟੀਮਾਂ (30 ਸਾਲ ਤੋਂ ਘੱਟ ਉਮਰ ਵਰਗ) ਤੋਂ ਕੋਈ ਐਂਟਰੀ ਫੀਸ ਨਹੀਂ ਲਈ ਜਾਵੇਗੀ।

# ਡਾ. ਬੀ ਆਰ ਅੰਬੇਡਕਰ ਦੇ ਜਨਮ ਦਿਨ ਮੌਕੇ ਸਮਾਗਮ 14 ਨੂੰ

**ਆਦਮਪੁਰ (ਪਰਮਜੀਤ ਸਿੰਘ)**- ਆਦਮਪੁਰ ਦੇ ਨਜਦੀਕ ਪਿੰਡ ਖੋਜਕੀ ਪੁਰ ਨੰਗਲ ਸਲਾਲਾ ਵਿੱਚ ਡਾ. ਬੀ ਆਰ ਅੰਬੇਡਕਰ ਦੇ ਜਨਮ ਦਿਨ ਦੇ ਸਬੰਧ ਵਿੱਚ ਵਿਸ਼ੇਸ਼ ਸਮਾਗਮ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਹ ਸਮਾਗਮ 14 ਅਪ੍ਰੈਲ ਨੂੰ ਕਰਵਾਇਆ ਜਾਵੇਗਾ।ਸਮਾਗਮ ਦੌਰਾਨ ਸੰਗਤ ਵੱਲੋਂ ਡਾ. ਅੰਬੇਡਕਰ ਨੂੰ ਸ਼ਰਧਾਂਜਲੀ ਭੇਟ ਕੀਤੀ ਜਾਵੇਗੀ। ਇਸ ਮੌਕੇ 'ਤੇ ਪਿੰਡ ਖੋਜਕੀਪੁਰ ਨੰਗਲ ਸਲਾਲਾਦੇ ਵਸਨੀਕਾਂ ਵੱਲੋਂ ਖੁਸ਼ੀ ਮਨਾਈ ਜਾ ਰਹੀ ਹੈ ਤੇ ਸਭ ਨੂੰ ਸਮਾਗਮ ਵਿੱਚ ਸ਼ਾਮਿਲ ਹੋਣ ਲਈ ਅਪੀਲ ਕੀਤੀ ਗਈ ਹੈ। ਇਹ ਪ੍ਰੋਗਰਾਮ ਸਵੇਰੇ 9:00 ਵਜੇ ਤੋਂ ਸ਼ਾਮ 5:00 ਵਜੇ ਤੱਕ ਚੱਲੇਗਾ। ਅੰਬੇਡਕਰ ਵੈਲਫੇਅਰ ਸੋਸਾਇਟੀ ਦੇ ਪ੍ਰਧਾਨ ਜੱਗੀ ਸਲਾਲਾ ਵਲੋਂ ਦੱਸਿਆ ਕਿ ਇਸ ਮੌਕੇ ਸਵੇਰੇ 9 ਵਜੇ ਤੋਂ ਸ਼ਾਮ 5 ਵਜੇ ਤੱਕ ਮੁੱਖ ਮਾਰਗ ਤੇ ਠੰਡੇ ਮਿੱਠੇ ਜਲ ਦੀ ਛਬੀਲ ਤੇ ਲੰਗਰ ਲਗਾਇਆ ਜਾਵੇਗਾ। ਇਸ ਮੌਕੇ ਸਰਪੰਚ ਰਾਕੇਸ ਕੁਮਾਰ, ਹੈਪੀ ਸਲਾਲਾ, ਅਮਰੀਕ ਚੋਪੜਾ, ਰਵੀ ਚੁੰਬਰ, ਬੱਬੀ ਬੰਗਾ, ਵਿੱਕੀ, ਬਰਿੰਦਰ ਸਿੰਘ, ਸ਼ਰਨਜੀਤ ਸਿੰਘ, ਹਿੰਦਰ ਸਿੰਘ ਤੇ ਪਤਵੰਤੇ ਹਾਜ਼ਰ ਸਨ। ਸਮਾਗਮ ਨੂੰ ਯਾਦਗਾਰੀ ਬਣਾਉਣ ਲਈ ਵੱਖ-ਵੱਖ ਪ੍ਰੋਗਰਾਮ ਵੀ ਕਰਵਾਏ ਜਾਣਗੇ।

# ਅਸ਼ੋਕ ਪੁਰੀ ਇੰਟਰਨੈਸ਼ਨਲ ਵਾਈਸ ਪ੍ਰੈਜ਼ੀਡੈਂਟ ਬਣਨ 'ਤੇ ਸਨਮਾਨਤ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਇੱਥੇ ਅਲਾਇੰਸ ਕਲੱਬ ਇੰਟਰਨੈਸ਼ਨਲ ਡਿਸਟ੍ਰਿਕ 119 ਵੱਲੋਂ ਪਹਿਲੀ ਡਿਸਟ੍ਰਿਕ ਕੈਬਿਨੇਟ ਮੀਟਿੰਗ ਅਤੇ ਸ਼ੇਰੇ ਪੰਜਾਬ ਐਲੀ. ਅਸ਼ੋਕ ਪੁਰੀ ਨੂੰ ਇੰਟਰਨੈਸ਼ਨਲ ਵਾਇਸ ਪ੍ਰੈਜੀਡੈਂਟ-2 ਬਣਨ ਤੇ ਵੈਲਕਮ ਸਮਾਗਮ ਦੀ ਪ੍ਰਧਾਨਗੀ ਐਲੀ. ਅਸ਼ਵਨੀ ਕੁਮਾਰ ਦੱਤਾ ਵੱਲੋਂ ਕੀਤੀ ਗਈ। ਇਸ ਸਮਾਗਮ ਦੇ ਪ੍ਰੋਜੈਕਟ ਚੇਅਰਮੈਨ ਐਲੀ. ਐਡਵੋਕੇਟ ਐੱਸ ਪੀ ਰਾਣਾ ਤੇ ਕੋ ਚੇਅਰਮੈਨ ਐਲੀ. ਵਿਵੇਕ ਸਾਹਨੀ ਸਨ। ਇੰਟਰਨੈਸ਼ਨਲ ਵਾਇਸ ਪ੍ਰੈਜੀਡੈਂਟ-2 ਐਲੀ. ਅਸ਼ੋਕ ਪੁਰੀ ਨੂੰ ਵੈਲਕਮ ਕਰਨ ਲਈ ਕੀਤੇ ਗਏ ਇਸ ਸਮਾਗਮ ਵਿੱਚ ਅਲਾਇੰਸ ਕਲੱਬ ਇੰਟਰਨੈਸ਼ਨਲ ਡਿਸਟ੍ਰਿਕ 119 ਦੇ 2014 ਤੋਂ ਕੀਤੇ ਗਏ ਵਿਕਾਸ ਦੀ ਪੜਚੋਲ ਕੀਤੀ ਗਈ । ਇਸ ਉੱਪਰ ਸੰਤੁਸ਼ਟੀ ਪ੍ਰਗਟ ਕਰਦੇ ਹੋਏ ਐਲੀ. ਕਮਲ ਕੇ ਵਰਮਾ ਨੇ ਡਿਸਟ੍ਰਿਕ 119 ਹੁਸ਼ਿਆਰਪੁਰ ਤੋਂ ਅਤੇ ਡਿਸਟ੍ਰਿਕ 111 ਬਠਿੰਡਾ ਤੋਂ 18ਵੀਂ ਇੰਟਰਨੈਸ਼ਨਲ ਕਨਵੈਨਸ਼ਨ ਜੋ ਕਿ ਜੈਪੁਰ ਵਿਖੇ ਹੋਏ ਵਿੱਚ ਪੂਰੇ ਉਤਸ਼ਾਹ ਨਾਲ ਭਾਗ ਲੈ ਕੇ ਪੰਜਾਬ ਤੋਂ ਪਹਿਲੇ ਅੰਤਰਰਾਸ਼ਟਰੀ ਵਾਇਸ ਪ੍ਰੈਜੀਡੈਂਟ-2 ਲਈ ਐਲੀ. ਅਸ਼ੋਕ ਪੁਰੀ ਅਤੇ ਪੰਜਾਬ ਦੇ ਸਮੂਹ ਅਲਾਇੰਸ ਪਰਵਾਰ ਨੂੰ ਮੁਬਾਰਕਬਾਦ




ਦਿੱਤੀ। ਇਸ ਮੌਕੇ 'ਤੇ ਡਾ. ਐਸੀ.ਪੀ. ਜੋਸ਼ੀ, ਐਲੀ. ਸੁਮੇਸ਼ ਕੁਮਾਰ, ਐਲੀ. ਪੁਸ਼ਪਿੰਦਰ ਸ਼ਰਮਾ, ਐਲੀ. ਨਰੇਸ਼ ਚੱਡਾ, ਐਲੀ. ਡਾ.ਐਮ.ਜ਼ਮੀਲ ਬਾਲੀ ਅਤੇ ਮਲਟੀਪਲ ਅਡਵਾਇਜ਼ਰ ਐਲੀ. ਰਮੇਸ਼ ਕੁਮਾਰ ਵੀ ਹਾਜ਼ਿਰ ਸਨ। ਇਸ ਮੌਕੇ ਤੇ ਕੋਰ ਕਮੇਟੀ ਦੇ ਸਮੂਹ ਪਾਸਟ ਡਿਸਟ੍ਰਿਕ ਗਵਰਨਰਜ਼ ਨੇ ਤਿੰਨੋ ਜੋਨ ਦੇ ਕਲੱਬਾਂ ਦੀ ਹਾਜ਼ਰੀ ਤੇ ਕਾਰਗੁਜ਼ਾਰੀ ਨੂੰ ਹੋਰ ਵੀ ਸੁਰਚਾਰੂ ਰੂਪ ਵਿੱਚ ਚਲਾਉਣ ਦੀ ਪ੍ਰਤੀਗਿਆ ਲਈ। ਡਿਸਟ੍ਰਿਕ 119 ਵਿੱਚ ਹੁਸ਼ਿਆਰਪੁਰ, ਟਾਂਡਾ, ਮੁਕੇਰੀਆਂ, ਫਗਵਾੜਾ, ਧਰਮਸ਼ਾਲਾ, ਊਨਾ, ਭਾਖੜਾ ਨੰਗਲ ਦੇ ਕਲੱਬ ਐਕਟਿਵ ਹਨ ਜਿਨ੍ਹਾਂ ਲਈ ਐਲੀ. ਪੁਸ਼ਪਿੰਦਰ ਸ਼ਰਮਾ, ਐਲੀ. ਐਡਵੋਕੇਟ ਐੱਸ ਪੀ ਰਾਣਾ ਤੇ ਐਲੀ. ਕਮਲ ਕੇ ਵਰਮਾ ਨੂੰ ਸੁਪਰਵਿਜ਼ਨ ਦੀ ਡਿਊਟੀ ਦਿੱਤੀ ਗਈ। ਇਸ ਮੌਕੇ 'ਤੇ ਕੋਰ ਕਮੇਟੀ ਵੱਲੋਂ ਨਵੇਂ ਚੁਣੇ ਗਏ ਇੰਟਰਨੈਸ਼ਨਲ ਵਾਇਸ ਪ੍ਰੈਜੀਡੈਂਟ ਐਲੀ. ਅਸ਼ੋਕ ਪੁਰੀ ਨੂੰ ਹਾਰ ਪਹਿਨਾ ਕੇ ਅਤੇ ਤੋਹਫ਼ੇ ਦੇ ਕੇ ਸਨਮਾਨਤ ਕੀਤਾ।

# ਪਰਮਜੀਤ ਕੌਰ ਲਾਂਡਰਾਂ ਸ਼੍ਰੋਮਣੀ ਅਕਾਲੀ ਦਲ 'ਚ ਸ਼ਾਮਲ



**ਚੰਡੀਗੜ੍ਹ (ਗੁਰਜੀਤ ਬਿੱਲਾ)**- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਮੈਂਬਰ ਅਤੇ ਪੰਜਾਬ ਮਹਿਲਾ ਕਮਿਸ਼ਨ ਦੀ ਸਾਬਕਾ ਚੇਅਰ ਪਰਸਨ ਬੀਬੀ ਪਰਮਜੀਤ ਕੌਰ ਲਾਂਡਰਾਂ ਸੁਖਬੀਰ ਸਿੰਘ ਬਾਦਲ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਦੀ ਮੌਜੂਦਗੀ ਵਿੱਚ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਿਲ ਹੋ ਗਏ ਹਨ। ਇਸ ਤੋਂ ਪਹਿਲਾਂ ਉਹ ਅਕਾਲੀ ਦਲ ਨਾਲ ਨਰਾਜ਼ ਸਨ ਜਿਸ ਕਰਕੇ ਉਹ ਪੁਨਰ ਸੁਰਜੀਤ ਅਕਾਲੀ ਦਲ ਵਿੱਚ ਚਲੇ ਗਏ ਸਨ। ਉਨਾਂ ਦੀ ਹੋਈ ਘਰ ਵਾਪਸੀ ਵਿੱਚ ਸਭ ਤੋਂ ਅਹਿਮ ਯੋਗਦਾਨ ਪਾਰਟੀ ਦੇ ਖਜਾਨਚੀ ਐੱਨ ਕੇ ਸ਼ਰਮਾ ਤੇ ਜ਼ਿਲਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਪਰਵਿੰਦਰ ਸਿੰਘ ਸੋਹਾਣਾ ਦਾ ਰਿਹਾ ਜਿਨਾਂ ਨੇ ਲੰਬੇ ਸਮੇਂ ਤੋਂ ਬੀਬੀ ਲਾਂਡਰਾਂ ਨਾਲ ਸੰਪਰਕ ਬਣਾਇਆ ਹੋਇਆ ਸੀ ਅਤੇ ਉਹਨਾਂ ਨੂੰ ਘਰ ਵਾਪਸੀ ਲਈ ਪ੍ਰੇਰਿਤ ਕਰ ਰਹੇ ਸਨ। ਸ਼੍ਰੋਮਣੀ ਅਕਾਲੀ ਦਲ ਵਿੱਚ ਵਾਪਸ ਆਉਣ ਨੂੰ ਆਪਣੀ ਘਰ ਵਾਪਸੀ ਦੱਸਦਿਆਂ ਬੀਬੀ ਲਾਂਡਰਾਂ ਨੇ ਕਿਹਾ ਕਿ ਉਹਨਾਂ ਲਈ ਇਹ ਨਵੀਂ ਗੱਲ ਨਹੀਂ ਹੈ ਕਿਉਂਕਿ ਇਹ ਉਹਨਾਂ ਦੀ ਮਾਂ ਪਾਰਟੀ ਹੈ।

ਇਸ ਮੌਕੇ ਸਰਬਜੀਤ ਸਿੰਘ ਝਿੰਜਰ ਪ੍ਰਧਾਨ ਯੂਥ ਅਕਾਲੀ ਦਲ, ਰਵਿੰਦਰ ਸਿੰਘ ਖੇੜਾ ਹਲਕਾ ਇੰਚਾਰਜ ਖਰੜ, ਸਾਧੂ ਸਿੰਘ ਖਲੌਰ, ਕੁਲਦੀਪ ਕੋਰ ਕੰਗ , ਹਰਮਨਪ੍ਰੀਤ ਸਿੰਘ ਪ੍ਰਿੰਸ, ਬਲਵਿੰਦਰ ਸਿੰਘ ਲਖਨੌਰ, ਪਰਮਜੀਤ ਸਿੰਘ ਕਾਹਲੋਂ, ਜਸਬੀਰ ਸਿੰਘ ਜੱਸੀ, ਕਰਮਜੀਤ ਸਿੰਘ ਮੌਲੀ, ਨਿਰਮਲ ਸਿੰਘ ਮਾਣਕਮਾਜਰਾ ਸਮੇਤ ਸ਼੍ਰੋਮਣੀ ਅਕਾਲੀ ਦਲ ਚੋਣਵੇਂ ਆਗੂ ਮੌਜੂਦ ਸਨ।

# ਕਿਸਾਨ ਮੇਲਾ ਅੱਜ

**ਬੰਗਾ (ਅਵਤਾਰ ਕਲੇਰ)**- ਡਾਇਰੈਕਟਰ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਪੰਜਾਬ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਜ਼ਿਲ੍ਹਾ ਪੱਧਰੀ ਕਿਸਾਨ ਮੇਲਾ 10 ਅਪ੍ਰੈਲ ਨੂੰ ਬਜਾਜ ਪੈਲੇਸ ਮੁਕੰਦਪੁਰ ਰੋਡ ਬੰਗਾ ਵਿਖੇ ਲਗਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡਾ. ਲਛਮਣ ਦਾਸ ਖੇਤੀਬਾੜੀ ਅਫ਼ਸਰ ਬੰਗਾ ਨੇ ਦੱਸਿਆ ਕਿ ਇਸ ਮੇਲੇ ਵਿੱਚ ਜ਼ਿਲ੍ਹੇ ਭਰ ਵਿਚੋਂ ਭਾਰੀ ਗਿਣਤੀ ਵਿੱਚ ਕਿਸਾਨ ਨਵੀਆਂ ਤਕਨੀਕਾਂ ਦੀ ਜਾਣਕਾਰੀ ਲੈਣ ਭਾਗ ਲੈਣਗੇ। ਡਾ. ਲਛਮਣ ਦਾਸ ਨੇ ਦੱਸਿਆ ਕਿ ਇਸ ਮੇਲੇ ਵਿੱਚ ਸਾਉਣੀ 2026 ਦੀਆਂ ਫਸਲਾਂ ਬਾਰੇ ਕਿਸਾਨਾਂ ਨੂੰ ਤਕਨੀਕੀ ਜਾਣਕਾਰੀ ਦੇਣ ਲਈ ਖੇਤੀਬਾੜੀ ਵਿਭਾਗ ਤੇ ਪੀ ਏ ਯੂ ਲੁਧਿਆਣਾ ਦੇ ਮਾਹਿਰਾਂ ਦੀ ਟੀਮ ਵੱਲੋਂ ਤਕਨੀਕੀ ਜਾਣਕਾਰੀ ਦਿੱਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਮੇਲੇ ਵਿੱਚ ਮੁੱਖ ਮਹਿਮਾਨ ਡਾ. ਸੁਖਵਿੰਦਰ ਕੁਮਾਰ ਸੁੱਖੀ ਵਿਧਾਇਕ ਹਲਕਾ ਬੰਗਾ ਤੇ ਬੀਬੀ ਸੰਤੋਸ਼ ਕਟਾਰੀਆ ਵਿਧਾਇਕ ਹਲਕਾ ਬਲਾਚੌਰ ਸ਼ਾਮਲ ਹੋਣਗੇ। ਉਨ੍ਹਾਂ ਦੱਸਿਆ ਕਿ ਕਿਸਾਨ ਮੇਲੇ ਦਾ ਉਦਘਾਟਨ ਗੁਲਪ੍ਰੀਤ ਸਿੰਘ ਔਲਖ ਡਿਪਟੀ ਕਮਿਸ਼ਨਰ ਸ਼ਹੀਦ ਭਗਤ ਸਿੰਘ ਨਗਰ ਕਰਨਗੇ ਤੇ ਕੈਂਪ ਵਿਚ ਵਿਸ਼ੇਸ਼ ਮਹਿਮਾਨ ਹਰਪ੍ਰੀਤ ਕੌਰ ਸੰਯੁਕਤ ਡਾਇਰੈਕਟਰ ਖੇਤੀਬਾੜੀ ਵਿਭਾਗ (ਅੰਕੜਾ ਪੰਜਾਬ) ਹੋਣਗੇ। ਇਹ ਮੇਲਾ ਸਵੇਰੇ 9:00 ਵਜੇ ਤੋਂ ਦੁਪਹਿਰ 2:00 ਵਜੇ ਤੱਕ ਲਗਾਇਆ ਜਾਵੇਗਾ। ਮੇਲੇ ਵਿੱਚ ਖੇਤੀਬਾੜੀ ਨਾਲ ਸਬੰਧਤ ਨਵੀਆਂ ਤਕਨੀਕਾਂ ਨੂੰ ਦਰਸਾਉਂਦੀਆਂ ਵੱਖ-ਵੱਖ ਵਿਭਾਗਾਂ ਵੱਲੋਂ ਪ੍ਰਦਰਸ਼ਨੀਆਂ ਵੀ ਲਗਾਈਆਂ ਜਾਣਗੀਆਂ।

# ਏ ਟੀ ਐਮ 'ਚੋਂ ਨਿਕਲੇ ਖਰਾਬ ਨੋਟ, ਮੈਨੇਜਰ ਨੇ ਬਦਲਣ ਤੋਂ ਕੀਤਾ ਇਨਕਾਰ

**ਅਲਾਵਲਪੁਰ (ਮਦਨ ਬੰਗੜ)**- ਅਲਾਵਲਪੁਰ ਦੇ ਬੱਸ ਸਟੈਂਡ ਨੇੜੇ ਸਥਿਤ ਪੀ ਐੱਨ ਬੀ ਦੇ ਏ ਟੀ ਐਮ ਵਿੱਚੋਂ ਖਰਾਬ ਨੋਟ ਨਿਕਲਣ ਦਾ ਮਾਮਲਾ ਸਾਹਮਣੇ ਆਇਆ ਹੈ, ਜਿਸ ਕਾਰਨ ਪੀੜਤ ਨੂੰ ਕਾਫੀ ਪਰੇਸ਼ਾਨੀ ਦਾ ਸਾਹਮਣਾ ਕਰਨਾ ਪਿਆ।ਬਲਰਾਜ ਸਿੰਘ ਨੇ ਦੱਸਿਆ ਕਿ ਉਹ ਆਪਣੇ ਸਾਥੀ ਰੂਪ ਸਿੰਘ ਅਤੇ ਜਸਵਿੰਦਰ ਕੁਮਾਰ, ਵਾਸੀ ਪਿੰਡ ਜੱਫੜ ਝਿੰਗੜ, ਦੇ ਨਾਲ ਕਰੀਬ ਦੁਪਹਿਰ 1:44 ਵਜੇ ਪੀ ਐੱਨ ਬੀ ਦੇ ਏ ਟੀ ਐਮ ਵਿੱਚੋਂ 5000 ਰੁਪਏ ਕਢਵਾਉਣ ਗਏ। ਉਨ੍ਹਾਂ ਦੇ ਅਨੁਸਾਰ ਏ ਟੀ ਐਮ ਵਿੱਚੋਂ ਨਿਕਲੇ ਸਾਰੇ ਨੋਟ ਰੰਗਦਾਰ, ਘਸੇ ਹੋਏ ਅਤੇ ਬਹੁਤ ਹੀ ਖਰਾਬ ਹਾਲਤ ਵਿੱਚ ਸਨ,



ਜਿਨ੍ਹਾਂ 'ਤੇ ਨਾ ਤਾਂ ਨੰਬਰ ਸਾਫ਼ ਦਿਖ ਰਹੇ ਸਨ ਤੇ ਨਾ ਹੀ ਉਹ ਚੱਲਣ ਯੋਗ ਸਨ। ਇਸ ਸੰਬੰਧੀ ਜਦੋਂ ਉਹ ਅਲਾਵਲਪੁਰ ਸਥਿਤ ਪੀ ਐੱਨ ਬੀ ਬੈਂਕ ਦੀ ਬਰਾਂਚ ਵਿੱਚ ਮੈਨੇਜਰ ਕੋਲ ਗਏ ਤਾਂ ਮੈਨੇਜਰ ਨੇ ਨੋਟ ਬਦਲਣ ਤੋਂ ਸਾਫ਼ ਇਨਕਾਰ ਕਰ ਦਿੱਤਾ। ਮੈਨੇਜਰ ਨੇ ਕਿਹਾ ਕਿ ਏ ਟੀ ਐਮ ਨਾਲ ਉਨ੍ਹਾਂ ਦਾ ਕੋਈ ਸਿੱਧਾ ਸੰਬੰਧ ਨਹੀਂ ਹੈ ਤੇ ਜੋ ਕਰਮਚਾਰੀ ਏ ਟੀ ਐਮ ਵਿੱਚ ਨੋਟ ਭਰਦੇ ਹਨ, ਉਹੀ ਇਸ ਮਾਮਲੇ ਨੂੰ ਦੇਖਣਗੇ। ਪੀੜਤਾਂ ਵੱਲੋਂ ਜਦੋਂ ਸੰਬੰਧਤ ਕਰਮਚਾਰੀਆਂ ਦਾ ਸੰਪਰਕ ਨੰਬਰ ਮੰਗਿਆ ਗਿਆ ਤਾਂ ਪਹਿਲਾਂ ਮੈਨੇਜਰ ਨੇ ਅਣਜਾਣਤਾ ਜਤਾਈ, ਪਰ ਬਾਅਦ ਵਿੱਚ ਦਿੱਤੇ ਗਏ ਨੰਬਰ 'ਤੇ ਗੱਲ ਕਰਨ 'ਤੇ ਪਤਾ ਲੱਗਾ ਕਿ ਸੰਬੰਧਤ ਵਿਅਕਤੀ ਹੁਣ ਉਸ ਏ ਟੀ ਐਮ ਨਾਲ ਨਹੀਂ ਜੁੜਿਆ।ਸੂਤਰਾਂ ਅਨੁਸਾਰ, ਇਸ ਏ ਟੀ ਐੱਮ ਵਿੱਚੋਂ ਪਹਿਲਾਂ ਵੀ ਕਈ ਵਾਰ ਫਟੇ, ਪੁਰਾਣੇ ਅਤੇ ਖਰਾਬ ਨੋਟ ਨਿਕਲਣ ਦੀਆਂ ਸ਼ਿਕਾਇਤਾਂ ਸਾਹਮਣੇ ਆ ਚੁੱਕੀਆਂ ਹਨ। ਬਲਰਾਜ ਸਿੰਘ ਨੇ ਕਿਹਾ ਕਿ ਉਹ ਇਸ ਮਾਮਲੇ ਦੀ ਸ਼ਿਕਾਇਤ ਪੀ ਐੱਨ ਬੀ ਦੇ ਉੱਚ ਅਧਿਕਾਰੀਆਂ ਕੋਲ ਕਰਨਗੇ, ਕਿਉਂਕਿ ਬੈਂਕ ਵੱਲੋਂ ਉਨ੍ਹਾਂ ਦੀ ਕੋਈ ਮਦਦ ਨਹੀਂ ਕੀਤੀ ਗਈ।

## ਸੰਜੀਵ ਅਰੋੜਾ ਵੱਲੋਂ ਬਹੁ-ਮੰਤਵੀ ਪ੍ਰਦਰਸ਼ਨੀ ਤੇ ਕਨਵੈਨਸ਼ਨ ਸੈਂਟਰ ਬਣਾਉਣ ਦਾ ਐਲਾਨ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਪੰਜਾਬ ਦੇ ਉਦਯੋਗ ਅਤੇ ਵਣਜ, ਨਿਵੇਸ਼ ਪ੍ਰੋਤਸਾਹਨ, ਸਥਾਨਕ ਸਰਕਾਰਾਂ ਤੇ ਬਿਜਲੀ ਮੰਤਰੀ ਸੰਜੀਵ ਅਰੋੜਾ ਨੇ ਮੋਹਾਲੀ ਵਿਖੇ ਪਲਕਸ਼ਾ ਯੂਨੀਵਰਸਿਟੀ ਤੇ ਸੈਕਟਰ 83 ਦੇ ਇਨਫੋਸਿਸ ਕੈਂਪਸ ਨੇੜੇ ਇੱਕ ਅਤਿ-ਆਧੁਨਿਕ ਬਹੁ-ਮੰਤਵੀ ਪ੍ਰਦਰਸ਼ਨੀ ਅਤੇ ਕਨਵੈਨਸ਼ਨ ਸੈਂਟਰ (ਈ.ਸੀ.ਸੀ.) ਵਿਕਸਿਤ ਕਰਨ ਦਾ ਐਲਾਨ



ਕੀਤਾ, ਜੋ ਨਿਵੇਸ਼, ਬੁਨਿਆਦੀ ਢਾਂਚੇ ਅਤੇ ਵਿਸ਼ਵਵਿਆਪੀ ਵਪਾਰਕ ਮੌਕਿਆਂ ਦੇ ਕੇਂਦਰ ਵਜੋਂ ਤੇਜੀ ਨਾਲ ਉਭਰ ਰਹੇ ਪੰਜਾਬ ਦਾ ਪ੍ਰਤੱਖ ਪ੍ਰਮਾਣ ਹੈ। ਉਨ੍ਹਾਂ ਦੱਸਿਆ ਕਿ ਕਨਵੈਨਸ਼ਨ ਸੈਂਟਰ ਮੋਹਾਲੀ ਆਈ ਟੀ ਸਿਟੀ ਦੇ ਬਿਲਕੁਲ ਵਿਚੋ-ਵਿੱਚ ਲਗਭਗ 14 ਏਕੜ ਵਿੱਚ ਫੈਲਿਆ ਜਨਤਕ-ਨਿੱਜੀ ਭਾਈਵਾਲੀ ਮਾਡਲ ਤਹਿਤ ਵਿਕਸਤ ਕੀਤਾ ਜਾਵੇਗਾ। ਲਗਭਗ 250 ਕਰੋੜ ਰੁਪਏ ਦੀ ਅਨੁਮਾਨਤ ਲਾਗਤ ਵਾਲਾ ਇਹ ਪ੍ਰਾਜੈਕਟ ਐਗਜ਼ੀਕਨ ਈਵੈਂਟਸ ਮੀਡੀਆ ਸਲਿਊਸ਼ਨਜ਼ ਲਿਮਟਿਡ ਵੱਲੋਂ ਵਿਕਸਿਤ ਕੀਤਾ ਜਾਵੇਗਾ। ਉਨ੍ਹਾਂ ਅੱਗੇ ਕਿਹਾ ਕਿ ਪ੍ਰਾਜੈਕਟ ਲਈ ਰਿਆਇਤ ਦੀ ਮਿਆਦ 15 ਸਾਲ ਹੋਵੇਗੀ।

## ਮੁਫਤ ਮੈਡੀਕਲ ਕੈਂਪ

**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**- ਸਿੱਧ ਜੋਗੀ ਟਰੱਸਟ ਪਿੰਡ ਖਾਨਪੁਰ ਵੱਲੋ ਡਾਕਟਰ ਜਸਵੰਤ ਸਿੰਘ ਥਿੰਦ ਅਤੇ ਡਾਕਟਰ ਪ੍ਰਭ ਹੀਰ ਵੱਲੋਂ ਫਰੀ ਮੈਡੀਕਲ ਕੈਂਪ ਤੇ ਫਰੀ ਸ਼ੂਗਰ ਟੈਸਟਿੰਗ ਕੈਂਪ ਭੂਰੀ ਵਾਲੇ ਮਹਾਰਾਜ ਕੁਟੀਆ ਮੈਲੀ ਵਿਖੇ ਸੰਤ ਚੇਤਨਾ ਨੰਦ ਭੂਰੀ ਵਾਲੇ ਮਹਾਰਾਜ ਜੀ ਦੇ ਆਸ਼ੀਰਵਾਦ ਨਾਲ ਲਗਾਇਆ ਗਿਆ। ਮਹਾਰਾਜ ਦੇ ਆਸ਼ੀਰਵਾਦ ਨਾਲ ਸਲਾਨਾ ਧਾਰਮਿਕ ਸਮਾਗਮ ਕਰਵਾਇਆ ਗਿਆ। ਸੰਤ ਚੇਤਨਾ ਨੰਦ ਮਹਾਰਾਜ ਭੂਰੀ ਵਾਲੇ ਵੱਲੋ ਲਗਾਏ ਕੈਂਪ ਦਾ ਉਦਘਾਟਨ ਕਰਨ ਸਮੇਂ ਉਨਾਂ ਦੇ



ਨਾਲ ਪਿੰਡ ਦੀਆ ਸੰਗਤਾਂ ਤੇ ਉਹਨਾਂ ਦੇ ਸ਼ਰਧਾਲੂ ਹਾਜ਼ਰ ਸਨ। ਉਨਾਂ ਤੋਂ ਇਲਾਵਾ ਸਰਪੰਚ ਜੈ ਰਾਮ, ਪੰਚ ਪ੍ਰੇਮ ਚੰਦ, ਗੁਰਦਿਆਲ ਸਿੰਘ, ਵਿੱਕੀ ਸੁਵਿਧਾ ਕੇਂਦਰ ਵਾਲੇ, ਵਿਜੇ, ਕਾਲਾ, ਸਰਪੰਚ ਅਸ਼ੋਕ ਕੁਮਾਰ, ਪੰਚ ਸੁਰਿੰਦਰ, ਪੰਚ ਅਵਤਾਰ, ਲੱਡੂ, ਪੰਮੀ ਆਦਿ ਹਾਜ਼ਿਰ ਸਨ।

# ਵਿਧਾਇਕ ਵੱਲੋਂ ਟਿਊਬਵੈੱਲ ਦੇ ਕੰਮ ਦਾ ਉਦਘਾਟਨ

**ਜ਼ੀਰਕਪੁਰ (ਵਿਨੈ ਕੁਮਾਰ ਜੈਨ)**- ਹਲਕਾ ਵਿਧਾਇਕ ਸ: ਕੁਲਜੀਤ ਸਿੰਘ ਰੰਧਾਵਾ ਨੇ ਜ਼ੀਰਕਪੁਰ ਨਗਰ ਕੌਂਸਲ ਦੀ ਹੱਦ ਅੰਦਰ ਆਉਂਦੇ ਪਿੰਡ ਨਗਲਾ (ਵਾਰਡ ਨੰਬਰ 12) ਵਿੱਚ ਨਵੇਂ ਟਿਊਬਵੈੱਲ ਦਾ ਉਦਘਾਟਨ ਕਰਕੇ ਕੰਮ ਦੀ ਸ਼ੁਰੂਆਤ ਕੀਤੀ।ਵਿਧਾਇਕ ਰੰਧਾਵਾ ਨੇ ਦੱਸਿਆ ਕਿ ਇਹ ਟਿਊਬਵੈੱਲ ਪ੍ਰੋਜੈਕਟ 40.53 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਕੀਤਾ ਜਾ ਰਿਹਾ ਹੈ, ਜਿਸ ਨਾਲ ਇਲਾਕੇ ਵਿੱਚ ਪੀਣ ਵਾਲੇ ਪਾਣੀ ਦੀ ਸਪਲਾਈ ਨੂੰ ਹੋਰ ਸੁਚਾਰੂ ਬਣਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਸਾਫ਼ ਅਤੇ ਸ਼ੁੱਧ ਪੀਣਯੋਗ ਪਾਣੀ ਮੁਹੱਈਆ ਕਰਵਾਉਣਾ ਉਨ੍ਹਾਂ ਦੀ ਪ੍ਰਾਥਮਿਕਤਾ ਹੈ ਅਤੇ ਇਸ ਦਿਸ਼ਾ ਵਿੱਚ ਲਗਾਤਾਰ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਅੱਗੇ ਕਿਹਾ ਕਿ ਆਉਣ ਵਾਲੇ ਗਰਮੀ ਦੇ ਮੌਸਮ ਨੂੰ ਧਿਆਨ ਵਿੱਚ ਰੱਖਦਿਆਂ ਨਵੇਂ ਟਿਊਬਵੈੱਲ ਲਗਾਉਣ ਦਾ ਫੈਸਲਾ ਲਿਆ ਗਿਆ ਸੀ, ਜਿਸ ਦੇ ਤਹਿਤ ਇਸ ਟਿਊਬਵੈੱਲ ਦੀ ਸ਼ੁਰੂਆਤ ਕੀਤੀ ਗਈ ਹੈ। ਉਨ੍ਹਾਂ ਨੇ ਇਹ ਵੀ ਦੱਸਿਆ ਕਿ ਆਉਣ ਵਾਲੇ ਸਮੇਂ ਵਿੱਚ ਸ਼ਹਿਰ ਦੇ ਵੱਖ-ਵੱਖ ਇਲਾਕਿਆਂ ਵਿੱਚ ਹੋਰ ਟਿਊਬਵੈੱਲ ਵੀ ਲਗਾਏ ਜਾਣਗੇ। ਵਿਧਾਇਕ ਨੇ ਕਿਹਾ ਕਿ ਨਗਰ ਕੌਂਸਲ ਵੱਲੋਂ ਲੋਕਾਂ ਤੱਕ ਸਾਫ਼ ਪਾਣੀ ਪਹੁੰਚਾਉਣ ਅਤੇ ਸ਼ਹਿਰ ਨੂੰ ਸਾਫ਼-ਸੁਥਰਾ ਰੱਖਣ ਲਈ ਦਿਨ-ਰਾਤ ਕੰਮ ਕੀਤਾ ਜਾ ਰਿਹਾ ਹੈ ਅਤੇ ਜਿੱਥੇ ਵੀ ਤੁਰੰਤ ਕੰਮ ਦੀ ਲੋੜ ਹੁੰਦੀ ਹੈ, ਉੱਥੇ ਬਿਨਾਂ ਦੇਰੀ ਕੰਮ ਸ਼ੁਰੂ ਕਰ ਦਿੱਤਾ ਜਾਂਦਾ ਹੈ। ਇਸ ਮੌਕੇ ਬਲਾਕ ਪ੍ਰਧਾਨ, ਕੌਂਸਲਰ ਸਾਹਿਬਾਨ, ਆਮ ਆਦਮੀ ਪਾਰਟੀ ਦੇ ਵਲੰਟੀਅਰ, ਸਥਾਨਕ ਵਸਨੀਕ ਤੇ ਅਧਿਕਾਰੀ ਮੌਜੂਦ ਸਨ।



# ਡਾ. ਨਿਰਮਲਜੀਤ ਕੌਰ ਸਨਮਾਨਤ

**ਬੰਗਾ (ਅਵਤਾਰ ਕਲੇਰ)**- ਮਿਲਖਾ ਸਿੰਘ ਦੇ ਗ੍ਰਹਿ ਸੱਲਾਂ ਵਿਖੇ ਡਾ. ਨਿਰਮਲਜੀਤ ਕੌਰ ਨੂੰ ਸਨਮਾਨਤ ਕਰਨ ਲਈ ਇੱਕ ਵਿਸ਼ੇਸ਼ ਪ੍ਰੋਗਰਾਮ ਕਰਵਾਇਆ ਗਿਆ। ਪ੍ਰੋਗਰਾਮ ਦੀ ਸ਼ੁਰੂਆਤ ਪੰਜਾਬੀ ਭਾਸ਼ਾ ਪਸਾਰ ਭਾਈਚਾਰੇ ਦੇ ਫਾਊਂਡਿੰਗ ਮੈਂਬਰ ਮਿੱਤਰ ਸੈਨ ਮੀਤ ਸਿੰਘ ਨੇ ਕੀਤੀ।



ਉਨ੍ਹਾਂ ਦੱਸਿਆ ਕਿ ਪੰਜਾਬੀ ਭਾਸ਼ਾ ਪ੍ਰਸਾਰ ਲਈ ਅਸੀਂ ਕਈ ਪ੍ਰੋਗਰਾਮ ਕਰ ਚੁੱਕੇ ਹਾਂ। ਜਿਸ ਤਰ੍ਹਾਂ ਕਨੇਡਾ, ਬੰਗਾ, ਗੋਬਿੰਦਪੁਰ ਆਦਿ। ਅਸੀਂ ਮਿਲਖਾ ਸਿੰਘ ਦੇ ਪਰਵਾਰ ਦੇ ਬਹੁਤ ਧੰਨਵਾਦੀ ਹਾਂ ਜਿਨ੍ਹਾਂ ਨੇ ਆਪਣੇ ਘਰ ਵਿੱਚ ਪ੍ਰੋਗਰਾਮ ਕਰਵਾਇਆ ਤੇ ਡਾ. ਨਿਰਮਲਜੀਤ ਕੌਰ ਤੇ ਸਥਾਨਕ ਸਕੂਲਾਂ ਦੇ ਹੋਣਹਾਰ ਬੱਚਿਆਂ ਜਿਨਾਂ ਨੇ ਪੰਜਾਬੀ ਬੋਲੀ ਦੇ ਖੇਤਰ ਵਿੱਚ ਨਾਮਨਾ ਖੱਟਿਆ ਹੈ ਉਨ੍ਹਾਂ ਨੂੰ ਸਨਮਾਨਤ ਕੀਤਾ ਜਾਣਾ ਹੈ। ਮਾਸਟਰ ਸੁਖਦੇਵ ਸਿੰਘ ਗਰਚਾ ਨੇ ਆਪਣੇ ਪਿਤਾ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਉਹਨਾਂ ਨੇ ਕਨੇਡਾ ਵਿੱਚ ਆਪਣੇ ਸੂਬੇ ਦੇ ਮੁੱਖ ਮੰਤਰੀ ਨਾਲ ਮੁਲਾਕਾਤ ਵੇਲੇ ਬੇਨਤੀ ਕੀਤੀ ਸੀ ਕਿ ਉਹ ਕਨੇਡਾ ਵਿੱਚ ਪੰਜਾਬੀ ਮਾਂ ਬੋਲੀ ਦੇ ਲਈ ਕੁਝ ਕਰਨ। ਸੁਖਦੇਵ ਸਿੰਘ ਨੇ ਕਿਹਾ ਕਿ ਉਹਨਾਂ ਦੇ ਪਿਤਾ 28 ਸਾਲ ਤੱਕ ਸਰਬ ਸੰਮਤੀ ਨਾਲ ਤਿੰਨਾਂ ਪਿੰਡਾਂ ਦੇ ਸਰਪੰਚ ਰਹੇ। ਉਨ੍ਹਾਂ ਦੱਸਿਆ ਕਿ ਵੱਡੇ ਭਾਈ ਸਾਹਿਬ ਕਿਰਪਾਲ ਸਿੰਘ ਗਰਚਾ ਨੇ ਵੀ ਪੰਜਾਬੀ ਬੋਲੀ ਦੇ ਲਈ ਸੰਘਰਸ਼ ਕੀਤਾ। ਪ੍ਰੋਗਰਾਮ ਦੀ ਸਮਾਪਤੀ ਵੇਲੇ ਡਾ. ਨਿਰਮਲਜੀਤ ਕੌਰ ਨੂੰ ਮੈਡਲ ਨਾਲ ਸਨਮਾਨਿਤ ਕੀਤਾ ਗਿਆ ਤੇ ਬੱਚਿਆਂ ਨੂੰ ਮੈਡਲਾਂ ਅਤੇ ਪੰਜਾਬੀ ਕਿਤਾਬਾਂ ਨਾਲ ਸਨਮਾਨਤ ਕੀਤਾ। ਇਸ ਮੌਕੇ ਮਾਸਟਰ ਸੁਭਾਸ਼ ਸੱਲਵੀ, ਮਾਸਟਰ ਸੁਰੇਸ਼, ਮੁੱਖ ਅਧਿਆਪਕ ਮਨਜੀਤ ਸਿੰਘ ਲੌਂਗੀਆ, ਜਸਵਿੰਦਰ ਸਿੰਘ ਗਰਚਾ, ਦਵਿੰਦਰ ਕੌਰ ਗਰਚਾ, ਸਿਮਰਨ ਸਿੰਘ ਗਰਚਾ, ਮਨਦੀਪ ਕੌਰ ਗਰਚਾ, ਕੁਲਵਿੰਦਰ ਕੌਰ ਭੱਟੀ, ਸੰਦੀਪ ਕੌਰ ਬੈਂਸ, ਅਮਨਦੀਪ ਕੌਰ ਪੰਚ,ਨੰਬਰਦਾਰ ਪਲਵਿੰਦਰ ਸਿੰਘ, ਚਰਨਜੀਤ ਸਿੰਘ ਨੰਬਰਦਾਰ, ਸੁਖਦੀਪ ਸਿੰਘ ਸਾਬਕਾ ਸਰਪੰਚ ਤੇ ਬੱਚੇ ਹਾਜ਼ਰ ਸਨ।

# 'ਆਪ' ਹਰ ਪਾਰਟੀ ਵਰਕਰ ਨੂੰ ਬਣਦਾ ਮਾਣ-ਸਨਮਾਨ ਦਿੰਦੀ : ਰਾਜੂ

**ਮੋਰਿੰਡਾ (ਨਿਹਾਲ ਸਿੰਘ ਕਲਸੀ)**-ਆਮ ਆਦਮੀ ਪਾਰਟੀ ਦੇ ਸੁਪਰੀਮੋ ਅਰਵਿੰਦ ਕੇਜਰੀਵਾਲ ਦਾ ਇੱਕੋ ਇੱਕ ਮਕਸਦ ਹੈ ਕੇ ਆਮ ਘਰਾਂ 'ਚੋਂ ਨੌਜਵਾਨਾਂ ਨੂੰ ਅਹੁਦੇਦਾਰੀਆਂ ਦੇ ਕੇ ਅੱਗੇ ਲਿਆਉਣਾ। ਇਹ ਵਿਚਾਰ ਆਮ ਆਦਮੀ ਪਾਰਟੀ ਦੇ ਲੀਗਲ ਸੈੱਲ ਦੇ ਜ਼ਿਲਾ ਪ੍ਰਧਾਨ ਐਡਵੋਕੇਟ ਰਜਿੰਦਰ ਸਿੰਘ ਰਾਜੂ ਨੇ ਮੋਰਿੰਡਾ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸਾਂਝੇ ਕੀਤੇ। ਉਹਨਾਂ ਕਿਹਾ ਕਿ ਆਮ ਆਦਮੀ ਪਾਰਟੀ ਇੱਕ ਅਜਿਹੀ ਪਾਰਟੀ ਹੈ ਜੋ ਪਾਰਟੀ ਲਈ ਕੰਮ ਕਰਨ ਵਾਲੇ ਹਰ ਵਰਕਰ ਨੂੰ ਬਣਦਾ ਮਾਣ ਸਨਮਾਨ ਦਿੰਦੀ ਹੈ। ਇਸ ਮੌਕੇ ਉਨਾਂ ਕਿਹਾ ਕਿ ਜੋ ਆਮ ਆਦਮੀ ਪਾਰਟੀ ਦੇ ਸੁਪਰੀਮੋ ਅਰਵਿੰਦ ਕੇਜਰੀਵਾਲ ਦੀ ਅਗਵਾਈ ਵਿੱਚ ਪੰਜਾਬ ਨਿਵਾਸੀਆਂ ਨਾਲ 2022 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਵਾਅਦੇ ਕੀਤੇ ਸਨ ਉਹਨਾਂ ਸਾਰੇ ਵਾਅਦਿਆਂ ਨੂੰ ਇੱਕ ਇੱਕ ਕਰਕੇ ਇਹਨਾਂ ਚਾਰ ਸਾਲਾਂ ਵਿੱਚ ਪੰਜਾਬ ਦੇ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਂਨ ਦੀ ਸਰਕਾਰ ਨੇ ਪੂਰਾ ਕਰ ਵਿਖਾਇਆ।



## ਵਿਸ਼ਵ ਸਿਹਤ ਦਿਵਸ ਸੰਬੰਧੀ ਪੋਸਟਰ ਮੇਕਿੰਗ ਮੁਕਾਬਲਾ

**ਸੁਲਤਾਨਪੁਰ ਲੋਧੀ (ਹਨੀ)**- ਵਰਲਡ ਹੈਲਥ ਡੇ ਦੇ ਮੌਕੇ 'ਤੇ ਫਾਲਕਨ ਇੰਟਰਨੈਸ਼ਨਲ ਸਕੂਲ ਵਿੱਚ 5ਵੀਂ ਤੋਂ 10ਵੀਂ ਕਲਾਸ ਦੇ ਵਿਦਿਆਰਥੀਆਂ ਲਈ ਪੋਸਟਰ ਮੇਕਿੰਗ ਮੁਕਾਬਲਾ ਕਰਵਾਇਆ ਗਿਆ। ਇਸ ਗਤੀਵਿਧੀ ਦਾ ਮੁੱਖ ਉਦੇਸ਼ ਸਿਹਤ ਬਾਰੇ ਜਾਗਰੂਕਤਾ ਫੈਲਾਉਣਾ ਤੇ ਵਿਦਿਆਰਥੀਆਂ ਦੀ ਰਚਨਾਤਮਕ ਯੋਗਤਾ ਨੂੰ ਉਤਸ਼ਾਹਿਤ ਕਰਨਾ ਸੀ। ਇਸ ਦੌਰਾਨ ਵਿਦਿਆਰਥੀਆਂ ਨੇ ਸਿਹਤਮੰਦ ਤੇ ਖੁਸ਼ਹਾਲ ਜੀਵਨ ਸਬੰਧੀ ਸੁੰਦਰ ਪੋਸਟਰ ਤਿਆਰ ਕੀਤੇ। 8ਵੀਂ ਜਮਾਤ 'ਚੋਂ ਅਨਨਿਆ ਪਹਿਲੇ, 9ਵੀਂ ਚੋਂ ਸੁਖਮਨਪ੍ਰੀਤ ਕੌਰ ਅਤੇ ਏਕਮਦੀਪ ਕੌਰ ਨੇ ਪਹਿਲਾ ਸਥਾਨ ਹਾਸਲ ਕੀਤਾ। 6ਵੀਂ ਜਮਾਤ ਦੀ ਪ੍ਰਭਲੀਨ ਕੌਰ ਤੇ 7ਵੀਂ ਜਮਾਤ ਦਾ ਹਰਜਾਪ ਸਿੰਘ ਦਾ ਦੂਜੇ ਤੇ 6ਵੀਂ ਦੀ ਹਰਪਲਦੀਪ ਕੌਰ ਤੇ 7ਵੀਂ ਦੀ ਗੁਰਨੂਰ ਕੌਰ ਤੀਜੇ ਸਥਾਨ 'ਤੇ ਰਹੀ। ਇਸ ਮੌਕੇ 'ਤੇ ਸੀਨੀਅਰ ਵਿੰਗ ਦੀ ਹੈਡ ਇੰਚਾਰਜ ਬਲਜੀਤ ਕੌਰ ਜੋਸਨ ਨੇ ਵਿਦਿਆਰਥੀਆਂ ਦੇ ਯਤਨਾਂ ਦੀ ਸਰਾਹਨਾ ਕੀਤੀ। ਸਕੂਲ ਦੇ ਚੇਅਰਮੈਨ ਕਰਨਲ ਅਜੀਤ ਸਿੰਘ ਢਿੱਲੋਂ ਨੇ ਕਿਹਾ ਕਿ ਇਸ ਤਰ੍ਹਾਂ ਦੀਆਂ ਗਤੀਵਿਧੀਆਂ ਵਿਦਿਆਰਥੀਆਂ ਦੇ ਸਮੂਹਿਕ ਵਿਕਾਸ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀਆਂ ਹਨ ਅਤੇ ਉਨ੍ਹਾਂ ਨੂੰ ਸਿਹਤਮੰਦ ਜੀਵਨ ਸ਼ੈਲੀ ਅਪਣਾਉਣ ਲਈ ਪ੍ਰੇਰਿਤ ਕਰਦੀਆਂ ਹਨ।



## ਗੈਸ ਚੋਰੀ ਕਰਨ ਵਾਲੇ 2 ਗ੍ਰਿਫਤਾਰ

**ਦਸੂਹਾ (ਕਰਨੈਲ ਮਾਂਗਟ)**- ਸੰਦੀਪ ਕੁਮਾਰ ਮਲਿਕ ਸੀਨੀਅਰ ਪੁਲਿਸ ਕਪਤਾਨ ਹੁਸ਼ਿਆਰਪੁਰ ਦੇ ਦਿਸ਼ਾ-ਨਿਰਦੇਸ਼ਾ ਤੇ ਮਨਪ੍ਰੀਤ ਸ਼ੀਹਮਾਰ ਐੱਸ ਪੀ ਇੰਨਵੈਸਟੀਗੇਸ਼ਨ ਹੁਸ਼ਿਆਰਪੁਰ ਤੇ ਬਲਵਿੰਦਰ ਸਿੰਘ ਜੋੜਾ ਡੀ. ਐਸ. ਪੀ. ਦਸੂਹਾ ਦੀਆ ਹਦਾਇਤਾਂ ਮੁਤਾਬਿਕ ਇੰਸਪੈਕਟਰ ਅਮਰਜੀਤ ਕੌਰ ਮੁੱਖ ਅਫਸਰ ਥਾਣਾ ਦਸੂਹਾ ਦੀ ਅਗਵਾਈ ਹੇਠ ਮਾੜੇ ਅਨਸਰਾਂ ਖਿਲਾਫ ਚਲਾਈ ਗਈ ਮੁਹਿੰਮ ਤਹਿਤ ਐੱਸ ਆਈ ਗੁਰਬਚਨ ਸਿੰਘ ਸਮੇਤ ਸਾਥੀ ਕਰਮਚਾਰੀਆ ਗੁਰਦੁਵਾਰਾ ਟੱਕਰ ਸਾਹਿਬ ਦੇ ਨਜਦੀਕ ਗਰਾਉਂਡ ਵਿੱਚ 2 ਟੈਂਕਰ ਐੱਚ ਪੀ ਗੈਸ ਦੇ ਖੜੇ ਹਨ , ਜਿਨਾਂ ਦੇ ਡਰਾਇਵਰ ਆਮ ਲੋਕਾਂ ਨੂੰ ਇਨਾਂ ਗੈਸ ਟੈਕਰ ਵਿਚੋ ਰਸੋਈ ਗੈਸ ਸਿਲੰਡਰ ਭਰ ਕੇ ਦੇ ਰਹੇ ਹਨ। ਇਨਾਂ ਟੈਕਰਾਂ ਵਿਚੋਂ ਨਜਾਇਜ ਢੰਗ ਨਾਲ ਗੈਸ ਕੱਢ ਕੇ ਸਿਲੰਡਰਾ ਵਿੱਚ ਭਰ ਕੇ ਅੱਗੇ ਆਪਣੇ ਗਾਹਕਾਂ ਨੂੰ ਵੇਚਦੇ ਹਨ , ਇਸ ਤਰਾਂ ਟੈਂਕਰਾਂ ਵਿੱਚ ਗੈਸ ਕੱਢ ਨਾਲ ਕੋਈ ਵੱਡਾ ਹਾਦਸਾ ਵਾਪਰ ਸਕਦਾ ਹੈ ਜਿਸ ਤੇ ਸੈਂਕੜ ਦੋਸ਼ੀਆਂ ਖਿਲਾਫ ਮੁਕਦਮਾ ਦਰਜ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਮਨਦੀਪ ਸਿੰਘ ਪੁੱਤਰ ਅਜੈਬ ਸਿੰਘ ਵਾਸੀ ਦਸੂਹਾ ਤੇ ਤਰਲੋਚਨ ਸਿੰਘ ਪੁੱਤਰ ਗੁਰਮੇਲ ਸਿੰਘ ਵਾਸੀ ਦਸੂਹਾ ਤੇ ਖਿਲਾਫ ਮੁਕੱਦਮਾ ਦਰਜ ਕਰਕੇ ਗ੍ਰਿਫਤਾਰ ਕਰ ਲਿਆ ਗਿਆ ਹੈ ਤੇ ਉਨਾਂ ਕੋਲੋ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾ ਰਹੀ ਹੈ।



# ਸਾਲਾਨਾ ਇਨਾਮ ਵੰਡ ਸਮਾਰੋਹ ਕਰਵਾਇਆ

**ਫਿਲੌਰ (ਨਿਰਮਲ)**- ਸਰਕਾਰੀ ਹਾਈ ਸਕੂਲ ਮਾਓ ਸਾਹਿਬ ਵਿਖੇ ਪ੍ਰਭਾਵਸ਼ਾਲੀ ਸਾਲਾਨਾ ਇਨਾਮ ਵੰਡ ਸਮਾਰੋਹ ਸਕੂਲ ਇੰਚਾਰਜ਼ ਕਰਨੈਲ ਫਿਲੌਰ ਦੀ ਦੇਖ ਰੇਖ ਅਤੇ ਸਕੂਲ ਮੁਖੀ ਨਰਿੰਦਰ ਕੁਮਾਰ ਦੀ ਅਗਵਾਈ ਵਿੱਚ ਬੀਤੇ ਦਿਨੀਂ ਸਕੂਲ ਦੇ ਵੇਹੜੇ ਵਿੱਚ ਕਰਵਾਇਆ ਗਿਆ। ਇਸ ਸਮੇਂ ਸਾਲਾਨਾ ਸਮਾਗਮ ਦੀ ਪ੍ਰਧਾਨਗੀ ਸਕੂਲ ਮੈਨੇਜਮੈਂਟ ਕਮੇਟੀ ਦੇ ਚੇਅਰਮੈਨ ਲਖਵਿੰਦਰ ਸਿੰਘ ਮਿੰਟਾ ਵਲੋਂ ਕੀਤੀ ਗਈ। ਇਸ ਸਮਾਗਮ ਵਿੱਚ ਛੇਵੀਂ ਤੋਂ ਦਸਵੀਂ ਜਮਾਤ ਤੱਕ ਸਿੱਖਿਆ ਦੇ ਖੇਤਰ ਦਰਜਾ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਅਤੇ ਵੱਖ ਵੱਖ ਖੇਡਾਂ ਵਿੱਚ ਮੱਲਾਂ ਮਾਰਨ ਵਾਲੇ ਖਿਡਾਰੀਆਂ ਦਾ ਸਨਮਾਨ ਕੀਤਾ ਗਿਆ। ਇਸ ਮੌਕੇ ਸਿੱਖਿਆ ਕ੍ਰਾਂਤੀ ਤਹਿਤ ਪੰਜਾਬ ਸਰਕਾਰ ਵੱਲੋਂ ਸਕੂਲ ਵਾਸਤੇ ਆਏ ਦੋ ਇੰਟਰਐਕਟਿਵ ਪੈਨਲਾਂ ਦੀ ਘੁੰਡ ਚੁਕਾਈ ਵੀ ਕੀਤੀ ਗਈ। ਇਸ ਸਮਾਗਮ ਮੌਕੇ ਸਕੂਲ ਦੇ ਵਿਦਿਆਰਥੀਆਂ ਵਲੋਂ ਸੱਭਿਆਚਾਰਕ ਵੰਨਗੀਆਂ ਪੇਸ਼ ਕੀਤੀਆਂ ਗਈਆਂ। ਇਸ ਮੌਕੇ ਸਕੂਲ ਮੈਨੇਜਮੈਂਟ ਕਮੇਟੀ, ਗ੍ਰਾਮ ਪੰਚਾਇਤ ਮਾਓ ਸਾਹਿਬ, ਮੀਆਂਵਾਲ, ਖੇਲਾ ਦੇ ਮੈਂਬਰਾਂ, ਗੁਰੂ ਅਰਜਨ ਦੇਵ ਸਪੋਰਟਸ ਕਲੱਬ ਮਾਓ ਸਾਹਿਬ, ਡਾਕਟਰ ਬੀ ਆਰ ਅੰਬੇਡਕਰ ਵੈੱਲਫੇਅਰ ਸੁਸਾਇਟੀ ਮਾਓ ਸਾਹਿਬ ਦੇ ਮੈਂਬਰਾਂ ਤੇ ਪਿੰਡ ਦੇ ਹੋਰ ਪਤਵੰਤਿਆਂ ਵਲੋਂ ਉਚੇਚੇ ਤੌਰ ਤੇ ਸ਼ਿਰਕਤ ਕੀਤੀ ਗਈ। ਇਸ ਸਮੇਂ ਸਰਪੰਚ ਪ੍ਰਮਿੰਦਰ ਕੌਰ ਮਾਓ ਸਾਹਿਬ, ਮਹਿੰਦਰ ਸਿੰਘ ਸੰਧੂ ਬੀਕਾ, ਬਲਜਿੰਦਰ ਸਿੰਘ ਜੱਸੜ, ਰਵੀ ਭੌਰਾ, ਨਵਦੀਪ ਕੁਮਾਰ ਬਲਾਕ ਸੰਮਤੀ ਮੈਂਬਰ ਫਿਲੌਰ, ਕ੍ਰਿਪਾਲ ਸਿੰਘ ਪੰਚ, ਸ੍ਰੀ ਮਤੀ ਗੇਜੋ ਸਰਪੰਚ ਮੀਆਂਵਾਲ, ਅਜਮੇਰ ਸਿੰਘ, ਮੋਹਨ ਸਿੰਘ ਢਿੱਲੋਂ, ਚਮਨ ਲਾਲ ਸਿੰਘ, ਕਾਵਿਸ਼ ਵਾਲੀਆ, ਸੁਦਾਗਰ ਰਾਮ, ਸੁਖਦੇਵ ਰਾਮ, ਨਿਰਮਲ ਸਿੰਘ, ਗੁਰਦਿਆਲ ਰਾਮ, ਸੁਖਦੇਵ ਸਿੰਘ, ਬਲਦੇਵ ਸਿੰਘ, ਪਰਦੀਪ ਭੱਚੂ, ਹੇਮ ਚਰਨ ਲੰਬੜਦਾਰ, ਲਹਿੰਬਰ ਸਿੰਘ ਆਦਿ ਹਾਜ਼ਰ ਸਨ।



# ਖ਼ਾਲਸਾ ਸਾਜਨਾ ਦਿਵਸ 13, 14 ਨੂੰ ਮਨਾਇਆ ਜਾਵੇਗਾ : ਮਨੋਹਰ ਸਿੰਘ

**ਆਦਮਪੁਰ (ਪਰਮਜੀਤ ਸਿੰਘ)**- ਗੁਰਦੁਆਰਾ ਧੰਨ-ਧੰਨ ਸ਼ਹੀਦ ਬਾਬਾ ਮਤੀ ਡਰੋਲੀ ਕਲਾਂ ਵਿਖੇ ਖ਼ਾਲਸਾ ਸਾਜਨਾ ਦਿਵਸ ਵਿਸਾਖੀ ਦਾ ਦਿਹਾੜਾ 13-14 ਅਪ੍ਰੈਲ ਦਿਨ ਮੰਗਲਵਾਰ ਨੂੰ ਸਵੇਰੇ 8 ਵਜੇ ਤੋਂ 4 ਵਜੇ ਤੱਕ ਸਮੂਹ ਨਗਰ ਨਿਵਾਸੀ ਤੇ ਗੁਰਦੁਆਰਾ ਪ੍ਰਬੰਧਕ ਕਮੇਟੀ ਪ੍ਰਧਾਨ ਜਥੇਦਾਰ ਮਨੋਹਰ ਸਿੰਘ ਵਲੋ ਬਹੁਤ ਹੀ ਸ਼ਰਧਾ ਪੂਰਵਕ ਮਨਾਇਆ ਜਾ ਰਿਹਾ ਹੈ। ਪ੍ਰਧਾਨ ਜਥੇਦਾਰ ਮਨੋਹਰ ਸਿੰਘ ਨੇ ਦੱਸਿਆ ਖਾਲਸਾ ਪੰਥ ਦੇ ਸਾਜਨਾ ਦਿਵਸ ਵਿਸਾਖੀ ਦੇ ਦਿਹਾੜੇ ਨੂੰ ਸਮਰਪਿਤ ਸੰਧਿਆ ਫੇਰੀ 13 ਅਪ੍ਰੈਲ ਨੂੰ ਗੁਰਦੁਆਰਾ ਸ਼ਹੀਦ ਬਾਬਾ ਮਤੀ ਜੀ ਡਰੋਲੀ ਕਲਾਂ ਤੋਂ ਦੁਪਹਿਰ 3 ਵਜੇ ਅਰੰਭ ਹੋਵੇਗੀ ਉਸ ਤੋਂ ਬਾਅਦ ਪਿੰਡ ਪਧਿਆਨਾ ਤੋਂ ਫਿਰ ਵਾਪਸ ਡਰੋਲੀ ਕਲਾਂ ਪਿੰਡ ਦੀ ਪ੍ਰਕਰਮਾ ਕਰਦੇ ਹੋਏ ਗੁਰਦੁਆਰਾ ਸ਼ਹੀਦ ਬਾਬਾ ਮੱਤੀ ਵਿਖੇ ਸਮਾਪਤ ਹੋਵੇਗੀ। ਉਪਰੰਤ ਦੀਵਾਨ ਸਜੇਗਾ, ਜਿਸ ਦੌਰਾਨ ਭਾਈ ਵੀਰ ਜਤਿੰਦਰ ਸਿੰਘ ਮਲਕਪੁਰ ਵਾਲੇ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ। 14 ਅਪ੍ਰੈਲ ਨੂੰ ਮਹਾਨ ਕੀਰਤਨ ਦਰਬਾਰ ਸਜਾਇਆ ਜਾਵੇਗਾ, ਜਿਸ ਵਿਚ ਕਥਾਵਾਚਕ ਭਾਈ ਹਰਪ੍ਰੀਤ ਸਿੰਘ ਵਡਾਲਾ ਗੁਰਦੁਆਰਾ ਮੰਜੀ ਸਾਹਿਬ ਸ੍ਰੀ ਅੰਮ੍ਰਿਤਸਰ, ਭਾਈ ਗੁਰਜੀਤ ਸਿੰਘ ਹਜ਼ੂਰੀ ਰਾਗੀ ਗੁਰਦੁਆਰਾ ਸ਼ਹੀਦ ਬਾਬਾ ਮਤੀ ਜੀ, ਭਾਈ ਵਰੁਣਜੀਤ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ, ਭਾਈ ਤਾਰਬਲਵੀਰ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ, ਭਾਈ ਜਤਿੰਦਰਪਾਲ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਤੇ ਢਾਡੀ ਭਾਈ ਜੈਦੇਵ ਸਿੰਘ ਤਖਤ ਸ੍ਰੀ ਦਮਦਮਾ ਸਾਹਿਬ ਵਾਲਿਆਂ ਦੇ ਜਥੇ ਸੰਗਤਾਂ ਨੂੰ ਗੁਰਬਾਣੀ ਕੀਰਤਨ ਕਥਾ ਤੇ ਢਾਡੀ ਵਾਰਾਂ ਰਾਹੀਂ ਨਿਹਾਲ ਕਰਨਗੇ।

# ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੀ ਮੀਟਿੰਗ



**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਬਲਾਕ ਮੋਰਿੰਡਾ ਦੀ ਮੀਟਿੰਗ ਬਲਾਕ ਪ੍ਰਧਾਨ ਭੁਪਿੰਦਰ ਸਿੰਘ ਮੁੰਡੀਆਂ ਦੀ ਪ੍ਰਧਾਨਗੀ ਹੇਠ ਗੁਰਦੁਆਰਾ ਸ਼ਹੀਦ ਗੰਜ ਸਾਹਿਬ ਮੋਰਿੰਡਾ ਵਿਖੇ ਹੋਈ।

ਮੀਟਿੰਗ ਸਬੰਧੀ ਜਾਣਕਾਰੀ ਦਿੰਦਿਆਂ ਜਨਰਲ ਸਕੱਤਰ ਰਣਧੀਰ ਸਿੰਘ ਮਾਜਰੀ ਨੇ ਦੱਸਿਆ ਕਿ ਜ਼ਿਲਾ ਪ੍ਰਧਾਨ ਦਲਜੀਤ ਸਿੰਘ ਤੇ ਜ਼ਿਲਾ ਸਕੱਤਰ ਗੁਰਚਰਨ ਸਿੰਘ ਢੋਲਣ ਮਾਜਰਾ ਵਿਸ਼ੇਸ਼ ਤੌਰ 'ਤੇ ਸ਼ਾਮਿਲ ਹੋਏ। ਉਹਨਾਂ ਦੱਸਿਆ ਕਿ 10 ਅਪ੍ਰੈਲ ਨੂੰ ਮੋਗਾ ਵਿਖੇ ਹੋ ਰਹੀ ਮਹਾਂ ਪੰਚਾਇਤ ਅਤੇ ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਦਫਤਰ ਮੋਗਾ ਵਿਖੇ ਖੇਤੀ ਵਿਗਿਆਨੀਆਂ ਦਾ ਖੇਤੀ ਤੇ ਪਾਣੀ ਸਬੰਧੀ ਹੋ ਰਹੇ ਸੈਮੀਨਾਰ ਵਿੱਚ ਸ਼ਾਮਿਲ ਹੋਣ ਲਈ ਤਿਆਰੀਆਂ ਕੀਤੀਆਂ ਗਈਆਂ। ਉਨ੍ਹਾਂ ਦੱਸਿਆ ਕਿ 10 ਅਪ੍ਰੈਲ ਨੂੰ ਮੋਗਾ ਜਾਣ ਲਈ ਵੱਡੀ ਗਿਣਤੀ ਵਿੱਚ ਕਿਸਾਨ ਸਵੇਰੇ 7 ਵਜੇ ਰਵਾਨਾ ਹੋਣਗੇ। ਮੀਟਿੰਗ ਦੌਰਾਨ ਇਸ ਸਬੰਧੀ ਵਰਕਰਾਂ ਦੀਆਂ ਡਿਊਟੀਆਂ ਲਗਾਈਆਂ ਗਈਆਂ। ਇਸ ਮੌਕੇ ਕਿਸਾਨ ਆਗੂ ਪਾਲਾ ਸਿੰਘ, ਛੋਟਾ ਸਿੰਘ ਗੋਪਾਲਪੁਰ, ਬਲਜੀਤ ਸਿੰਘ ਮਾਜਰੀ ਤੇ ਜਸਵਿੰਦਰ ਸਿੰਘ ਆਦਿ ਹਾਜ਼ਰ ਸਨ।

## ਡਾ: ਅੰਬੇਡਕਰ ਦੇ ਜਨਮ ਦਿਵਸ ਨੂੰ ਸਮਰਪਤ ਸ਼ੋਭਾ ਯਾਤਰਾ ਅੱਜ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਸ਼ੋਭਾ ਯਾਤਰਾ 10 ਅਪ੍ਰੈਲ ਨੂੰ 1:00 ਵਜੇ ਬਾਅਦ ਦੁਪਹਿਰ ਹੁਸ਼ਿਆਰਪੁਰ ਦੇ ਮੁਹੱਲਾ ਰਹੀਮਪੁਰ ਵਿਖੇ ਸ੍ਰੀ ਗੁਰੂ ਰਵਿਦਾਸ ਮੰਦਰ ਤੋਂ ਸ਼ੁਰੂ ਹੋ ਕੇ ਸ਼ਹਿਰ ਦੇ ਵੱਖ ਵੱਖ ਚੌਕਾਂ ਵਿੱਚੋਂ ਹੁੰਦੇ ਹੋਏ ਬਸ ਸਟੈਂਡ ਬਾਬਾ ਸਾਹਿਬ ਅੰਬੇਡਕਰ ਚੌਂਕ ਵਿਖੇ ਬਾਬਾ ਸਾਹਿਬ ਨੂੰ ਸ਼ਰਧਾ ਦੇ ਫੁੱਲ ਭੇਟ ਕਰਦੇ ਹੋਏ ਸਮਾਪਤ ਕੀਤੀ ਜਾਵੇਗੀ। ਇਹ ਸ਼ੋਭਾ ਯਾਤਰਾ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ, ਸ੍ਰੀ ਗੁਰੂ ਰਵਿਦਾਸ, ਭਗਵਾਨ ਬਾਲਮੀਕ ਤੇ ਹੋਰ ਬਾਬਾ ਸਾਹਿਬ ਨਾਲ ਸਬੰਧਤ ਮਹਾਂਪੁਰਖਾਂ ਦੀਆਂ ਵਿਚਾਰਧਾਰਾ ਨੂੰ ਮੰਨਣ ਵਾਲੀਆਂ ਸੰਸਥਾਵਾਂ ਦੇ ਸਹਿਯੋਗ ਦੇ ਨਾਲ ਕੱਢੀ ਜਾਵੇਗੀ।ਸ਼ੋਭਾ ਯਾਤਰਾ ਵਿੱਚ ਸ਼ਹਿਰ ਦੀਆਂ ਧਾਰਮਿਕ ਸਮਾਜਿਕ ਰਾਜਨੀਤਿਕ ਸ਼ਖਸ਼ੀਅਤਾਂ ਤੇ ਜਥੇਬੰਦੀਆਂ ਵੱਲੋਂ ਹਾਜ਼ਰੀ ਭਰੀ ਜਾਵੇਗੀ।



# ਐੱਲ ਪੀ ਯੂ ਨੇ 7ਵਾਂ ਗੇਵੇਲਡ ਮੂਟ ਕੋਰਟ ਮੁਕਾਬਲਾ 2026 ਕਰਵਾਇਆ

**ਜਲੰਧਰ (ਸ਼ੈਲੀ ਐਲਬਰਟ)**- ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਵਿਖੇ ਆਯੋਜਿਤ 7ਵੇਂ ਗੇਵੇਲਡ ਨੈਸ਼ਨਲ ਮੂਟ ਕੋਰਟ ਮੁਕਾਬਲੇ ਵਿੱਚ ਭਾਰਤ ਭਰ ਦੀਆਂ ਸੰਸਥਾਵਾਂ ਦੀਆਂ 30 ਤੋਂ ਵੱਧ ਟੀਮਾਂ ਨੇ ਹਿੱਸਾ ਲਿਆ। ਇਨ੍ਹਾਂ ਵਿੱਚ ਰਾਸ਼ਟਰੀ ਕਾਨੂੰਨ ਯੂਨੀਵਰਸਿਟੀਆਂ, ਕੇਂਦਰੀ ਅਤੇ ਰਾਜ ਯੂਨੀਵਰਸਿਟੀਆਂ ਅਤੇ ਨਿੱਜੀ ਸੰਸਥਾਵਾਂ ਸ਼ਾਮਲ ਸਨ। ਸਕੂਲ ਆਫ਼ ਲਾਅ ਦੁਆਰਾ ਆਯੋਜਿਤ, ਤਿੰਨ ਦਿਨਾਂ ਮੁਕਾਬਲੇ ਨੇ ਨੌਜਵਾਨ ਵਿਦਿਆਰਥੀਆਂ ਨੂੰ ਅਦਾਲਤ ਦੇ ਸਖ਼ਤ ਕਾਰਜਾਂ ਵਿੱਚ ਸ਼ਾਮਲ ਹੋਣ ਲਈ ਇੱਕ ਕੇਂਦ੍ਰਿਤ ਪਲੇਟਫਾਰਮ ਪ੍ਰਦਾਨ ਕੀਤਾ, ਜਿੱਥੇ ਉਨ੍ਹਾਂ ਨੇ ਆਪਣੀਆਂ ਮਜ਼ਬੂਤ ਵਿਸ਼ਲੇਸ਼ਣਾਤਮਕ ਯੋਗਤਾਵਾਂ, ਵਿਚਾਰਾਂ ਦੀ ਸਪਸ਼ਟਤਾ ਤੇ ਪ੍ਰਭਾਵਸ਼ਾਲੀ ਵਕਾਲਤ ਦਾ ਪ੍ਰਦਰਸ਼ਨ ਕੀਤਾ।ਇਹ ਮੁਕਾਬਲਾ ਮਾਣਯੋਗ ਜਸਟਿਸ ਤਲਵੰਤ ਸਿੰਘ (ਦਿੱਲੀ ਹਾਈ ਕੋਰਟ ਦੇ ਸਾਬਕਾ ਜੱਜ) ਵੱਲੋਂ ਰਸਮੀ ਤੌਰ 'ਤੇ ਗੈਵੇਲ ਵਜਾਉਣ ਨਾਲ ਸ਼ੁਰੂ ਹੋਇਆ। ਡਾ. ਅਸ਼ੋਕ ਕੁਮਾਰ ਮਿੱਤਲ, ਸੰਸਦ ਮੈਂਬਰ (ਰਾਜ ਸਭਾ) ਤੇ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਦੇ ਚਾਂਸਲਰ ਨੇ ਜ਼ੋਰ ਦੇ ਕੇ ਕਿਹਾ ਕਿ ਕਾਨੂੰਨੀ ਸਿੱਖਿਆ ਸਿਰਫ਼ ਸਿਧਾਂਤ ਤੱਕ ਸੀਮਤ ਨਹੀਂ ਹੋਣੀ ਚਾਹੀਦੀ, ਸਗੋਂ ਵਿਹਾਰਕ ਅਨੁਭਵ ਅਤੇ ਮਜ਼ਬੂਤ ਨੈਤਿਕ ਕਦਰਾਂ-ਕੀਮਤਾਂ ਨੂੰ ਵੀ ਸ਼ਾਮਲ ਕਰਨਾ ਚਾਹੀਦਾ ਹੈ। ਯੂਨੀਵਰਸਿਟੀ ਇੰਸਟੀਚਿਊਟ ਆਫ਼ ਲੀਗਲ ਸਟੱਡੀਜ਼, ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਨੂੰ ਬੈਸਟ ਰਿਸਰਚਰ ਪੁਰਸਕਾਰ ਨਾਲ ਸਨਮਾਨਿਤ ਕੀਤਾ, ਜਦੋਂ ਕਿ ਲਿੰਕਨ ਕਾਲਜ ਆਫ਼ ਲਾਅ ਸਰਹਿੰਦ ਨੇ ਬੈਸਟ ਮੂਟਰ ਦਾ ਖਿਤਾਬ ਜਿੱਤਿਆ। ਰਾਈਜ਼ਿੰਗ ਸਟਾਰ ਸ਼੍ਰੇਣੀਆਂ ਵਿੱਚ ਡਾ. ਬੀ.ਆਰ. ਅੰਬੇਡਕਰ ਨੈਸ਼ਨਲ ਲਾਅ ਯੂਨੀਵਰਸਿਟੀ, ਸੋਨੀਪਤ, ਆਰਮੀ ਇੰਸਟੀਚਿਊਟ ਆਫ਼ ਲਾਅ ਤੇ ਗੁਰੂ ਨਾਨਕ ਦੇਵ ਯੂਨੀਵਰਸਿਟੀ, ਆਰ ਸੀ ਜਲੰਧਰ ਨੂੰ ਕ੍ਰਮਵਾਰ ਖੋਜਕਰਤਾ, ਮੈਮੋਰੀਅਲ ਤੇ ਮੂਟਰ ਲਈ ਸਨਮਾਨਤ ਕੀਤਾ ਗਿਆ।




# ਸਰਕਾਰ ਬਾਬਾ ਸਾਹਿਬ ਦੇ ਬੁੱਤਾਂ ਨਾਲ ਛੇੜਛਾੜ ਦੇ ਦੋਸ਼ੀਆਂ ਨੂੰ ਗ੍ਰਿਫ਼ਤਾਰ ਕਰੇ : ਜਾਜਾ

**ਟਾਂਡਾ ਉੜਮੁੜ (ਜਸਵਿੰਦਰ ਸੰਧੂ)**- ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦੇ ਮਿਸ਼ਨ ਤੇ ਪਹਿਰਾ ਦੇਣ ਲਈ ਜਿੱਥੇ ਭਾਰਤ ਦੀਆਂ ਕਈ ਸੰਸਥਾਵਾਂ ਦਿਨ ਰਾਤ ਮਿਹਨਤ ਕਰ ਰਹੀਆਂ ਹਨ ਉਥੇ ਕਈ ਸ਼ਰਾਰਤੀ ਅਨਸਰ ਬਾਬਾ ਸਾਹਿਬ ਦੇ ਬੁੱਤਾਂ ਅਤੇ ਪੋਸਟਰ ਆਦਿ ਨਾਲ ਛੇੜਛਾੜ ਕਰਕੇ ਦਲਿਤ ਸਮਾਜ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚਾ ਰਹੇ ਹਨ ਜਿਸਨੂੰ ਭਾਵਾਧਸ ਕਿਸੇ ਵੀ ਕੀਮਤ ਬਰਦਾਸ਼ਤ ਨਹੀਂ ਕਰੇਗਾ। ਉਪਰੋਕਤ ਸ਼ਬਦਾਂ ਦਾ ਪ੍ਰਗਟਾਵਾ ਭਾਰਤੀ ਵਾਲਮੀਕਿ ਧਰਮ ਸਮਾਜ (ਭਾਵਾਧਸ) ਦੇ ਰਾਸ਼ਟਰੀ ਸੰਚਾਲਕ ਸੁਰਿੰਦਰ ਜਾਜਾ ਨੇ ਕਰਦੇ ਹੋਏ ਕਿਹਾ ਕਿ ਕੁਝ ਦਿਨ ਪਹਿਲਾਂ ਪਿੰਡ ਨੂਰਪੁਰ ਜੱਟਾਂ ਵਿਖੇ ਅੱਤਵਾਦੀਆਂ ਵੱਲੋਂ ਬਾਬਾ ਸਾਹਿਬ ਜੀ ਦੇ ਬੁੱਤ ਦੀ ਕੀਤੀ ਗਈ ਬੇਅਦਬੀ ਕਾਰਨ ਦਲਿਤ ਵਰਗ ਦੇ ਦਿਲਾਂ ਦੇ ਜ਼ਖ਼ਮ ਅਜੇ ਭਰੇ ਨਹੀਂ ਸੀ ਕਿ ਹੁਣ ਬੀਤੇ ਦਿਨ ਨਕੋਦਰ ਵਿਖੇ ਫ਼ਿਰ ਸ਼ਰਾਰਤੀ ਅਨਸਰਾਂ ਨੇ ਬਾਬਾ ਸਾਹਿਬ ਦੇ ਪੋਸਟਰ ਪਾੜ ਦਿੱਤੇ ਹਨ। ਸੁਰਿੰਦਰ ਜਾਜਾ ਨੇ ਕਿਹਾ ਕਿ 14 ਅਪ੍ਰੈਲ ਨੂੰ ਬਾਬਾ ਸਾਹਿਬ ਭੀਮ ਰਾਓ ਅੰਬੇਡਕਰ ਦੇ ਜਨਮ ਦਿਹਾੜੇ ਨੂੰ ਸਮਰਪਿਤ 135ਵੀਂ ਜਯੰਤੀ ਦੀਆਂ ਲੋਕਾਂ ਨੂੰ ਲੱਖ-ਲੱਖ ਵਧਾਈਆਂ ਦੇਣ ਸਬੰਧੀ ਨਕੋਦਰ ਸ਼ਹਿਰ ਵਿੱਚ ਪੋਸਟਰ ਲਗਾਏ ਗਏ ਸਨ ਜਿਨ੍ਹਾਂ ਨੂੰ ਕੁਝ ਸ਼ਰਾਰਤੀਆਂ ਅਨਸਰਾਂ ਨੇ ਫਾੜ ਕੇ ਬਾਬਾ ਸਾਹਿਬ ਦੇ ਅਨੁਆਈਆਂ ਦੀਆਂ ਭਾਵਨਾਵਾਂ ਨੂੰ ਜਿਹੜੀ ਠੇਸ ਪਹੁੰਚਾਈ ਹੈ ਉਸ ਨੂੰ ਭਾਵਾਧਸ ਕਿਸੇ ਵੀ ਕੀਮਤ ਤੇ ਬਰਦਾਸ਼ਤ ਨਹੀਂ ਕਰੇਗਾ। ਸੁਰਿੰਦਰ ਜਾਜਾ ਨੇ ਕਿਹਾ ਕਿ ਪੰਜਾਬ ਦੇ ਵੱਖ-ਵੱਖ ਸ਼ਹਿਰਾਂ ਵਿੱਚ ਸ਼ਰਾਰਤੀ ਅਨਸਰਾਂ ਵੱਲੋਂ ਬਾਬਾ ਸਾਹਿਬ ਦੀ ਕੀਤੀ ਜਾ ਰਹੀ ਬੇਅਦਬੀ ਕਿਸੇ ਵੀ ਕੀਮਤ ਬਰਦਾਸ਼ਤ ਨਹੀਂ ਕੀਤੀ ਜਾਵੇਗੀ।



ਉਨ੍ਹਾਂ ਸਰਕਾਰ ਅਤੇ ਪੁਲਿਸ ਪ੍ਰਸ਼ਾਸਨ ਨੂੰ ਚੇਤਾਵਨੀ ਦਿੰਦੀਆਂ ਹੋਇਆਂ ਕਿਹਾ ਕਿ ਜੇਕਰ ਅਜਿਹੀਆਂ ਮੰਦਭਾਗੀਆਂ ਘਿਨਾਉਣੀਆਂ ਹਰਕਤਾਂ ਕਰਨ ਵਾਲੇ ਅੱਤਵਾਦੀ ਦੋਸ਼ੀਆਂ ਨੂੰ ਜਲਦ ਗ੍ਰਿਫ਼ਤਾਰ ਕਰਕੇ ਉਨ੍ਹਾਂ ਦੇ ਖਿਲਾਫ਼ ਬਣਦੀ ਸਖ਼ਤ ਕਾਨੂੰਨੀ ਕਾਰਵਾਈ ਨਾ ਕੀਤੀ ਤਾਂ ਭਾਵਾਧਸ ਪੰਜਾਬ ਭਰ ਵਿੱਚ ਸਰਕਾਰ ਖਿਲਾਫ਼ ਰੋਸ ਪ੍ਰਦਰਸ਼ਨ ਸ਼ੁਰੂ ਕਰ ਦੇਵੇਗਾ।ਇਸ ਮੌਕੇ ਤੇ ਬੌਬੀ ਰਾਜਪੁਰ, ਸੁਨੀਲ ਜਾਜਾ, ਸੁਰਜੀਤ ਰਾਜਾ, ਪਰਮਜੀਤ ਬਾਬੂ, ਮੋਹਿਤ ਧੀਰ ਟਾਂਡਾ, ਗੁਰਮੀਤ ਪਰੋਜ, ਅਰਵ ਖੋਸਲਾ ਉੜਮੁੜ, ਜਸਵੰਤ ਢਡਿਆਲਾ, ਗੁਰਦਿਆਲ ਵਿੱਕੀ, ਅਜੇ ਕੁਮਾਰ, ਸੋਢੀ ਨੰਗਲ, ਲਾਡੀ ਰਾਵਾਂ ਅਤੇ ਹੋਰ ਹਾਜ਼ਰ ਸਨ।

## ਕੇ ਐੱਸ ਮੱਖਣ ਸੁਖਬੀਰ ਸਿੰਘ ਬਾਦਲ ਨੂੰ ਮਿਲੇ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)** - ਹਲਕਾ ਨਕੋਦਰ ਤੋਂ ਅਕਾਲੀ ਆਗੂ ਕੇ ਐੱਸ ਮੱਖਣ ਚੰਡੀਗੜ੍ਹ ਵਿਚ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੂੰ ਮਿਲੇ। ਉਨਾਂ ਆ ਰਹੀਆਂ ਵਿਧਾਨ ਸਭਾ ਦੀਆਂ ਚੋਣਾਂ ਬਾਰੇ ਵਿਚਾਰ ਵਟਾਦਰਾਂ ਕੀਤਾ। ਨੇ ਉਨਾਂ ਨੂੰ ਕਿਹਾ ਕਿ ਲੋਕਾਂ ਨਾਲ ਤਾਲਮੇਲ ਕਰੋ ਤੇ ਹਰ ਇਕ ਪਿੰਡ ਵਿਚ ਜਾ ਕੇ ਲੋਕਾਂ ਦੀਆਂ ਮੁਸਕਲਾਂ ਨੂੰ ਸੁਣਿਆ ਜਾਵੇ।



## ਪਲੇਸਮੈਂਟ ਕੈਂਪ ਅੱਜ

**ਮੁਹਾਲੀ (ਗੁਰਜੀਤ ਬਿੱਲਾ)**- ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਅਤੇ ਮਾਡਲ ਕਰੀਅਰ ਸੈਂਟਰ, ਐੱਸ ਏ ਐੱਸ ਨਗਰ ਵੱਲੋਂ 10 ਅਪ੍ਰੈਲ ਨੂੰ ਪਲੇਸਮੈਂਟ ਕੈਂਪ ਦਾ ਆਯੋਜਨ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਕਮਰਾ ਨੰ.461, ਤੀਜੀ ਮੰਜਿਲ, ਸੈਕਟਰ-76 ਮੋਹਾਲੀ ਵਿਖੇ ਕੀਤਾ ਜਾ ਰਿਹਾ ਹੈ। ਇਸ ਪਲੇਸਮੈਂਟ ਕੈਂਪ ਦਾ ਸਮਾਂ ਸਵੇਰ 10:00 ਵਜੇ ਤੋਂ ਦੁਪਹਿਰ 1.00 ਵਜੇ ਤੱਕ ਹੋਵੇਗਾ।ਡੀ ਬੀ ਈ ਈ ਐੱਸ ਏ ਐੱਸ ਨਗਰ ਦੇ ਡਿਪਟੀ ਡਾਇਰੈਕਟਰ, ਹਰਪ੍ਰੀਤ ਸਿੰਘ ਮਾਨਸ਼ਾਹੀਆਂ ਨੇ ਦੱਸਿਆ ਕਿ ਕੈਂਪ ਵਿੱਚ ਡਿਸਟਿਲ ਵੈਂਚਰਸ ਇੰਡੀਆ ਲਿਮ:, ਸਵਿਗੀ, ਐੱਲ ਜੀ ਇਲੈਕਟ੍ਰੋਨਿਕ, ਡੀ ਮਾਰਟ ਤੇ ਐੱਸ ਬੀ ਆਈ ਲਾਈਫ ਇੰਸ਼ੋਰਸ ਕੰਪਨੀਆਂ ਵੱਲੋਂ ਲਾਈਫ ਮਿਤਰਾਂ, ਖੇਤਰੀ ਰੇਲਗੱਡੀਆਂ, ਮੈਟਰੋ ਅਤੇ ਲੋਕੋਮੋਟਿਵ ਦੇ ਬੋਗੀ ਰੱਖਿਆ, ਮਾਈਨਿੰਗ, ਅਰਥਮੂਵਿੰਗ, ਆਟੋਮੋਟਿਵ ਅਤੇ ਖੇਤੀਬਾੜੀ ਖੇਤਰਾਂ ਲਈ ਭਾਰੀ ਇੰਜੀਨੀਅਰਿੰਗ ਫੈਬਰੀਕੇਸ਼ਨ ਲਈ 10ਵੀ, 12ਵੀ, ਗਰੈਜੂਏਸ਼ਨ , ਬੀ.ਕਾਮ, ਆਈ ਟੀ ਆਈ (ਫਿਟਰ, ਟਰਨਰ, ਮਸ਼ੀਨਿਸਟ, ਡੀਜ਼ਲ ਮਕੈਨਿਕ, ਗਰਿਡ ਮੈਨ, ਵੈਲਡਰ) ਪ੍ਰਾਰਥੀਆਂ ਦੀ ਚੋਣ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਚੁਣੇ ਗਏ ਪ੍ਰਾਰਥੀਆਂ ਦੀ ਤਨਖਾਹ ਤਜਰਬੇ ਅਤੇ ਕੰਪਨੀ ਨਿਯਮਾਂ ਅਨੁਸਾਰ ਹੋਵੇਗੀ ਅਤੇ ਕੰਮ ਕਰਨ ਦਾ ਸਥਾਨ ਮੋਹਾਲੀ ਹੋਵੇਗਾ।

# ਹੈਰੋਇਨ ਸਮੇਤ 4 ਦੋਸ਼ੀ ਗ੍ਰਿਫਤਾਰ

**ਫਗਵਾੜਾ (ਡਾ ਰਮਨ)**

ਮਾਨਯੋਗ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਖਿਲਾਫ ਚਲਾਈ ਗਈ ਮੁਹਿੰਮ ਦੇ ਤਹਿਤ ਡੀ ਜੀ.ਪੀ ਸਾਹਿਬ ਪੰਜਾਬ ਦੇ ਹੁਕਮਾਂ ਅਨੁਸਾਰ ਸ੍ਰੀ ਗੋਰਵ ਤੋਰਾ ਆਈ.ਪੀ.ਐਸ., ਮਾਨਯੋਗ ਸੀਨੀਅਰ ਪੁਲਿਸ ਕਪਤਾਨ ਕਪੂਰਥਲਾ ਜੀ ਦਿਸ਼ਾ ਨਿਰਦੇਸ਼ ਹੇਠ ਕਪੂਰਥਲਾ ਪੁਲਿਸ ਵੱਲੋਂ 16.8 ਕਿੱਲੋਗ੍ਰਾਮ ਹੈਰੋਇਨ ਸਮੇਤ 4 ਦੋਸ਼ੀ ਗ੍ਰਿਫਤਾਰ ਨੂੰ ਕਰਨ ਵਿੱਚ ਮਿਲੀ ਭਾਰੀ ਸਫਲਤਾ। ਗੌਰਵ ਤੂਰਾ ਸੀਨੀਅਰ ਪੁਲਿਸ ਕਪਤਾਨ ਕਪੂਰਥਲਾ ਨੇ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਮਾਧਵੀ ਸ਼ਰਮਾ ਉਪ ਪੁਲਿਸ ਕਪਤਾਨ ਸਬ ਡਵੀਜਨ ਫਗਵਾੜਾ ਦੀ ਸੁਪਰਵੀਜਨ ਹੇਠ ਭਾਰਤ ਭੂਸ਼ਣ, ਉਪ ਪੁਲਿਸ ਕਪਤਾਨ ਸਬ ਡਵੀਜਨ ਫਗਵਾੜਾ ਦੀ ਗੁਪਤ ਸੂਚਨਾ ਦੇ ਆਧਾਰ ਤੇ ਉਹਨਾਂ ਵੱਲੋਂ ਸਮੇਤ ਵੱਖ-ਵੱਖ ਪੁਲਿਸ ਪਾਰਟੀਆਂ ਨੂੰ ਹਮਰਾਹ ਕੈ ਕੇ ਨੰਗਲ ਮੱਝਾ ਹਾਈਵੇ ਮੌੜ ਜੀ ਟੀ ਰੋਡ, ਪੁਰਾਣੀ ਬਿਲਡਿੰਗ ਸਾਹਮਣੇ ਜੀ ਟੀ ਰੋਡ ਫਗਵਾੜਾ ਤੇ ਪਲਾਹੀ ਕੱਟ ਮੇਨ ਜੀ ਟੀ ਰੋਡ ਚੰਡੀਗੜ੍ਹ ਪਰ ਨਾਕਾਬੰਦੀ ਕੀਤੀ ਗਈ। ਕੁੱਝ ਦੇਰ ਬਾਅਦ ਇੱਕ ਬਲੈਨੋ ਗੱਡੀ ਰੰਗ ਗਰੇਅ ਆਈ, ਜਿਸ ਨੂੰ ਇੱਕ ਮੋਨਾ ਨੌਜਵਾਨ ਚਲਾ ਰਿਹਾ ਸੀ ਤੇ ਦੂਜੀ ਸੀਟ ਪਰ ਇੱਕ ਮੋਨਾ ਨੌਜਵਾਨ ਅਤੇ ਪਿਛਲੀ ਸੀਟ ਪਰ ਇੱਕ ਮੋਨਾ ਨੌਜਵਾਨ ਅਤੇ ਇੱਕ ਲੜਕੀ ਬੈਠੀ ਸੀ ਆਂਉਦੀ ਦਿਖਾਈ ਦਿੱਤੀ, ਜਿਸ ਨੂੰ ਨਾਕਾਬੰਦੀ ਪਾਰਟੀ ਨੰਗਲ ਮੱਝਾ ਨੇ ਰੁੱਕਣ ਦਾ ਇਸ਼ਾਰਾ ਕੀਤਾ ਤਾਂ ਉਹਨਾਂ ਨੂੰ ਵੇਖ ਕੇ ਗੱਡੀ ਚਾਲਕ ਨੇ ਗੱਡੀ ਭਜਾ ਲਈ ਤਾਂ ਪੁਰਾਣੀ ਬਿਲਡਿੰਗ ਸਾਹਮਣੇ ਜੀ ਟੀ ਰੋਡ ਫਗਵਾੜਾ ਸਾਹਮਣੇ ਨਾਕਾਬੰਦੀ ਪਾਰਟੀ ਵੱਲੋਂ ਵੀ ਰੁਕਣ ਦਾ ਇਸ਼ਾਰਾ ਕਰਨ ਤੇ ਵੀ ਗੱਡੀ ਚਾਲਕ ਨੇ ਗੱਡੀ ਨਹੀ ਰੋਕੀ ਤੇ ਗੱਡੀ ਭਜਾ ਲਈ, ਜਿਸ ਤੇ ਅੱਗੇ ਤਾਇਨਾਤ ਨਾਕਾਬੰਦੀ ਪੁਲਿਸ ਪਾਰਟੀ ਵੱਲੋਂ ਆਪਣੀ ਪਾਰਟੀ ਸਮੇਤ ਆਪਣੀ ਗੱਡੀ ਸੜਕ ਦੇ ਵਿਚਕਾਰ ਕਰ ਦਿੱਤੀ ਤਾਂ ਗੱਡੀ ਚਾਲਕ ਨੇ ਆਪਣੀ ਗੱਡੀ ਗਲਤ ਸਾਈਡ ਹੀ ਪਿੱਛੇ ਨੂੰ ਮੋੜ ਲਈ ਤਾਂ ਪਿੱਛੇ ਪਹਿਲਾਂ ਤੋਂ ਹੀ ਤਾਇਨਾਤ ਵੱਖ ਵੱਖ ਪੁਲਿਸ ਪਾਰਟੀਆਂ ਵੱਲੋਂ ਆਪਣੀਆਂ ਗੱਡੀਆਂ ਇਸ ਗੱਡੀ ਅੱਗੇ ਕਰ ਦਿੱਤੀਆ ਤੇ ਮੁਲਜ਼ਮਾਂ ਦੀ ਗੱਡੀ ਨੂੰ ਘੇਰਾ ਪਾ ਲਿਆ ਤਾਂ ਕਾਰ ਚਾਲਕ ਨੇ ਆਪਣੇ ਆਪ ਨੂੰ ਘਿਰਿਆ ਵੇਖ ਕੇ ਆਪਣੀ ਗੱਡੀ ਪਿੱਛੇ ਨੂੰ ਬੈਕ ਭਜਾ ਕੇ ਮਾਰ ਦੇਣ ਦੀ ਨੀਯਤ ਨਾਲ ਮੁਲਾਜਮਾਂ ਦੇ ਉੱਪਰ ਗੱਡੀ ਚੜਾਉਣ ਦੀ ਕੋਸ਼ਿਸ਼ ਕੀਤੀ ਤਾਂ ਪੁਲਿਸ ਪਾਰਟੀ ਵਿੱਚੋਂ ਇੱਕ ਪੁਲਿਸ ਮੁਲਾਜਮ ਨੇ ਆਪਣੀ ਰਾਈਫਲ ਨਾਲ ਗੱਡੀ ਦੇ ਸੱਜੇ ਪਾਸੇ ਵਾਲੇ ਪਿਛਲੇ ਟਾਇਰ ਵਿੱਚ ਫਾਇਰ ਕਰਕੇ ਟਾਇਰ ਨੂੰ ਪੈਂਚਰ ਕਰ ਦਿੱਤਾ ਤੇ ਗੱਡੀ ਰੁਕਵਾਈ, ਪਰ ਗੱਡੀ ਚਾਲਕ ਵੱਲੋਂ ਆਪਣੀ ਗੱਡੀ ਦੇ ਸ਼ੀਸ਼ੇ ਅੰਦਰੋਂ ਲਾਕ ਕਰ ਦਿੱਤੇ ਤਾਂ ਗੱਡੀ ਦੇ ਸ਼ੀਸ਼ੇ ਤੋੜ ਕੇ ਇਹਨਾਂ ਵਿਅਕਤੀਆਂ ਨੂੰ ਬਾਹਰ ਕੱਢ ਕੇ ਨਾਂਅ ਪਤਾ ਪੁੱਛਿਆ ਤਾਂ ਗੱਡੀ ਚਾਲਕ ਨੇ ਆਪਣਾ ਨਾਮ ਜਸਕਰਨਬੀਰ ਸਿੰਘ ਉਰਫ ਜੱਸ ਪੁੱਤਰ ਮੇਜਰ ਸਿੰਘ ਵਾਸੀ ਦਾਉਕੇ ਥਾਣਾ ਘਰਿੰਡਾ ਜਿਲਾ ਅਮ੍ਰਿਤਸਰ, ਕੰਡਕੈਟਰ ਸੀਟ ਪਰ ਬੈਠੇ ਵਿਅਕਤੀ ਨੇ ਆਪਣਾ ਨਾਂਅ ਹਰਪਾਲ ਸਿੰਘ ਪੁੱਤਰ ਸੂਬਾ ਸਿੰਘ ਦਾਉਕੇ ਥਾਣਾ ਘਰਿੰਡਾ ਜਿਲਾ ਅਮ੍ਰਿਤਸਰ ਦਿਹਾਤੀ, ਪਿਛਲੀ ਸੀਟ ਪਰ ਖੱਬੇ ਪਾਸੇ ਬੈਠੇ ਵਿਅਕਤੀ ਨੇ ਆਪਣਾ ਨਾਮ ਬਲਵਿੰਦਰ ਸਿੰਘ ਉਰਫ ਰਾਜੂ ਪੁੱਤਰ ਮਹਿੰਦਰ ਸਿੰਘ ਵਾਸੀ ਮੁਹੱਲਾ ਪੰਡੋਰੀ ਥਾਣਾ ਸੁਲਤਾਨਪੁਰ ਲੋਧੀ ਤੇ ਪਿਛਲੀ ਸੀਟ ਪਰ ਸੱਜੇ ਪਾਸੇ ਬੈਠੀ ਲੜਕੀ ਨੇ ਆਪਣਾ ਨਾਂਅ ਸੁਮਨਪ੍ਰੀਤ ਉਰਫ ਪ੍ਰੀਆ ਪੁੱਤਰੀ ਲੱਡੂ ਵਾਸੀ ਗੋਹਲਵੜ ਤਰਨਤਾਰਨ ਥਾਣਾ ਦਬੁਰਜੀ ਜਿਲਾ ਤਰਨਤਾਰਨ ਦੱਸਿਆ। ਜਿਹਨਾਂ ਦੀ ਗੱਡੀ ਦੀ ਚੈਕਿੰਗ ਕਰਨ ਤੇ ਕੰਡਕੈਟਰ ਸਾਈਡ ਵਾਲੀ ਸੀਟ ਦੇ ਅੱਗੇ ਪੈਰਾਂ ਵਾਲੀ ਜਗ੍ਹਾ ਪਰ ਇੱਕ ਕਾਲੇ ਰੰਗ ਦੇ ਬੈਗ ਵਿੱਚੋਂ 16.8 ਕਿੱਲੋਗ੍ਰਾਮ ਹੈਰੋਇੰਨ ਬ੍ਰਾਮਦ ਹੋਈ, ਜਿਸ ਤੇ ਉਕਤ ਚਾਰਾ ਦੋਸ਼ੀਆਂ ਦੇ ਖਿਲਾਫ ਮੁਕੱਦਮਾ ਥਾਣਾ ਸਦਰ ਫਗਵਾੜਾ ਜਿਲਾ ਕਪੂਰਥਲਾ ਦਰਜ ਰਜਿਸਟਰ ਕਰਕੇ ਤਫਤੀਸ਼ ਅਮਲ ਵਿੱਚ ਲਿਆਂਦੀ ਗਈ । ਦੋਸ਼ੀਆਂ ਨੂੰ ਮਾਨਯੋਗ ਅਦਾਲਤ ਵਿੱਚ ਪੇਸ਼ ਕਰਕੇ ਪੁਲਿਸ ਰਿਮਾਂਡ ਹਾਸਿਲ ਕਰਕੇ ਹੋਰ ਵੀ ਪੁੱਛਗਿੱਛ ਕੀਤੀ ਜਾਵੇਗੀ, ਜਿਸ ਪਾਸੋਂ ਹੋਰ ਵੀ ਅਹਿਮ ਸਨਸਨੀਖੇਜ ਖੁਲਾਸੇ ਹੋਣ ਦੀ ਸੰਭਾਵਨਾ ਹੈ।

# ਸੇਵਾ ਕੇਂਦਰਾਂ 'ਚ ਲੰਮੀਆਂ ਲਾਇਨਾਂ ਕਾਰਨ ਲੋਕ ਹੋ ਰਹੇ ਖੱਜਲ-ਖੁਆਰ



**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)**

ਪੰਜਾਬ ਸਰਕਾਰ ਨੇ ਔਰਤਾਂ ਨੂੰ 1000 ਤੇ 1500 ਰੁਪਏ ਦੇਣ ਦੀ ਘੋਸ਼ਣਾ ਕੀਤੀ ਹੈ ਉਦੋਂ ਤੋਂ ਹੀ ਸੂਬਾ ਸਰਕਾਰ ਦੇ ਸੇਵਾ ਕੇਦਰਾ ਵਿੱਚ 18 ਸਾਲ ਤੋ ਵੱਧ ਉਮਰ ਦੀ ਔਰਤਾ ਦੀਆਂ ਲੰਬੀਆਂ ਲਾਈਨਾਂ ਲੱਗ ਰਹੀਆਂ ਹਨ । ਵਿਧਾਨ ਸਭਾ ਹਲਕਾ ਗੜ੍ਹਸ਼ੰਕਰ ਦੇ ਅਧੀਨ ਆਉਦੇ ਸੇਵਾ ਕੇਦਰਾਂ ਵਿੱਚ ਜਾਤੀ ਤੇ ਰਿਹਾਇਸ਼ੀ ਪ੍ਰਮਾਣ ਪੱਤਰ ਬਣਾਉਣ ਵਾਲਿਆਂ ਦੀ ਭਾਰੀ ਭੀੜ ਦੇਖਣ ਨੂੰ ਮਿਲ ਰਹੀਆ ਹਨ। ਲੋਕ ਆਪੋ-ਆਪਣੇ ਕੰਮ ਧੰਦੇ ਛੱਡ ਕੇ ਸਵੇਰ 6 ਵਜੇ ਤੋ ਹੀ ਸੇਵਾ ਕੇਦਰਾਂ ਦੀਆਂ ਲਾਇਨਾ ਵਿੱਚ ਲੱਗ ਜਾਦੇ ਹਨ। ਸਾਰਾ ਦਿਨ ਸੇਵਾ ਕੇਦਰਾ ਦੀਆ ਲਾਇਨਾ ਵਿਚਾਰ ਖੱਜਲ-ਖੁਆਰ ਹੋਣ ਤੋ ਬਾਅਦ ਵੀ ਬਹੁਤ ਸਾਰੇ ਲੋਕਾ ਦੀ ਵਾਰੀ ਨਹੀਂ ਆਉਦੀ। ਜਿਸ ਕਾਰਨ ਦੂਜੇ ਜ਼ਰੂਰੀ ਸੇਵਾ ਕੇਦਰ ਵਾਲੇ ਕੰਮ ਕਰਾਉਣ ਆਏ ਆਮ ਲੋਕਾਂ ਨੂੰ ਵੀ ਭਾਰੀ ਮੁਸ਼ਕਿਲ ਦਾ ਸਾਹਮਣਾ ਕਰਨਾ ਪੈ ਰਿਹਾ ਹੈ । ਇਸ ਸਬੰਧੀ ਰੋਸ ਪ੍ਰਗਟ ਕਰਦਿਆਂ ਕਾਮਰੇਡ ਗੁਰਨੇਕ ਸਿੰਘ ਭੱਜਲ, ਲੇਬਰ ਪਾਰਟੀ ਦੇ ਪ੍ਰਧਾਨ ਜੈ ਗੋਪਾਲ ਧੀਮਾਨ, ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਜਸਵੀਰ ਪੁਰਖੋਵਾਲ, ਧਰਮਜੀਤ ਸਿੰਘ ਰਾਜਾ ਤੇ ਡਾ ਲਖਵਿੰਦਰ ਕੁਮਾਰ ਲੱਕੀ ਨੇ ਮੰਗ ਕੀਤੀ ਕਿ ਉਹ ਸਾਫ ਕਰੇ ਕਿ ਔਰਤਾਂ ਨੂੰ ਮਿਲਣ ਵਾਲੇ ਪ੍ਰਤੀ ਮਹੀਨਾ ਰੁਪਏ ਲਈ ਜਿਹੜੇ ਦਸਤਾਵੇਜ਼ ਲੋੜੀਦੇ ਹਨ ਤੇ ਜਾਤੀ ਪ੍ਰਮਾਣ ਪੱਤਰ ਬਣਾਉਣ ਦੀ ਪ੍ਰਕਿਰਿਆ ਨੂੰ ਸਰਲ ਕੀਤਾ ਜਾਵੇ ।

# ਬੇਗਮਪੁਰਾ ਦਮੜੀ ਸ਼ੋਭਾ ਯਾਤਰਾ ਦੀ ਵਾਪਸੀ 'ਤੇ ਕੀਤੀ ਸ਼ੁਕਰਾਨਾ ਅਰਦਾਸ

**ਹੁਸ਼ਿਆਰਪੁਰ (ਓ ਪੀ ਰਾਣਾ)**

ਇਤਿਹਾਸਕ ਬੇਗਮਪੁਰਾ ਦਮੜੀ ਸ਼ੋਭਾ ਯਾਤਰਾ ਦੇ ਚੜਦੀਕਲਾ 'ਚ ਵਾਪਸੀ ਤੇ ਵਿਸ਼ੇਸ਼ ਤੌਰ ਤੇ ਸਤਿਗੁਰੂ ਰਵਿਦਾਸ ਮਹਾਰਾਜ ਦੇ ਚਰਨਾਂ ਵਿੱਚ ਅਰਦਾਸ ਕਰਕੇ ਸ਼ੁਕਰਾਨਾ ਕੀਤਾ ਗਿਆ ਤੇ ਸੰਗਤਾਂ ਨੂੰ 650 ਸਾਲ ਸਤਿਗੁਰੂ ਰਵਿਦਾਸ ਦੇ ਨਾਲ ਸੰਦੇਸ਼ ਨਾਲ 650ਵੇਂ ਸ਼ਤਾਬਦੀ ਸਮਾਗਮ ਮਨਾਉਣ ਦੀਆਂ ਤਿਆਰੀਆਂ ਆਰੰਭ ਦੇਣ ਦੇ ਸੰਕਲਪ ਨਾਲ ਵਾਪਸੀ ਹੋਈ। ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ (ਰਜਿ.) ਪੰਜਾਬ ਦੇ ਚੇਅਰਮੈਨ ਸੰਤ ਸਰਵਣ ਦਾਸ ਬੋਹਣ, ਪ੍ਰਧਾਨ ਸੰਤ ਨਿਰਮਲ ਦਾਸ ਬਾਬੇ ਜੌੜੇ, ਜਨਰਲ ਸਕੱਤਰ ਸੰਤ ਇੰਦਰ ਦਾਸ ਸੇਖੈ, ਸੰਤ ਪਰਮਜੀਤ ਦਾਸ ਨਗਰ ਕੈਸ਼ੀਅਰ, ਸੰਤ ਸਰਵਣ ਦਾਸ ਲੁਧਿਆਣਾ ਸੀਨੀ ਮੀਤ ਪ੍ਰਧਾਨ, ਸੰਤ ਸਤਵਿੰਦਰ ਹੀਰਾ ਰਾਸ਼ਟਰੀ ਪ੍ਰਧਾਨ ਆਦਿ ਧਰਮ ਮਿਸ਼ਨ, ਸੀਨੀ.ਮੀਤ ਪ੍ਰਧਾਨ, ਮਹੰਤ ਪਰਸ਼ੋਤਮ ਲਾਲ ਚੱਕ ਹਕੀਮ, ਸੰਤ ਜਸਵੰਤ ਸਿੰਘ ਡਿੰਗਰੀਆਂ, ਸੰਤ ਜਗੀਰ ਸਿੰਘ ਨੰਦਾਚੌਰ, ਸੰਤ ਕ੍ਰਿਪਾਲ ਦਾਸ ਭਾਰਟਾ, ਸੰਤ ਰਮੇਸ਼ ਦਾਸ ਕੱਲਰਾਂ ਸ਼ੇਰਪੁਰ, ਸੰਤ ਬੀਬੀ ਕੁਲਦੀਪ ਕੌਰ ਮਹਿਨਾ, ਭੈਣ ਸੰਤੋਸ਼ ਕੁਮਾਰੀ ਆਦਿ ਸੰਤਾਂ ਮਹਾਂਪੁਰਸ਼ਾਂ ਨੇ ਸ਼ੋਭਾ ਯਾਤਰਾ ਵਿੱਚ ਸ਼ਾਮਲ ਧਾਰਮਕ, ਸਮਾਜਕ ਤੇ ਰਾਜਨੀਤਕ ਸਖਸ਼ੀਅਤਾਂ ਦਾ ਧੰਨਵਾਦ ਕਰਦਿਆਂ ਸ਼ੋਭਾ ਯਾਤਰਾ ਨੂੰ ਇਤਿਹਾਸਕ ਤੇ ਹਰ ਪੱਖ ਤੋਂ ਸਫਲਤਾ ਭਰਪੂਰ ਦੱਸਿਆ।ਇਸ ਮੌਕੇ ਸੰਤ ਵਿਨੈ ਮੁਨੀ ਜੰਮੂ, ਸੰਤ ਰਾਮ ਸੇਵਕ ਹਰੀਪੁਰ ਖਾਲਸਾ, ਸੰਤ ਧਰਮਪਾਲ ਸ਼ੇਰਗੜ, ਸੰਤ ਪ੍ਰਮੇਸ਼ਵਰੀ ਦਾਸ ਸੇਖੈ, ਸੰਤ ਜਸਵੰਤ ਦਾਸ ਰਾਵਲਪਿੰਡੀ, ਸੰਤ ਮਨਜੀਤ ਦਾਸ ਚਲੇਟ (ਹਿਮਾਚਲ), ਸੰਤ ਕੁਲਦੀਪ ਦਾਸ ਬਸੀ ਮਰੂਫ, ਸੰਤ ਮਨਜੀਤ ਦਾਸ ਵਿਛੋਹੀ, ਸੰਤ ਰਜੇਸ਼ ਦਾਸ ਬਜਵਾੜਾ, ਸੰਤ ਸੰਤੋਖ ਦਾਸ ਭਾਰਟਾ, ਬਾਬਾ ਬਲਕਾਰ ਸਿੰਘ ਵਡਾਲਾ, ਸੰਤ ਜਗਿੰਦਰ ਦਾਸ ਵਡਾਲਾ ਮਾਹੀ, ਸੰਤ ਅਮਰਜੀਤ ਦਾਸ ਬੇਗੋਵਾਲ, ਸੰਤ ਬੀਬੀ ਕਮਲੇਸ਼ ਕੌਰ ਨਾਹਲਾਂ, ਸੰਤ ਗੁਰਮੀਤ ਦਾਸ ਆਦਿ ਹਾਜ਼ਰ ਸਨ।



# ਭਗਤ ਸਿੰਘ ਦਾ ਸ਼ਹੀਦੀ ਦਿਹਾੜਾ ਤੇ ਡਾ. ਅੰਬੇਡਕਰ ਦਾ ਜਨਮ ਦਿਨ ਮਨਾਇਆ

**ਚੰਡੀਗੜ੍ਹ (ਸੁਰਜੀਤ ਸੁਮਨ)**-ਰੈਂਜੀਡੈਂਟ ਵੈਲਫੇਅਰ ਅਤੇ ਡਿਵੈਲਪਮੈਂਟ ਕਮੇਟੀ ਸੈਕਟਰ 78 ਦੀ ਅਗਵਾਈ ਤੇ ਕ੍ਰਿਸ਼ਨਾ ਮਿੱਤੂ ਦੀ ਪ੍ਰਧਾਨਗੀ ਵਿੱਚ ਸ਼ਹੀਦ ਭਗਤ ਸਿੰਘ ਤੇ ਉਸ ਦੇ ਸਾਥੀਆਂ ਦਾ ਸ਼ਹੀਦੀ ਦਿਹਾੜਾ ਤੇ ਡਾ. ਬੀ ਆਰ ਅੰਬੇਡਕਰ ਦਾ ਜਨਮ ਦਿਨ ਮਨਾਇਆ ਗਿਆ, ਜੋ ਇਤਿਹਾਸਿਕ ਹੋ ਨਿਬੜਿਆ। ਸੈਕਟਰ ਦੇ ਬੱਚਿਆਂ ਨੇ ਵੀ ਬਹੁਤ ਉਤਸ਼ਾਹ ਨਾਲ ਹਿੱਸਾ ਲਿਆ ਤੇ ਹੋਰ ਪਤਵੰਤੇ ਸੱਜਣ ਵੀ ਭਾਰੀ ਗਿਣਤੀ ਵਿੱਚ ਸ਼ਾਮਲ ਹੋਏ। ਚੰਡੀਗੜ੍ਹ ਸਕੂਲ ਆਫ ਡਰਾਮਾ ਵੱਲੋਂ ਉੱਘੇ ਕਲਾਕਾਰ ਇਕੱਤਰ ਸਿੰਘ ਦੇ ਨਿਰਦੇਸ਼ਨ ਹੇਠ ਦੋ ਨਾਟਕ ਇਨਕਲਾਬ ਜਿੰਦਾਬਾਦ ਅਤੇ ਠੱਗੀ ਖੇਡੇ ਗਏ, ਜਿਨ੍ਹਾਂ ਵਿੱਚ ਸ਼ਹੀਦ ਭਗਤ ਸਿੰਘ ਦੇ ਵਿਚਾਰਾਂ ਨੂੰ ਬਾਖੂਬੀ ਪੇਸ਼ ਕੀਤਾ ਗਿਆ। ਪਰਨੀਤ ਅਤੇ ਏਕਮ ਦੋਵੇਂ ਭੈਣ-ਭਰਾਵਾਂ ਵਲੋਂ ਸ਼ਹੀਦ ਭਗਤ ਸਿੰਘ ਤੇ ਗੁਲਾਮ ਆਜ਼ਾਦੀ ਦੇ ਨਾਂਅ ਹੇਠ ਸਕਿਟ ਵੀ ਪੇਸ਼ ਕੀਤੀ ਗਈ। ਉੱਘੇ ਕਲਾਕਾਰਾਂ ਬੀਬੀ ਮੋਹਨੀ ਤੂਰ, ਭੁਪਿੰਦਰ ਮਟੌਰੀਆ, ਕ੍ਰਿਸ਼ਨ ਰਾਹੀਂ, ਗੁਰਮੇਲ ਸਿੰਘ ਮੌਜੋਵਾਲ, ਜੋਗਾ ਸਿੰਘ ਤਰਕਸ਼ੀਲ, ਰਵੀ ਬਰਾੜ, ਦੁਰਗੇਸ਼ ਕੁਮਾਰ, ਰਵਿੰਦਰ ਸਿੰਘ ਲੁਬਾਣਾ, ਸਨੇਹ ਆਦਿ ਨੇ ਇਨਕਲਾਬੀ ਗੀਤ ਪੇਸ਼ ਕੀਤੇ। ਛੋਟੇ ਬੱਚਿਆ ਗੁਰਲੀਨ ਕੌਰ, ਹਰਨੂਰ ਕੌਰ,ਹੈਜਲ ਕੌਰ, ਓੱਜਸ ਕੌਰ, ਸੁਖਮਨ ਸਿੰਘ, ਰਿੰਕੂ ਕੁਮਾਰ, ਜਸਮੀਤ ਕੌਰ, ਜਸਕੀਤ ਸਿੰਘ, ਜਸਜੀਤ ਸਿੰਘ, ਹਿਆਨ ਵੀਰ, ਅੰਮਤ ਕੌਰ, ਜਪਮਨ ਕੌਰ ਆਦਿ ਨੇ ਵੀ ਪ੍ਰੋਗ੍ਰਾਮ ਵਿੱਚ ਗੀਤ ਤੇ ਡਾ. ਅੰਬੇਦਕਰ ਬਾਰੇ ਵਿਚਾਰ ਪੇਸ਼ ਕੀਤੇ। ਮੰਚ ਸੰਚਾਲਨ ਕਮੇਟੀ ਦੇ ਸੀਨੀਅਰ ਆਗੂ ਪ੍ਰਿੰਸੀਪਲ ਜਗਦੇਵ ਸਿੰਘ ਮਾਵੀ ਨੇ ਬਾਖੂਬੀ ਨਿਭਾਇਆ।ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਕ੍ਰਿਸ਼ਨਾ ਮਿੱਤੂ, ਜਗਦੇਵ ਸਿੰਘ ਮਾਵੀ, ਮੇਜਰ ਸਿੰਘ, ਰਮਨੀਕ ਸਿੰਘ, ਸੁਰਿੰਦਰ ਸਿੰਘ ਕੰਗ, ਦਰਸ਼ਨ ਸਿੰਘ, ਜਸਪਾਲ ਸਿੰਘ ਢਿਲੋਂ, ਸੁਖਦੇਵ ਸਿੰਘ ਪਟਵਾਰੀ, ਹਰਜੀਤ ਸਿੰਘ ਭੋਲੂ, ਇੰਦਰਜੀਤ ਸਿੰਘ ਗਰੇਵਾਲ ਅਤੇ ਸੱਜਨ ਸਿੰਘ, ਜਰਨੈਲ ਸਿੰਘ ਆਦਿ ਹਾਜ਼ਰ ਸਨ।

# ਬੇਅਦਬੀ ਵਿਰੁੱਧ ਰੋਸ ਪ੍ਰਦਰਸ਼ਨ 18 ਨੂੰ



**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)**-ਵਿਧਾਨ ਸਭਾ ਹਲਕਾ ਗੜ੍ਹਸ਼ੰਕਰ ਦੇ ਪਿੰਡ ਨੂਰਪੁਰ ਜੱਟਾਂ ਵਿਖੇ ਸੰਵਿਧਾਨ ਨਿਰਮਾਤਾ ਡਾ. ਬੀ.ਆਰ. ਅੰਬੇਡਕਰ ਦੇ ਬੁੱਤ ਦੀ ਹੋਈ ਬੇਅਦਬੀ ਦੇ ਵਿਰੁੱਧ ਬਹੁਜਨ ਸਮਾਜ ਪਾਰਟੀ ਵੱਲੋਂ ਵਿੱਢਿਆ ਸੰਘਰਸ਼ ਛੇਵੇਂ ਦਿਨ ਵੀ ਨਿਰੰਤਰ ਜਾਰੀ ਰਿਹਾ।ਧਰਨੇ ਨੂੰ ਸੰਬੋਧਨ ਕਰਦਿਆਂ ਬਸਪਾ ਦੇ ਸੂਬਾ ਲੀਡਰਸ਼ਿਪ ਤੇ ਡਾ. ਅਵਤਾਰ ਸਿੰਘ ਕਰੀਮਪੁਰੀ ਨੇ ਐਲਾਨ ਕੀਤਾ ਕਿ ਜਦੋਂ ਤੱਕ ਦੋਸ਼ੀਆਂ ਦੀ ਗ੍ਰਿਫਤਾਰੀ ਨਹੀਂ ਹੁੰਦੀ, ਇਹ ਧਰਨਾ ਖਤਮ ਨਹੀਂ ਹੋਵੇਗਾ ਤੇ 18 ਅਪ੍ਰੈਲ ਨੂੰ ਗੜ੍ਹਸ਼ੰਕਰ ਦੀ ਧਰਤੀ 'ਤੇ ਇੱਕ ਵਿਸ਼ਾਲ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ। ਧਰਨੇ ਛੇਵੇਂ ਦਿਨ ਵਿੱਚ ਫਗਵਾੜਾ ਤੋਂ ਕੌਂਸਲਰ ਬੀਬੀ ਅਮਨਦੀਪ ਕੌਰ ਨੇ ਆਪਣੇ ਵਿਚਾਰ ਰੱਖੇ। ਇਸ ਮੌਕੇ ਸਰਦਾਰ ਹਰਭਜਨ ਸਿੰਘ ਬਲਾਲੋਂ,ਲੇਖਰਾਜ ਜਮਾਲਪੁਰੀ, ਚਿਰੰਜੀ ਲਾਲ ਕਾਲਾ,ਤੇਜਪਾਲ ਬਸਰਾ, ਹਰਭਜਨ ਖਲਵਾੜਾ, ਰਾਮ ਮੂਰਤੀ ਖੇੜਾ, ਪ੍ਰਦੀਪ ਮੱਲ,ਗੋਰਾਦਿੱਤਾ ਬੰਗੜ, ਸੰਤੋਖ ਢੱਡਾ, ਪਰਮਿੰਦਰ ਬੋਧ, ਅਰੁਣ ਸੁਮਨ,ਦਿਲਜੀਤ ਰਾਏ,ਸੁਰਜੀਤ ਸਿੰਘ ਮਹਿਮੀ,ਸਤਪਾਲ ਬਡਲਾ, ਰਵਿੰਦਰ ਬੀੜਾਂ, ਅਸ਼ੋਕ ਬੀਹੜਾ, ਪ੍ਰੇਮ ਮੋਰਾਂਵਾਲੀ, ਯਸ਼ਪਾਲ ਚੇਚੀ, ਮਨੋਹਰ ਮਾਲਪੁਰ, ਤਰਲੋਚਨ ਮਾਹਲਪੁਰ ਹਾਜ਼ਰ ਸਨ। ਬਹੁਜਨ ਸਮਾਜ ਪਾਰਟੀ ਦੇ ਆਗੂਆਂ ਨੇ ਸਾਫ਼ ਕਰ ਦਿੱਤਾ ਹੈ ਕਿ 18 ਅਪ੍ਰੈਲ ਦਾ ਪ੍ਰਦਰਸ਼ਨ ਕੇਵਲ ਇੱਕ ਰੋਸ ਨਹੀਂ, ਬਲਕਿ ਪ੍ਰਸ਼ਾਸਨ ਨੂੰ ਜਗਾਉਣ ਲਈ ਇੱਕ ਲਲਕਾਰ ਹੋਵੇਗੀ।

# ਮੁਫ਼ਤ ਮੈਡੀਕਲ ਕੈਂਪ ਲਗਾਇਆ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਸਿਵਲ ਸਰਜਨ ਹੁਸ਼ਿਆਰਪੁਰ ਡਾ.ਮਨਦੀਪ ਕਮਲ ਅਤੇ ਸੀਨੀਅਰ ਮੈਡੀਕਲ ਅਫਸਰ ਡਾ.ਮਨਪ੍ਰੀਤ ਸਿੰਘ ਬੈਂਸ ਦੀ ਅਗਵਾਈ ਹੇਠ ਸੀ ਐੱਚ ਸੀ ਭੁੰਗਰਨੀ ਵਿਖੇ ਮੁਫ਼ਤ ਮੈਡੀਕਲ ਕੈਂਪ ਦਾ ਆਯੋਜਨ ਕੀਤਾ ਜਿਸ ਵਿੱਚ ਵਿਧਾਇਕ ਚੱਬੇਵਾਲ ਡਾ.ਇਸ਼ਾਕ ਕੁਮਾਰ ਨੇ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋ ਕੇ ਮੈਡੀਕਲ ਕੈਂਪ ਦਾ ਜਾਇਜ਼ਾ ਲਿਆ। ਉਨਾਂ ਮੌਕੇ ਤੇ ਆਏ ਮਰੀਜ਼ਾਂ ਨਾਲ ਗੱਲਬਾਤ ਕੀਤੀ ਅਤੇ ਕਿਹਾ ਕਿ ਸਿਹਤ ਪੱਖ ਨੂੰ ਲੈਕੇ ਹਰ ਦਿਨ ਸਰਕਾਰ ਵਲੋਂ ਨਵੇਂ ਕਦਮ ਚੁੱਕੇ ਜਾ ਰਹੇ ਹਨ। ਵਿਸ਼ਵ ਸਿਹਤ ਦਿਵਸ 'ਤੇ ਪਿੰਡ ਭੁੰਗਰਨੀ ਵਿਖੇ ਮੁਫ਼ਤ ਮੈਡੀਕਲ ਕੈਂਪ ਦਾ ਆਯੋਜਨ ਕੀਤਾ ਗਿਆ ਹੈ ਤਾਂ ਕਿ ਪਿੰਡ ਵਾਸੀਆਂ ਨੂੰ ਚੰਗੀ ਸਿਹਤ ਪ੍ਰਤੀ ਜਾਗਰੂਕ ਕੀਤਾ ਜਾ ਸਕੇ ਅਤੇ ਨਾਲ ਹੀ ਉਹਨਾਂ ਨੂੰ ਤਜਰਬੇਕਾਰ ਡਾਕਟਰਾਂ ਵੱਲੋਂ ਵਧੀਆਂ ਸਿਹਤ ਸੇਵਾਂਵਾਂ ਵੀ ਦਿੱਤੀਆਂ ਜਾ ਸਕਣ। ਇਸ ਮੌਕੇ ਹਾਜ਼ਰ ਸੀਨੀਅਰ ਮੈਡੀਕਲ ਅਫਸਰ ਇੰਚਾਰਜ ਸੀ ਐੱਚ ਸੀ ਹਾਰਟਾ ਬਡਲਾ ਡਾ. ਮਨਪ੍ਰੀਤ ਸਿੰਘ ਬੈਂਸ ਨੇ ਦੱਸਿਆ ਕਿ ਸਿਹਤ ਵਿਭਾਗ ਦੀ ਟੀਮ ਵਲੋਂ ਪਿੰਡ ਵਾਸੀਆਂ ਲਈ ਸਮੇਂ ਸਮੇਂ ਤੇ ਮੁਫਤ ਸਿਹਤ ਜਾਂਚ ਕੈਂਪ ਲਗਾਏ ਜਾ ਰਹੇ ਹਨ ਜਿਸ ਵਿੱਚ ਡਾਕਟਰਾਂ ਦੀ ਟੀਮ ਵੱਲੋਂ ਮਰੀਜ਼ਾਂ ਦੀ ਸਿਹਤ ਜਾਂਚ ਅਤੇ ਉਨ੍ਹਾਂ ਨੂੰ ਲੋੜੀਂਦੀ ਸਲਾਹ ਦਿੱਤੀ ਜਾਂਦੀ ਹੈ। ਇਸ ਤੋਂ ਇਲਾਵਾ ਟੀ ਬੀ ਦੀ ਬੀਮਾਰੀ ਤੇ ਰੋਕਥਾਮ, ਟੀਕਾਕਰਨ ਬਾਰੇ ਵੀ ਜਾਗਰੂਕ ਕੀਤਾ ਜਾਂਦਾ ਹੈ। ਇਸ ਮੌਕੇ ਹਾਜ਼ਰ ਐੱਲ ਐੱਚ ਵੀ ਸਰਬਜੀਤ ਕੌਰ ਵਲੋਂ ਐੱਚ ਪੀ ਵੀ ਵੈਕਸੀਨ ਬਾਰੇ ਵੀ ਜਾਗਰੂਕ ਕੀਤਾ ਗਿਆ।ਇਸ ਮੌਕੇ ਮੈਡੀਕਲ ਅਫਸਰ ਡਾ.ਉਦਿਤ ਸ਼ਰਮਾ, ਅਮਨਦੀਪ ਸਿੰਘ (ਬੀ ਈ ਈ), ਸੀ ਐੱਚ ਓ ਵਰਿੰਦਰ ਕੌਰ, ਅਪਥਾਲਮਿਕ ਅਫਸਰ ਤਰਸੇਮ ਲਾਲ ਐੱਚ ਆਈ ਰਣਜੀਤ ਸਿੰਘ ਤੇ ਆਸ਼ਾ ਵਰਕਰ ਹਾਜ਼ਰ ਸਨ।



# ਗਰੀਨ ਐਨਰਜੀ ਤੋਂ 85 ਫੀਸਦੀ ਬਿਜਲੀ ਉਤਪਾਦਨ ਦਾ ਟੀਚਾ ਮਿੱਥਿਆ : ਅਰੋੜਾ

**ਜਲੰਧਰ, (ਸੁਰਿੰਦਰ ਕੁਮਾਰ)**-ਪੰਜਾਬ ਦੇ ਉਦਯੋਗ ਤੇ ਵਣਜ, ਨਿਵੇਸ਼ ਪ੍ਰੋਤਸਾਹਨ, ਸਥਾਨਕ ਸਰਕਾਰਾਂ ਅਤੇ ਬਿਜਲੀ ਮੰਤਰੀ ਸੰਜੀਵ ਅਰੋੜਾ ਨੇ ਕਿਹਾ ਕਿ 2025-26 ਦੌਰਾਨ ਪੰਜਾਬ ਦੇ ਇਤਿਹਾਸ ਵਿੱਚ ਹੁਣ ਤੱਕ ਦਾ ਸਭ ਤੋਂ ਵੱਧ ਨਿਵੇਸ਼ ਹੋਇਆ ਹੈ, ਜਿਸ ਵਿੱਚ 60,000 ਕਰੋੜ ਰੁਪਏ ਤੋਂ ਵੱਧ ਦੇ ਨਿਵੇਸ਼ ਦੇ ਕਰਾਰ ਸ਼ਾਮਲ ਹਨ, ਜੋ ਕਿ ਉਦਯੋਗਿਕ ਵਿਕਾਸ ਲਈ ਸਾਜਗਾਰ ਮਾਹੌਲ ਪ੍ਰਦਾਨ ਕਰਨ ਦੇ ਪੰਜਾਬ ਸਰਕਾਰ ਦੇ ਸੰਕਲਪ ਨੂੰ ਦਰਸਾਉਂਦੇ ਹਨ।ਜਲੰਧਰ ਵਿੱਚ ਸਥਾਨਕ ਉਦਯੋਗਪਤੀਆਂ ਨਾਲ ਗੱਲਬਾਤ ਸੈਸ਼ਨ ਤੋਂ ਬਾਅਦ ਮੀਡੀਆ ਨਾਲ ਗੱਲਬਾਤ ਕਰਦਿਆਂ ਉਦਯੋਗ ਮੰਤਰੀ ਨੇ ਕਿਹਾ ਕਿ ਪੰਜਾਬ ਨਿਵੇਸ਼ਕਾਂ ਲਈ ਸਭ ਤੋਂ ਪਸੰਦੀਦਾ ਸਥਾਨਾਂ ਵਿੱਚੋਂ ਇੱਕ ਵਜੋਂ ਉਭਰਿਆ ਹੈ। ਉਨ੍ਹਾਂ ਕਿਹਾ ਕਿ ਜੇ ਐੱਸ ਡਬਲਯੂ ਗਰੁੱਪ ਤੇ ਮਿੱਤਲ ਗਰੁੱਪ ਸਮੇਤ ਪ੍ਰਮੁੱਖ ਉਦਯੋਗਿਕ ਸਮੂਹਾਂ ਵੱਲੋਂ ਕ੍ਰਮਵਾਰ 3,000 ਕਰੋੜ ਅਤੇ 2,600 ਕਰੋੜ ਰੁਪਏ ਦੇ ਨਿਵੇਸ਼ ਦਾ ਐਲਾਨ ਕੀਤਾ ਗਿਆ ਹੈ।ਅਰੋੜਾ ਨੇ ਐਲਾਨ ਕੀਤਾ ਕਿ ਪੰਜਾਬ ਸਰਕਾਰ ਇੱਕ ਮਹੀਨੇ ਦੇ ਅੰਦਰ ਇੱਕ ਨਵੀਂ ਇੰਡਸਟ੍ਰੀਅਲ ਪਾਰਕ ਨੀਤੀ ਲਾਗੂ ਕਰਨ ਜਾ ਰਹੀ ਹੈ, ਜਿਸ ਤਹਿਤ ਸੂਬੇ ਵਿੱਚ ਘੱਟੋ-ਘੱਟ 25 ਏਕੜ ਵਿੱਚ ਫੈਲੇ ਵੱਡੇ ਇੰਡਸਟ੍ਰੀਅਲ ਪਾਰਕ ਵਿਕਸਤ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਉਦਯੋਗਪਤੀ ਅਤੇ ਰੀਅਲ ਇਸਟੇਟ ਡਿਵੈਲਪਰ ਸਾਂਝੇ ਤੌਰ 'ਤੇ ਇਨ੍ਹਾਂ ਪਾਰਕਾਂ ਦੇ ਵਿਕਾਸ ਵਿੱਚ ਸ਼ਾਮਲ ਹੋਣਗੇ, ਜਦਕਿ ਨਿਵੇਸ਼ਕ ਇਨ੍ਹਾਂ ਪ੍ਰਾਜੈਕਟਾਂ ਵਿੱਚ ਨਿਵੇਸ਼ ਲਈ ਰਜਿਸਟਰ ਕਰਕੇ ਸਾਰੀਆਂ ਲੋੜੀਂਦੀਆਂ ਪ੍ਰਵਾਨਗੀਆਂ ਪ੍ਰਾਪਤ ਕਰਨਗੇ।ਕੈਬਨਿਟ ਮੰਤਰੀ ਨੇ ਕਿਹਾ ਕਿ ਸਰਕਾਰ ਨੇ ਅਗਲੇ ਪੰਜ ਸਾਲਾਂ ਵਿੱਚ ਆਪਣੀ 85 ਫੀਸਦੀ ਬਿਜਲੀ ਸੋਲਰ ਉਰਜਾ ਅਤੇ ਬੈਟਰੀ ਸਟੋਰੇਜ ਸਿਸਟਮ ਵਰਗੇ ਗ੍ਰੀਨ ਸਰੋਤਾਂ ਤੋਂ ਪੈਦਾ ਕਰਨ ਦਾ ਟੀਚਾ ਰੱਖਿਆ ਹੈ।

# ਪ੍ਰੀ-ਐਗਜ਼ਾਮ ਪਾਸ ਕਰਨ 'ਤੇ ਨੌਜਵਾਨਾਂ ਨੂੰ ਮਿਲੇਗੀ ਵਿੱਤੀ ਸਹਾਇਤਾ : ਨਾਇਬ ਸੈਣੀ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**- ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਐਲਾਨ ਕੀਤਾ ਹੈ ਕਿ ਰਾਜ ਦੇ ਯੂ ਪੀ ਐੱਸ ਸੀ, ਐੱਚ ਪੀ ਐੱਸ ਸੀ ਤੇ ਜੁਡੀਸ਼ਰੀ ਦੇ ਪ੍ਰੀ-ਐਗਜ਼ਾਮ ਪਾਸ ਕਰਨ ਵਾਲੇ ਨੌਜਵਾਨਾਂ ਨੂੰ ਅਗਲੀ ਕੋਚਿੰਗ ਫੀਸ ਦੀ ਭਰਪਾਈ ਕਰਨ ਲਈ ਸੂਬਾ ਸਰਕਾਰ ਵੱਲੋਂ ਵਿੱਤੀ ਸਹਾਇਤਾ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਯੁਵਾ ਪ੍ਰਤਿਭਾ ਪ੍ਰੋਤਸਾਹਨ ਯੋਜਨਾ ਤਹਿਤ ਆਰਥਿਕ ਤੌਰ 'ਤੇ ਕਮਜ਼ੋਰ ਨੌਜਵਾਨਾਂ ਨੂੰ 25 ਹਜ਼ਾਰ ਤੋਂ ਲੈ ਕੇ 70 ਹਜ਼ਾਰ ਰੁਪਏ ਤੱਕ ਦੀ ਵਿੱਤੀ ਮਦਦ ਦਿੱਤੀ ਜਾਵੇਗੀ।ਮੁੱਖ ਮੰਤਰੀ ਸੰਘ ਲੋਕ ਸੇਵਾ ਕਮਿਸ਼ਨ ਵੱਲੋਂ ਹਰਿਆਣਾ ਦੇ ਨਵ-ਨਿਯੁਕਤ ਨੌਜਵਾਨਾਂ ਦੇ ਸਨਮਾਨ ਸਮਾਰੋਹ ਨੂੰ ਸੰਬੋਧਨ ਕਰ ਰਹੇ ਸਨ।ਮੁੱਖ ਮੰਤਰੀ ਨੇ ਦੱਸਿਆ ਕਿ ਜਿਨ੍ਹਾਂ ਪਰਵਾਰਾਂ ਦੀ ਸਾਲਾਨਾ ਆਮਦਨ 1 ਲੱਖ ਰੁਪਏ ਤੱਕ ਹੈ, ਉਨ੍ਹਾਂ ਦੇ ਬੱਚਿਆਂ ਨੂੰ 70 ਹਜ਼ਾਰ ਰੁਪਏ,1.80 ਲੱਖ ਰੁਪਏ ਤੱਕ ਦੀ ਆਮਦਨ ਵਾਲੇ ਪਰਿਵਾਰਾਂ ਦੇ ਬੱਚਿਆਂ ਨੂੰ 60 ਹਜ਼ਾਰ ਰੁਪਏ,1.80 ਲੱਖ ਤੋਂ 3 ਲੱਖ ਰੁਪਏ ਤੱਕ ਦੀ ਆਮਦਨ ਵਾਲੇ ਪਰਿਵਾਰਾਂ ਦੇ ਬੱਚਿਆਂ ਨੂੰ 50 ਹਜ਼ਾਰ ਰੁਪਏ, 3 ਲੱਖ ਤੋਂ 5 ਲੱਖ ਰੁਪਏ ਤੱਕ ਦੀ ਆਮਦਨ ਵਾਲੇ ਪਰਿਵਾਰਾਂ ਦੇ ਬੱਚਿਆਂ ਨੂੰ 25 ਹਜ਼ਾਰ ਰੁਪਏ ਦੀ ਵਿੱਤੀ ਸਹਾਇਤਾ ਦਿੱਤੀ ਜਾਵੇਗੀ।ਮੁੱਖ ਮੰਤਰੀ ਨੇ ਇਹ ਵੀ ਐਲਾਨ ਕੀਤਾ ਕਿ ਰਾਜ ਦੀਆਂ ਸਾਰੀਆਂ ਸਰਕਾਰੀ ਯੂਨੀਵਰਸਿਟੀਆਂ ਵਿੱਚ ਯੂ ਪੀ ਐੱਸ ਸੀ ਤੇ ਐੱਚ ਪੀ ਐੱਸ ਸੀ ਪ੍ਰੀਖਿਆਵਾਂ ਦੀ ਕੋਚਿੰਗ ਦਿੱਤੀ ਜਾਵੇਗੀ। ਇਸ ਦੇ ਲਈ ਸ਼ਾਮ ਦੇ ਸੈਸ਼ਨ ਵਿੱਚ ਕਲਾਸਾਂ ਸ਼ੁਰੂ ਕੀਤੀਆਂ ਜਾਣਗੀਆਂ ਤਾਂ ਜੋ ਸੂਬੇ ਦੇ ਵੱਧ ਤੋਂ ਵੱਧ ਨੌਜਵਾਨ ਇਨ੍ਹਾਂ ਪ੍ਰੀਖਿਆਵਾਂ ਵਿੱਚ ਸਫਲ ਹੋ ਸਕਨ।

# 'ਜੈ ਭੀਮ ਕਾਰਵਾਂ ਚੈਰੀਟੇਬਲ ਸੁਸਾਇਟੀ' ਦੀ ਮੀਟਿੰਗ

**ਜੈਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**- ਜੈ ਭੀਮ ਕਾਰਵਾਂ ਚੈਰੀਟੇਬਲ ਸੁਸਾਇਟੀ ਰਜਿ. ਮਾਹਿਲਪੁਰ ਦੀ ਇੱਕ ਵਿਸ਼ੇਸ਼ ਮੀਟਿੰਗ ਗੁ. ਸਤਿਗੁਰੂ ਰਵਿਦਾਸ ਮਹਾਰਾਜ ਬੀ ਡੀ ਓ ਕਾਲੋਨੀ ਵਾਰਡ ਨੰਬਰ 11- 12 ਵਿਖੇ ਸੁਸਾਇਟੀ ਦੀ ਪ੍ਰਧਾਨ ਰੇਖਾ ਰਾਣੀ ਦੀ ਪ੍ਰਧਾਨਗੀ ਹੇਠ ਹੋਈ। ਜਿਸ ਵਿੱਚ ਨਿਰਮਲ ਸਿੰਘ ਮੁੱਗੋਵਾਲ ਸੰਚਾਲਕ ਨਿਰਵਾਣੁ ਕੁਟੀਆਂ ਮਾਹਿਲਪੁਰ, ਮਾਸਟਰ ਜੈ ਰਾਮ ਬਾੜੀਆਂ, ਧਰਮ ਸਿੰਘ ਫੌਜੀ, ਰਿਟਾਇਰਡ ਥਾਣੇਦਾਰ ਸੁਖਦੇਵ ਸਿੰਘ, ਹੰਸ ਰਾਜ, ਸੁਖਵਿੰਦਰ ਕੁਮਾਰ ਰਿਟਾਇਰਡ ਬੈਂਕ ਅਧਿਕਾਰੀ, ਸੰਤੋਸ਼ ਕੁਮਾਰੀ, ਅਮਰਜੀਤ ਕੌਰ, ਨਿਰਮਲ ਕੌਰ ਬੋਧ, ਪਰਮਜੀਤ ਕੌਰ, ਗਗਨਦੀਪ ਕੌਰ ਸੋਨੂ, ਗੁਰਪਾਲ ਕੌਰ, ਕਮਲਦੀਪ ਕੌਰ, ਤੋਸ਼ੀ ਭੈਣ ਜੀ ਸਮੇਤ ਸੁਸਾਇਟੀ ਦੇ ਮੈਂਬਰ ਤੇ ਸਮੱਰਥਕ ਹਾਜ਼ਰ ਹੋਏ। ਮੀਟਿੰਗ ਤੋਂ ਬਾਅਦ ਜਾਣਕਾਰੀ ਦਿੰਦਿਆਂ ਸੁਸਾਇਟੀ ਦੀ ਪ੍ਰਧਾਨ ਰੇਖਾ ਰਾਣੀ ਨੇ ਦੱਸਿਆ ਡਾਕਟਰ ਭੀਮ ਰਾਓ ਅੰਬੇਡਕਰ ਦਾ ਬੁੱਤ 11 ਨੂੰ ਭਗਵਾਨ ਵਾਲਮੀਕ ਮੰਦਰ ਹੁਸ਼ਿਆਰਪੁਰ ਰੋਡ ਮਾਹਿਲਪੁਰ ਵਿਖੇ ਸਥਾਪਿਤ ਕੀਤਾ ਜਾ ਰਿਹਾ ਹੈ। ਇਸ ਮੌਕੇ ਭਗਵਾਨ ਵਾਲਮੀਕ ਮੰਦਰ ਕਮੇਟੀ ਵੱਲੋਂ ਪ੍ਰਧਾਨ ਬਲਵਿੰਦਰ ਮਰਵਾਹਾ ਐੱਮ ਸੀ ਦੀ ਯੋਗ ਅਗਵਾਈ ਹੇਠ ਦੁਪਹਿਰ 1 ਵਜੇ ਬੀ ਡੀ ਓ ਕਾਲੋਨੀ ਮਾਹਿਲਪੁਰ ਤੋਂ ਵਿਸ਼ਾਲ ਸ਼ੋਭਾ ਯਾਤਰਾ ਵੀ ਕੱਢੀ ਜਾ ਰਹੀ ਹੈ। ਉਨਾਂ ਦੱਸਿਆ ਕਿ ਇਸ ਸ਼ੋਭਾ ਯਾਤਰਾ ਦਾ ਭਗਵਾਨ ਵਾਲਮੀਕ ਮੰਦਰ ਫਗਵਾੜਾ ਰੋਡ ਮਾਹਿਲਪੁਰ ਵਿਖੇ ਆਉਣ ਤੇ ਜੈ ਭੀਮ ਕਾਰਵਾਂ ਚੈਰੀਟੇਬਲ ਸੁਸਾਇਟੀ ਰਜਿ. ਮਾਹਿਲਪੁਰ ਵੱਲੋਂ ਭਰਵਾਂ ਸੁਵਾਗਤ ਕੀਤਾ ਜਾਵੇਗਾ। ਡਾਕਟਰ ਭੀਮ ਰਾਓ ਅੰਬੇਡਕਰ ਦੇ ਬੁੱਤ ਤੇ ਫੁੱਲਾਂ ਦੀ ਵਰਖਾ ਕੀਤੀ ਜਾਵੇਗੀ ਅਤੇ ਸ਼ੋਭਾ ਯਾਤਰਾ ਵਿੱਚ ਸ਼ਾਮਿਲ ਸੰਗਤਾਂ ਨੂੰ ਪ੍ਰਸ਼ਾਦ ਵੰਡਿਆ ਜਾਵੇਗਾ। ਉਨਾਂ ਦੱਸਿਆ ਕਿ ਇਸ ਮੌਕੇ ਸੁਸਾਇਟੀ ਦੇ ਸਾਰੇ ਹੀ ਮੈਂਬਰ ਅਤੇ ਸਮੱਰਥਕ ਸ਼ੋਭਾ ਯਾਤਰਾ ਵਿੱਚ ਸ਼ਾਮਿਲ ਹੋ ਕੇ ਭਗਵਾਨ ਵਾਲਮੀਕ ਮੰਦਰ ਹੁਸ਼ਿਆਰਪੁਰ ਰੋਡ ਮਾਹਿਲਪੁਰ ਵਿਖੇ ਜਾਣਗੇ, ਜਿੱਥੇ ਬਾਬਾ ਸਾਹਿਬ ਦਾ ਬੁੱਤ ਸਥਾਪਿਤ ਹੋਣਾ ਹੈ। ਇਸ ਮੌਕੇ ਉਨਾਂ ਸਮੂਹ ਭਗਵਾਨ ਵਾਲਮੀਕ ਸਭਾਵਾਂ, ਸਤਿਗੁਰੂ ਰਵਿਦਾਸ ਸਭਾਵਾਂ ਤੇ ਅੰਬੇਡਕਰ ਮਿਸ਼ਨ ਤੇ ਕੰਮ ਕਰਦੀਆਂ ਜਥੇਬੰਦੀਆਂ ਦੇ ਮੈਂਬਰਾਂ ਅਤੇ ਸਮਰਥਕਾਂ ਨੂੰ ਬੇਨਤੀ ਕੀਤੀ ਕਿ ਉਹ ਇਸ ਸ਼ੁਭ ਮੌਕੇ ਤੇ ਇਸ ਸ਼ੋਭਾ ਯਾਤਰਾ ਵਿੱਚ ਸ਼ਾਮਿਲ ਹੋ ਕੇ ਬਾਬਾ ਸਾਹਿਬ ਦੇ ਮਿਸ਼ਨ ਤੋਂ ਜਾਣੂ ਹੋਣ।



# ਇਸਤਰੀ ਮੁਲਾਜ਼ਮ ਤਾਲਮੇਲ ਕਮੇਟੀ ਦੀ ਕਨਵੈਨਸ਼ਨ 27 ਨੂੰ

**ਜਲੰਧਰ, ਹੁਸ਼ਿਆਰਪੁਰ (ਰਾਜੇਸ਼ ਥਾਪਾ, ਬਲਵੀਰ ਸਿੰਘ ਸੈਣੀ)** ਪੰਜਾਬ ਦੇ ਸਰਕਾਰੀ ਅਤੇ ਅਰਧ- ਸਰਕਾਰੀ ਮਹਿਕਮਿਆ ਵਿੱਚ ਕੰਮ ਕਰਦੀਆਂ ਇਸਤਰੀ ਮੁਲਾਜ਼ਮਾਂ ਦੀ ਸਿਰਮੌਰ ਜਥੇਬੰਦੀ ਇਸਤਰੀ ਮੁਲਾਜ਼ਮ ਤਾਲਮੇਲ ਕਮੇਟੀ ਦੀ ਸੂਬਾ ਜਥੇਬੰਦਕ ਕਨਫਰੰਸ 27 ਮਈ ਨੂੰ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਆਯੋਜਿਤ ਕੀਤੀ ਜਾ ਰਹੀ ਹੈ। ਇਸ ਦਾ ਫੈਸਲਾ ਜਥੇਬੰਦੀ ਦੀ ਸੂਬਾ ਪ੍ਰਧਾਨ ਹਰਮਨ ਪ੍ਰੀਤ ਕੌਰ ਗਿੱਲ ਫਰੀਦਕੋਟ ਦੀ ਪ੍ਰਧਾਨਗੀ ਹੇਠ ਕੀਤੀ ਗਈ ਸੂਬਾ ਪੱਧਰੀ ਮੀਟਿੰਗ ਵਿੱਚ ਕੀਤਾ ਗਿਆ। ਮੀਟਿੰਗ ਦੀ ਕਾਰਵਾਈ ਚਲਾਉਂਦੇ ਹੋਏ ਇਸਤਰੀ ਮੁਲਾਜ਼ਮ ਤਾਲਮੇਲ ਕਮੇਟੀ ਦੇ ਸੂਬਾ ਜਨਰਲ ਸਕੱਤਰ ਗੁਰਪ੍ਰੀਤ ਕੌਰ ਨੇ ਜਥੇਬੰਦੀ ਵਲੋਂ ਪਿਛਲੇ ਸਮੇਂ ਦੌਰਾਨ ਕੀਤੀਆਂ ਗਤੀਵਿਧੀਆਂ ਦਾ ਰਿਵਿਊ ਦਸਦਿਆਂ ਹੋਇਆ ਇਸਤਰੀ ਮੁਲਾਜ਼ਮਾ ਨੂੰ ਆ ਰਹੀਆਂ ਸਮੱਸਿਆਵਾਂ ਸਬੰਧੀ ਵਿਆਖਿਆ ਕੀਤੀ । ਉਹਨਾਂ ਇਹਨਾਂ ਸਮੱਸਿਆਵਾਂ ਲਈ ਦੇ ਹੱਲ ਲਈ ਜਥੇਬੰਦੀ ਦੀਆਂ ਸਰਗਰਮੀਆਂ ਵਧਾਉਣ ਅਤੇ ਸਾਂਝੇ ਘੋਲਾਂ ਵਿੱਚ ਵੱਧ ਚੜ ਕੇ ਹਿੱਸਾ ਲੈਣ ਲਈ ਆਖਿਆ। ਮੀਟਿੰਗ ਵਿੱਚ ਮਿਡ ਡੇ ਮੀਲ ਵਰਕਰਜ ਯੂਨੀਅਨ, ਆਸ਼ਾ ਵਰਕਰ ਯੂਨੀਅਨ, ਆਂਗਣਵਾੜੀ ਮੁਲਾਜ਼ਮ ਦੀਆਂ ਮੰਗਾਂ ਦਾ ਪੂਰਨ ਸਮਰਥਨ ਕਰਦਿਆਂ ਹੋਇਆ ਤੇ ਇਹਨਾਂ ਦੇ ਪ੍ਰੋਗਰਾਮਾਂ ਵਿੱਚ ਹਿੱਸਾ ਲੈਣ ਦਾ ਫੈਸਲਾ ਕੀਤਾ ਗਿਆ। ਇਸ ਦੇ ਨਾਲ ਹੀ ਇਸਤਰੀ ਮੁਲਾਜ਼ਮ ਤਾਲਮੇਲ ਕਮੇਟੀ ਦੀਆਂ ਜਿਲ੍ਹਾ ਇਕਾਈਆਂ ਸਬੰਧੀ ਵਿਚਾਰ ਵਟਾਂਦਰਾ ਕਰਦੇ ਹੋਏ ਜਥੇਬੰਦੀ ਦੀਆਂ ਰਹਿੰਦੀਆਂ ਜ਼ਿਲਾ ਕਮੇਟੀਆਂ 21 ਅਪ੍ਰੈਲ ਤੋਂ 20 ਮਈ ਤੱਕ ਬਣਾਉਣ ਦਾ ਫੈਸਲਾ ਕੀਤਾ ਗਿਆ। ਇਸ ਮੀਟਿੰਗ ਵਿੱਚ ਇਸਤਰੀ ਮੁਲਾਜ਼ਮ ਤਾਲਮੇਲ ਕਮੇਟੀ ਦੀ ਹੋ ਰਹੀ ਸੂਬਾ ਜਥੇਬੰਦਕ ਕਨਫਰੰਸ ਜੋ ਕਿ 27 ਮਈ ਨੂੰ ਦੇਸ਼ ਭਗਤੀ ਯਾਦਗਾਰ ਹਾਲ ਜਲੰਧਰ ਵਿਖੇ ਕੀਤੀ ਜਾ ਰਹੀ ਹੈ, ਇਸ ਦੀਆਂ ਪੰਜਾਬ ਦੇ ਵੱਖ ਵੱਖ ਜਿਲਿਆਂ ਅੰਦਰ ਤਿਆਰੀ ਮੀਟਿੰਗਾਂ ਕਰਨ ਲਈ ਵੱਖ ਵੱਖ ਇਸਤਰੀ ਆਗੂਆਂ ਦੀ ਦੀਆਂ ਡਿਊਟੀਆਂ ਲਗਾਈਆਂ ਗਈਆਂ। ਮੀਟਿੰਗ ਵਿੱਚ ਰਣਜੀਤ ਕੌਰ ਤਾਰਨਤਾਰਨ,ਰਾਣੋ ਖੇੜੀ ਗਿੱਲਾ ਸੰਗਰੂਰ, ਪਰਵੀਨ ਬਾਲਾ ਫਤਿਹਗੜ੍ਹ ਸਾਹਿਬ,,ਕਮਲਜੀਤ ਕੌਰ ਹੁਸ਼ਿਆਰਪੁਰ, ਲਖਵਿੰਦਰ ਕੌਰ ਤਰਨ ਤਰਨ, ਕਮਲੇਸ ਕੌਰ ਰੋਪੜ, ਕੁਲਵਿੰਦਰ ਕੌਰ ਮਹਾਲੀ ਤੋਂ ਇਲਾਵਾ ਪ ਸ ਸ ਫ ਦੇ ਤੀਰਥ ਸਿੰਘ ਬਾਸੀ ਤੇ ਇੰਦਰਜੀਤ ਸਿੰਘ ਵਿਰਦੀ ਹਾਜ਼ਰ ਸਨ।



# ਲੈਕਚਰਾਰ ਰਾਜ ਕੁਮਾਰ ਨੂੰ ਸਦਮਾ, ਮਾਤਾ ਦਾ ਦੇਹਾਂਤ

**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)**-ਸਰਕਾਰੀ ਅਧਿਆਪਕ ਯੂਨੀਅਨ (ਜੀ ਟੀ ਯੂ) ਦੇ ਬਲਾਕ ਜਨਰਲ ਸਕੱਤਰ ਅਤੇ ਤਰਕਸ਼ੀਲ ਆਗੂ ਲੈਕਚਰਾਰ ਰਾਜ ਕੁਮਾਰ ਅਤੇ ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਦੇ ਬਲਾਕ ਪ੍ਰਧਾਨ ਸਤਪਾਲ ਮਿਨਹਾਸ ਤੇ ਉਨ੍ਹਾਂ ਦੇ ਪਰਵਾਰ ਨੂੰ ਉਸ ਸਮੇਂ ਗਹਿਰਾ ਸਦਮਾ ਪਹੁੰਚਿਆ ਜਦੋਂ ਉਹਨਾਂ ਦੀ ਮਾਤਾ ਮਹਿੰਦਰ ਕੌਰ ਪਤਨੀ ਰਾਮ ਸਰੂਪ ਦਾ ਅਚਾਨਕ ਦੇਹਾਂਤ ਹੋ ਗਿਆ।ਉਹ ਕੁਝ ਸਮੇਂ ਤੋਂ ਬਿਮਾਰ ਸਨ। ਸਰਕਾਰੀ ਅਧਿਆਪਕ ਯੂਨੀਅਨ ਤੇ ਤਰਕਸ਼ੀਲ ਸੁਸਾਇਟੀ ਦੇ ਵੱਖ-ਵੱਖ ਆਗੂਆਂ ਤੋਂ ਇਲਾਵਾ ਇਲਾਕੇ ਦੀਆਂ ਰਾਜਨੀਤਿਕ, ਧਾਰਮਿਕ ਅਤੇ ਸਮਾਜਿਕ ਸਖਸ਼ੀਅਤਾਂ ਨੇ ਪਰਿਵਾਰ ਨਾਲ ਸ਼ੋਕ ਪ੍ਰਗਟ ਕੀਤਾ ਹੈ। ਮਾਤਾ ਮਹਿੰਦਰ ਕੌਰ ਦੇ ਸਨਮਾਨ ਵਿੱਚ ਸਤਿਕਾਰ ਤੇ ਸ਼ਰਧਾਂਜਲੀ ਸਮਾਗਮ ਉਨ੍ਹਾਂ ਦੇ ਜੱਦੀ ਪਿੰਡ ਪੱਦੀ ਖੁਸ਼ੀ (ਨੇੜੇ ਸੈਲਾ ਖੁਰਦ) ਵਿਖੇ 12 ਅਪ੍ਰੈਲ ਨੂੰ ਦੁਪਹਿਰ 12 ਵਜੇ ਤੋਂ 2 ਵਜੇ ਤੱਕ ਆਯੋਜਿਤ ਕੀਤਾ ਜਾਵੇਗਾ।



# ਉੜੀਸਾ 'ਚ ਮਾਇਨਿੰਗ ਵਿਰੋਧੀ ਸੰਘਰਸ਼ਾਂ 'ਤੇ ਹਮਲੇ ਬੰਦ ਕਰੇ ਸਰਕਾਰ : ਜਮਹੂਰੀ ਫਰੰਟ

**ਬੰਗਾ (ਅਵਤਾਰ ਕਲੇਰ)**- ਇੱਥੇ ਪ੍ਰੈੱਸ ਬਿਆਨ ਜਾਰੀ ਕਰਕੇ ਓਪਰੇਸ਼ਨ ਗ੍ਰੀਨ ਹੰਟ ਵਿਰੋਧੀ ਜਮਹੂਰੀ ਫਰੰਟ ਦੇ ਸੂਬਾ ਕਨਵੀਨਰਾਂ ਡਾ. ਪਰਮਿੰਦਰ ਸਿੰਘ, ਪ੍ਰੋ. ਏ .ਕੇ. ਮਲੇਰੀ, ਬੂਟਾ ਸਿੰਘ ਮਹਿਮੂਦਪੁਰ ਅਤੇ ਯਸ਼ ਪਾਲ ਨੇ ਉੜੀਸਾ ਦੇ ਰਾਇਗੜ੍ਹ ਤੇ ਕਲਾਹਾਂਡੀ ਜ਼ਿਲ੍ਹਿਆਂ ਵਿੱਚ ਸਿਜੀਮਾਲੀ ਬਾਕਸਾਈਟ ਮਾਇਨਿੰਗ ਪ੍ਰੋਜੈਕਟ ਦਾ ਵਿਰੋਧ ਕਰ ਰਹੇ ਆਦਿਵਾਸੀਆਂ ਉੱਪਰ ਪੁਲਿਸ ਅਤੇ ਨਿੱਜੀ ਗੁੰਡਾ ਗਿਰੋਹਾਂ ਵੱਲੋਂ ਹਮਲੇ ਕਰਨ, ਉਨ੍ਹਾਂ ਦੇ ਘਰਾਂ ਅਤੇ ਸਮਾਨ ਦੀ ਭੰਨਤੋੜ ਕਰਨ, ਪਿੰਡ ਵਾਸੀਆਂ ਨੂੰ ਗ੍ਰਿਫ਼ਤਾਰ ਕਰਨ, ਇਕੱਠੇ ਹੋਣ ਉੱਪਰ ਨਾਵਾਜਬ ਪਾਬੰਦੀਆਂ ਮੜ੍ਹਨ ਦੀ ਸਖ਼ਤ ਸ਼ਬਦਾਂ 'ਚ ਨਿਖੇਧੀ ਕੀਤੀ ਹੈ। ਉਨ੍ਹਾਂ ਕਿਹਾ ਕਿ ਦੋ ਆਗੂਆਂ ਤੇ ਦਸ ਔਰਤਾਂ ਸਮੇਤ 21 ਲੋਕਾਂ ਨੂੰ ਮਾਰਚ ਮਹੀਨੇ ਤੋਂ ਹਿਰਾਸਤ ਵਿਚ ਲੈ ਕੇ ਬਿਨਾਂ ਜ਼ਮਾਨਤ ਭਵਾਨੀਪਟਮ ਜੇਲ੍ਹ ਵਿਚ ਡੱਕਿਆ ਹੋਇਆ ਹੈ। ਹੁਣ ਰਾਜਕੀ ਦਹਿਸ਼ਤਵਾਦੀ ਮੁਹਿੰਮ ਦੇ ਤਹਿਤ 7 ਅਪ੍ਰੈਲ ਨੂੰ ਕਾਲਾਹਾਂਡੀ ਜ਼ਿਲ੍ਹੇ ਦੇ ਕੰਤਾਮਾਲ ਵਿਚ ਪੁਲਿਸ ਵੱਲੋਂ ਪਿੰਡ ਵਾਸੀਆਂ ਉੱਪਰ ਅੱਥਰੂ ਗੈਸ ਦੇ ਗੋਲੇ ਸੁੱਟਕੇ ਅਤੇ ਲਾਠੀਚਾਰਜ ਕਰਕੇ ਕਈ ਘੰਟੇ ਹਿੰਸਾ ਕੀਤੀ ਗਈ ਹੈ। ਇਹ ਪਿੰਡ ਸਿਜੀਮਾਲੀ ਖਣਨ ਪ੍ਰੋਜੈਕਟ ਦੇ ਵਿਰੋਧ ਦਾ ਮਹੱਤਵਪੂਰਨ ਕੇਂਦਰ ਹੈ, ਜਿੱਥੇ ਮਾਰਚ 2023 'ਚ ਉੜੀਸਾ ਸਰਕਾਰ ਵੱਲੋਂ ਬਦਨਾਮ ਕਾਰਪੋਰੇਟ ਸਮੂਹ ਵੇਦਾਂਤਾ ਲਿਮਿਟੇਡ ਨੂੰ 1549 ਹੈਕਟੇਅਰ ਰਕਬੇ ਵਿਚ 50 ਸਾਲਾਂ ਦੀ ਖਣਨ ਲੀਜ਼ ਦਿੱਤੀ ਹੈ। ਪਿੰਡ ਵਾਸੀ ਮਾ ਮਾਟੀ ਮਾਲੀ ਸੁਰੱਖਿਆ ਮੰਚ ਬਣਾ ਕੇ ਆਪਣੀ ਜ਼ਮੀਨ, ਜੰਗਲ ਅਤੇ ਸੰਵਿਧਾਨ ਦੀ ਪੰਜਵੀਂ ਅਨੁਸੂਚੀ ਲਾਗੂ ਕਰਨ ਦੀ ਮੰਗ ਕਰ ਰਹੇ ਹਨ ਅਤੇ ਇਸ ਪ੍ਰੋਜੈਕਟ ਦਾ ਸ਼ਾਂਤੀਪੂਰਨ ਵਿਰੋਧ ਕਰ ਰਹੇ ਹਨ। ਮਾਮਲਾ ਨੈਸ਼ਨਲ ਗ੍ਰੀਨ ਟ੍ਰਿਬਿਊਨ ਵਿਚ ਸੁਣਵਾਈ-ਅਧੀਨ ਹੈ। ਫਰੰਟ ਦੇ ਆਗੂਆਂ ਨੇ ਮੰਗ ਕੀਤੀ ਕਿ ਸੰਘਰਸ਼ ਦੇ ਆਗੂਆਂ ਲਿੰਗਾਰਾਮ ਆਜ਼ਾਦ ਅਤੇ ਸੁਰੇਸ਼ ਸੰਗਰਾਮ ਸਮੇਤ ਜੇਲ੍ਹੀਂ ਡੱਕੇ ਸਾਰੇ ਲੋਕਾਂ ਨੂੰ ਤੁਰੰਤ ਰਿਹਾ ਕੀਤਾ ਜਾਵੇ। ਸੰਘਰਸ਼ ਦੇ ਜਮਹੂਰੀ ਹੱਕ ਉੱਪਰ ਪਾਬੰਦੀਆਂ ਲਾਉਣੀਆਂ ਬੰਦ ਕੀਤੀਆਂ ਜਾਣ। ਛਾਪੇਮਾਰੀ, ਭੰਨਤੋੜ ਅਤੇ ਮਨਮਾਨੀ ਗ੍ਰਿਫ਼ਤਾਰੀਆਂ ਲਈ ਜ਼ਿੰਮੇਵਾਰ ਪੁਲਸੀਆਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇ ਤੇ ਹਾਸ਼ੀਏ 'ਤੇ ਧੱਕੇ ਲੋਕਾਂ ਦਾ ਉਜਾੜਾ ਕਰਨ ਵਾਲੇ ਮਾਇਨਿੰਗ ਪ੍ਰੋਜੈਕਟਾਂ ਉੱਪਰ ਤੁਰੰਤ ਰੋਕ ਲਗਾਈ ਜਾਵੇ।



# ਏ ਜੀ ਆਈ ਇਨਫਰਾ ਵੱਲੋਂ ਸਕੂਲ ਦੀ ਸਥਾਪਨਾ

**ਜਲੰਧਰ (ਰਾਜੇਸ਼ ਥਾਪਾ)** ਏ ਜੀ ਆਈ ਇੰਫਰਾ ਲਿਮਿਟਡ, ਜੋ ਇਸ ਖੇਤਰ ਦੀਆਂ ਅਗੇਤੀ ਰੀਅਲ ਐਸਟੇਟ ਤੇ ਇੰਫਰਾਸਟਰਕਚਰ ਕੰਪਨੀਆਂ ਵਿੱਚੋਂ ਇੱਕ ਹੈ, ਨਾ ਸਿਰਫ਼ ਆਧੁਨਿਕ ਰਿਹਾਇਸ਼ੀ ਪ੍ਰੋਜੈਕਟ ਤਿਆਰ ਕਰ ਰਹੀ ਹੈ, ਸਗੋਂ ਸਮਾਜਿਕ ਵਿਕਾਸ ਵਿੱਚ ਵੀ ਆਪਣਾ ਮਹੱਤਵਪੂਰਨ ਯੋਗਦਾਨ ਪਾ ਰਹੀ ਹੈ। ਸਭ ਲਈ ਸਿੱਖਿਆ ਦੇ ਆਪਣੇ ਵਿਜ਼ਨ ਨਾਲ ਕੰਪਨੀ ਸਿੱਖਿਆ ਦੇ ਖੇਤਰ ਵਿੱਚ ਇੱਕ ਪ੍ਰੇਰਣਾਦਾਇਕ ਕਦਮ ਚੁੱਕ ਰਹੀ ਹੈ।ਇਸੇ ਸੋਚ ਨੂੰ ਅੱਗੇ ਵਧਾਉਂਦੇ ਹੋਏ, ਏ ਜੀ ਆਈ ਇੰਫਰਾ ਲਿਮਿਟਡ ਨੇ ਆਪਣੇ ਪ੍ਰਤਿਸ਼ਠਿਤ ਰਹਾਇਸ਼ੀ ਪ੍ਰੋਜੈਕਟ ਏ ਜੀ ਆਈ ਸਕਾਈ ਗਾਰਡਨ, ਜੋ ਜੀ ਟੀ ਰੋਡ, ਜਲੰਧਰ 'ਤੇ ਸਥਿਤ ਹੈ, ਦੇ ਅੰਦਰ ਇੱਕ ਸਕੂਲ ਦੀ ਸਥਾਪਨਾ ਕੀਤੀ। ਇਹ ਫੈਸਲਾ ਇਸ ਖੇਤਰ ਵਿੱਚ ਇੱਕ ਪ੍ਰਾਇਮਰੀ ਸਕੂਲ ਦੀ ਵੱਡੀ ਲੋੜ ਨੂੰ ਸਮਝਦੇ ਹੋਏ ਲਿਆ ਗਿਆ। ਸਕਾਈ ਗਾਰਡਨ ਅਤੇ ਨੇੜਲੇ ਇਲਾਕਿਆਂ ਦੇ ਰਹਿਣ ਵਾਲੇ ਲੋਕਾਂ ਨੂੰ ਆਪਣੇ ਛੋਟੇ ਬੱਚਿਆਂ ਨੂੰ ਦੂਰ ਸਕੂਲਾਂ ਵਿੱਚ ਭੇਜਣ ਵਿੱਚ ਕਾਫੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਸੀ। ਖਾਸ ਕਰਕੇ ਨਿੱਕੇ ਬੱਚਿਆਂ ਲਈ ਸੁਰੱਖਿਆ ਦੀ ਚਿੰਤਾ, ਲੰਬਾ ਸਫਰ ਅਤੇ ਸਮੇਂ ਦੀ ਬਰਬਾਦੀ ਮਾਪਿਆਂ ਲਈ ਵੱਡੀ ਚੁਣੌਤੀ ਸੀ।

ਇਹਨਾਂ ਸਮੱਸਿਆਵਾਂ ਨੂੰ ਸਮਝਦਿਆਂ, ਰਹਿਣ ਵਾਲਿਆਂ ਨੇ ਏ ਜੀ ਆਈ ਇੰਫਰਾ ਲਿਮਿਟਡ ਦੇ ਪ੍ਰਬੰਧਨ ਕੋਲ ਬੇਨਤੀ ਕੀਤੀ ਕਿ ਪ੍ਰੋਜੈਕਟ ਦੇ ਅੰਦਰ ਹੀ ਸਕੂਲ ਦੀ ਸਹੂਲਤ ਪ੍ਰਦਾਨ ਕੀਤੀ ਜਾਵੇ। ਕੰਪਨੀ ਨੇ ਇਸ ਬੇਨਤੀ ਨੂੰ ਗੰਭੀਰਤਾ ਨਾਲ ਲਿਆ ਅਤੇ ਆਪਣੀ ਸਮਾਜਿਕ ਜ਼ਿੰਮੇਵਾਰੀ ਨਿਭਾਉਂਦੇ ਹੋਏ ਤੁਰੰਤ ਸਕਾਰਾਤਮਕ ਕਦਮ ਚੁੱਕਿਆ।



# ਵਿਸ਼ਵ ਸਿਹਤ ਦਿਵਸ ਮਨਾਇਆ



**ਖਰੜ (ਹਰਨਾਮ ਸਿੰਘ ਡੱਲਾ)**

ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਚੰਗੀਆਂ ਸਿਹਤ ਸੇਵਾਵਾਂ ਪ੍ਰਦਾਨ ਕਰਨ ਤੇ ਸਿਹਤ ਪ੍ਰਣਾਲੀ ਨੂੰ ਹੋਰ ਮਜ਼ਬੂਤ ਬਣਾਉਣ ਲਈ ਕੀਤੇ ਜਾ ਰਹੇ ਉਪਰਾਲਿਆਂ ਦੇ ਤਹਿਤ, ਸਿਹਤ ਮੰਤਰੀ ਡਾ. ਬਲਬੀਰ ਸਿੰਘ ਦੀ ਅਗਵਾਈ ਤੇ ਸਿਵਲ ਸਰਜਨ ਡਾ. ਸੰਗੀਤਾ ਜੈਨ ਦੇ ਦਿਸ਼ਾ-ਨਿਰਦੇਸ਼ਾਂ ਹੇਠ ਪ੍ਰਾਇਮਰੀ ਹੈਲਥ ਸੈਂਟਰ ਘੜੂੰਆਂ ਵਿਖੇ ਵਿਸ਼ਵ ਸਿਹਤ ਦਿਵਸ ਮਨਾਇਆ ਗਿਆ। ਇਸ ਸਮਾਗਮ ਦੀ ਅਗਵਾਈ ਸੀਨੀਅਰ ਮੈਡੀਕਲ ਅਫਸਰ ਡਾ. ਪ੍ਰੀਤ ਮੋਹਨ ਸਿੰਘ ਖੁਰਾਣਾ ਵੱਲੋਂ ਕੀਤੀ ਗਈ।ਇਸ ਮੌਕੇ ਸਿਹਤ ਵਿਭਾਗ ਦੇ ਸਮੂਹ ਸਟਾਫ, ਮਲਟੀਪਰਪਜ਼ ਹੈਲਥ ਵਰਕਰਾਂ, ਆਸ਼ਾ ਵਰਕਰਾਂ, ਨਰਸਿੰਗ ਵਿਦਿਆਰਥੀਆਂ ਤੇ ਇਲਾਕੇ ਦੇ ਲੋਕਾਂ ਨੇ ਭਾਗ ਲਿਆ। ਪ੍ਰੋਗਰਾਮ ਦੌਰਾਨ ਲੋਕਾਂ ਨੂੰ ਸਿਹਤਮੰਦ ਜੀਵਨ ਸ਼ੈਲੀ ਅਪਣਾਉਣ ਲਈ ਪ੍ਰੇਰਿਤ ਕੀਤਾ ਗਿਆ।ਸੀਨੀਅਰ ਮੈਡੀਕਲ ਅਫਸਰ ਡਾ. ਪ੍ਰੀਤ ਮੋਹਨ ਸਿੰਘ ਖੁਰਾਣਾ ਨੇ ਕਿਹਾ ਕਿ ਵਿਸ਼ਵ ਸਿਹਤ ਦਿਵਸ ਮਨਾਉਣ ਦਾ ਮੁੱਖ ਉਦੇਸ਼ ਲੋਕਾਂ ਨੂੰ ਆਪਣੀ ਸਿਹਤ ਪ੍ਰਤੀ ਸਚੇਤ ਕਰਨਾ ਹੈ। ਉਨ੍ਹਾਂ ਨੇ ਕਿਹਾ ਕਿ ਸਿਹਤਮੰਦ ਜੀਵਨ ਲਈ ਸੰਤੁਲਿਤ ਖੁਰਾਕ, ਰੋਜ਼ਾਨਾ ਕਸਰਤ, ਮਨ ਦੀ ਸ਼ਾਂਤੀ ਅਤੇ ਸਮੇਂ-ਸਮੇਂ ਤੇ ਡਾਕਟਰੀ ਜਾਂਚ ਬਹੁਤ ਜ਼ਰੂਰੀ ਹੈ।ਇਸ ਮੌਕੇ ਮੈਡੀਕਲ ਅਫਸਰ ਡਾ. ਪਰਮਿੰਦਰ ਸਿੰਘ ਭੱਟੀ, ਡਾ. ਸਰੋਜ, ਡਾ. ਹਰਦੀਪ ਕੌਰ, ਬਲਾਕ ਐਕਸਟੈਂਸ਼ਨ ਐਜੂਕੇਟਰ ਸਾਹਿਲ ਸੁਖੇਰਾ, ਸਟਾਫ ਨਰਸ ਅਮਨਦੀਪ ਕੌਰ, ਰਿਸ਼ਮਜੀਤ ਕੌਰ, ਅਮਨਦੀਪ ਕੌਰ, ਰਮਨਦੀਪ ਕੌਰ, ਐੱਲ ਟੀ ਰਾਜ ਕੁਮਾਰ, ਹੈਲਥ ਵਰਕਰ ਮਨਪ੍ਰੀਤ ਸਿੰਘ, ਰੁਪਿੰਦਰ ਕੌਰ ਤੇ ਹੋਰ ਸਟਾਫ ਮੈਂਬਰ ਵੀ ਮੌਜੂਦ ਰਹੇ।

# ਰਾਸ਼ਨ ਵੰਡ ਸਮਾਗਮ ਕਰਵਾਇਆ

**ਫਗਵਾੜਾ (ਡਾ. ਰਮਨ)**

ਪ੍ਰੇਮ ਨਗਰ ਸੇਵਾ ਸੁਸਾਇਟੀ ਵੱਲੋਂ ਨਗਰ ਕੌਂਸਲ ਫਗਵਾੜਾ ਦੇ ਸਾਬਕਾ ਪ੍ਰਧਾਨ ਮਲਕੀਅਤ ਸਿੰਘ ਰਗਬੋਤਰਾ ਦੇ ਯਤਨਾਂ ਸਦਕਾ ਅਜੀਤ ਸਿੰਘ ਢਿੱਲੋਂ ਦੀ ਨਿੱਘੀ ਯਾਦ ਨੂੰ ਸਮਰਪਿਤ 173ਵਾਂ ਮਾਸਿਕ ਰਾਸ਼ਨ ਵੰਡ ਸਮਾਗਮ ਸੀਨੀਅਰ ਸਿਟੀਜ਼ਨ ਕੇਅਰ ਸੈਂਟਰ ਖੇੜਾ ਰੋਡ ਫਗਵਾੜਾ ਵਿਖੇ ਕਰਵਾਇਆ ਗਿਆ। ਰਾਸ਼ਨ ਵੰਡਣ ਦੀ ਸ਼ੁਰੂਆਤ ਮੁੱਖ ਮਹਿਮਾਨ ਵਜੋਂ ਪਹੁੰਚੇ ਐੱਨ ਆਰ ਆਈ ਦਯਾ ਸਿੰਘ ਨੇ ਕਰਵਾਈ। ਉਹਨਾਂ ਨੇ 20 ਲੋੜਵੰਦ ਪਰਿਵਾਰਾਂ ਦੀਆਂ ਔਰਤਾਂ ਨੂੰ ਰਾਸ਼ਨ ਦੀ ਵੰਡ ਕਰਦਿਆਂ ਸੁਸਾਇਟੀ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ। ਇਸ ਦੌਰਾਨ ਉਹਨਾਂ ਨੇ ਸੁਸਾਇਟੀ ਨੂੰ ਸਮਾਜ ਭਲਾਈ ਕਾਰਜਾਂ ਲਈ ਆਰਥਕ ਸਹਾਇਤਾ ਭੇਟ ਕੀਤੀ ਤੇ ਭਵਿੱਖ ਵਿੱਚ ਹੋਰ ਸਹਾਇਤਾ ਦਾ ਭਰੋਸਾ ਵੀ ਦਿੱਤਾ। ਇਸ ਤੋਂ ਪਹਿਲਾਂ ਸੁਸਾਇਟੀ ਦੇ ਪ੍ਰਧਾਨ ਸੁਧੀਰ ਸ਼ਰਮਾ ਤੇ ਜਨਰਲ ਸਕੱਤਰ ਸੁਰਿੰਦਰ ਪਾਲ ਨੇ ਪਤਵੰਤਿਆਂ ਨੂੰ ਜੀ ਆਇਆਂ ਆਖਿਆ। ਸਮਾਗਮ ਦੇ ਪ੍ਰਬੰਧਕ ਮਲਕੀਅਤ ਸਿੰਘ ਰਘਬੋਤਰਾ ਨੇ ਦੱਸਿਆ ਕਿ ਇਹ ਸੇਵਾ ਪਿਛਲੇ ਕਰੀਬ 16 ਸਾਲਾਂ ਤੋਂ ਨਿਰੰਤਰ ਜਾਰੀ ਹੈ ਜਿਸ ਵਿੱਚ ਸਵ. ਅਜੀਤ ਸਿੰਘ ਢਿੱਲੋਂ ਦੇ ਪਰਿਵਾਰ ਦਾ ਵੱਡਮੁੱਲਾ ਯੋਗਦਾਨ ਮਿਲਦਾ ਹੈ। ਜੋ ਆਪਣੇ ਜੀਵਨ ਕਾਲ ਦੌਰਾਨ ਸਮਾਜ ਸੇਵਾ ਨੂੰ ਸਮਰਪਿਤ ਰਹੇ ਤੇ ਲੋੜਵੰਦਾਂ ਦੀ ਮਦਦ ਲਈ ਹਮੇਸ਼ਾ ਅੱਗੇ ਵਧ ਕੇ ਕੰਮ ਕੀਤਾ। ਪ੍ਰੇਮ ਨਗਰ ਮੁਹੱਲੇ ਦੇ ਵਿਕਾਸ ਵਿਚ ਵੀ ਉਹਨਾਂ ਨੇ ਹਮੇਸ਼ਾ ਵੱਧ-ਚੜ੍ਹ ਕੇ ਯਤਨ ਕੀਤੇ। ਇਸ ਮੌਕੇ ਐੱਸ ਸੀ ਚਾਵਲਾ, ਮੋਹਨ ਲਾਲ ਤਨੇਜਾ, ਰਮੇਸ਼ ਬਹਿਲ, ਰਵੀਕਾਂਤ ਸਹਿਗਲ, ਰਾਮ ਲੁਭਾਇਆ, ਬ੍ਰਿਜ ਮੋਹਨ ਪੁਰੀ, ਵੰਦਨਾ ਸ਼ਰਮਾ, ਜਗਦੀਪਕ, ਬਲਦੇਵ ਸ਼ਰਮਾ, ਸੁਰਿੰਦਰ ਪਾਲ ਆਦਿ ਹਾਜ਼ਰ ਸਨ।



# ਨੌਜਵਾਨ ਭਾਰਤ ਸਭਾ ਵੱਲੋਂ ਮੋਟਰਸਾਈਕਲ ਮਾਰਚ



**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**

ਨੌਜਵਾਨ ਭਾਰਤ ਸਭਾ ਦੇ ਸੂਬਾਈ ਸੱਦੇ ਤੇ ਜਲੰਧਰ ਦੇ ਨਕੋਦਰ ਸ਼ਹਿਰ ਵਿੱਚ 8 ਅਪ੍ਰੈਲ ਨੂੰ ਅਸੈਂਬਲੀ ਬੰਬ ਕਾਂਡ ਤੇ ਸ਼ਹੀਦਾਂ ਦੀ ਕੁਰਬਾਨੀ ਨੂੰ ਯਾਦ ਕਰਦਿਆਂ ਪੰਜਾਬ ਸਰਕਾਰ ਅੱਗੇ ਅਹਿਮ ਮੰਗਾਂ ਰੱਖੀਆਂ ਗਈਆਂ।

ਇਸ ਮੌਕੇ ਨੌਜਵਾਨ ਭਾਰਤ ਸਭਾ ਦੇ ਜ਼ਿਲ੍ਹਾ ਪ੍ਰਧਾਨ ਮੰਗਲਜੀਤ ਪੰਡੋਰੀ, ਜ਼ਿਲ੍ਹਾ ਪ੍ਰੈੱਸ ਸੈਕਟਰੀ ਨਵਜੋਤ ਸਿਆਣੀਵਾਲ ਨੇ ਸੰਬੋਧਨ ਕਰਦਿਆਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਪੰਜਾਬ ਵਿੱਚ ਲਗਾਤਾਰ ਚਿੱਟੇ ਨਾਲ ਮੌਤਾਂ ਹੋ ਰਹੀਆਂ ਹਨ ਪੁਲਿਸ ਨਸ਼ਾ ਤਸਕਰਾ ਦੇ ਗੱਠਜੋੜ ਨੂੰ ਤੋੜਿਆ ਜਾਵੇ ਤੇ ਪੀੜਤ ਨੌਜਵਾਨਾਂ ਦਾ ਮੁਫਤ ਇਲਾਜ ਤੇ ਮੁੜ ਵਸੇਬੇ ਦਾ ਪ੍ਰਬੰਧ ਕੀਤਾ ਜਾਵੇ।

ਅਮਰੀਕਾ ਇਰਾਨ ਜੰਗ ਕਾਰਨ ਲੋਕਾਂ ਨੂੰ ਆ ਰਹੀ ਰਸੋਈ ਗੈਸ ਦੀ ਸਮੱਸਿਆ ਦਾ ਹੱਲ ਕੀਤਾ ਜਾਵੇ। ਤੇ ਉਹਨਾਂ ਨੇ ਮੰਗ ਕੀਤੀ ਕਿ ਫਿਰੋਜ਼ਪੁਰ ਦੇ ਤੂੜੀ ਬਾਜ਼ਾਰ ਵਿੱਚ ਸਥਿਤ ਸ਼ਹੀਦ ਭਗਤ ਸਿੰਘ ਦੇ ਸਾਥੀਆਂ ਦਾ ਇਤਿਹਾਸਿਕ ਗੁਪਤ ਟਿਕਾਣੇ ਨੂੰ ਮਿਊਜ਼ਅਮ ਤੇ ਲਾਈਬ੍ਰੇਰੀ ਵਿੱਚ ਵਿਕਸਿਤ ਕੀਤਾ ਜਾਵੇ। ਇਸ ਮੌਕੇ ਸੁਖਦੇਵ ਮੰਡਿਆਲਾ, ਸੰਨੀ, ਸ਼ੀਰਾ ਆਦਿ ਹਾਜ਼ਰ ਹੋਏ।

# ਸਰਕਾਰੀ ਸਕੂਲ ਨੂੰ ਇਨਵਰਟਰ ਤੇ ਬੈਟਰੀ ਦਾਨ

**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਗਰਮੀ ਦੇ ਮੌਸਮ ਨੂੰ ਮੁੱਖ ਰੱਖਦਿਆਂ ਇੱਕ ਦਾਨੀ ਸੱਜਣ ਵੱਲੋਂ ਨਜ਼ਦੀਕੀ ਪਿੰਡ ਨੱਥਮਲਪੁਰ ਦੇ ਸਰਕਾਰੀ ਪ੍ਰਾਇਮਰੀ ਸਕੂਲ ਨੂੰ ਇਨਵਰਟਰ ਅਤੇ ਬੈਟਰਾ ਦਾਨ ਕੀਤਾ ਗਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਕੂਲ ਦੇ ਹੈਡ ਅਧਿਆਪਕਾ ਪ੍ਰਭਜੋਤ ਕੌਰ ਨੇ ਦੱਸਿਆ ਕਿ ਗਰਮੀ ਦੇ ਮੌਸਮ ਵਿੱਚ ਬਿਜਲੀ ਬੰਦ ਹੋ ਜਾਣ ਉਪਰੰਤ ਬੱਚਿਆਂ ਨੂੰ ਦਿੱਕਤ ਪੇਸ਼ ਆਉਂਦੀ ਸੀ ਜਿਸ ਨੂੰ ਦੇਖਦਿਆਂ ਦਾਨੀ ਸੱਜਣ ਕਮਲਜੀਤ ਸਿੰਘ ਨੇ ਸਕੂਲ ਦੇ ਛੋਟੇ ਬੱਚਿਆਂ ਲਈ ਇਨਵਰਟਰ ਬੈਟਰੀ (ਪੂਰਾ ਸੈਟ) ਦਾਨ ਕੀਤਾ ਗਿਆ ।

ਸਮਾਜ ਸੇਵਕ ਕਮਲਜੀਤ ਸਿੰਘ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਮੁੱਖ ਅਧਿਆਪਕਾ ਪ੍ਰਭਜੋਤ ਕੌਰ ਨੇ ਉਨਾਂ ਦਾ ਧੰਨਵਾਦ ਕਰਦਿਆਂ ਆਖਿਆ ਕਿ ਇਸ ਉਪਰਾਲੇ ਨਾਲ ਗਰਮੀ ਦੇ ਮੌਸਮ ਵਿੱਚ ਬੱਚਿਆਂ ਨੂੰ ਰਾਹਤ ਮਿਲੇਗੀ। ਉਹਨਾਂ ਇਸ ਮੌਕੇ ਹੋਰਨਾਂ ਸਮਾਜ ਸੇਵੀ ਸੰਸਥਾਵਾਂ ਆਗੂਆਂ ਨੂੰ ਅਪੀਲ ਕੀਤੀ ਕਿ ਉਹ ਵੀ ਕਮਲਜੀਤ ਸਿੰਘ ਦੇ ਦਰਸਾਏ ਮਾਰਗ ਤੇ ਚਲਦਿਆਂ ਲੋੜਵੰਦ ਬੱਚਿਆਂ ਨੂੰ ਅਪਨਾ ਕੇ ਉਹਨਾਂ ਦੀਆਂ ਲੋੜਾਂ ਨੂੰ ਪੂਰਾ ਕਰਨ ਵਿਚ ਆਪਣਾ ਬਣਦਾ ਯੋਗਦਾਨ ਜ਼ਰੂਰ ਪਾਉਣ ਤਾਂ ਜੋ ਗਰੀਬ ਬੱਚੇ ਵੀ ਉਚ ਸਿੱਖਿਆ ਹਾਸਲ ਕਰਕੇ ਆਪਣੇ ਪੈਰਾਂ ਤੇ ਖੜ੍ਹਾ ਹੋ ਸਕਣ। ਇਸ ਮੌਕੇ ਸਕੂਲ ਦੀ ਪ੍ਰਬੰਧਕ ਕਮੇਟੀ ਅਤੇ ਪਿੰਡ ਦੇ ਪਤਵੰਤੇ ਸੱਜਣਾ ਨੇ ਵੀ ਕਮਲਜੀਤ ਸਿੰਘ ਦੇ ਇਸ ਉਦਮ ਦੀ ਜ਼ੋਰਦਾਰ ਸ਼ਲਾਘਾ ਕੀਤੀ।



# ਲੀਡਰਸ਼ਿਪ ਤੇ ਨਿੱਜੀ ਵਿਕਾਸ ਵੱਲ ਝੁਕਾਅ 'ਤੇ ਵਰਕਸ਼ਾਪ ਕਰਵਾਈ

**ਬਲਾਚੌਰ (ਜਸਵਿੰਦਰ ਬੈਂਸ)**- ਬਲਰਾਜ ਪੰਜਾਬ ਯੂਨੀਵਰਸਿਟੀ ਕਾਂਸਟੀਚਿਊਐਂਟ ਕਾਲਜ (ਬੀ ਬੀ ਪੀ ਯੂ ਸੀ ਸੀ) ਬਲਾਚੌਰ ਨੇ ਵਿਦਿਆਰਥੀਆਂ ਦੇ ਵਿਕਾਸ ਤੇ ਲੀਡਰਸ਼ਿਪ ਅਤੇ ਨਿੱਜੀ ਵਿਕਾਸ ਵੱਲ ਝੁਕਾਅ 'ਤੇ ਕੇਂਦ੍ਰਿਤ ਇੱਕ ਵਰਕਸ਼ਾਪ ਦੀ ਸਫਲਤਾਪੂਰਵਕ ਮੇਜ਼ਬਾਨੀ ਕੀਤੀ।ਇਹ ਵਰਕਸ਼ਾਪ ਪ੍ਰਿੰਸੀਪਲ, ਡਾ. ਸਤੀਸ਼ ਕੁਮਾਰ ਧੀਮਾਨ ਦੀ ਸ਼ਾਨਦਾਰ ਅਗਵਾਈ ਹੇਠ ਆਯੋਜਿਤ ਕੀਤੀ ਗਈ ਸੀ। ਇਸ ਸੈਸ਼ਨ ਦਾ ਸੰਚਾਲਨ ਡਾ. ਰਜਨੀ ਚੌਹਾਨ ਦੁਆਰਾ ਕੀਤਾ ਗਿਆ ਸੀ, ਜਿਸ ਵਿੱਚ ਸ਼੍ਰੀਮਤੀ ਨਿਰਮਲ ਵੋਹਰਾ ਸਰੋਤ ਵਿਅਕਤੀ ਸਨ। ਵਰਕਸ਼ਾਪ ਦਾ ਉਦੇਸ਼ ਵਿਦਿਆਰਥੀਆਂ ਦੇ ਅੰਤਰ-ਵਿਅਕਤੀਗਤ ਹੁਨਰ, ਲੀਡਰਸ਼ਿਪ ਗੁਣਾਂ ਅਤੇ ਸਮੁੱਚੇ ਸ਼ਖਸੀਅਤ ਵਿਕਾਸ ਨੂੰ ਵਧਾਉਣਾ ਸੀ। ਵਿਦਿਆਰਥੀਆਂ ਦੇ ਵਿਸ਼ਵਾਸ ਨੂੰ ਵਧਾਉਣ ਲਈ ਕਈ ਦਿਲਚਸਪ ਗਤੀਵਿਧੀਆਂ ਕੀਤੀਆਂ ਗਈਆਂ, ਜਿਸ ਵਿੱਚ ਬਰਫ਼ ਤੋੜਨ ਵਾਲੇ ਸੈਸ਼ਨ, ਸ਼ਖਸੀਅਤ ਓਰੀਐਂਟੇਸ਼ਨ ਅਭਿਆਸ ਤੇ ਸਵੈ-ਜਾਗਰੂਕਤਾ ਗਤੀਵਿਧੀਆਂ ਸ਼ਾਮਲ ਹਨ।ਵਰਕਸ਼ਾਪ ਬਹੁਤ ਹੀ ਇੰਟਰਐਕਟਿਵ ਅਤੇ ਗਤੀਵਿਧੀ-ਅਧਾਰਤ ਸੀ, ਵਿਦਿਆਰਥੀਆਂ ਦੀ ਸਰਗਰਮ ਭਾਗੀਦਾਰੀ ਨੂੰ ਉਤਸ਼ਾਹਿਤ ਕਰਦੀ ਸੀ। ਭਾਗੀਦਾਰਾਂ ਨੇ ਇਸ ਪਹਿਲਕਦਮੀ ਦੀ ਸ਼ਲਾਘਾ ਕੀਤੀ ਅਤੇ ਉਤਸ਼ਾਹ ਨਾਲ ਹਿੱਸਾ ਲਿਆ।



## ਪੁਲਸ ਤਸ਼ੱਦਦ ਦੌਰਾਨ ਜ਼ਖ਼ਮੀ ਹੋਏ ਪੈਨਸ਼ਨਰ ਦਾ ਸਨਮਾਨ



**ਧੂਰੀ (ਸੁਖਦੇਵ ਧੂਰੀ)**-ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਰਜਿ. ਧੂਰੀ ਵੱਲੋਂ ਆਪਣੀ ਮਹੀਨਾਵਾਰ ਮੀਟਿੰਗ ਜਸਦੇਵ ਸਿੰਘ ਕਾਰਜਕਾਰੀ ਪ੍ਰਧਾਨ ਦੀ ਅਗਵਾਈ ਹੇਠ ਸਥਾਨਕ ਦਫ਼ਤਰ ਸੰਗਰੂਰ ਵਾਲੀ ਕੋਠੀ ਵਿਖੇ ਕੀਤੀ ਗਈ।ਪ੍ਰਧਾਨਗੀ ਮੰਡਲ ਵਿੱਚ ਜਸਦੇਵ ਸਿੰਘ ਤੋਂ ਇਲਾਵਾ ਡਾਕਟਰ ਅਮਰਜੀਤ ਸਿੰਘ ਸਕੱਤਰ, ਰਤਨ ਸਿੰਘ ਭੰਡਾਰੀ ਵਿੱਤ ਸਕੱਤਰ, ਡਾ ਹਰਦਿਆਲ ਸਿੰਘ, ਚਰਨਜੀਤ ਸਿੰਘ ਕੈਂਥ, ਇੰਦਰਜੀਤ ਸ਼ਰਮਾ, ਸੁਰਜੀਤ ਸਿੰਘ ਘਨੌਰੀ ਅਤੇ ਜੈ ਭਗਵਾਨ ਦਾਸ ਸ਼ਾਮਲ ਹੋਏ। ਸਕੱਤਰ ਡਾ ਅਮਰਜੀਤ ਸਿੰਘ ਨੇ ਮੀਟਿੰਗ ਵਿੱਚ ਵਿਚਾਰਯੋਗ ਏਜੰਡਿਆਂ ਜਿੰਨਾ ਵਿੱਚ ਸੂਬਾ ਪੱਧਰੀ ਰੈਲੀ ਦਾ ਰੀਵਿਊ ਵੀ ਸ਼ਾਮਲ ਸੀ , ਨੂੰ ਸਾਂਝਾ ਕੀਤਾ।ਇਸ ਮੌਕੇ ਹੋਈ ਚਰਚਾ ਵਿੱਚ ਸਰਬਜੀਤ ਸਿੰਘ, ਮਨਜੀਤ ਸਿੰਘ ਬਖਸ਼ੀ, ਕਰਮਜੀਤ ਸਿੰਘ, ਇੰਸਪੈਕਟਰ ਕਰਮ ਸਿੰਘ ਢੀਂਡਸਾ, ਰਾਮ ਸਰੂਪ, ਪ੍ਰਿੰਸੀਪਲ ਨੌਰੰਗ ਸਿੰਘ ਢਿੱਲੋਂ, ਫ਼ਕੀਰ ਸਿੰਘ, ਭਜਨ ਸਿੰਘ ਰੰਗੀਆਂ, ਮਨੋਹਰ ਲਾਲ ਬਰਡਵਾਲ, ਸੰਤ ਸਿੰਘ ਨੇ ਭਾਗ ਲਿਆ ਅਤੇ ਜੱਥੇਬੰਦੀ ਦੀ ਮਜ਼ਬੂਤੀ ਲਈ ਆਪਣੇ ਕੀਮਤੀ ਸੁਝਾਅ ਦਿੱਤੇ। ਇਸ ਉਪਰੰਤ ਪਿਛਲੇ ਮਹੀਨੇ ਮੁਹਾਲੀ ਵਿਖੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀ ਸੂਬਾ ਪੱਧਰੀ ਰੈਲੀ ਨੂੰ ਪ੍ਰਸ਼ਾਸਨ ਵੱਲੋਂ ਖਦੇੜਨ ਮੌਕੇ ਭਗਦੜ ਮੱਚ ਜਾਣ ਕਰਕੇ ਜ਼ਖ਼ਮੀ ਹੋਏ ਸੀਨੀਅਰ ਪੈਨਸ਼ਨਰ ਤਰਲੋਚਨ ਸਿੰਘ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ।ਸੇਵਾ ਮੁਕਤ ਡਿਪਟੀ ਡਾਇਰੈਕਟਰ ਮਨਜੀਤ ਸਿੰਘ ਬਖਸ਼ੀ ਨੇ ਪੈਨਸ਼ਨਰਾਂ ਨੂੰ ਖੁਸ਼ਹਾਲ ਤੇ ਚਿੰਤਾ ਮੁਕਤ ਜੀਵਨ ਲਈ ਨੁਕਤੇ ਸਾਂਝੇ ਕੀਤੇ। ਪ੍ਰਧਾਨ ਜਸਦੇਵ ਸਿੰਘ ਨੇ ਸਮੂਹ ਪੈਨਸ਼ਨਰਾਂ ਅਗਲੇ ਦਿਨਾਂ ਵਿੱਚ ਉਲੀਕੇ ਜਾ ਰਹੇ ਸਾਂਝੇ ਸੰਘਰਸ਼ਾਂ ਦੌਰਾਨ ਵੱਡੀ ਸ਼ਮੂਲੀਅਤ ਲਈ ਪ੍ਰੇਰਿਤ ਕੀਤਾ।

## ਚੇਅਰਮੈਨ ਬਰਸਟ ਨੇ ਕਣਕ ਦੀ ਖਰੀਦ ਕਰਵਾਈ ਸ਼ੁਰੂ



**ਸਮਾਣਾ (ਗੁਰਪਿਆਰ ਸਿੰਘ ਬੱਲ)**-ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਵੱਲੋਂ ਅੱਜ ਅਨਾਜ ਮੰਡੀ ਪਟਿਆਲਾ ਦਾ ਦੌਰਾ ਕੀਤਾ ਗਿਆ ਅਤੇ ਕਣਕ ਦੀ ਖਰੀਦ ਸ਼ੁਰੂ ਕਰਵਾਈ ਗਈ। ਇਸ ਦੌਰਾਨ ਉਨ੍ਹਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਸੂਬੇ ਦੀਆਂ ਸਮੂਹ ਮੰਡੀਆਂ ਵਿੱਚ ਕਿਸਾਨਾਂ, ਆੜ੍ਹਤੀਆਂ ਅਤੇ ਮਜ਼ਦੂਰਾਂ ਦੀਆਂ ਸਹੂਲਤਾਂ ਨੂੰ ਮੁੱਖ ਰੱਖਦਿਆਂ ਪੁਖਤਾ ਪ੍ਰਬੰਧ ਕੀਤੇ ਗਏ ਹਨ ਅਤੇ ਮੰਡੀਆਂ ਵਿੱਚ ਕਿਸੇ ਵੀ ਤਰ੍ਹਾਂ ਦੀ ਮੁਸ਼ਕਲ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ। ਮੰਡੀ ਵਿੱਚ ਖਰੀਦ ਸ਼ੁਰੂ ਕਰਵਾਉਂਦਿਆਂ ਬਰਸਟ ਨੇ ਕਿਹਾ ਕਿ ਕਣਕ ਦੀ ਸਰਕਾਰੀ ਖਰੀਦ 1 ਅਪ੍ਰੈਲ ਤੋਂ ਸ਼ੁਰੂ ਹੋ ਗਈ ਹੈ। ਅਜੇ ਮੰਡੀਆਂ ਵਿੱਚ ਕਣਕ ਦੀ ਆਮਦ ਘੱਟ ਹੋ ਰਹੀ ਹੈ, ਪਰ ਆਉਣ ਵਾਲੇ ਦਿਨਾਂ ਵਿੱਚ ਮੰਡੀਆਂ ਵਿੱਚ ਫਸਲ ਦੀ ਬੰਪਰ ਆਮਦ ਹੋਵੇਗੀ। ਉਨ੍ਹਾਂ ਕਿਹਾ ਕਿ ਮੰਡੀਆਂ ਅਤੇ ਖਰੀਦ ਕੇਂਦਰਾਂ ਵਿੱਚ ਸਾਫ਼-ਸਫਾਈ, ਬਿਜਲੀ, ਪੀਣ ਵਾਲੇ ਪਾਣੀ, ਬਾਥਰੂਮਾਂ, ਛਾਂ, ਬੈਠਣ ਆਦਿ ਦੇ ਪੁਖਤਾ ਪ੍ਰਬੰਧ ਕੀਤੇ ਗਏ ਹਨ। ਬਰਸਟ ਨੇ ਦੱਸਿਆ ਕਿ ਹਾੜ੍ਹੀ ਸੀਜ਼ਨ ਦੇ ਮੱਦੇਨਜ਼ਰ ਸੂਬੇ ਵਿੱਚ ਕਣਕ ਦੀ ਖਰੀਦ ਕਰਵਾਉਣ ਲਈ ਕੁੱਲ 1896 ਮੰਡੀਆਂ ਨੋਟੀਫਾਈ ਕੀਤੀਆਂ ਗਈਆਂ ਹਨ। ਇਸਦੇ ਨਾਲ ਹੀ ਆਰਜ਼ੀ ਖਰੀਦ ਕੇਂਦਰ ਘੋਸ਼ਿਤ ਕਰਨ ਦੀ ਪ੍ਰਕਿਰਿਆ ਚੱਲ ਰਹੀ ਹੈ, ਜਿਸ ਤਹਿਤ ਹੁਣ ਤੱਕ 456 ਆਰਜ਼ੀ ਮੰਡੀਆਂ ਘੋਸ਼ਿਤ ਕੀਤੀਆਂ ਜਾ ਚੁੱਕੀਆਂ ਹਨ। ਉਨ੍ਹਾਂ ਦੱਸਿਆ ਕਿ ਸਾਲ 2026-27 ਦੌਰਾਨ ਕਣਕ ਦਾ ਘੱਟੋ-ਘੱਟ ਸਮਰਥਨ ਮੁੱਲ 2585 ਰੁਪਏ ਪ੍ਰਤੀ ਕੁਇੰਟਲ ਘੋਸ਼ਿਤ ਕੀਤਾ ਗਿਆ ਹੈ। ਉੱਚ ਅਧਿਕਾਰੀਆਂ ਵੱਲੋਂ ਮੰਡੀਆਂ ਵਿੱਚ ਜਾ ਕੇ ਲਗਾਤਾਰ ਚੈਕਿੰਗ ਕੀਤੀ ਜਾ ਰਹੀ ਹੈ, ਤਾਂ ਜੋ ਮੰਡੀਆਂ ਵਿੱਚ ਖਰੀਦ ਕਾਰਜਾਂ ਨੂੰ ਸੁਚਾਰੂ ਢੰਗ ਨਾਲ ਚਲਾਇਆ ਜਾ ਸਕੇ। ਇਸਦੇ ਨਾਲ ਹੀ ਸੀਜ਼ਨ ਦੌਰਾਨ ਕਿਸਾਨਾਂ ਦੀ ਸਹੂਲਤ ਲਈ ਮੰਡੀ ਬੋਰਡ ਦੇ ਮੁੱਖ ਦਫ਼ਤਰ ਵਿਖੇ ਕੰਟਰੋਲ ਰੂਮ ਸਥਾਪਿਤ ਕੀਤਾ ਗਿਆ ਹੈ। ਕੰਟਰੋਲ ਰੂਮ ਦੇ ਟੈਲੀਫੋਨ ਨੰ. 0172-5101649 ਅਤੇ 0172-5101704 'ਤੇ ਸੰਪਰਕ ਕੀਤਾ ਜਾ ਸਕਦਾ ਹੈ, ਤਾਂ ਕਿ ਸਮੱਸਿਆ ਦਾ ਤੁਰੰਤ ਨਿਪਟਾਰਾ ਕੀਤਾ ਜਾ ਸਕੇ।ਉਨ੍ਹਾਂ ਆੜ੍ਹਤੀਆਂ, ਵਪਾਰੀਆਂ, ਮਜ਼ਦੂਰ ਭਰਾਵਾਂ ਅਤੇ ਸਰਕਾਰੀ ਏਜੰਸੀਆਂ ਦੇ ਮੁਲਾਜ਼ਮਾਂ ਨੂੰ ਅਪੀਲ ਕੀਤੀ ਕਿ ਉਹ ਕਿਸਾਨਾਂ ਦੀ ਫਸਲ ਨੂੰ ਚੁਕਾਉਣ ਵਿੱਚ ਵੱਧ ਤੋਂ ਵੱਧ ਸਹਿਯੋਗ ਦੇਣ।

## ਪੰਜਾਬ ਐਂਡ ਸਿੰਧ ਬੈਂਕ ਇੰਪਲਾਈਜ਼ ਵੈੱਲਫੇਅਰ ਐਸੋਸੀਏਸ਼ਨ ਵੱਲੋਂ ਪਰਵਾਰਕ ਮਿਲਣੀ



**ਮੋਗਾ (ਇਕਬਾਲ ਸਿੰਘ ਖਹਿਰਾ)**-ਪੰਜਾਬ ਐਂਡ ਸਿੰਧ ਬੈਂਕ ਇੰਪਲਾਈਜ਼ ਵੈੱਲਫੇਅਰ ਐਸੋਸੀਏਸ਼ਨ ਮੋਗਾ ਨੇ ਹੋਟਲ ਪਾਰਕ ਰੀਜੈਂਸੀ ਮੋਗਾ ਵਿਖੇ ਇੱਕ ਪਰਿਵਾਰਕ ਮਿਲਣੀ ਦਾ ਆਯੋਜਨ ਕੀਤਾ।ਇਸ ਮੌਕੇ ਹਰਜਿੰਦਰ ਸਿੰਘ ਕੰਡਾ ਜਨਰਲ ਸਕੱਤਰ ਨੇ ਸਮੂਹ ਮੈਂਬਰਾਂ ਦੇ ਪਰਵਾਰਾਂ ਦਾ ਸਵਾਗਤ ਕੀਤਾ ਤੇ ਉਨ੍ਹਾਂ ਨੂੰ ਇੱਕ ਦੂਜੇ ਨਾਲ ਜਾਣ-ਪਛਾਣ ਕਰਵਾਈ।ਨਰੇਸ਼ ਕੁਮਾਰ ਪ੍ਰਧਾਨ ਨੇ ਪਰਿਵਾਰਾਂ ਨੂੰ ਸੰਗਠਨ ਦੀਆਂ ਗਤੀਵਿਧੀਆਂ ਬਾਰੇ ਜਾਣਕਾਰੀ ਦਿੱਤੀ ਤੇ ਐਲਾਨ ਕੀਤਾ ਕਿ ਉਹ ਜਲਦੀ ਹੀ ਸਮੂਹ ਨੂੰ ਇੱਕ ਧਾਰਮਿਕ ਯਾਤਰਾ 'ਤੇ ਲੈ ਕੇ ਜਾਣਗੇ।ਇਸ ਪਰਿਵਾਰਕ ਮਿਲਣੀ ਨੂੰ ਯਾਦਗਾਰੀ ਬਣਾਉਣ ਲਈ, ਸ. ਨਾਇਬ ਸਿੰਘ ਭੁੱਲਰ ਐੱਨ ਆਰ ਆਈ ਤੇ ਜਗਤਾਰ ਸਿੰਘ ਸੰਧੂ, ਐੱਨ ਆਰ ਆਈ ਆਪਣੇ ਪਰਿਵਾਰਾਂ ਨਾਲ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ ਤੇ ਉਨ੍ਹਾਂ ਨੂੰ ਆਪਣਾ ਪੂਰਾ ਸਮਰਥਨ ਦੇਣ ਦਾ ਭਰੋਸਾ ਦਿੱਤਾ।ਇਸ ਤੋਂ ਬਾਅਦ ਸਮੂਹ ਪਰਿਵਾਰਾਂ ਨੇ ਇੱਕ ਰੰਗਾਰੰਗ ਪ੍ਰੋਗਰਾਮ ਪੇਸ਼ ਕੀਤਾ ਤੇ ਸਮੂਹ ਪਰਿਵਾਰਾਂ ਨੇ ਆਪਣੀ ਖੁਸ਼ੀ ਪ੍ਰਗਟ ਕੀਤੀ।ਉਨ੍ਹਾਂ ਪ੍ਰੋਗਰਾਮ ਨੂੰ ਜਾਰੀ ਰੱਖਣ ਦਾ ਵਾਅਦਾ ਕੀਤਾ।ਹਰਦੀਪ ਸਿੰਘ ਗਿੱਲ ਤੇ ਦਰਸ਼ਨ ਸਿੰਘ ਮੱਲੀ ਨੇ ਪ੍ਰੋਗਰਾਮ ਲਈ ਆਪਣਾ ਸਮਰਥਨ ਪ੍ਰਗਟ ਕੀਤਾ, ਹੋਰ ਮੈਂਬਰਾਂ ਨੂੰ ਇਸੇ ਤਰ੍ਹਾਂ ਦੇ ਪ੍ਰੋਗਰਾਮਾਂ ਵਿੱਚ ਹਿੱਸਾ ਲੈਣ ਲਈ ਉਤਸ਼ਾਹਤ ਕੀਤਾ।

## ਅਸੈਂਬਲੀ ਕਾਂਡ ਨੂੰ ਸਮਰਪਤ ਨੌਜਵਾਨ ਭਾਰਤ ਸਭਾ ਵੱਲੋਂ ਮੋਟਰਸਾਈਕਲ ਮਾਰਚ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਨੌਜਵਾਨ ਭਾਰਤ ਸਭਾ ਨੇ ਸ਼ਹੀਦ ਭਗਤ ਸਿੰਘ ਵੱਲੋਂ ਅਸੈਂਬਲੀ ਵਿੱਚ ਸੁੱਟੇ ਗਏ ਬੰਬ ਕਾਂਡ ਨੂੰ ਸਮਰਪਤ ਮੋਟਰਸਾਈਕਲ ਮਾਰਚ ਸ਼ਹਿਰ ਦੇ ਬਜ਼ਾਰਾਂ ਵਿੱਚ ਕੱਢਿਆ।ਇਸ ਮਗਰੋਂ ਮਾਰਚ ਵਿੱਚ ਸ਼ਾਮਲ ਨੌਜਵਾਨਾਂ ਨੇ ਨਾਇਬ ਤਹਿਸੀਲਦਾਰ ਪਾਤੜਾਂ ਰਾਹੀਂ ਰਾਸ਼ਟਰਪਤੀ ਦੇ ਨਾਮ ਮੰਗ ਪੱਤਰ ਭੇਜਿਆ। ਨੌਜਵਾਨ ਭਾਰਤ ਸਭਾ ਦੇ ਸੂਬਾ ਕਮੇਟੀ ਮੈਂਬਰ ਦਵਿੰਦਰ ਛਬੀਲਪੁਰ ਤੇ ਜ਼ਿਲ੍ਹਾ ਆਗੂ ਹਰਿੰਦਰ ਸੈਣੀਮਾਜਰਾ ਨੇ ਕਿਹਾ ਕਿ ਭਗਵੰਤ ਮਾਨ ਸਰਕਾਰ ਦੇ ਇਸ਼ਾਰੇ 'ਤੇ ਪੰਜਾਬ ਵਿੱਚ ਹੋ ਰਹੇ ਪੁਲਸ ਮੁਕਾਬਲਿਆਂ ਦੀ ਜੁਡੀਸ਼ੀਅਲ ਜਾਂਚ ਹੋਣੀ ਚਾਹੀਦੀ ਹੈ ਤੇ ਦੋਸ਼ੀ ਪਾਏ ਜਾਂਦੇ ਪੁਲਸ ਅਧਿਕਾਰੀਆਂ ਨੂੰ ਸਖ਼ਤ ਸਜ਼ਾਵਾਂ ਹੋਣੀਆਂ ਚਾਹੀਦੀਆਂ ਹਨ।ਉਨ੍ਹਾਂ ਕਿਹਾ ਕਿ ਆਪ ਸਰਕਾਰ ਸੂਬੇ ਨੂੰ ਪੁਲਸ ਸਟੇਟ ਬਣਾਉਣ ਵੱਲ ਵਧ ਰਹੀ ਹੈ।ਲੋਕਾਂ ਦੇ ਜਮਹੂਰੀ ਅਧਿਕਾਰਾਂ ਨੂੰ ਖਤਮ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ, ਧਰਨੇ ਮੁਜ਼ਾਹਰਿਆਂ ਨੂੰ ਪੁਲਸ ਦੇ ਜ਼ੋਰ 'ਤੇ ਕੁਚਲਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ।ਸਰਕਾਰ ਦੀ ਅਲੋਚਨਾ ਕਰਨ ਵਾਲੇ ਪੱਤਰਕਾਰਾਂ 'ਤੇ ਪਰਚੇ ਦਰਜ ਕੀਤੇ ਜਾ ਰਹੇ ਹਨ ਤੇ ਉਨ੍ਹਾਂ ਦੇ ਚੈਨਲ ਬੰਦ ਕਰਵਾਏ ਜਾ ਰਹੇ ਹਨ।ਆਗੂਆਂ ਨੇ ਕਿਹਾ ਕਿ ਅਮਰੀਕਾ ਈਰਾਨ ਜੰਗ ਕਾਰਨ ਰਸੋਈ ਗੈਸ ਦੀ ਸਪਲਾਈ ਦੀ ਲਗਾਤਾਰ ਕਿੱਲਤ ਬਣੀ ਹੋਈ ਹੈ।ਸੂਬਾ ਸਰਕਾਰ ਪੰਜਾਬ ਨੂੰ ਨਸ਼ਾ ਮੁਕਤ ਕਰਨ ਦਾ ਦਾਅਵਾ ਕਰਦੀ ਹੈ, ਪ੍ਰੰਤੂ ਅੱਜ ਸੁਲਤਾਨਪੁਰ ਲੋਧੀ ਦੀ ਇੱਕ ਪਰਵਾਰ ਦੇ ਪੰਜ ਜੀਆਂ ਦੀ ਨਸ਼ੇ ਕਰਕੇ ਮੌਤ ਹੋ ਚੁੱਕੀ ਹੈ ਜੋ ਕਿ ਪੰਜਾਬ ਸਰਕਾਰ ਦੀ ਯੁੱਧ ਨਸ਼ਿਆਂ ਵਿਰੁੱਧ ਦੀ ਫੂਕ ਕੱਢਦੀ ਹੈ।ਉਨ੍ਹਾਂ ਕਿਹਾ ਕਿ ਪੀੜਤ ਨੌਜਵਾਨਾਂ ਦਾ ਸਰਕਾਰ ਮੁਫਤ ਇਲਾਜ ਕਰਾਵੇ ਤੇ ਉਨ੍ਹਾਂ ਦੇ ਮੁੜ ਵਸੇਬੇ ਦਾ ਪ੍ਰਬੰਧ ਕਰੇ ਅਤੇ ਨਸ਼ੇ ਦੇ ਸਮਗਲਰਾਂ ਸਿਆਸਤਦਾਨਾਂ ਤੇ ਪੁਲਸ ਦੇ ਗਠਜੋੜ ਖਿਲਾਫ ਸਖਤ ਕਾਰਵਾਈ ਕਰੇ।ਇਸ ਮੌਕੇ ਜ਼ਿਲ੍ਹਾ ਆਗੂ ਸੰਦੀਪ ਖੱਤਰੀ, ਗੁਰਦੀਪ ਕਲਵਾਨੂੰ, ਗੌਰਵ ਸ਼ੁਤਰਾਣਾ, ਕਰਨ ਨਾਨਕਪੁਰਾ, ਪ੍ਰਦੀਪ ਨਾਨਕਪੁਰਾ, ਬੰਟੀ ਬਨਾਰਸੀ, ਮਨੀਸ਼ ਅੰਨਦਾਨਾ ਆਦਿ ਹਾਜ਼ਰ ਸਨ।

# ਨਕਲੀ ਪੁਲਸ ਮੁਲਾਜ਼ਮ ਸਮੇਤ ਤਿੰਨ ਵਿਅਕਤੀ ਅਸਲੇ ਸਮੇਤ ਕਾਬੂ



**ਮਾਲੇਰਕੋਟਲਾ (ਅਸਗਰ ਪਰਿਹਾਰ)**-ਜ਼ਿਲ੍ਹਾ ਪੁਲਸ ਮੁਖੀ ਮਾਲੇਰਕੋਟਲਾ ਗਗਨ ਅਜੀਤ ਸਿੰਘ ਵੱਲੋਂ ਮਾੜੇ ਅਨਸਰਾਂ ਖਿਲਾਫ ਅਰੰਭੀ ਗਈ ਮੁਹਿੰਮ ਨੂੰ ਉਸ ਸਮੇਂ ਵੱਡੀ ਸਫਲਤਾ ਮਿਲੀ ਜਦੋਂ ਪੁਲਸ ਵਰਦੀ ਦੀ ਆੜ 'ਚ ਧੌਂਸ ਜਮਾ ਕੇ ਲੋਕਾਂ ਨਾਲ ਠੱਗੀਆਂ ਮਾਰਨ ਵਾਲੇ ਨਕਲੀ ਪੁਲਸ ਮੁਲਾਜ਼ਮ ਸਮੇਤ ਤਿੰਨ ਵਿਅਕਤੀਆਂ ਨੂੰ ਕਾਬੂ ਕੀਤਾ ਗਿਆ।ਜਿਨ੍ਹਾਂ ਦੇ ਕਬਜ਼ੇ 'ਚੋਂ ਪੁਲਸ ਦੀ ਵਰਦੀ, ਅਸਲਾ ਅਤੇ ਆਈ ਫੋਨ ਸਮੇਤ ਪੁਲਸ ਦੇ ਬੱਸ ਸਫਰ ਕਰਨ ਵਾਲੀਆਂ ਟਿਕਟਾਂ ਬ੍ਰਾਮਦ ਕੀਤੀਆਂ।ਐੱਸ.ਐੱਸ.ਪੀ. ਗਗਨ ਅਜੀਤ ਸਿੰਘ ਨੇ ਜ਼ਿਲਾ ਪੁਲਸ ਹੈੱਡਕੁਆਰਟਰ ਵਿਖੇ ਬੁਲਾਈ ਪ੍ਰੈਸ ਕਾਨਫਰੰਸ ਦੌਰਾਨ ਪੱਤਰਕਾਰਾਂ ਨੂੰ ਦੱਸਿਆ ਕਿ ਮਿਲੀ ਗੁਪਤ ਸੂਚਨਾ ਉਪਰੰਤ ਐੱਸ.ਪੀ ਰਾਜਵਿੰਦਰ ਸਿੰਘ, ਡੀ.ਐੱਸ.ਪੀ. ਇਨਵੈਸਟੀਗੇਸ਼ਨ ਸ਼ਤੀਸ਼ ਕੁਮਾਰ ਅਤੇ ਸੀ.ਆਈ.ਏ. ਮਾਹੋਰਾਣਾ ਦੇ ਇੰਚਾਰਜ ਇੰਸਪੈਕਟਰ ਹਰਜਿੰਦਰ ਸਿੰਘ ਦੀ ਅਗਵਾਈ ਹੇਠ ਇੱਕ ਵਿਸ਼ੇਸ਼ ਟੀਮ ਦਾ ਗਠਨ ਕੀਤਾ ਗਿਆ ਸੀ।ਉਕਤ ਟੀਮ ਦੇ ਸਹਾਇਕ ਥਾਣੇਦਾਰ ਗੁਰਸ਼ਰਨ ਸਿੰਘ ਨੇ ਪੁਲਸ ਪਾਰਟੀ ਸਮੇਤ ਅਨਾਜ ਮੰਡੀ ਅਮਰਗੜ੍ਹ ਨੇੜੇ ਰੇਡ ਕਰਕੇ ਇੱਕ ਵਿਅਕਤੀ ਰਣਬੀਰ ਸਿੰਘ ਉਰਫ ਦੀਪ ਪੁੱਤਰ ਅਮਰ ਸਿੰਘ ਵਾਸੀ ਮਹਿੰਦੀਪੁਰ, ਥਾਣਾ ਖੇਮਕਰਨ ਜ਼ਿਲਾ ਤਰਨ ਤਾਰਨ ਨੂੰ ਪੁਲਸ ਦੀ ਵਰਦੀ ਪਹਿਨੇ ਹੋਏ ਕਾਬੂ ਕੀਤਾ, ਜੋ ਕਿ ਆਪਣੇ ਆਪ ਨੂੰ ਪੰਜਾਬ ਪੁਲਸ ਦਾ ਮੁਲਾਜ਼ਮ ਦੱਸ ਕੇ ਪਿਸਟਲ ਦੀ ਨੋਕ 'ਤੇ ਭੋਲੇ-ਭਾਲੇ ਲੋਕਾਂ ਨੂੰ ਕੰਮ ਕਰਾਉਣ ਦਾ ਲਾਰਾ ਲਗਾ ਕੇ ਪੈਸੇ ਵਸੂਲਦਾ ਸੀ। ਕੱਲ੍ਹ ਇਹ ਵਿਅਕਤੀ ਬੱਸ ਅੱਡਾ ਬਾਗੜੀਆਂ ਪਾਸ ਪੈਸੇ ਹਾਸਲ ਕਰਨ ਲਈ ਆਇਆ ਹੋਇਆ ਸੀ।ਐੱਸ.ਐੱਸ.ਪੀ. ਗਗਨ ਅਜੀਤ ਨੇ ਦੱਸਿਆ ਕਿ ਇਸ ਫੜੇ ਗਏ ਵਿਅਕਤੀ ਰਣਬੀਰ ਸਿੰਘ ਉਰਫ ਦੀਪ ਨੇ ਜ਼ਿਲ੍ਹਾ ਅੰਮ੍ਰਿਤਸਰ ਪੰਜਾਬ ਪੁਲਸ ਦੇ ਸਿਪਾਹੀ ਰੈਂਕ ਦਾ ਆਈ.ਕਾਰਡ ਅਤੇ ਪੰਜਾਬ ਪੁਲਸ ਦੀ ਵਰਦੀ ਬਣਾਈ ਹੋਈ ਸੀ।ਜਿਸ ਦੇ ਕਬਜ਼ੇ 'ਚੋਂ 1 ਪਿਸਟਲ 30 ਬੋਰ, 2 ਜ਼ਿੰਦਾ ਰੌਂਦ 30 ਬੋਰ ਸਮੇਤ ਪੰਜਾਬ ਪੁਲਸ ਦਾ ਆਈ ਕਾਰਡ ਨੰਬਰ 139/2016 ਅਤੇ ਪੰਜਾਬ ਪੁਲਸ ਦੇ ਬੱਸ ਸਫਰ ਕਰਨ ਵਾਲੀਆਂ ਟਿਕਟਾਂ ਸਮੇਤ ਇੱਕ ਕਾਲੇ ਰੰਗ ਦਾ ਆਈ ਫੋਨ ਬ੍ਰਾਮਦ ਕੀਤੇ ਗਏ।ਜ਼ਿਲਾ ਪੁਲਸ ਮੁਖੀ ਨੇ ਦੱਸਿਆ ਕਿ ਅਰੋਪੀ ਰਣਬੀਰ ਸਿੰਘ ਨੂੰ ਗ੍ਰਿਫਤਾਰ ਕਰਕੇ ਅਦਾਲਤ 'ਚ ਪੇਸ਼ ਕਰਨ ਉਪਰੰਤ 2 ਦਿਨ ਦਾ ਪੁਲਸ ਰਿਮਾਂਡ ਹਾਸਲ ਕਰਕੇ ਕੀਤੀ ਗਈ ਪੁੱਛ-ਗਿੱਛ ਦੇ ਅਧਾਰ 'ਤੇ ਇਸ ਦੇ ਦੋ ਹੋਰ ਸਾਥੀਆਂ ਹਰਪ੍ਰੀਤ ਸਿੰਘ ਪੁੱਤਰ ਲੇਟ ਚਾਨਣ ਸਿੰਘ ਵਾਸੀ ਪਿੰਡ ਤੇ ਥਾਣਾ ਵਲਟੋਹਾ ਜ਼ਿਲਾ ਤਰਨ ਤਾਰਨ ਅਤੇ ਗੁਰਲਾਲ ਸਿੰਘ ਪੁੱਤਰ ਸਾਹਿਬ ਸਿੰਘ ਵਾਸੀ ਪਿੰਡ ਮਹਿੰਦੀਪੁਰ ਥਾਣਾ ਖੇਮਕਰਨ ਜ਼ਿਲ੍ਹਾ ਤਰਨ ਤਾਰਨ ਨੂੰ ਵੀ ਇਸ ਮਾਮਲੇ ਦੋਸ਼ੀ ਨਾਮਜ਼ਦ ਕਰਕੇ ਗ੍ਰਿਫਤਾਰ ਕੀਤਾ ਗਿਆ।ਇਨ੍ਹਾਂ ਦੋਵਾਂ ਦੀ ਗ੍ਰਿਫਤਾਰੀ ਉਪਰੰਤ ਹਰਪ੍ਰੀਤ ਸਿੰਘ ਦੇ ਕਬਜ਼ੇ 'ਚੋਂ 30 ਬੋਰ ਦੇ ਇੱਕ ਜ਼ਿੰਦਾ ਰੌਂਦ ਤੋਂ ਇਲਾਵਾ ਗੁਰਲਾਲ ਸਿੰਘ ਪੁੱਤਰ ਸਾਹਿਬ ਸਿੰਘ ਦੇ ਕਬਜ਼ੇ 'ਚੋਂ ਇੱਕ 30 ਬੋਰ ਤੇ ਦੂਜਾ 32 ਬੋਰ ਪਿਸਟਲ ਸਮੇਤ ਮੈਗਜ਼ੀਨ ਅਤੇ 30 ਬੋਰ ਦੇ 2 ਜ਼ਿੰਦਾ ਤੇ 2 ਖਾਲੀ ਖੋਲ ਤੋਂ ਇਲਾਵਾ 32 ਬੋਰ ਦੇ 2 ਰੌਂਦ ਵੀ ਬ੍ਰਾਮਦ ਕੀਤੇ ਗਏ ਹਨ।

## 2 ਕਰੋੜ 40 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਹੋਏ ਰਾਜਬਾਹੇ ਦਾ ਖੁੱਡੀਆਂ ਨੇ ਕੀਤਾ ਉਦਘਾਟਨ



**ਲੰਬੀ/ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਪੰਜਾਬ ਸਰਕਾਰ ਵਲੋਂ 15 ਹਜ਼ਾਰ ਕਿਲੋਮੀਟਰ ਤੋਂ ਵੱਧ ਨਹਿਰਾਂ, ਰਜਬਾਹੇ ਤੇ ਕੱਸੀਆਂ ਨੂੰ ਪੱਕਾ ਕੀਤਾ ਹੈ ਤਾਂ ਜੋ ਟੇਲ ਤੇ ਪੈਂਦੇ ਪਿੰਡਾਂ ਨੂੰ ਖੇਤੀਬਾੜੀ ਅਤੇ ਪੀਣ ਲਈ ਸਾਫ ਸੁਥਰਾ ਪਾਣੀ ਮੁਹੱਈਆ ਹੋ ਸਕੇ। ਇਸ ਗੱਲ ਦਾ ਪ੍ਰਗਟਾਵਾ ਗੁਰਮੀਤ ਸਿੰਘ ਖੁੱਡੀਆ ਖੇਤੀਬਾੜੀ, ਪਸ਼ੂ ਪਾਲਣ ਤੇ ਡੇਅਰੀ ਵਿਕਾਸ ਮੰਤਰੀ ਪੰਜਾਬ ਨੇ ਲੰਬੀ ਰਜਬਾਹਾ ਜੋ ਸਰਹੱਦ ਫੀਡਰ ਨਹਿਰ ਦੀ ਬੁਰਜੀ ਨੰ. 386325 ਪਿੰਡ ਖੁੱਡੀਆ ਤੋਂ ਨਿਕਲਦਾ ਹੈ, ਦੇ ਨਵ ਨਿਰਮਾਣ ਦਾ ਉਦਘਾਟਨ ਕਰਦਿਆਂ ਕੀਤਾ।ਉਹਨਾਂ ਦੱਸਿਆ ਕਿ ਇਸ ਰਜਬਾਹੇ ਦੇ ਨਵ ਨਿਰਮਾਣ 'ਤੇ ਪੰਜਾਬ ਸਰਕਾਰ ਵਲੋਂ 2 ਕਰੋੜ 40 ਲੱਖ ਰੁਪਏ ਖਰਚ ਕੀਤੇ ਗਏ ਹਨ। ਇਸ ਰਜਬਾਹੇ ਤੋਂ ਸ੍ਰੀ ਮੁਕਤਸਰ ਸਾਹਿਬ ਅਤੇ ਫਾਜ਼ਿਲਕਾ ਦੇ ਲੱਗਭਗ 25 ਪਿੰਡਾਂ ਨੂੰ ਪੀਣ ਵਾਲਾ ਪਾਣੀ ਅਤੇ ਕੁਲ 47632 ਏਕੜ ਰਕਬੇ ਨੂੰ ਸਿੰਚਾਈ ਦੀ ਸਹੂਲਤ ਮਿਲੇਗੀ। ਉਹਨਾਂ ਦੱਸਿਆ ਕਿ ਪਿੰਡ ਖੁੱਡੀਆ ਗੁਲਾਬ ਸਿੰਘ, ਸਹਿਣਾ ਖੇੜਾ, ਸਿੱਖਵਾਲਾ, ਫਤੂਹੀਖੇੜਾ, ਰੋੜਾਂਵਾਲੀ, ਭੀਟੀਵਾਲਾ, ਤਰਮਾਲਾ, ਫਤਿਹਪੁਰ ਮਨੀਆਂ, ਫੁੱਲੂ ਖੇੜਾ, ਸ਼ੇਰਾਂਵਾਲੀ, ਕੰਦੂਖੇੜਾ, ਮਹਿਰਾਜਪੁਰ, ਫਤੂਹੀਖੇੜਾ, ਖੁੱਬਣ, ਮੋਡੀ ਖੇੜਾ, ਵਜੀਦਪੁਰ ਭੋਮਾ, ਬਿਸ਼ਨਪੁਰਾ, ਹਿੰਮਪੁਰਾ, ਕੁਲਾਰ, ਰਾਮਪੁਰਾ, ਬਹਾਵਵਾਲਾ ਅਤੇ ਰਾਜਪੁਰਾ ਦੇ ਪਿੰਡਾਂ ਨੂੰ ਫਾਇਦਾ ਪਹੁੰਚੇਗਾ।ਖੇਤੀਬਾੜੀ ਮੰਤਰੀ ਨੇ ਦੱਸਿਆ ਕਿ ਧਰਤੀ ਹੇਠਲੇ ਪਾਣੀ ਨੂੰ ਬਚਾਉਣ ਲਈ ਸਰਕਾਰ ਵਲੋਂ ਝੋਨੇ ਦੀ ਸਿੱਧੀ ਬਿਜਾਈ ਕਰਨ ਵਾਲੇ ਕਾਸ਼ਤਕਾਰਾਂ ਨੂੰ 1500 ਰੁਪਏ ਪ੍ਰਤੀ ਏਕੜ ਦੇ ਹਿਸਾਬ ਨਾਲ ਸਬਸਿਡੀ ਦਿੱਤੀ ਜਾਵੇਗੀ ਅਤੇ ਸਰਕਾਰ ਵਲੋਂ ਇਸ ਸਕੀਮ ਤਹਿਤ 40 ਕਰੋੜ ਰੁਪਏ ਦਾ ਪ੍ਰਬੰਧ ਕੀਤਾ ਗਿਆ ਹੈ, ਇਸ ਤੋਂ ਪਹਿਲਾ ਝੋਨੇ ਦੀ ਸਿੱਧੀ ਬਿਜਾਈ ਕਰਨ ਵਾਲ ਕਾਸਤਕਾਰਾਂ ਦੇ ਬੈਂਕ ਖਾਤਿਆਂ ਵਿੱਚ 32 ਕਰੋੜ ਰੁਪਏ ਦੀ ਰਾਸ਼ੀ ਭੇਜੀ ਜਾ ਚੁੱਕੀ ਹੈ।ਇਸ ਤੋਂ ਇਲਾਵਾ ਪੰਜਾਬ ਵਿੱਚ ਨਰਮੇ ਦੀ ਕਾਸ਼ਤ ਨੂੰ ਪ੍ਰਫੁੱਲਤ ਕਰਨ ਲਈ 33 ਪ੍ਰਤੀਸ਼ਤ ਸਬਸਿਡੀ ਪੰਜਾਬ ਸਰਕਾਰ ਵਲੋਂ ਦਿੱਤੀ ਜਾਵੇਗੀ ਤਾਂ ਧਰਤੀ ਹੇਠਲੇ ਪਾਣੀ ਨੂੰ ਡੂੰਘਾ ਹੋਣ ਤੋਂ ਬਚਾਇਆ ਜਾਵੇ ਅਤੇ ਖੇਤੀਬਾੜੀ ਯੂਨੀਵਰਸਿਟੀ ਦੀ ਸਲਾਹ 'ਤੇ ਦੇਸੀ ਕਪਾਹ ਦੇ ਬੀਜ ਦਾ ਵੀ ਪ੍ਰਬੰਧ ਕੀਤਾ ਜਾਵੇਗਾ।

## ਜ਼ਿਲ੍ਹਾ ਪੱਧਰੀ ਕਿਸਾਨ ਸਿਖਲਾਈ ਕੈਂਪ ਅੱਜ

**ਫ਼ਿਰੋਜ਼ਪੁਰ (ਗੁਰਬਚਨ ਸਿੰਘ)**

ਮੁੱਖ ਖੇਤੀਬਾੜੀ ਅਫ਼ਸਰ ਡਾ. ਬਲਵਿੰਦਰ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਫ਼ਿਰੋਜ਼ਪੁਰ ਵੱਲੋਂ ਜ਼ਿਲ੍ਹੇ ਦੇ ਕਿਸਾਨਾਂ ਨੂੰ ਸਾਉਣੀ ਦੀਆਂ ਫਸਲਾਂ ਦੀ ਕਾਸ਼ਤ ਸਬੰਧੀ ਜ਼ਿਲ੍ਹਾ ਪੱਧਰੀ ਕਿਸਾਨ ਸਿਖਲਾਈ ਕੈਂਪ 10 ਅਪ੍ਰੈਲ ਸ਼ੁੱਕਰਵਾਰ ਨੂੰ ਗੋਲਡਨ ਰਿਜ਼ੋਰਟ, ਕੁੱਲਗੜ੍ਹੀ, ਜ਼ੀਰਾ ਰੋਡ ਵਿਖੇ ਲਾਇਆ ਜਾਵੇਗਾ।ਉਨ੍ਹਾਂ ਦੱਸਿਆ ਕਿ ਇਸ ਕੈਂਪ ਵਿਚ ਕਿਸਾਨਾਂ ਨੂੰ ਖੇਤੀਬਾੜੀ, ਹੋਰ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਤੇ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਦੇ ਖੇਤੀ ਮਾਹਰਾਂ ਵੱਲੋਂ ਸਾਉਣੀ ਦੀਆਂ ਫ਼ਸਲਾਂ ਦੀ ਕਾਸ਼ਤ ਸਬੰਧੀ ਤਕਨੀਕੀ ਜਾਣਕਾਰੀ ਤੇ ਖੇਤੀ ਵਿਗਿਆਨੀਆਂ ਦੁਆਰਾ ਕੀਤੀਆਂ ਗਈਆਂ ਨਵੀਆਂ ਸਿਫ਼ਾਰਿਸ਼ਾਂ ਤੋਂ ਜਾਣੂ ਕਰਵਾਇਆ ਜਾਵੇਗਾ।ਇਸ ਮੌਕੇ ਖੇਤੀ ਤੇ ਸਹਾਇਕ ਧੰਦਿਆਂ ਨਾਲ ਸਬੰਧਤ ਪ੍ਰਦਰਸ਼ਨੀਆਂ ਵੀ ਲਗਾਈਆਂ ਜਾਣਗੀਆਂ ਤੇ ਵੱਖ-ਵੱਖ ਤਰ੍ਹਾਂ ਦੇ ਖੇਤੀ ਸਾਧਨਾਂ ਬਾਰੇ ਜਾਣਕਾਰੀ ਮੁਹੱਈਆ ਕਰਵਾਈ ਜਾਵੇਗੀ।

## ਅਜ਼ਾਦ ਕਿਸਾਨ ਮੋਰਚਾ ਪੰਜਾਬ ਵੱਲੋਂ ਡੀ ਸੀ ਦਫ਼ਤਰਾਂ ਦੇ ਘਿਰਾਓ ਅੱਜ

**ਮੋਗਾ (ਇਕਬਾਲ ਸਿੰਘ ਖਹਿਰਾ)**-ਪੰਜਾਬ ਵਿੱਚ ਹਾਲ ਹੀ ਵਿੱਚ ਪਈ ਗੜੇਮਾਰੀ ਤੇ ਭਾਰੀ ਮੀਂਹ ਕਾਰਨ ਕਿਸਾਨਾਂ ਨੂੰ ਵੱਡਾ ਨੁਕਸਾਨ ਝੱਲਣਾ ਪਿਆ ਹੈ।ਕਈ ਥਾਵਾਂ 'ਤੇ ਕਣਕ ਤੇ ਸਬਜ਼ੀਆਂ ਦੀਆਂ ਫਸਲਾਂ ਬਰਬਾਦ ਹੋ ਗਈਆਂ ਹਨ, ਨਾਲ ਹੀ ਪਸ਼ੂਆਂ ਤੇ ਘਰਾਂ ਨੂੰ ਵੀ ਨੁਕਸਾਨ ਪਹੁੰਚਿਆ ਹੈ।ਇਸ ਸਥਿਤੀ ਨੂੰ ਦੇਖਦਿਆਂ ਕਿਸਾਨ ਜਥੇਬੰਦੀਆਂ ਨੇ ਜਲੰਧਰ ਦੇ ਦੇਸ਼ ਭਗਤ ਯਾਦਗਾਰ ਹਾਲ ਵਿੱਚ ਐਮਰਜੈਂਸੀ ਮੀਟਿੰਗ ਸੱਦ ਕੇ ਸਰਕਾਰ ਅੱਗੇ ਕਈ ਮਹੱਤਵਪੂਰਨ ਮੰਗਾਂ ਰੱਖੀਆਂ ਤੇ ਇਨ੍ਹਾਂ ਸਾਰੀਆਂ ਮੰਗਾਂ ਨੂੰ ਲੈ ਕੇ ਆਜ਼ਾਦ ਕਿਸਾਨ ਮੋਰਚੇ ਨਾਲ ਜੁੜੀਆਂ ਸਮੂਹ ਜਥੇਬੰਦੀਆਂ ਵੱਲੋਂ 10 ਅਪ੍ਰੈਲ ਨੂੰ 12 ਵਜੇ ਤੋਂ ਲੈ ਕੇ 3 ਵਜੇ ਤੱਕ ਪੰਜਾਬ ਦੇ ਸਾਰੇ 23 ਜ਼ਿਲ੍ਹਾ ਹੈੱਡਕੁਆਟਰਾਂ 'ਤੇ ਡਿਪਟੀ ਕਮਿਸ਼ਨਰਾਂ ਦੇ ਦਫਤਰਾਂ ਅੱਗੇ ਪ੍ਰਦਰਸ਼ਨ ਕੀਤੇ ਜਾਣਗੇ ਤੇ ਸਰਕਾਰ ਨੂੰ ਮੰਗ ਪੱਤਰ ਸੌਂਪਿਆ ਜਾਵੇਗਾ। ਕਿਸਾਨ ਆਗੂਆਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਸਰਕਾਰ ਨੇ ਜਲਦੀ ਮੰਗਾਂ 'ਤੇ ਧਿਆਨ ਨਾ ਦਿੱਤਾ ਤਾਂ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ। ਇਸ ਮੀਟਿੰਗ ਦੀ ਪ੍ਰਧਾਨਗੀ ਜਸਬੀਰ ਸਿੰਘ ਆਹਲੂਵਾਲੀਆ ਹੜ੍ਹ ਪੀੜਤ ਕਿਸਾਨ ਸੰਘਰਸ਼ ਕਮੇਟੀ, ਸ਼ੇਰੇ ਪੰਜਾਬ ਕਿਸਾਨ ਯੂਨੀਅਨ ਦੇ ਸੂਬਾ ਪ੍ਰਧਾਨ ਨਛੱਤਰ ਸਿੰਘ, ਪੰਜਾਬ ਕਿਸਾਨ ਯੂਨੀਅਨ ਬਾਗੀ ਦੇ ਸੂਬਾ ਪ੍ਰਧਾਨ ਪਰਮਜੀਤ ਸਿੰਘ ਜੱਬੋਵਾਲ ਨੇ ਕੀਤੀ ਅਤੇ ਇਸ ਮੀਟਿੰਗ ਵਿੱਚ ਭਾਰਤੀ ਕਿਸਾਨ ਯੂਨੀਅਨ ਤੋਤੇਵਾਲ ਦੇ ਸੂਬਾ ਪ੍ਰਧਾਨ ਸੁੱਖ ਗਿੱਲ ਮੋਗਾ, ਭਾਰਤੀ ਕਿਸਾਨ ਯੂਨੀਅਨ ਮਝੈਲ ਦੇ ਸੂਬਾ ਪ੍ਰਧਾਨ ਸਤਨਾਮ ਸਿੰਘ ਸੰਧੂ ਹਰੀਕੇ, ਭਾਰਤੀ ਕਿਸਾਨ ਯੂਨੀਅਨ ਬੰਬ ਦੇ ਸੂਬਾ ਪ੍ਰਧਾਨ ਸਾਰਜ ਸਿੰਘ ਬੰਬ, ਅੰਨਦਾਤਾ ਕਿਸਾਨ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਤਰਨਜੀਤ ਸਿੰਘ ਨਿਮਾਣਾ, ਮਲਕੀਤ ਸਿੰਘ ਸ਼ਾਹਕੋਟ, ਕੁਲਜੀਤ ਸਿੰਘ ਰੌਂਤਾ ਆਦਿ ਹਾਜ਼ਰ ਸਨ।

## ਸਲਾਈਟ ਦੇ ਵਿਦਿਆਰਥੀਆਂ ਵੱਲੋਂ ਪੈਪਸੀਕੋ ਚੰਨੋ ਦਾ ਦੌਰਾ



**ਲੌਂਗੋਵਾਲ (ਪ੍ਰਦੀਪ ਸੱਪਲ)**-ਸੰਤ ਲੌਂਗੋਵਾਲ ਇੰਸਟੀਚਿਊਟ ਆਫ ਇੰਜੀਨੀਅਰਿੰਗ ਐਂਡ ਟੈਕਨਾਲੋਜੀ ਲੌਂਗੋਵਾਲ ਦੇ ਫੂਡ ਇੰਜੀਨੀਅਰਿੰਗ ਐਂਡ ਟੈਕਨਾਲੋਜੀ ਵਿਭਾਗ ਦੇ ਦੂਜੇ ਸਾਲ ਦੇ ਡਿਗਰੀ ਵਿਦਿਆਰਥੀਆਂ ਨੇ ਆਧੁਨਿਕ ਫੂਡ ਪ੍ਰੋਸੈਸਿੰਗ ਕਾਰਜਾਂ ਬਾਰੇ ਵਿਹਾਰਕ ਸਮਝ ਪ੍ਰਾਪਤ ਕਰਨ ਲਈ ਪੈਪਸੀਕੋ ਇੰਡੀਆ ਹੋਲਡਿੰਗਜ਼ ਪ੍ਰਾਈਵੇਟ ਲਿਮਿਟਡ ਚੰਨੋ ਦਾ ਉਦਯੋਗਿਕ ਦੌਰਾ ਕੀਤਾ। ਪ੍ਰੋਫੈਸਰ ਮਨੀਕਾਂਤ ਪਾਸਵਾਨ ਡਾਇਰੈਕਟਰ ਸਲਾਈਟ ਦੀ ਨਿਰੰਤਰ ਹੱਲਾਸ਼ੇਰੀ ਅਤੇ ਦੂਰਦਰਸ਼ੀ ਅਗਵਾਈ ਹੇਠ ਇਹ ਦੌਰਾ ਵਿਭਾਗ ਦੇ ਮੁਖੀ ਪ੍ਰੋਫੈਸਰ ਸੀ ਐੱਸ ਰਿਆਤ ਦੇ ਮਾਰਗਦਰਸ਼ਨ ਵਿੱਚ ਕੀਤਾ ਗਿਆ, ਜਿਸ ਵਿੱਚ ਇੰਜੀਨੀਅਰ ਅਸ਼ਵਨੀ ਕੁਮਾਰ, ਸਹਾਇਕ ਪ੍ਰੋਫੈਸਰ ਤੇ ਡਾ. ਤੇਜਿੰਦਰ ਕੌਰ, ਗੈਸਟ ਫੈਕਲਟੀ ਸ਼ਾਮਲ ਸਨ।ਉਦਯੋਗ ਦੇ ਪੇਸ਼ੇਵਰਾਂ, ਜਿਨ੍ਹਾਂ ਵਿੱਚ ਸਹਾਇਕ ਮੈਨੇਜਰ ਮਨਦੀਪ ਕੌਰ, ਗੁਣਵੱਤਾ ਨਿਯੰਤਰਣ ਕੋਆਰਡੀਨੇਟਰ ਸਲੋਨੀ ਗਰਗ ਤੇ ਐੱਚ ਆਰ ਵਿਭਾਗ ਤੋਂ ਪ੍ਰਵੀਨ ਸ਼ਾਮਲ ਸਨ, ਨੇ ਵਿਦਿਆਰਥੀਆਂ ਦਾ ਨਿੱਘਾ ਸਵਾਗਤ ਕੀਤਾ ਤੇ ਉਨ੍ਹਾਂ ਦੇ ਦੌਰੇ ਨੂੰ ਸੁਵਿਧਾਜਨਕ ਬਣਾਇਆ।ਇਸ ਦੌਰੇ ਦੌਰਾਨ ਵਿਦਿਆਰਥੀਆਂ ਨੂੰ ਅਤਿ-ਆਧੁਨਿਕ ਨਿਰਮਾਣ ਸਹੂਲਤਾਂ ਬਾਰੇ ਜਾਣਕਾਰੀ ਦਿੱਤੀ ਗਈ, ਜਿੱਥੇ ਉਨ੍ਹਾਂ ਲੇਅਜ਼, ਆਲੂ ਚਿਪਸ ਤੇ ਮਸ਼ਹੂਰ ਐਕਸਟਰੂਡ, ਸਨੈਕ, ਕੁਰਕੁਰੇ ਵਰਗੇ ਪ੍ਰਸਿੱਧ ਸਨੈਕ ਉਤਪਾਦਾਂ ਦੇ ਉਤਪਾਦਨ ਪ੍ਰਕਿਰਿਆਵਾਂ ਦਾ ਨਿਰੀਖਣ ਕੀਤਾ। ਵਿਦਿਆਰਥੀਆਂ ਨੇ ਵੱਡੇ ਪੱਧਰ 'ਤੇ ਭੋਜਨ ਉਤਪਾਦਨ 'ਚ ਅਪਣਾਏ ਜਾਣ ਵਾਲੇ ਸਖ਼ਤ ਸੁਰੱਖਿਆ ਪ੍ਰੋਟੋਕੋਲ ਤੇ ਗੁਣਵਤਾ ਭਰੋਸਾ ਉਪਾਵਾਂ ਬਾਰੇ ਗਿਆਨ ਪ੍ਰਾਪਤ ਕੀਤਾ।ਇਹ ਦੌਰਾ ਬਹੁਤ ਪ੍ਰੇਰਨਾਦਾਇਕ ਸਾਬਿਤ ਹੋਇਆ, ਜਿਸ ਨਾਲ ਵਿਦਿਆਰਥੀਆਂ ਦੀ ਤਕਨੀਕੀ ਜਾਣਕਾਰੀ 'ਚ ਵਾਧਾ ਹੋਇਆ ਤੇ ਖਾਦ ਪ੍ਰਸੰਸਕ ਉਦਯੋਗ ਦੀ ਮਹੱਤਤਾ ਬਾਰੇ ਉਨ੍ਹਾਂ ਨੂੰ ਹੋਰ ਡੂੰਘੀ ਸਮਝ ਪ੍ਰਾਪਤ ਹੋਈ।

# ਇਗਨੂ ਦਾ 39ਵਾਂ ਡਿਗਰੀ ਵੰਡ ਸਮਾਰੋਹ



**ਖੰਨਾ (ਸੁਖਵਿੰਦਰ ਸਿੰਘ ਭਾਦਲਾ)**

ਇੰਦਰਾ ਗਾਂਧੀ ਰਾਸ਼ਟਰੀ ਓਪਨ ਯੂਨੀਵਰਸਿਟੀ ਇਗਨੂ ਦਾ 39ਵਾਂ ਡਿਗਰੀ ਵੰਡ ਸਮਾਰੋਹ ਨਵੀਂ ਦਿੱਲੀ ਵਿਖੇ ਸਥਿਤ ਇਗਨੂ ਮੁੱਖ ਦਫ਼ਤਰ ਵਿੱਚ ਕੀਤਾ ਗਿਆ।ਇਸ ਸਮਾਰੋਹ ਵਿੱਚ ਭਾਰਤ ਦੇ ਮਾਨਯੋਗ ਉੱਪ-ਰਾਸ਼ਟਰਪਤੀ ਸੀ ਪੀ ਰਾਧਾਕ੍ਰਿਸ਼ਨਨ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ।ਇਸ ਮੌਕੇ ਇਗਨੂ ਖੇਤਰੀ ਕੇਂਦਰ ਖੰਨਾ ਵੱਲੋਂ ਕਰਵਾਏ ਗਏ ਸਮਾਰੋਹ ਵਿੱਚ ਜਗਤ ਗੁਰੂ ਨਾਨਕ ਦੇਵ ਪੰਜਾਬ ਰਾਜ ਓਪਨ ਯੂਨੀਵਰਸਿਟੀ ਪਟਿਆਲਾ ਦੇ ਕੁਲਪਤੀ ਪ੍ਰੋ. (ਡਾ.) ਰਤਨ ਸਿੰਘ ਵਿਸ਼ੇਸ਼ ਮਹਿਮਾਨ ਵਜੋਂ ਹਾਜ਼ਰ ਹੋਏ।ਸੀਨੀਅਰ ਖੇਤਰੀ ਨਿਰਦੇਸ਼ਕ ਡਾ. ਸੰਤੋਸ਼ ਕੁਮਾਰੀ ਨੇ ਆਪਣੇ ਸੰਬੋਧਨ ਵਿੱਚ ਖੇਤਰੀ ਕੇਂਦਰ ਖੰਨਾ ਵੱਲੋਂ ਸਾਲ 2025 ਦੌਰਾਨ ਕੀਤੀਆਂ ਮਹੱਤਵਪੂਰਨ ਗਤੀਵਿਧੀਆਂ ਬਾਰੇ ਜਾਣਕਾਰੀ ਦਿੱਤੀ।ਉਨ੍ਹਾਂ ਦੱਸਿਆ ਕਿ ਇਸ ਸਾਲ ਕੁੱਲ 6452 ਡਿਗਰੀਆਂ, ਡਿਪਲੋਮੇ ਤੇ ਪ੍ਰਮਾਣ ਪੱਤਰ ਜਾਰੀ ਕੀਤੇ ਜਾਣਗੇ, ਜਦਕਿ ਲਗਭਗ 300 ਵਿਦਿਆਰਥੀਆਂ ਨੂੰ ਸਮਾਰੋਹ ਵਿੱਚ ਡਿਗਰੀ ਪ੍ਰਾਪਤ ਕਰਨ ਲਈ ਸੱਦਾ ਦਿੱਤਾ ਗਿਆ।ਖੇਤਰੀ ਨਿਰਦੇਸ਼ਕ ਡਾ. ਮੰਜੂ ਗੋਇਲ ਨੇ ਸਭਾਗਾਰ ਵਿੱਚ ਮੌਜੂਦ ਸਾਰੇ ਵਿਅਕਤੀਆਂ ਨਾਲ ਵਿਸ਼ੇਸ਼ ਮਹਿਮਾਨਾਂ ਦੀ ਜਾਣ-ਪਛਾਣ ਕਰਵਾਈ ਤੇ ਉਨ੍ਹਾਂ ਦੀਆਂ ਉਪਲਬਧੀਆਂ ਬਾਰੇ ਜਾਣਕਾਰੀ ਦਿੱਤੀ।ਪ੍ਰੋ. (ਡਾ.) ਰਤਨ ਸਿੰਘ ਨੇ ਆਪਣੇ ਸੰਬੋਧਨ ਵਿੱਚ ਡਿਗਰੀ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਉਨ੍ਹਾਂ ਨੂੰ ਭਵਿੱਖ ਵਿੱਚ ਹੋਰ ਉੱਚੀਆਂ ਮੰਜ਼ਿਲਾਂ ਹਾਸਲ ਕਰਨ ਲਈ ਪ੍ਰੇਰਿਤ ਕੀਤਾ।ਇਸ ਮੌਕੇ ਉਨ੍ਹਾਂ ਖੇਤਰੀ ਕੇਂਦਰ ਖੰਨਾ ਦੀ ਸਾਲ 2025 ਦੀ ਪ੍ਰੋਫ਼ਾਈਲ ਤੇ ਗਤੀਵਿਧੀਆਂ ਸੰਬੰਧੀ ਤਿਮਾਹੀ ਸਮਾਚਾਰ ਪੱਤਰਿਕਾ, ਛੋਟੀਆਂ ਕਿਤਾਬਾਂ ਦਾ ਵੀ ਲੋਕ ਅਰਪਣ ਕੀਤਾ।ਸਹਾਇਕ ਖੇਤਰੀ ਨਿਰਦੇਸ਼ਕ ਡਾ. ਪ੍ਰਮੇਸ਼ ਚੰਦਰ ਨੇ ਵਿਦਿਆਰਥੀਆਂ ਨੂੰ ਸੁਚਾਰੂ ਢੰਗ ਨਾਲ ਡਿਗਰੀਆਂ ਵੰਡਣ ਵਿੱਚ ਅਹਿਮ ਭੂਮਿਕਾ ਨਿਭਾਈ।ਅਨੁਭਾਗ ਅਧਿਕਾਰੀ ਪ੍ਰਗਟ ਸਿੰਘ ਨੇ ਮੰਚ ਸੰਚਾਲਕ ਦੀ ਜ਼ਿੰਮੇਵਾਰੀ ਸਫਲਤਾਪੂਰਵਕ ਨਿਭਾਈ।ਪ੍ਰੋਗਰਾਮ ਦੇ ਅੰਤ ਵਿੱਚ ਸਹਾਇਕ ਖੇਤਰੀ ਨਿਰਦੇਸ਼ਕ ਡਾ. ਮਾਰੀਆ ਅਫ਼ਜ਼ਲ ਨੇ ਵਿਦਿਆਰਥੀਆਂ, ਖੇਤਰੀ ਕੇਂਦਰ ਦੇ ਸਟਾਫ਼, ਅਧਿਐਨ ਕੇਂਦਰਾਂ ਦੇ ਕੋਆਰਡੀਨੇਟਰਾਂ, ਮੀਡੀਆ ਕਰਮੀਆਂ ਤੇ ਮਾਣਯੋਗ ਮਹਿਮਾਨਾਂ ਦਾ ਧੰਨਵਾਦ ਕੀਤਾ।

## ਮੁਫ਼ਤ ਮੈਡੀਕਲ ਜਾਂਚ ਤੇ ਖ਼ੂਨਦਾਨ ਕੈਂਪ ਭਲਕੇ

**ਦੋਰਾਹਾ (ਹਰਮਿੰਦਰ ਸੇਠ)**-ਸ੍ਰੀ ਗੁਰੂ ਰਵਿਦਾਸ ਵੈੱਲਫੇਅਰ ਕਮੇਟੀ ਗੁਰਦੁਆਰਾ ਸ੍ਰੀ ਗੁਰੂ ਨਾਨਕ ਦੇਵ ਜੀ ਪ੍ਰਬੰਧਕ ਕਮੇਟੀ ਤੇ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ 11 ਅਪ੍ਰੈਲ 2026 ਨੂੰ ਡਾ. ਬੀ. ਆਰ. ਅੰਬੇਡਕਰ ਜੀ ਦੇ ਜਨਮ ਦਿਹਾੜੇ ਤੇ ਵਿਸਾਖੀ ਨੂੰ ਸਮਰਪਤ 14ਵਾਂ ਸਾਲਾਨਾ ਮੁਫ਼ਤ ਮੈਡੀਕਲ ਚੈੱਕਅਪ, ਅੱਖਾਂ ਦੀ ਜਾਂਚ ਤੇ ਖ਼ੂਨਦਾਨ ਕੈਂਪ ਲਾਇਆ ਜਾਵੇਗਾ।ਇਹ ਕੈਂਪ ਗੁਰਦੁਆਰਾ ਸ੍ਰੀ ਗੁਰੂ ਨਾਨਕ ਦੇਵ ਜੀ ਮੁਹੱਲਾ ਜ਼ੈਲਦਾਰ ਦੋਰਾਹਾ ਵਿਖੇ ਸਵੇਰੇ 9 ਵਜੇ ਤੋਂ ਦੁਪਹਿਰ 2 ਵਜੇ ਤੱਕ ਲੱਗੇਗਾ, ਜਿੱਥੇ ਲੰਗਰ ਅਤੁੱਟ ਵਰਤਾਇਆ ਜਾਵੇਗਾ।ਕੈਂਪ ਦਾ ਉਦਘਾਟਨ ਐੱਮ.ਐੱਲ.ਏ. ਇੰਜੀਨੀਅਰ ਮਨਵਿੰਦਰ ਸਿੰਘ ਗਿਆਸਪੁਰਾ ਤੇ ਨਗਰ ਕੌਂਸਲ ਪ੍ਰਧਾਨ ਸੁਦਰਸ਼ਨ ਕੁਮਾਰ ਸ਼ਰਮਾ ਕਰਨਗੇ।ਕੈਂਪ ਦੌਰਾਨ ਪ੍ਰਸਿੱਧ ਅੱਖਾਂ ਦੇ ਮਾਹਿਰ ਡਾ. ਰਮੇਸ਼ ਤੇ ਉਨ੍ਹਾਂ ਦੀ ਟੀਮ ਵੱਲੋਂ ਅੱਖਾਂ ਦੀ ਜਾਂਚ ਕੀਤੀ ਜਾਵੇਗੀ।ਜ਼ਰੂਰਤਮੰਦ ਮਰੀਜ਼ਾਂ ਨੂੰ ਮੁਫ਼ਤ ਦਵਾਈਆਂ ਤੇ ਐਨਕਾਂ ਦਿੱਤੀਆਂ ਜਾਣਗੀਆਂ, ਜਦਕਿ ਅੱਖਾਂ ਤੇ ਦੰਦਾਂ ਦੇ ਇਲਾਜ ਘੱਟ ਰੇਟਾਂ 'ਤੇ ਕੀਤੇ ਜਾਣਗੇ।ਇਹ ਕੈਂਪ ਸ੍ਰੀ ਗੁਰੂ ਰਵਿਦਾਸ ਵੈੱਲਫੇਅਰ ਕਮੇਟੀ, ਗੁਰਦੁਆਰਾ ਸ੍ਰੀ ਗੁਰੂ ਨਾਨਕ ਦੇਵ ਜੀ ਪ੍ਰਬੰਧਕ ਕਮੇਟੀ ਤੇ ਸਮੂਹ ਸ਼ਹਿਰ ਨਿਵਾਸੀਆਂ ਵੱਲੋਂ ਲਗਾਇਆ ਜਾਵੇਗਾ।

## ਗਵਰਨਰ ਵੱਲੋਂ ਸਮਾਜ ਸੇਵੀ ਮਨਰਾਜ ਸਿੰਘ ਦਾ ਸਨਮਾਨ




**ਸਮਰਾਲਾ (ਸੁਰਜੀਤ ਸਿੰਘ)**-ਵਿੱਦਿਆ ਦੇ ਖੇਤਰ ਵਿਚ ਬੀਤੇ 70 ਸਾਲਾਂ ਤੋਂ ਸੇਵਾ ਨਿਭਾਅ ਰਹੇ ਜੀ ਐੱਨ ਈ ਕਾਲਜ ਲੁਧਿਆਣਾ ਦੀ ਵਰ੍ਹੇਗੰਢ 'ਤੇ ਕਰਵਾਏ ਸਮਾਗਮ ਮੌਕੇ ਮੁੱਖ ਮਹਿਮਾਨ ਵਜੋਂ ਪਹੁੰਚੇ ਮਾਣਯੋਗ ਗਵਰਨਰ ਗੁਲਾਬ ਚੰਦ ਕਟਾਰੀਆ ਨੇ ਸੰਬੋਧਨ ਕਰਦਿਆਂ ਕਿਹਾ ਕਿ ਸਾਨੂੰ ਗੁਰੂ ਨਾਨਕ ਦੇਵ ਜੀ ਦੇ ਫ਼ਲਸਫ਼ੇ 'ਨਾਮ ਜਪੋ, ਕਿਰਤ ਕਰੋ ਤੇ ਵੰਡ ਛਕੋ' 'ਤੇ ਪਹਿਰਾ ਦੇਣ ਦੀ ਲੋੜ ਹੈ।ਇਸ ਮੌਕੇ ਸ੍ਰੀ ਕਟਾਰੀਆ ਨੇ ਸਮਾਜ ਸੇਵੀ ਅਮਰੀਕਾ ਦੇ ਪ੍ਰਸਿੱਧ ਬਿਜ਼ਨੈੱਸਮੈਨ ਮਨਰਾਜ ਸਿੰਘ, ਜਿਨ੍ਹਾਂ ਵੱਲੋਂ ਹੋਣਹਾਰ ਵਿਦਿਆਰਥੀਆਂ ਦੀ ਮਦਦ ਲਈ ਕਾਲਜ ਨੂੰ ਕਰੋੜਾਂ ਰੁਪਏ ਦਾਨ ਦੀ ਸ਼ਕਲ ਵਿੱਚ ਦਿੱਤੇ ਹਨ, ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।ਇਸ ਮੌਕੇ ਐੱਸ ਜੀ ਪੀ ਸੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਸਾਬਕਾ ਮੰਤਰੀ ਮਹੇਸ਼ਇੰਦਰ ਸਿੰਘ ਗਰੇਵਾਲ, ਚੇਅਰਮੈਨ ਲਖਵਿੰਦਰ ਸਿੰਘ ਢੰਡੇ ਤੇ ਸਰਪੰਚ ਸੁਖਵੰਤ ਸਰਾਂ ਨੇ ਮਨਰਾਜ ਸਿੰਘ ਨੂੰ ਵਧਾਈ ਦਿੱਤੀ।

## ਗ਼ਦਰ ਪਾਰਟੀ ਦਾ ਸਥਾਪਨਾ ਦਿਵਸ ਸੰਗਰੂਰ ਵਿਖੇ 21 ਨੂੰ




**ਲੌਂਗੋਵਾਲ (ਪ੍ਰਦੀਪ ਸੱਪਲ)**-ਇਨਕਲਾਬੀ ਵਿਰਾਸਤ ਪ੍ਰਚਾਰ ਮੰਚ ਪੰਜਾਬ ਦੀ ਮੀਟਿੰਗ ਸੰਗਰੂਰ ਦੇ ਤੇਜਾ ਸਿੰਘ ਸੁਤੰਤਰ ਭਵਨ ਵਿਖੇ ਸੂਬਾ ਪ੍ਰਧਾਨ ਬਲਬੀਰ ਲੌਂਗੋਵਾਲ ਦੀ ਪ੍ਰਧਾਨਗੀ ਹੇਠ ਹੋਈ।ਜਾਣਕਾਰੀ ਦਿੰਦਿਆਂ ਸੂਬਾ ਜਨਰਲ ਸਕੱਤਰ ਰਾਕੇਸ਼ ਕੁਮਾਰ ਇਤਿਹਾਸਕਾਰ ਸੁਨਾਮ ਨੇ ਦੱਸਿਆ ਕਿ ਮੀਟਿੰਗ ਵਿੱਚ ਫ਼ੈਸਲਾ ਲਿਆ ਗਿਆ ਕਿ ਮੰਚ ਵੱਲੋਂ 21 ਅਪ੍ਰੈਲ ਨੂੰ ਸੰਗਰੂਰ ਵਿਖੇ ਗ਼ਦਰ ਪਾਰਟੀ ਦਾ ਸਥਾਪਨਾ ਦਿਵਸ ਮਨਾਇਆ ਜਾਵੇਗਾ, ਜਿਸ ਵਿੱਚ ਗ਼ਦਰ ਪਾਰਟੀ ਦੀ ਵਿਚਾਰਧਾਰਾ ਤੇ ਅੱਜ ਦੇ ਸਮੇਂ ਵਿੱਚ ਉਸ ਦੀ ਸਾਰਥਕਤਾ ਬਾਰੇ ਵਿਚਾਰ ਚਰਚਾ ਕੀਤੀ ਜਾਵੇਗੀ ਤੇ ਗ਼ਦਰ ਪਾਰਟੀ ਦੇ ਇਤਿਹਾਸ ਸਬੰਧੀ ਪਰਚੇ ਪੜ੍ਹੇ ਜਾਣਗੇ।ਮੀਟਿੰਗ ਵਿੱਚ ਇਹ ਵੀ ਫ਼ੈਸਲਾ ਲਿਆ ਗਿਆ ਕਿ ਪਿੰਡ ਬਖਸ਼ੀਵਾਲਾ ਦੇ ਸਰਕਾਰੀ ਸਕੂਲ ਦਾ ਨਾਂ ਗ਼ਦਰੀ ਬੀਬੀ ਗੁਲਾਬ ਕੌਰ ਬਖਸ਼ੀਵਾਲਾ ਦੇ ਨਾਂ 'ਤੇ ਰੱਖਣ ਸਬੰਧੀ ਮੰਚ ਦਾ ਵਫਦ ਜਲਦ ਹੀ ਡਿਪਟੀ ਕਮਿਸ਼ਨਰ ਸੰਗਰੂਰ ਨੂੰ ਮਿਲੇਗਾ।ਮੀਟਿੰਗ ਵਿੱਚ ਸੂਬਾ ਵਿੱਤ ਸਕੱਤਰ ਲਾਭ ਸਿੰਘ ਛਾਜਲਾ, ਪਵਨ ਕੁਮਾਰ ਸੁਨਾਮ, ਹਰਗੋਬਿੰਦ ਸ਼ੇਰਪੁਰ, ਗੁਰਚਰਨ ਖੋਖਰ, ਸੁਰਿੰਦਰ ਉੱਪਲੀ, ਚਮਕੌਰ ਮਹਿਲਾਂ ਤੇ ਗੁਰਦੀਪ ਲਹਿਰਾ ਸ਼ਾਮਲ ਸਨ।

## ਵਰਲਡ ਯੂਨੀਵਰਸਿਟੀ ਦੇ ਵਿਦਿਆਰਥੀਆਂ ਦਾ ਪੀ ਐੱਸ ਟੈੱਟ 'ਚ ਸ਼ਾਨਦਾਰ ਪ੍ਰਦਰਸ਼ਨ



**ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਫਤਿਹਗੜ੍ਹ ਸਾਹਿਬ ਨੇ ਇੱਕ ਵਾਰ ਫਿਰ ਉੱਚ ਸਿੱਖਿਆ ਵਿੱਚ ਆਪਣੀ ਅਗਵਾਈ ਸਾਬਿਤ ਕਰਦਿਆਂ ਅਕਾਦਮਿਕ ਉਤਕ੍ਰਿਸ਼ਟਤਾ ਤੇ ਪੇਸ਼ੇਵਰ ਤਿਆਰੀ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ ਹੈ।ਹਾਲ ਹੀ ਵਿੱਚ ਘੋਸ਼ਿਤ ਪੰਜਾਬ ਸਟੇਟ ਅਧਿਆਪਕ ਯੋਗਤਾ ਟੈਸਟ (ਪੀ ਐੱਸ ਟੇਟ) ਦੇ ਨਤੀਜਿਆਂ ਵਿੱਚ ਯੂਨੀਵਰਸਿਟੀ ਦੇ ਕੁੱਲ 86 ਵਿਦਿਆਰਥੀਆਂ ਨੇ ਸਫਲਤਾ ਹਾਸਲ ਕੀਤੀ, ਜੋ ਕਿ ਅਧਿਆਪਕ ਸਿੱਖਿਆ ਦੇ ਖੇਤਰ ਵਿੱਚ ਇੱਕ ਮਹੱਤਵਪੂਰਨ ਮੀਲ ਪੱਥਰ ਹੈ।ਇਹ ਸਫਲਤਾ ਸਿੱਖਿਆ ਵਿਭਾਗ ਤੇ ਸਰੀਰਕ ਸਿੱਖਿਆ ਤੇ ਖੇਡ ਤਕਨਾਲੋਜੀ ਵਿਭਾਗ ਦੇ ਵਿਦਿਆਰਥੀਆਂ ਵੱਲੋਂ ਪ੍ਰਾਪਤ ਕੀਤੀ ਗਈ ਹੈ, ਜੋ ਯੂਨੀਵਰਸਿਟੀ ਦੀ ਅੰਤਰ-ਵਿਭਾਗੀ ਦ੍ਰਿਸ਼ਟੀਕੋਣ ਤੇ ਭਵਿੱਖ-ਤਿਆਰ ਅਧਿਆਪਕ ਤਿਆਰ ਕਰਨ ਦੀ ਵਚਨਬੱਧਤਾ ਨੂੰ ਦਰਸਾਉਂਦੀ ਹੈ।ਵਿਸ਼ੇਸ਼ ਤੌਰ 'ਤੇ ਚਾਰ ਵਿਦਿਆਰਥੀ ਪਹਿਲੇ ਤੇ ਦੂਜੇ ਸਾਲ ਵਿੱਚ ਹੋਣ ਦੇ ਬਾਵਜੂਦ ਇਸ ਪ੍ਰੀਖਿਆ ਵਿੱਚ ਸਫ਼ਲ ਰਹੇ, ਜੋ ਕਿ ਸ਼ੁਰੂਆਤੀ ਅਕਾਦਮਿਕ ਮਾਰਗਦਰਸ਼ਨ, ਮਜ਼ਬੂਤ ਪਾਠਕ੍ਰਮ ਤੇ ਲਗਾਤਾਰ ਮਾਰਗਦਰਸ਼ਨ ਦੀ ਪ੍ਰਭਾਵਸ਼ੀਲਤਾ ਨੂੰ ਦਰਸਾਉਂਦਾ ਹੈ।ਸਿੱਖਿਆ ਵਿਭਾਗ ਦੀ ਮੁਖੀ ਡਾ. ਹਰਨੀਤ ਬਿਲਿੰਗ ਨੇ ਇਸ ਸਫਲਤਾ ਦਾ ਸਿਹਰਾ ਵਿਭਾਗ ਦੀ ਇਕਰੂਪ ਅਧਿਆਪਨ ਪੱਧਤੀ ਨੂੰ ਦਿੱਤਾ, ਜਿਸ ਵਿੱਚ ਮਜ਼ਬੂਤ ਸਿਧਾਂਤਕ ਅਧਾਰ ਨਾਲ ਵਿਹਾਰਕ ਅਭਿਆਸ ਰਾਹੀਂ ਸਿੱਖਣ ਦੀ ਪ੍ਰਕਿਰਿਆ ਨਾਲ ਜੋੜਿਆ ਜਾਂਦਾ ਹੈ। ਉਨ੍ਹਾਂ ਨੇ ਲਗਾਤਾਰ ਮੁਲਾਂਕਣ, ਵਿਧੀਬੱਧ ਅਕਾਦਮਿਕ ਮਾਰਗਦਰਸ਼ਨ ਤੇ ਮੌਕਅਭਿਆਸ ਪ੍ਰੀਖਿਆਵਾਂ ਦੀ ਭੂਮਿਕਾ ਨੂੰ ਵੀ ਉਜਾਗਰ ਕੀਤਾ।ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਯੂਨੀਵਰਸਿਟੀ ਦੇ ਵਾਈਸ-ਚਾਂਸਲਰ ਪ੍ਰੋ. (ਡਾ.) ਪਰਿਤ ਪਾਲ ਸਿੰਘ ਨੇ ਉਨ੍ਹਾਂ ਦੀ ਮਿਹਨਤ, ਲਗਨ ਤੇ ਉੱਤਮ ਪ੍ਰਦਰਸ਼ਨ ਲਈ ਪੱਕੀ ਨਿਸ਼ਠਾ ਦੀ ਸਰਾਹਨਾ ਕੀਤੀ।ਡੀਨ ਅਕਾਦਮਿਕ ਮਾਮਲੇ ਪ੍ਰੋ. (ਡਾ.) ਸੁਖਵਿੰਦਰ ਸਿੰਘ ਬਿਲਿੰਗ ਨੇ ਵੀ ਵਿਦਿਆਰਥੀਆਂ ਤੇ ਅਧਿਆਪਕਾਂ ਦੇ ਸਾਂਝੇ ਯਤਨਾਂ ਦੀ ਪ੍ਰਸੰਸਾ ਕੀਤੀ।

## ਕਿਸਾਨਾਂ ਨੇ ਜੌੜਾਮਾਜਰਾ ਦੇ ਘਰ ਅੱਗੇ ਲਗਾਇਆ ਧਰਨਾ



**ਸਮਾਣਾ (ਇਕਬਾਲ ਸਿੰਘ ਬੱਲ)**-ਮੰਗਲਵਾਰ ਸਵੇਰੇ ਬਾਬਾ ਬੰਦਾ ਸਿੰਘ ਬਹਾਦਰ ਚੌਕ ਵਿੱਚ ਲੱਗੇ 'ਧਰਮ ਯੁੱਧ ਮੋਰਚੇ' ਵਿੱਚ ਸ਼ਾਮਲ ਕਿਸਾਨ ਗੋਬਿੰਦ ਸਿੰਘ ਵਾਸੀ ਪਿੰਡ ਨਨਹੇੜਾ ਚੱਠਾ (ਸੰਗਰੂਰ) ਦੀ ਦਿਲ ਦਾ ਦੌਰਾ ਪੈਣ ਕਾਰਨ ਮੌਤ ਹੋ ਗਈ ਸੀ।ਇਸ ਘਟਨਾ ਤੋਂ ਬਾਅਦ ਕਿਸਾਨ ਜਥੇਬੰਦੀ ਸਿੱਧੂਪੁਰ ਦੇ ਸੈਂਕੜੇ ਕਿਸਾਨਾਂ ਨੇ ਹਲਕਾ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਦੇ ਘਰ ਅੱਗੇ ਧਰਨਾ ਲੱਗਾ ਦਿੱਤਾ। ਜਾਣਕਾਰੀ ਦਿੰਦਿਆਂ ਕਿਸਾਨ ਆਗੂਆਂ ਨੇ ਦੱਸਿਆ ਕਿ ਬੁੱਧਵਾਰ ਨੂੰ ਸਿੱਧੂਪੁਰ ਕਿਸਾਨ ਜਥੇਬੰਦੀ ਦੇ ਆਗੂਆਂ ਤੇ ਧਰਮ ਯੁੱਧ ਮੋਰਚਾ ਕਮੇਟੀ ਦੇ ਮੈਂਬਰਾਂ ਨੇ ਸਮਾਣਾ ਦੇ ਚੀਕਾ ਰੋਡ ਸਥਿਤ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਦੀ ਕੋਠੀ ਦੇ ਬਾਹਰ ਧਰਨਾ ਪ੍ਰਦਰਸ਼ਨ ਸ਼ੁਰੂ ਕਰ ਦਿੱਤਾ ਹੈ।ਕਿਸਾਨਾਂ ਨੇ ਮੰਗ ਕੀਤੀ ਹੈ ਕਿ ਮ੍ਰਿਤਕ ਕਿਸਾਨ ਗੋਬਿੰਦ ਸਿੰਘ ਨੂੰ ਸ਼ਹੀਦ ਦਾ ਦਰਜਾ, ਪੀੜਤ ਪਰਵਾਰ ਨੂੰ 5 ਲੱਖ ਰੁਪਏ ਨਕਦ ਮੁਆਵਜ਼ਾ, ਇੱਕ ਮੈਂਬਰ ਨੂੰ ਸਰਕਾਰੀ ਨੌਕਰੀ ਦਿੱਤੀ ਜਾਵੇ।ਉਨ੍ਹਾਂ ਦੱਸਿਆ ਕਿ ਆਪ ਦੇ ਪ੍ਰਧਾਨ, ਪੰਜਾਬ ਦੇ ਮੁੱਖ ਮੰਤਰੀ ਤੇ ਵਿੱਤ ਮੰਤਰੀ ਵੀ ਸੰਗਰੂਰ ਜ਼ਿਲ੍ਹੇ ਨਾਲ ਹੀ ਸਬੰਧ ਰੱਖਦੇ ਹਨ, ਪਰ ਫਿਰ ਵੀ 24 ਘੰਟੇ ਬੀਤ ਜਾਣ ਦੇ ਬਾਵਜੂਦ ਕਿਸੇ ਨੇ ਪਰਿਵਾਰ ਨਾਲ ਦੁੱਖ ਤੱਕ ਸਾਂਝਾ ਨਹੀਂ ਕੀਤਾ।ਉਨ੍ਹਾਂ ਸਰਕਾਰ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਉਕਤ ਮੰਗਾਂ ਜੇਕਰ ਜਲਦੀ ਨਾ ਮੰਨੀਆਂ ਤਾਂ ਉਹ ਸੰਘਰਸ਼ ਨੂੰ ਹੋਰ ਤਿੱਖਾ ਕਰਨਗੇ।

## ਪੰਜਾਬੀ ਲਿਖਾਰੀ ਸਭਾ ਰਾਮਪੁਰ ਨੇ ਡਾ. ਸੋਮਪਾਲ ਹੀਰਾ ਨੂੰ ਕੀਤਾ ਸਨਮਾਨਤ



**ਦੋਰਾਹਾ (ਹਰਮਿੰਦਰ ਸੇਠ)**-ਪੰਜਾਬੀ ਲਿਖਾਰੀ ਸਭਾ ਰਾਮਪੁਰ, ਜੋ ਕਿ ਪੰਜਾਬ ਦੀ ਪ੍ਰਸਿੱਧ ਤੇ ਇਤਿਹਾਸਕ ਸਾਹਿਤਕ ਸਭਾਵਾਂ ਵਿੱਚੋਂ ਇੱਕ ਹੈ, ਵੱਲੋਂ ਰਾਮਪੁਰ ਦੀ ਲਾਇਬ੍ਰੇਰੀ ਵਿੱਚ ਪ੍ਰਸਿੱਧ ਨਾਟਕਕਾਰ, ਰੰਗਕਰਮੀ ਤੇ ਨਿਰਦੇਸ਼ਕ ਡਾ. ਸੋਮਪਾਲ ਹੀਰਾ ਨਾਲ ਇਕ ਗਹਿਰਾ ਤੇ ਪ੍ਰਭਾਵਸ਼ਾਲੀ ਰੂਬਰੂ ਸਮਾਗਮ ਕੀਤਾ ਗਿਆ।ਇਸ ਸਮਾਗਮ ਵਿੱਚ ਸਭਾ ਦੇ ਅਹੁਦੇਦਾਰਾਂ, ਮੈਂਬਰਾਂ ਤੇ ਸਾਹਿਤ ਪ੍ਰੇਮੀਆਂ ਨੇ ਵੱਡੀ ਗਿਣਤੀ ਵਿੱਚ ਹਾਜ਼ਰੀ ਭਰੀ।ਸਭਾ ਦੇ ਪ੍ਰਧਾਨ ਅਮਰਿੰਦਰ ਸੋਹਲ ਤੇ ਜਨਰਲ ਸਕੱਤਰ ਪ੍ਰਭਜੋਤ ਰਾਮਪੁਰ ਦੀ ਅਗਵਾਈ ਹੇਠ ਡਾ. ਸੋਮਪਾਲ ਹੀਰਾ ਨੂੰ ਲੋਈ, ਟਰਾਫੀ ਤੇ ਨਕਦ ਰਾਸ਼ੀ ਦੇ ਕੇ ਸਨਮਾਨਤ ਕੀਤਾ ਗਿਆ।ਆਪਣੇ ਸੰਬੋਧਨ ਦੌਰਾਨ ਡਾ. ਹੀਰਾ ਨੇ ਆਪਣੇ ਜੀਵਨ ਦੇ ਸੰਘਰਸ਼ਮਈ ਸਫ਼ਰ ਬਾਰੇ ਦੱਸਦਿਆਂ ਕਿਹਾ ਕਿ ਉਹ ਮੁਸ਼ਕਲ ਹਾਲਾਤਾਂ ਦਾ ਸਾਹਮਣਾ ਕਰਦੇ ਹੋਏ ਇਸ ਮੁਕਾਮ ਤੱਕ ਪਹੁੰਚੇ ਹਨ।ਉਨ੍ਹਾਂ ਆਪਣੇ ਸ਼ੁਰੂਆਤੀ ਦਿਨਾਂ ਨੂੰ ਯਾਦ ਕਰਦਿਆਂ ਦੱਸਿਆ ਕਿ ਉਨ੍ਹਾਂ ਦਾ ਪਹਿਲਾ ਨਾਟਕ ਮਿੱਟੀ ਦਾ ਰੱਬ ਸੀ, ਜਿਸ ਨੂੰ ਬਾਅਦ ਵਿੱਚ ਸੱਚ ਦਾ ਕਤਲ ਨਾਮ ਦਿੱਤਾ ਗਿਆ।ਉਨ੍ਹਾਂ ਦੱਸਿਆ ਕਿ ਕਦੇ ਉਹ ਸਾਈਕਲ 'ਤੇ ਨਾਟਕ ਕਰਨ ਜਾਂਦੇ ਸਨ ਤੇ ਅੱਜ ਉਨ੍ਹਾਂ ਦਾ ਇਹ ਸਫ਼ਰ ਜਹਾਜ਼ਾਂ ਤੱਕ ਪਹੁੰਚ ਗਿਆ ਹੈ।ਲਗਭਗ ਦੋ ਘੰਟੇ ਚੱਲੇ ਇਸ ਰੂਬਰੂ ਦੌਰਾਨ ਡਾ. ਹੀਰਾ ਨੇ ਆਪਣੇ ਅਨੁਭਵ ਸਾਂਝੇ ਕੀਤੇ ਤੇ ਹਾਜ਼ਰੀਨ ਵੱਲੋਂ ਪੁੱਛੇ ਗਏ ਸਵਾਲਾਂ ਦੇ ਸੰਤੁਲਿਤ ਜਵਾਬ ਦਿੱਤੇ।ਸਮਾਗਮ ਦੌਰਾਨ ਵੱਖ-ਵੱਖ ਸਾਹਿਤਕਾਰਾਂ ਵੱਲੋਂ ਕਵਿਤਾਵਾਂ, ਗ਼ਜ਼ਲਾਂ ਤੇ ਰਚਨਾਵਾਂ ਵੀ ਪੇਸ਼ ਕੀਤੀਆਂ ਗਈਆਂ।

## ਵਿਦਿਆਰਥਣਾਂ ਵੱਲੋਂ ਕਹਾਣੀਕਾਰ ਸੁਖਜੀਤ ਸ਼ਬਦ ਲਾਇਬ੍ਰੇਰੀ ਦਾ ਟੂਰ



**ਸਮਰਾਲਾ (ਸੁਰਜੀਤ ਸਿੰਘ)**

ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫ਼ਾਰ ਵਿਮੈਨ ਝਾੜ ਸਾਹਿਬ ਦੇ ਪ੍ਰਿੰਸੀਪਲ ਡਾ. ਰਜਿੰਦਰ ਕੌਰ ਦੀ ਅਗਵਾਈ ਤੇ ਕਾਲਜ ਦੇ ਵਿਸ਼ੇਸ਼ ਗਤੀਵਿਧੀਆਂ ਸੈੱਲ ਦੇ ਸਹਿਯੋਗ ਨਾਲ ਪੋਸਟ ਗ੍ਰੈਜੂਏਟ ਪੰਜਾਬੀ ਵਿਭਾਗ ਦੇ ਮੁੱਖੀ ਡਾ. ਮਹੀਪਿੰਦਰ ਕੌਰ ਤੇ ਪੰਜਾਬੀ ਸਾਹਿਤ ਸਭਾ ਦੇ ਇੰਚਾਰਜ ਜਸਵੀਰ ਕੌਰ ਦੇ ਸਾਂਝੇ ਯਤਨਾਂ ਸਦਕਾ ਪੰਜਾਬੀ ਭਾਸ਼ਾ ਦੇ ਉੱਘੇ ਕਹਾਣੀਕਾਰ ਸੁਖਜੀਤ ਦੇ ਘਰ ਤੇ ਉਨ੍ਹਾਂ ਦੀ ਯਾਦ ਵਿੱਚ ਮਾਛੀਵਾੜਾ ਸਾਹਿਬ ਵਿਖੇ ਬਣੀ 'ਸੁਖਜੀਤ ਯਾਦਗਾਰੀ ਸ਼ਬਦ ਲਾਇਬ੍ਰੇਰੀ' ਦਾ ਵਿਜ਼ਿਟ ਕਰਵਾਇਆ ਗਿਆ।ਇਸ ਮੌਕੇ ਉਨ੍ਹਾਂ ਦੀ ਸੁਪਤਨੀ ਗੁਰਦੀਪ ਕੌਰ ਤੇ ਸਪੁੱਤਰੀ ਜਪਜੀ ਕੌਰ ਵੱਲੋਂ ਵਿਦਿਆਰਥਣਾਂ ਦਾ ਨਿੱਘਾ ਸਵਾਗਤ ਕਰਦੇ ਹੋਏ ਕਹਾਣੀਕਾਰ ਸੁਖਜੀਤ ਦੇ ਜੀਵਨ, ਰਚਨਾਵਾਂ ਤੇ ਸਾਹਿਤਕ ਯੋਗਦਾਨ ਬਾਰੇ ਵਿਸਥਾਰ ਪੂਰਵਕ ਦੱਸਿਆ ਗਿਆ।ਉਨ੍ਹਾਂ ਵੱਲੋਂ ਲੇਖਕ ਦੀ ਸਾਹਿਤ ਰਚਨਾ ਪ੍ਰਕਿਰਿਆ ਤੇ ਉਨ੍ਹਾਂ ਦੇ ਜੀਵਨ ਨਾਲ ਸਬੰਧਤ ਘਟਨਾਵਾਂ ਨੂੰ ਵੀ ਸਾਂਝਾ ਕੀਤਾ ਗਿਆ।ਉਨ੍ਹਾਂ ਵਿਦਿਆਰਥਣਾਂ ਨੂੰ ਕਿਤਾਬਾਂ ਨਾਲ ਜੁੜਨ ਦੀ ਪ੍ਰੇਰਨਾ ਦਿੰਦੇ ਹੋਏ ਨਗਰ ਕੌਂਸਲ ਸ੍ਰੀ ਮਾਛੀਵਾੜਾ ਸਾਹਿਬ ਦੇ ਸਹਿਯੋਗ ਨਾਲ ਕਹਾਣੀਕਾਰ ਦੀ ਯਾਦ 'ਚ ਬਣ ਰਹੀ 'ਸੁਖਜੀਤ ਯਾਦਗਾਰੀ ਸ਼ਬਦ ਲਾਇਬ੍ਰੇਰੀ' ਬਾਰੇ ਦੱਸਿਆ।ਇਸ ਮੌਕੇ ਪੱਤਰਕਾਰ ਅੰਮ੍ਰਿਤਪਾਲ ਸਮਰਾਲਾ ਨੇ ਕਹਾਣੀਕਾਰ ਦੀਆਂ ਸਾਹਿਤਕ ਪ੍ਰਾਪਤੀਆਂ ਬਾਰੇ ਚਾਨਣਾਂ ਪਾਉਂਦੇ ਹੋਏ ਕਿਹਾ ਕਿ ਸੁਖਜੀਤ ਦੀਆਂ ਰਚਨਾਵਾਂ ਵਿੱਚਲੀ ਵਿਲੱਖਣਤਾ ਕਾਰਨ ਹੀ ਉਨ੍ਹਾਂ ਨੂੰ ਸਾਹਿਤ ਅਕਾਦਮੀ ਪੁਰਸਕਾਰ ਅਤੇ ਹੋਰ ਅਨੇਕ ਪੁਰਸਕਾਰ ਮਿਲੇ।ਵਿਦਿਆਰਥਣਾਂ ਨੇ ਕਹਾਣੀਕਾਰ ਸੁਖਜੀਤ ਦੇ ਘਰ ਬਣੀ ਲਾਇਬ੍ਰੇਰੀ ਵਿੱਚ ਪਈਆਂ ਅਨੇਕਾਂ ਪੁਸਤਕਾਂ ਬਾਰੇ ਜਾਣਕਾਰੀ ਪ੍ਰਾਪਤ ਕੀਤੀ। ਗੁਰਦੀਪ ਕੌਰ ਵੱਲੋਂ ਕਾਲਜ ਦੇ ਪੰਜਾਬੀ ਵਿਭਾਗ ਨੂੰ ਸੁਖਜੀਤ ਦੀ ਜੀਵਨੀ 'ਤੇ ਅਧਾਰਤ ਬਹੁ-ਚਰਚਿਤ ਪੁਸਤਕ 'ਮੈਂ ਜੈਸਾ ਹੂੰ, ਮੈਂ ਵੈਸਾ ਕਿਉਂ ਹੂੰ' ਤੇ ਕਹਾਣੀ ਸੰਗ੍ਰਹਿ 'ਅੰਤਰਾ' ਸਮੇਤ ਕਈ ਪੁਸਤਕਾਂ ਭੇਟ ਕੀਤੀਆਂ ਗਈਆਂ।ਇਸ ਵਿਜ਼ਿਟ ਪ੍ਰੋਗਰਾਮ ਦੀ ਸ਼ਲਾਘਾ ਕਰਦਿਆਂ ਕਾਲਜ ਪ੍ਰਿੰਸੀਪਲ ਡਾ. ਰਜਿੰਦਰ ਕੌਰ ਨੇ ਕਿਹਾ ਕਿ ਵਿਦਿਆਰਥਣਾਂ ਅੰਦਰ ਸਾਹਿਤ ਸਬੰਧੀ ਚੇਟਕ ਲਗਾਉਣ ਹਿੱਤ, ਸਾਹਿਤਕਾਰਾਂ ਦੇ ਘਰ ਦੀ ਤੇ ਉਨ੍ਹਾਂ ਦੀ ਬਣੀ ਲਾਇਬ੍ਰੇਰੀ ਬਾਰੇ ਕਾਲਜ ਵੱਲੋਂ ਸਮੇਂ-ਸਮੇਂ ਵਿਜ਼ਿਟ ਕਰਵਾਈ ਜਾਂਦੀ ਹੈ, ਜਿਸ ਨਾਲ ਵਿਦਿਆਰਥਣਾਂ ਅੰਦਰ ਪੜ੍ਹਨ ਤੇ ਲਿਖਣ ਦੀ ਰੁਚੀ ਪੈਦਾ ਹੁੰਦੀ ਹੈ।

## ਪੰਜਾਬ ਹੱਜ ਕਮੇਟੀ ਦੇ ਨਵ-ਨਿਯੁਕਤ ਚੇਅਰਮੈਨ ਦਾ ਸਨਮਾਨ

**ਮੁਹਾਲੀ ਏਅਰਪੋਰਟ ਨੇੜੇ ਬਣਾਈ ਜਾਵੇ ਹੱਜ ਮੰਜ਼ਿਲ : ਸ਼ਾਹੀ ਇਮਾਮ**



**ਲੁਧਿਆਣਾ (ਰਾਜ ਸਿੰਗਲਾ)**

ਇੱਥੇ ਫੀਲਡ ਗੰਜ ਚੌਕ ਵਿਖੇ ਸਥਿਤ ਪੰਜਾਬ ਦੇ ਦੀਨੀ ਮਰਕਜ਼ ਜਾਮਾ ਮਸਜਿਦ ਲੁਧਿਆਣਾ ਵਿਖੇ ਪੰਜਾਬ ਸਟੇਟ ਹੱਜ ਕਮੇਟੀ ਦੇ ਸਰਕਾਰ ਵੱਲੋਂ ਨਵ-ਨਿਯੁਕਤ ਚੇਅਰਮੈਨ ਜਨਾਬ ਹਾਸ਼ਿਮ ਸੂਫੀ ਦਾ ਸ਼ਾਹੀ ਇਮਾਮ ਪੰਜਾਬ ਮੌਲਾਨਾ ਮੁਹੰਮਦ ਉਸਮਾਨ ਰਹਿਮਾਨੀ ਲੁਧਿਆਣਵੀ ਵੱਲੋਂ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਮੌਕੇ ਉਨ੍ਹਾਂ ਮਾਨ ਸਰਕਾਰ ਵੱਲੋਂ ਹਾਸ਼ਿਮ ਸੂਫੀ ਦੀ ਨਿਯੁਕਤੀ ਉੱਪਰ ਖੁਸ਼ੀ ਦਾ ਇਜ਼ਹਾਰ ਕਰਦੇ ਹੋਏ ਮੌਲਾਨਾ ਮੁਹੰਮਦ ਉਸਮਾਨ ਰਹਿਮਾਨੀ ਲੁਧਿਆਣਵੀ ਨੇ ਕਿਹਾ ਕਿ ਅਸੀਂ ਪੰਜਾਬ ਸਰਕਾਰ ਤੋਂ ਇਹ ਵੀ ਮੰਗ ਕਰਦੇ ਹਾਂ ਕਿ ਉਹ ਸਟੇਟ ਹੱਜ ਕਮੇਟੀ ਨੂੰ ਵਿਸ਼ੇਸ਼ ਫੰਡ ਜਾਰੀ ਕਰੇ ਤਾਂ ਜੋ ਹੱਜ ਦੇ ਦਿਨਾਂ ਵਿੱਚ ਹਾਜੀਆਂ ਲਈ ਕੀਤੇ ਜਾਣ ਵਾਲੇ ਪ੍ਰਬੰਧ ਹੋਰ ਵਧੀਆ ਕੀਤੇ ਜਾ ਸਕਣ। ਸ਼ਾਹੀ ਇਮਾਮ ਨੇ ਕਿਹਾ ਕਿ ਪੰਜਾਬ ਦੇ ਵਿੱਚ ਮੋਹਾਲੀ ਏਅਰਪੋਰਟ ਦੇ ਨੇੜੇ ਹੱਜ ਮੰਜ਼ਿਲ ਬਣਾਈ ਜਾਣੀ ਚਾਹੀਦੀ ਹੈ ਤੇ ਪੰਜਾਬ ਤੋਂ ਸਾਊਦੀ ਅਰਬ ਦੇ ਲਈ ਸਿੱਧੀ ਫਲਾਈਟ ਦਾ ਪ੍ਰਬੰਧ ਕੀਤਾ ਜਾਣਾ ਚਾਹੀਦਾ ਹੈ ਤਾਂ ਜੋ ਹਾਜੀਆਂ ਨੂੰ ਮੁਕੱਦਸ ਸਫਰ ਦੇ ਵਿੱਚ ਆਸਾਨੀ ਹੋ ਸਕੇ। ਇਸ ਮੌਕੇ ਨਵ-ਨਿਯੁਕਤ ਚੇਅਰਮੈਨ ਜਨਾਬ ਹਾਸ਼ਿਮ ਸੂਫੀ ਨੇ ਕਿਹਾ ਕਿ ਉਹ ਪੰਜਾਬ ਸਟੇਟ ਹੱਜ ਕਮੇਟੀ ਦੇ ਇਸ ਅਹੁਦੇ 'ਤੇ ਪੂਰੀ ਇਮਾਨਦਾਰੀ ਨਾਲ ਸੇਵਾ ਨਿਭਾਉਣਗੇ। ਉਨ੍ਹਾਂ ਕਿਹਾ ਕਿ ਮੈਂ ਤੇ ਮੇਰੇ ਸਾਥੀ ਮੈਂਬਰਾਨ ਪੂਰੀ ਕੋਸ਼ਿਸ਼ ਕਰਾਂਗੇ ਕਿ ਅਸੀਂ ਆਪਣੇ ਕਾਰਜਕਾਲ ਦੇ ਦੌਰਾਨ ਹਾਜੀਆਂ ਨੂੰ ਵੱਧ ਤੋਂ ਵੱਧ ਸਹੂਲਤ ਪਹੁੰਚਾ ਸਕੀਏ। ਉਨ੍ਹਾਂ ਕਿਹਾ ਕਿ ਦੇਸ਼ ਦੇ ਵੱਖ-ਵੱਖ ਰਾਜਾਂ ਤੋਂ ਸਿੱਧੀਆਂ ਫਲਾਈਟਾਂ ਸਾਊਦੀ ਅਰਬ ਲਈ ਜਾਂਦੀਆਂ ਹਨ, ਅਸੀਂ ਕੇਂਦਰੀ ਹੱਜ ਕਮੇਟੀ ਨਾਲ ਮਿਲ ਕੇ ਪੰਜਾਬ ਤੋਂ ਵੀ ਇੱਕ ਸਿੱਧੀ ਫਲਾਈਟ ਚਲਾਏ ਜਾਣ ਦੀ ਮੰਗ ਰੱਖਾਂਗੇ।ਇਸ ਮੌਕੇ ਘੱਟ ਗਿਣਤੀ ਕਮਿਸ਼ਨ ਦੇ ਮੈਂਬਰ ਹਾਜੀ ਸ਼ਮਸ਼ਾਦ ਅਹਿਮਦਗੜ੍ਹ, ਜਾਮਾ ਮਸਜਿਦ ਲੁਧਿਆਣਾ ਦੇ ਪ੍ਰਧਾਨ ਮੁਹੰਮਦ ਮੁਸਤਕੀਮ, ਨਿਸਾਰ ਮੁਹੰਮਦ, ਰਿਆਜ ਸਲਮਾਨੀ, ਕਾਰੀ ਮੁਹਤਰਮ, ਹਾਫਿਜ ਜੈਨੁਲਬਦੀਨ, ਅਬੂ ਬਕਰ, ਮੁਹੰਮਦ ਸਲਮਾਨ ਮੌਜੂਦ ਸਨ।

## ਮੁੱਖ ਮੰਤਰੀ ਤੀਰਥ ਯਾਤਰਾ ਤਹਿਤ ਸੰਗਤਾਂ ਦੀ ਬੱਸ ਰਵਾਨਾ



**ਮਮਦੋਟ (ਹਰਪਾਲ ਸਿੰਘ ਸੋਢੀ)**-ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਮੁੱਖ ਮੰਤਰੀ ਤੀਰਥ ਯਾਤਰਾ ਸਕੀਮ ਅਧੀਨ ਮਮਦੋਟ ਦੇ ਵਾਰਡ ਨੰਬਰ 5 ਤੋਂ ਸੰਗਤਾਂ ਨੂੰ ਤੀਰਥ ਅਸਥਾਨਾਂ ਦੇ ਦਰਸ਼ਨ ਲਈ ਬੱਸ ਰਵਾਨਾ ਕੀਤੀ ਗਈ।ਇਸ ਬੱਸ ਵਿੱਚ ਵੱਡੀ ਗਿਣਤੀ ਵਿੱਚ ਸ਼ਰਧਾਲੂ ਸ਼ਾਮਲ ਸਨ, ਜੋ ਧਾਰਮਿਕ ਯਾਤਰਾ ਲਈ ਉਤਸ਼ਾਹਤ ਨਜ਼ਰ ਆਏ।ਇਸ ਮੌਕੇ ਆਮ ਆਦਮੀ ਪਾਰਟੀ ਦੀ ਸਥਾਨਕ ਟੀਮ ਵੱਲੋਂ ਬੱਸ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਗਿਆ।ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਆਗੂਆਂ ਨੇ ਦੱਸਿਆ ਕਿ ਇਹ ਸਕੀਮ ਆਮ ਲੋਕਾਂ ਲਈ ਬਹੁਤ ਹੀ ਫ਼ਾਇਦੇਮੰਦ ਸਾਬਿਤ ਹੋ ਰਹੀ ਹੈ, ਜਿਸ ਨਾਲ ਉਹ ਬਿਨਾਂ ਕਿਸੇ ਵੱਡੇ ਖਰਚੇ ਦੇ ਵੱਖ-ਵੱਖ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰ ਰਹੇ ਹਨ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਲੋਕ ਭਲਾਈ ਲਈ ਵਚਨਬੱਧ ਹੈ ਤੇ ਇਸ ਤਰ੍ਹਾਂ ਦੀਆਂ ਯੋਜਨਾਵਾਂ ਨੂੰ ਲੋਕਾਂ ਵੱਲੋਂ ਭਰਪੂਰ ਸਮਰਥਨ ਮਿਲ ਰਿਹਾ ਹੈ।ਇਸ ਮੌਕੇ ਮਾਰਕੀਟ ਕਮੇਟੀ ਦੇ ਚੇਅਰਮੈਨ ਬਲਰਾਜ ਸਿੰਘ ਸੰਧੂ, ਨਗਰ ਪੰਚਾਇਤ ਪ੍ਰਧਾਨ ਉਪਿੰਦਰ ਸਿੰਘ ਸਿੱਧੀ, ਜ਼ਿਲ੍ਹਾ ਮੀਡੀਆ ਇੰਚਾਰਜ ਨਿਰਵੈਰ ਸਿੰਘ ਸਿੱਧੀ, ਸ਼ਹਿਰੀ ਪ੍ਰਧਾਨ ਸੁਰਿੰਦਰ ਕੁਮਾਰ ਸੋਨੂ ਸੇਠੀ (ਐੱਮ.ਸੀ), ਸੁਖਵਿੰਦਰ ਸਿੰਘ ਸਮੇਤ ਕਈ ਹੋਰ ਆਗੂ ਹਾਜ਼ਰ ਸਨ।

# ਪਾਵਰਕਾਮ ਐਂਡ ਟ੍ਰਾਂਸਕੋ ਪੈਨਸ਼ਨਰਜ਼ ਯੂਨੀਅਨ ਪੰਜਾਬ ਏਟਕ ਦੇ ਮੰਡਲ ਯੂਨਿਟ ਧਾਰੀਵਾਲ ਦੀ ਮੀਟਿੰਗ



**ਧਾਰੀਵਾਲ (ਮਨਦੀਪ ਵਿੱਕੀ)**- ਪਾਵਰਕਾਮ ਐਂਡ ਟ੍ਰਾਂਸਕੋ ਪੈਨਸਨਰਜ ਯੂਨੀਅਨ ਪੰਜਾਬ ਏਟਕ ਦੇ ਮੰਡਲ ਯੂਨਿਟ ਧਾਰੀਵਾਲ ਦੀ ਮੀਟਿੰਗ ਹਰਕਿਰਪਾਲ ਸਿੰਘ ਸੋਹਲ ਦੀ ਅਗਵਾਈ ਹੇਠ ਹੋਈ। ਮੀਟਿੰਗ ਵਿੱਚ ਸਰਕਲ ਪ੍ਰਧਾਨ ਹਜ਼ਾਰਾ ਸਿੰਘ ਗਿੱਲ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਮੀਟਿੰਗ ਦੌਰਾਨ ਸ ਮਹਿੰਦਰਪਾਲ ਸਿੰਘ ਸਕੱਤਰ ਅਤੇ ਹਜ਼ਾਰਾ ਸਿੰਘ ਗਿੱਲ ਨੇ ਦੱਸਿਆ ਕਿ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀ ਚਿਰਾਂ ਤੋਂ ਲਟਕਦੀ 16 ਪ੍ਰਤੀਸ਼ਤ ਬਕਾਇਆ ਡੀ ਏ ਦੀ ਮੰਗ ਨੂੰ ਪੰਜਾਬ ਸਰਕਾਰ ਟਾਲਮਟੋਲ ਦੀ ਨੀਤੀ ਅਪਣਾ ਕੇ ਜਾਰੀ ਕਰਨ ਤੋਂ ਇਨਕਾਰ ਕਰ ਰਹੀ ਸੀ।

ਆਖਰਕਾਰ ਮੁਲਾਜ਼ਮਾਂ ਪੈਨਸ਼ਨਰਾਂ ਨੂੰ ਸੰਘਰਸ਼ਾਂ ਦੇ ਨਾਲ ਕੋਰਟ ਦਾ ਸਹਾਰਾ ਲੈਣਾ ਪਿਆ, ਜਿਸ ਉੱਪਰ ਪੰਜਾਬ ਤੇ ਹਰਿਆਣਾ ਹਾਈਕੋਰਟ ਵੱਲੋਂ ਮੁਲਾਜ਼ਮਾਂ ਪੈਨਸਨਰਾਂ ਦੇ ਹੱਕ ਵਿੱਚ 08 ਅਪ੍ਰੈਲ ਨੂੰ ਅੰਤਰਿਮ ਫੈਸਲਾ ਕਰਦੇ ਹੋਏ ਪੰਜਾਬ ਸਰਕਾਰ ਨੂੰ 30 ਜੂਨ 2026 ਤੱਕ 16% ਬਕਾਇਆ ਡੀ ਏ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਜਾਰੀ ਕਰਕੇ ਇਸਦੀ ਰਿਪੋਰਟ ਅਗਲੀ ਸੁਣਵਾਈ ਦੀ ਮਿਤੀ ਨੂੰ ਕੋਰਟ ਵਿੱਚ ਪੇਸ਼ ਕਰਨ ਦਾ ਸਵਾਗਤ ਕੀਤਾ ਅਤੇ ਪੰਜਾਬ ਸਰਕਾਰ ਅਤੇ ਪਾਵਰਕਾਮ ਮੈਨਜਮੈਂਟ ਨੂੰ ਚੇਤਾਵਨੀ ਦਿੱਤੀ ਕਿ ਮੁਲਾਜ਼ਮਾਂ ਦੇ ਬਕਾਇਆ ਮਸਲਿਆਂ ਦਾ ਤੁਰੰਤ ਹੱਲ ਕੀਤਾ ਜਾਵੇ।

ਇਸ ਮੌਕੇ ਬੁਲਾਰਿਆਂ ਨੇ ਲਾਈਵ ਸਰਟੀਫਿਕੇਟ ਡਿਜੀਟਲ ਪੇਸ਼ ਕਰਨ ਦੇ ਜਾਰੀ ਕੀਤੇ ਸਰਕੂਲਰ ਨੂੰ ਵਾਪਸ ਲੈ ਕੇ ਡਿਜੀਟਲ/ਮੈਨੂਅਲੀ ਪੇਸ਼ ਕਰਨ ਬਾਰੇ ਪੱਤਰ ਜਾਰੀ ਕਰਨ ਦੀ ਮੰਗ ਕੀਤੀ, ਤਾਂ ਜੋ ਬਜ਼ੁਰਗ ਤੇ ਅਨਪੜ੍ਹ ਪੈਨਸ਼ਨਰਾਂ ਤੇ ਫੈਮਿਲੀ ਪੈਨਸ਼ਨਰਾਂ ਨੂੰ ਮੁਸ਼ਕਲ ਨਾ ਆਵੇ। ਇਸ ਮੌਕੇ 10 ਅਪ੍ਰੈਲ ਨੂੰ ਪਟਿਆਲਾ ਸ਼ੈੱਡ ਆਫਿਸ ਵਿਖੇ ਪਾਵਰਕਾਮ ਦੀ ਮੈਨਜਮੈਂਟ ਵਿਰੁੱਧ ਦਿੱਤੇ ਜਾ ਰਹੇ ਧਰਨੇ ਵਿੱਚ ਸ਼ਾਮਲ ਹੋਣ ਸੰਬੰਧੀ ਤਿਆਰੀ ਕਰਨ ਲਈ ਵੀ ਵਿਚਾਰਾਂ ਕੀਤੀਆਂ ਗਈਆਂ।

ਮੀਟਿੰਗ ਵਿੱਚ ਉਪਰੋਕਤ ਆਗੂਆਂ ਤੋਂ ਇਲਾਵਾ ਰਵਿੰਦਰ ਸਿੰਘ, ਹਰਦੀਪ ਸਿੰਘ ਖਹਿਰਾ, ਜਸਪਾਲ ਸਿੰਘ, ਸਤਨਾਮ ਸਿੰਘ, ਰਤਨ ਚੰਦ, ਵਜੀਰ ਸਿੰਘ, ਮਹਿੰਦਰ ਸਿੰਘ, ਅਰਜਨਜੀਤ ਸਿੰਘ, ਸੁਖਵਿੰਦਰ ਸਿੰਘ, ਰਣਧੀਰ ਸਿੰਘ ਕਾਹਲੋਂ, ਨਰੇਸ਼ ਕੁਮਾਰ, ਕੁਲਵੰਤ ਸਿੰਘ, ਕੁਲਵੰਤ ਸਿੰਘ ਸੱਗੂ, ਅਸ਼ੋਕ ਕੁਮਾਰ, ਸੰਗਤ ਸਿੰਘ, ਜੋਗਿੰਦਰ ਸਿੰਘ, ਜਸਵੰਤ ਸਿੰਘ, ਹਰਪਾਲ ਸਿੰਘ ਅਠਵਾਲ, ਤਰਸੇਮ ਸਿੰਘ ਅਠਵਾਲ, ਗੁਰਮੀਤ ਸਿੰਘ, ਕਸ਼ਮੀਰ ਸਿੰਘ, ਸੁਖਦੇਵ ਸਿੰਘ ਗੋਸਲ, ਸਵਰਨ ਸਿੰਘ, ਨੱਥਾ ਰਾਮ, ਸਵਰਨ ਮਸੀਹ, ਸੁਖਦੇਵ ਸਿੰਘ ਸੋਹਲ, ਬਲਜੀਤ ਸਿੰਘ, ਪਰਮਜੀਤ ਸਿੰਘ ਆਦਿ ਪੈਨਸ਼ਨਰ ਸਾਥੀ ਹਾਜ਼ਰ ਸਨ।

# ਖੇਤੀਬਾੜੀ ਵਿਭਾਗ ਵੱਲੋਂ ਜ਼ਿਲ੍ਹਾ ਪੱਧਰੀ ਕਿਸਾਨ ਮੇਲਾ ਅੱਜ

**ਬਟਾਲਾ (ਡਾਕਟਰ ਮਲਵਿੰਦਰ ਸਿੰਘ)**-ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ 10 ਅਪ੍ਰੈਲ ਨੂੰ ਦਾਣਾ ਮੰਡੀ ਬਟਾਲਾ ਵਿਖੇ ਜ਼ਿਲ੍ਹਾ ਪੱਧਰੀ ਕਿਸਾਨ ਮੇਲਾ ਲਗਾਇਆ ਜਾ ਰਿਹਾ ਹੈ, ਜਿਸ ਵਿੱਚ ਕਿਸਾਨਾਂ ਨੂੰ ਸਾਉਣੀ ਦੀਆਂ ਫਸਲਾਂ ਦੀ ਕਾਸ਼ਤ ਸਬੰਧੀ ਆਧੁਨਿਕ ਤਕਨੀਕਾਂ ਬਾਰੇ ਜਾਣਕਾਰੀ ਦੇਣ ਦੇ ਨਾਲ ਨਾਲ ਫਸਲੀ ਵਿਭਿੰਨਤਾ ਅਪਣਾਉਣ ਲਈ ਪ੍ਰੇਰਿਤ ਕੀਤਾ ਜਾਵੇਗਾ।ਜ਼ਿਲ੍ਹੇ ਦੇ ਮੁੱਖ ਖੇਤੀਬਾੜੀ ਅਫਸਰ ਡਾ. ਰਣਧੀਰ ਸਿੰਘ ਠਾਕੁਰ ਨੇ ਦੱਸਿਆ ਕਿ ਮੇਲੇ ਦੌਰਾਨ ਕਿਸਾਨਾਂ ਨੂੰ ਸਾਉਣੀ ਦੀਆਂ ਮੁੱਖ ਫਸਲਾਂ ਦੀ ਉੱਚ ਪੈਦਾਵਾਰ ਲਈ ਸੁਧਰੇ ਬੀਜਾਂ ਦੀ ਚੋਣ, ਖਾਦਾਂ ਦੇ ਸੰਤੁਲਿਤ ਇਸਤੇਮਾਲ, ਕੀੜੇ-ਮਕੌੜਿਆਂ ਅਤੇ ਬਿਮਾਰੀਆਂ ਤੋਂ ਬਚਾਅ ਸਬੰਧੀ ਜਾਣਕਾਰੀ ਦਿੱਤੀ ਜਾਵੇਗੀ। ਇਸ ਦੇ ਨਾਲ ਨਾਲ ਘੱਟ ਪਾਣੀ ਦੀ ਲੋੜ ਵਾਲੀਆਂ ਅਤੇ ਵੱਧ ਲਾਭਕਾਰੀ ਵੱਖ-ਵੱਖ ਫਸਲਾਂ ਬਾਰੇ ਵੀ ਕਿਸਾਨਾਂ ਨੂੰ ਜਾਗਰੂਕ ਕੀਤਾ ਜਾਵੇਗਾ, ਤਾਂ ਜੋ ਖੇਤੀ ਨੂੰ ਹੋਰ ਲਾਭਕਾਰੀ ਬਣਾਇਆ ਜਾ ਸਕੇ।

ਉਨ੍ਹਾਂ ਦੱਸਿਆ ਕਿ ਮੇਲੇ ਦੌਰਾਨ ਸਵੇਰੇ 10:30 ਵਜੇ ਰਜਿਸਟ੍ਰੇਸ਼ਨ, 11 ਵਜੇ ਮੇਲੇ ਦਾ ਉਦਘਾਟਨ ਕੀਤਾ ਜਾਵੇਗਾ ਅਤੇ 11 ਤੋਂ 1 ਵਜੇ ਤੱਕ ਤਕਨੀਕੀ ਸੈਸ਼ਨ ਹੋਵੇਗਾ। ਮੇਲੇ ਵਿੱਚ ਖੇਤੀਬਾੜੀ ਵਿਭਾਗ ਦੇ ਮਾਹਰਾਂ ਵੱਲੋਂ ਆਧੁਨਿਕ ਖੇਤੀ ਤਕਨੀਕਾਂ ਅਤੇ ਸਰਕਾਰੀ ਸਕੀਮਾਂ ਬਾਰੇ ਵੀ ਜਾਣਕਾਰੀ ਦਿੱਤੀ ਜਾਵੇਗੀ।ਮੁੱਖ ਖੇਤੀਬਾੜੀ ਅਫਸਰ ਨੇ ਜ਼ਿਲ੍ਹੇ ਦੇ ਕਿਸਾਨਾਂ ਨੂੰ ਅਪੀਲ ਕੀਤੀ ਹੈ ਕਿ ਵੱਧ ਤੋਂ ਵੱਧ ਗਿਣਤੀ ਵਿੱਚ ਇਸ ਕਿਸਾਨ ਮੇਲੇ ਵਿੱਚ ਸ਼ਮੂਲੀਅਤ ਕਰਕੇ ਵਿਗਿਆਨਕ ਖੇਤੀ ਤਰੀਕਿਆਂ ਬਾਰੇ ਜਾਣਕਾਰੀ ਹਾਸਲ ਕਰਨ ਅਤੇ ਫਸਲੀ ਵਿਭਿੰਨਤਾ ਅਪਣਾ ਕੇ ਆਪਣੀ ਆਮਦਨ ਵਿੱਚ ਵਾਧਾ ਕਰਨ।

# ਕਿਰਤੀ ਕਿਸਾਨ ਯੂਨੀਅਨ ਪੰਜਾਬ ਨੇ ਗੜ੍ਹੇਮਾਰੀ ਦੇ ਮੁਆਵਜ਼ੇ ਲਈ ਦਿੱਤਾ ਮੰਗ ਪੱਤਰ



**ਮਜੀਠਾ (ਸੋਇਮ ਅਨੰਦ)**- ਮਜੀਠਾ ਅਤੇ ਆਸ ਪਾਸ ਪਿੰਡਾਂ ਵਿਚ ਬੇਮੌਸਮੀ ਬਰਸਾਤ ਅਤੇ ਹੋਈ ਗੜ੍ਹੇਮਾਰੀ ਨਾਲ ਕਣਕ, ਸਬਜ਼ੀਆਂ ਅਤੇ ਹੋਰ ਫਸਲਾਂ ਪੂਰੀ ਤਰ੍ਹਾਂ ਬਰਬਾਦ ਹੋ ਗਈਆਂ ਹਨ। ਜਿਸ ਸਬੰਧੀ ਕਿਰਤੀ ਕਿਸਾਨ ਯੂਨੀਅਨ ਪੰਜਾਬ ਦੇ ਸਰਕਲ ਮਜੀਠਾ ਦੇ ਪ੍ਰਧਾਨ ਜਸਪਾਲ ਸਿੰਘ ਦੀ ਅਗਵਾਈ ਵਾਲੇ ਵਫਦ ਨੇ ਐਸ.ਡੀ.ਐਮ ਮਜੀਠਾ ਦੇ ਨਾਮ ਇੱਕ ਮੰਗ ਪੱਤਰ ਤਹਿਸੀਲਦਾਰ ਮਜੀਠਾ ਦਰਸ਼ਨ ਸਿੰਘ ਨੂੰ ਦਿੱਤਾ। ਮੰਗ ਪੱਤਰ ਵਿਚ ਕਿਸਾਨ ਆਗੂਆਂ ਨੇ ਪੰਜਾਬ ਸਰਕਾਰ ਪਾਸੋਂ ਮੰਗ ਕੀਤੀ ਕਿ ਮਜੀਠਾ ਦਿਹਾਤੀ, ਨਾਗ ਕਲਾਂ, ਨਾਗ ਨਵੇ, ਨਾਗ ਖੁਰਦ, ਡੱਡੀਆਂ, ਈਦਗਾਹ, ਸੁਪਾਰੀਵਿੰਡ, ਹਰੀਆਂ, ਸ਼ਾਮਨਗਰ ਆਦਿ ਪਿੰਡਾਂ ਵਿਚ ਕਣਕ ਅਤੇ ਬਾਕੀ ਫਸਲਾਂ, ਸਬਜ਼ੀਆਂ ਦਾ ਸੌ ਫੀਸਦੀ ਨੁਕਸਾਨ ਹੋਇਆ ਹੈ। ਨੁਕਸਾਨੀਆਂ ਗਈਆਂ ਫਸਲਾਂ ਦੀ ਜਲਦੀ ਤੋਂ ਜਲਦੀ ਗਿਰਦਾਵਰੀ ਕਰਵਾ ਕੇ ਪ੍ਰਭਾਵਿਤ ਕਾਸ਼ਤਕਾਰ ਕਿਸਾਨਾਂ ਨੂੰ ਬਣਦਾ ਯੋਗ ਮੁਆਵਜ਼ਾ ਦਿਵਾਇਆ ਜਾਵੇ। ਤਹਿਸੀਲਦਾਰ ਦਰਸ਼ਨ ਸਿੰਘ ਨੇ ਵਫਦ ਨੂੰ ਭਰੋਸਾ ਦਿਵਾਇਆ ਕਿ ਮੰਗ ਪੱਤਰ 'ਤੇ ਬਣਦੀ ਕਾਰਵਾਈ ਕਰਕੇ ਉਚ ਅਧਿਕਾਰੀਆਂ ਤੱਕ ਪਹੁੰਚਾ ਦਿੱਤਾ ਜਾਵੇਗਾ। ਕਿਸਾਨ ਆਗੂਆਂ ਨੇ ਕਿਹਾ ਕਿ ਕਿਸਾਨ ਪਹਿਲਾਂ ਹੀ ਸਰਕਾਰਾਂ ਦੀਆਂ ਕਿਸਾਨ ਮਾਰੂ ਨੀਤੀਆਂ ਕਰਕੇ ਕਰਜ਼ੇ ਵਿਚ ਡੁੱਬਾ ਪਿਆ ਹੈ । ਅਜਿਹੇ ਵਿਚ ਹੁਣ ਕੁਦਰਤ ਦੀ ਮਾਰ ਸਹਿਣ ਯੋਗ ਕਿਸਾਨ ਨਹੀਂ ਹੈ। ਇਸ ਕਰਕੇ ਸਰਕਾਰ ਨੂੰ ਜਲਦੀ ਤੋ ਜਲਦੀ ਕਿਸਾਨਾਂ ਦੀ ਬਾਂਹ ਫੜਨੀ ਚਾਹੀਦੀ ਹੈ।

ਇਸ ਮੌਕੇ ਵਫਦ ਵਿਚ ਜਸਪਾਲ ਸਿੰਘ, ਕੁਲਦੀਪ ਸਿੰਘ, ਰਣਜੀਤ ਸਿੰਘ ਰਾਜਾ, ਕੁਲਵੰਤ ਸਿੰਘ, ਬਲਬੀਰ ਸਿੰਘ, ਰਣਦੀਪ ਸਿੰਘ, ਪ੍ਰਭ ਸਿੰਘ, ਬਿਕਰਮਜੀਤ ਸਿੰਘ, ਅਵਤਾਰ ਸਿੰਘ, ਸ਼ਮਸ਼ੇਰ ਸਿੰਘ, ਨਿਰਮਲ ਸਿੰਘ, ਲਖਬੀਰ ਸਿੰਘ, ਪ੍ਰਗਟ ਸਿੰਘ, ਸਰਬਜੀਤ ਸਿੰਘ, ਗੁਰਦੀਪ ਸਿੰਘ, ਸੁਖਦੀਪ ਸਿੰਘ, ਮਨਿੰਦਰ ਸਿੰਘ, ਆਦਿ ਹਾਜ਼ਰ ਸਨ।

# ਧਾਰਮਿਕ ਸਮਾਗਮ ਭਲਕੇ

**ਅਟਾਰੀ (ਸਤਬੀਰ ਸਿੰਘ ਭੀਲ)**- ਲੰਗਰੁ ਚਲੈ ਗੁਰ ਸਬਦਿ ਸੰਸਥਾ, ਚੀਚਾ ਅੰਮ੍ਰਿਤਸਰ ਵੱਲੋਂ ਵਿਸਾਖੀ ਦੇ ਪਵਿੱਤਰ ਦਿਹਾੜੇ ਨੂੰ ਸਮਰਪਤ 'ਖਾਲਸਾ ਸਾਜਨਾ ਦਿਵਸ' 11 ਅਪ੍ਰੈਲ ਨੂੰ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਜਾਵੇਗਾ। ਸੰਸਥਾ ਵੱਲੋਂ ਜਾਣਕਾਰੀ ਅਨੁਸਾਰ ਪ੍ਰੋਗਰਾਮ ਸਵੇਰੇ 9:00 ਵਜੇ ਤੋਂ ਦੁਪਹਿਰ 12:00 ਵਜੇ ਤੱਕ ਚੱਲੇਗਾ। ਇਸ ਦੌਰਾਨ ਬੱਚਿਆਂ ਦੇ ਦਸਤਾਰ ਸਜਾਉਣ ਤੇ ਗੁਰਬਾਣੀ ਕੰਠ ਕਰਨ ਦੇ ਮੁਕਾਬਲੇ ਕਰਵਾਏ ਜਾ ਰਹੇ ਹਨ। ਗੁਰੂ ਕਾ ਲੰਗਰ ਅਤੁੱਟ ਵਰਤੇਗਾ। ਇਸ ਸਮਾਗਮ ਦੇ ਸ਼ੁਰੂਆਤ ਵਿੱਚ 200 ਤੋਂ ਵੱਧ ਪਰਵਾਰਾਂ ਵੱਲੋਂ ਇੱਕ ਮੰਚ 'ਤੇ ਇਕੱਠੇ ਸ੍ਰੀ ਸਹਿਜ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ। ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਵਿਸ਼ੇਸ਼ ਤੌਰ 'ਤੇ ਪਹੁੰਚ ਰਹੇ ਹਨ। ਉਪਰੰਤ ਮੰਜੀ ਸਾਹਿਬ ਵਾਲੇ ਗਿਆਨੀ ਜਸਵੰਤ ਸਿੰਘ ਕਥਾ ਦੀ ਹਾਜ਼ਰੀ ਭਰਨਗੇ। ਪ੍ਰੋਗਰਾਮ ਦੌਰਾਨ ਗੁਰਮਤਿ ਕਲਾਸਾਂ ਵਿੱਚ ਸਹਿਯੋਗ ਕਰ ਰਹੇ ਗ੍ਰੰਥੀ ਸਿੰਘਾਂ ਦਾ ਵਿਸ਼ੇਸ਼ ਸਨਮਾਨ ਵੀ ਕੀਤਾ ਜਾਵੇਗਾ।ਸੰਸਥਾ ਦੇ ਮੁੱਖ ਸੇਵਾਦਾਰ ਸੁਖਦੀਪ ਸਿੰਘ ਚੀਚਾ ਨੇ ਦੱਸਿਆ ਕਿ ਵਿਸਾਖੀ ਦੇ ਦਿਹਾੜੇ ਨੂੰ ਸਮਰਪਿਤ 12 ਅਪ੍ਰੈਲ ਨੂੰ ਅੰਮ੍ਰਿਤ ਸੰਚਾਰ ਕਰਵਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਸਮਾਗਮ ਦਾ ਮੁੱਖ ਮਕਸਦ ਨਵੀਂ ਪੀੜ੍ਹੀ ਨੂੰ ਗੁਰਬਾਣੀ, ਦਸਤਾਰ ਤੇ ਸਿੱਖ ਇਤਿਹਾਸ ਨਾਲ ਜੋੜਨਾ ਹੈ।

## ਟੈਗੋਰ ਕਾਲਜ ਆਫ ਐਜੂਕੇਸ਼ਨ ਫਾਰ ਵੂਮੈਨ ਦੀਆਂ 30 ਵਿਦਿਆਰਥਣਾਂ ਨੇ ਪੀ ਐਸ ਟੈਟ ਦੀ ਪ੍ਰੀਖਿਆ ਕੀਤੀ ਪਾਸ



ਗੁਰਦਾਸਪੁਰ (ਦਿਨੇਸ਼ ਕੁਮਾਰ)-ਟੈਗੋਰ ਕਾਲਜ ਆਫ ਐਜੂਕੇਸ਼ਨ ਫਾਰ ਵੂਮੈਨ ਗੁਰਦਾਸਪੁਰ ਦੀਆਂ ਬੀ.ਐਡ ਦੀਆਂ 30 ਵਿਦਿਆਰਥਣਾਂ ਨੇ ਪੀ.ਐਸ ਟੈਟ ਦੀ ਪ੍ਰੀਖਿਆ ਪਾਸ ਕਰਕੇ ਕਾਲਜ ਦਾ ਨਾਮ ਰੋਸ਼ਨ ਕੀਤਾ । ਕਾਲਜ ਦੇ ਚੇਅਰਮੈਨ ਰਵਿੰਦਰ ਸ਼ਰਮਾ ਨੇ ਦੱਸਿਆ ਕਿ ਕਾਲਜ ਦੀਆਂ ਵਿਦਿਆਰਥਣਾਂ ਵੱਲੋਂ ਪ੍ਰੀਖਿਆ ਪਾਸ ਕਰਨ ਨਾਲ ਕਾਲਜ ਵਿੱਚ ਖੁਸ਼ੀ ਦਾ ਮਾਹੌਲ ਹੈ ਅਤੇ ਇਹ ਵਿਦਿਆਰਥਣਾਂ ਅਤੇ ਅਧਿਆਪਕਾਂ ਦੀ ਸਖਤ ਮਿਹਨਤ ਦਾ ਸਿੱਟਾ ਹੈ । ਉਨ੍ਹਾ ਸਾਰੀਆਂ ਵਿਦਿਆਰਥਣਾਂ ਤੇ ਉਨ੍ਹਾ ਦੇ ਮਾਪਿਆਂ ਤੇ ਅਧਿਆਪਕਾਂ ਨੂੰ ਵਧਾਈ ਦਿੱਤੀ ।

# ਬਾਬਾ ਬੰਦਾ ਸਿੰਘ ਬਹਾਦਰ ਕਾਲਜ ਆਫ ਐਜੂਕੇਸ਼ਨ ਦਾ ਬੀ ਐੱਡ ਸਮੈਸਟਰ ਪਹਿਲਾ ਦਾ ਨਤੀਜਾ ਸ਼ਾਨਦਾਰ



ਧਾਰੀਵਾਲ (ਮਨਦੀਪ ਵਿੱਕੀ)- ਬਾਬਾ ਬੰਦਾ ਸਿੰਘ ਬਹਾਦਰ ਕਾਲਜ ਆਫ ਐਜੂਕੇਸ਼ਨ ਧਾਰੀਵਾਲ ਦੇ ਬੀ.ਐਡ ਕੋਰਸ ਦੇ ਸਮੈਸਟਰ ਪਹਿਲਾ ਦਾ ਨਤੀਜਾ 100 ਫੀਸਦੀ ਰਿਹਾ। ਕਾਲਜ ਦੇ ਚੇਅਰਮੈਨ ਅਮਰਜੀਤ ਸਿੰਘ ਚਾਹਲ ਨੇ ਦੱਸਿਆ ਕਿ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਵੱਲੋਂ ਬੀ.ਐਡ ਸਮੈਸਟਰ ਪਹਿਲਾ ਦੀ ਲਈ ਗਈ ਪ੍ਰੀਖਿਆ ਦਾ ਨਤੀਜਾ ਐਲਾਨਿਆ ਗਿਆ ਹੈ। ਜਿਸ ਵਿੱਚ ਕਾਲਜ ਦੇ ਹੋਣਹਾਰ ਵਿਦਿਆਰਥੀਆਂ ਨੇ ਚੰਗੇ ਨੰਬਰ ਲੈ ਕੇ ਆਪਣੇ ਕਾਲਜ ਦਾ ਨਾਮ ਰੋਸ਼ਨ ਕੀਤਾ ਹੈ। ਉਹਨਾਂ ਦੱਸਿਆ ਕਿ ਕਾਲਜ ਦੇ ਸਾਰੇ ਵਿਦਿਆਰਥੀ ਪਹਿਲੇ ਦਰਜੇ ਨਾਲ ਪਾਸ ਹੋਏ ਹਨ ਜਿਨਾਂ ਵਿੱਚ ਸਾਡੇ ਹੋਣਹਾਰ ਵਿਦਿਆਰਥੀ ਅਮਿਤਾ, ਸ਼ਰਨਦੀਪ ਕੌਰ, ਲਵਜੀਤ ਸਿੰਘ, ਸਿਮਰਨਜੀਤ ਕੌਰ ਬਲੈਸੀ ਗਿੱਲ, ਹਰਕੀਰਤ ਕੌਰ, ਮਨਜੀਤ ਕੌਰ, ਸੁਖਮਨਜੀਤ ਸਿੰਘ, ਕਰਮਨਪ੍ਰੀਤ ਸਿੰਘ, ਰਾਜਵਿੰਦਰ ਕੌਰ, ਹਰਮਨਪ੍ਰੀਤ ਕੌਰ ਅਤੇ ਪੂਜਾ ਕੁਮਾਰੀ ਨੇ ਕ੍ਰਮਵਾਰ ਪਹਿਲਾ ਅਤੇ ਦੂਜਾ ਸਥਾਨ ਹਾਸਲ ਕੀਤਾ। ਇਹਨਾਂ ਵਿਦਿਆਰਥੀਆਂ ਨੂੰ ਵਧਾਈ ਦਿੰਦੇ ਹੋਏ ਕਾਲਜ ਚੇਅਰਮੈਨ ਅਮਰਜੀਤ ਸਿੰਘ ਚਾਹਲ, ਸਕੱਤਰ ਪਰਮਿੰਦਰ ਕੌਰ ਚਾਹਲ, ਕਾਲਜ ਪ੍ਰਿੰਸੀਪਲ ਮਨਦੀਪ ਕੌਰ ਚਾਹਲ, ਸਕੂਲ ਪ੍ਰਿੰਸੀਪਲ ਕਿਰਨ ਕੇਸਰ, ਆਫੀਸ਼ਿਏਟਿੰਗ ਕਾਲਜ ਪ੍ਰਿੰਸੀਪਲ ਡਾਕਟਰ ਜੀਵਨ ਜੋਤੀ, ਅਸਿਸਟੈਂਟ ਪ੍ਰੋਫੈਸਰ ਗਗਨਦੀਪ ਕੌਰ, ਰਜਨੀ ਰਾਵਤ, ਨਵਨੀਤ ਕੌਰ, ਹਰਨੀਤ ਕੌਰ ਆਦਿ ਨੇ ਵਧੀਆ ਨੂੰ ਅੱਗੇ ਭਵਿੱਖ ਵਿੱਚ ਵਧੇਰੇ ਮਿਹਨਤ ਕਰਕੇ ਅੱਗੇ ਭਵਿੱਖ ਵਿੱਚ ਵਧੇਰੇ ਮਿਹਨਤ ਕਰਕੇ ਅੱਗੇ ਵਧਣ ਲਈ ਪ੍ਰੇਰਿਆ ।ਕਾਲਜ ਵਿੱਚ ਨਵੇਂ ਵਿਦਿਅਕ ਸੈਸ਼ਨ 2026-27 ਵਾਸਤੇ ਬੀ.ਐਡ ਦਾ ਦਾਖਲਾ ਚੱਲ ਰਿਹਾ ਹੈ। ਜਿਸ ਦੌਰਾਨ ਕਾਲਜ ਕੈਂਪਸ ਵਿੱਚ ਹੈਲਪ ਡੈਸਕ ਸਥਾਪਿਤ ਕੀਤਾ ਗਿਆ ਹੈ। ਇਸ ਦੌਰਾਨ ਵਿਦਿਆਰਥੀਆਂ ਵਿੱਚ ਦਾਖਲੇ ਲਈ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ।

## ਕਰਨਬੀਰ ਸਿੰਘ ਬੁਰਜ ਵੱਲੋਂ ਪਿੰਡਾਂ 'ਚ ਚੋਣ ਮੀਟਿੰਗਾਂ ਦਾ ਸਿਲਸਿਲਾ ਤੇਜ਼



**ਸਰਾਏ ਅਮਾਨਤ ਖਾਂ (ਮੱਖਣ ਮਨੋਜ)**- ਸਰਹੱਦੀ ਹਲਕਾ ਤਰਨਤਾਰਨ ਵਿੱਚ ਆ ਰਹੀਆਂ 2027 ਦੀਆਂ ਵਿਧਾਨ ਸਭਾ ਚੋਣਾਂ ਦੀਆਂ ਤਿਆਰੀਆਂ ਨੂੰ ਲੈ ਕੇ ਕਾਂਗਰਸ ਦੇ ਹਲਕਾ ਇੰਚਾਰਜ ਕਰਨਬੀਰ ਸਿੰਘ ਬੁਰਜ ਨੇ ਪਿੰਡਾਂ ਵਿੱਚ ਆਪਣੀਆਂ ਸਰਗਰਮੀਆਂ ਤੇਜ਼ ਕਰਦਿਆਂ ਵਰਕਰਾਂ ਨੂੰ ਲਾਮਬੰਦ ਕਰਨਾ ਸ਼ੁਰੂ ਕਰ ਦਿਤਾ ਹੈ ਜਿਸ ਦੇ ਚਲਦਿਆਂ ਕਰਨਬੀਰ ਸਿੰਘ ਬੁਰਜ ਨੇ ਸਰਹੱਦੀ ਪਿੰਡ ਨੌਸ਼ਿਹਰਾ ਢਾਲਾ ਵਿਖੇ ਜਗੀਰ ਸਿੰਘ ਦੇ ਗ੍ਰਹਿ ਵਿਖੇ ਕਾਂਗਰਸੀ ਵਰਕਰਾਂ ਦੀ ਮੀਟਿੰਗ ਕਰਕੇ ਵਰਕਰਾਂ ਨੂੰ ਕਾਂਗਰਸ ਨੂੰ ਮਜ਼ਬੂਤ ਕਰਨ ਦਾ ਸੱਦਾ ਦਿੱਤਾ ਤਾਂ ਕਿ ਵਿਧਾਨ ਸਭਾ ਵਿੱਚ ਕਾਂਗਰਸ ਪਾਰਟੀ ਵੱਡੀ ਲੀਡ ਨਾਲ ਜਿੱਤ ਦਾ ਝੰਡਾ ਲਹਿਰਾਏ।ਬੁਰਜ ਨੇ ਕਿਹਾ ਕਿ ਪੰਜਾਬ ਵਿੱਚ ਕਾਂਗਰਸ ਦੀ ਸਰਕਾਰ ਬਣਨ ਤੇ ਇਸ ਹਲਕੇ ਵਿੱਚ ਨੌਜਵਾਨਾਂ ਲਈ ਰੋਜ਼ਗਾਰ ਦੇ ਵਿਸ਼ੇਸ਼ ਪੈਕੇਜ ਲਿਆਂਦੇ ਜਾਣਗੇ। ਇਸ ਤੋਂ ਇਲਾਵਾ ਸਿਹਤ ਅਤੇ ਵਿਦਿਅਕ ਸਹੂਲਤਾਂ ਦੇ ਵਿਸ਼ੇਸ਼ ਪ੍ਰਬੰਧ ਕੀਤੇ ਜਾਣਗੇ।ਇਸ ਸਮੇਂ ਮੀਟਿੰਗ ਵਿੱਚ ਮੁੱਖ ਤੌਰ 'ਤੇ ਸੁਖਜੀਤ ਸਿੰਘ ਸੁਖੀ ਬੁਰਜ, ਜਗੀਰ ਸਿੰਘ ਨੌਸ਼ਹਿਰਾ ਢਾਲਾ, ਕਸ਼ਮੀਰ ਸਿੰਘ, ਰਣਧੀਰ ਸਿੰਘ, ਜਗੀਰ ਸਿੰਘ, ਕੇਵਲ ਸਿੰਘ, ਸਰਤਾਜ ਸਿੰਘ, ਰਜਿੰਦਰ ਪਾਲ ਸਿੰਘ, ਜਰਮਨਜੀਤ ਸਿੰਘ, ਮਨਪ੍ਰੀਤ ਸਿੰਘ, ਲਵਪ੍ਰੀਤ ਸਿੰਘ, ਸੁਖਰਾਜ ਸਿੰਘ, ਹਰਭਾਗ ਸਿੰਘ, ਗੁਰਸੇਵਕ ਸਿੰਘ ਨੌਸ਼ਹਿਰਾ ਢਾਲਾ, ਮਲਕੀਤ ਸਿੰਘ, ਸਰਪੰਚ ਗੁਰਚਰਨ ਸਿੰਘ ਖੈਰਦੀ, ਸਾਬਕਾ ਸਰਪੰਚ ਸੁੱਚਾ ਸਿੰਘ ਖੈਰਦੀ, ਸੁਵਿੰਦਰ ਸਿੰਘ ਝਬਾਲ ਆਦਿ ਹਾਜ਼ਰ ਸਨ।

# ਦੋਬਲੀਆ ਵਿਖੇ ਕਾਂਗਰਸੀ ਵਰਕਰਾਂ ਦੀ ਮੀਟਿੰਗ



ਝਬਾਲ, (ਮੱਖਣ ਮਨੋਜ)- ਹਲਕੇ ਦੇ ਪਿੰਡ ਦੋਬਲੀਆ ਵਿਖੇ ਕਾਂਗਰਸੀ ਵਰਕਰਾਂ ਦੀ ਮੀਟਿੰਗ ਹਲਕਾ ਇੰਚਾਰਜ ਕਰਨਬੀਰ ਸਿੰਘ ਬੁਰਜ ਦੀ ਪ੍ਰਧਾਨਗੀ ਹੇਠ ਬੰਟੀ ਦੋਬਲੀਆ ਦੇ ਗ੍ਰਹਿ ਵਿਖੇ ਹੋਈ।ਇਸ ਸਮੇਂ ਕਰਨਬੀਰ ਸਿੰਘ ਬੁਰਜ ਨੇ ਕਾਂਗਰਸੀ ਵਰਕਰਾਂ ਨਾਲ ਕਾਂਗਰਸ ਨੂੰ ਮਜ਼ਬੂਤ ਕਰਨ ਲਈ ਵਿਸ਼ੇਸ਼ ਵਿਚਾਰ ਵਟਾਂਦਰਾ ਕੀਤਾ।ਉਹਨਾਂ ਕਿਹਾ ਕਿ ਕਾਂਗਰਸ ਪਾਰਟੀ ਇਕ ਧਰਮ ਨਿਰਪੱਖ ਤੇ ਭਾਈਚਾਰਕ ਸਾਂਝ ਵਾਲੀ ਪਾਰਟੀ ਹੈ ਜਿਸ ਦੇ ਰਾਜ ਵਿੱਚ ਹੀ ਪੰਜਾਬ ਮਜ਼ਬੂਤੀ ਤੇ ਵਿਕਾਸ ਦੀਆਂ ਲੀਹਾਂ 'ਤੇ ਦੌੜੇਗਾ।ਇਸ ਲਈ ਦੇ ਪੰਜਾਬ ਨੂੰ ਮੁੜ ਸੋਨੇ ਦੀ ਚਿੜੀ ਬਣਾਉਣਾ ਹੈ ਤਾਂ ਪੰਜਾਬ ਵਿੱਚ ਕਾਂਗਰਸ ਦੀ ਸਰਕਾਰ ਲਿਆਉਣ।ਇਸ ਸਮੇਂ ਦੋਬਲੀਆ ਵਾਸੀਆਂ ਨੇ ਹਲਕਾ ਇੰਚਾਰਜ ਕਰਨਬੀਰ ਸਿੰਘ ਬੁਰਜ ਨੂੰ ਸਨਮਾਨਤ ਕੀਤਾ।ਇਸ ਸਮੇਂ ਸੁਰਿੰਦਰ ਸਿੰਘ ਲਾਡੀ ਚੱਕ ਸਿਕੰਦਰ, ਅੰਗਰੇਜ ਸਿੰਘ ਚੱਕ ਸਿਕੰਦਰ, ਮੰਗਲ ਸਿੰਘ ਮਾਲੂਵਾਲ, ਸਕੱਤਰ ਸਿੰਘ ਸਾਬਕਾ ਸਰਪੰਚ ਰਾਮ ਰੌਣੀ, ਬਹਾਲ ਸਿੰਘ ਰਾਮਰੌਣੀ, ਸਰਪੰਚ ਗੁਰਚਰਨ ਸਿੰਘ ਖੈਰਦੀ, ਨਿਰਵੈਰ ਸਿੰਘ ਦੋਧੀ, ਮੈਂਬਰ ਸੰਤੋਖ ਸਿੰਘ, ਰਣਜੀਤ ਸਿੰਘ, ਗੁਰਚਰਨ ਸਿੰਘ, ਸੁਖਚੈਨ ਸਿੰਘ, ਸੁਖਵਿੰਦਰ ਸਿੰਘ, ਕੁਲਵਿੰਦਰ ਸਿੰਘ, ਮੋਹਨ ਸਿੰਘ, ਬਚਿੱਤਰ ਸਿੰਘ, ਕਰਮ ਸਿੰਘ, ਸੁਖਦੇਵ ਸਿੰਘ, ਸਾਬਕਾ ਸਰਪੰਚ ਦਿਲਬਾਗ ਸਿੰਘ ਪੱਧਰੀ, ਗੁਰਸ਼ਰਨ ਸਿੰਘ, ਪ੍ਰਿੰਸਦੀਪ ਸਿੰਘ, ਸਤਨਾਮ ਸਿੰਘ ਫੌਜੀ ਮਾਲੂਵਾਲ ਅਤੇ ਖੁਸ਼ਵੰਤ ਸਿੰਘ ਮੱਲੀ ਮਾਲੂਵਾਲ ਆਦਿ ਹਾਜ਼ਰ ਸਨ।

## 10 ਲੱਖ ਰੁਪਏ ਦਾ ਕਾਰਡ ਬਣਾਉਣ ਲਈ ਲੋਕਾਂ 'ਚ ਭਾਰੀ ਉਤਸ਼ਾਹ : ਐਡ. ਮੁਲਤਾਨੀ



ਗੁਰਦਾਸਪੁਰ (ਜਨਕ ਮਹਾਜਨ)-ਗੁਰਦਾਸਪੁਰ ਜ਼ਿਲ੍ਹੇ ਦੇ ਸਰਹੱਦੀ ਤੇ ਬੇਟ ਖੇਤਰ ਅੰਦਰ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ 10 ਲੱਖ ਰੁਪਏ ਦਾ ਕਾਰਡ ਬਣਾਉਣ ਲਈ ਲੋਕਾਂ ਵਿੱਚ ਭਾਰੀ ਉਤਸ਼ਾਹ ਵੇਖਣ ਨੂੰ ਮਿਲ ਰਿਹਾ ਹੈ ਅਤੇ ਲੋਕ ਰਾਤ 10 ਵਜੇ ਤੱਕ ਆਪਣੀ ਵਾਰੀ ਦੀ ਸੇਵਾ ਕੇਂਦਰਾਂ ਵਿੱਚ ਉਡੀਕ ਕਰਦੇ ਹਨ। ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਤੇ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਐਡਵੋਕੇਟ ਸੁੱਚਾ ਸਿੰਘ ਮੁਲਤਾਨੀ ਨੇ ਦੱਸਿਆ ਕਿ ਨਵਾਂ ਸ਼ਾਲਾ ਦੇ ਸੇਵਾ ਕੇਂਦਰ ਨੂੰ ਹਦਾਇਤ ਕੀਤੀ ਗਈ ਹੈ ਕਿ ਰੋਜ਼ਾਨਾ ਵੱਧ ਤੋਂ ਵੱਧ ਕਾਰਡ ਲੋਕਾਂ ਦੇ ਬਣਾਏ ਜਾਣ ਅਤੇ ਹੁਣ ਤੱਕ 1000 ਤੋਂ ਵੱਧ ਕਾਰਡ ਇੱਥੇ ਲੋਕਾਂ ਦੇ ਬਣਾਏ ਜਾ ਚੁੱਕੇ ਹਨ। ਉਨ੍ਹਾਂ ਦੱਸਿਆ ਕਿ ਇਸ ਸਕੀਮ ਦਾ ਲਾਭ ਹਰ ਵਰਗ ਦੇ ਲੋਕ ਉਠਾ ਰਹੇ ਹਨ ਅਤੇ ਕਈ ਬਿਮਾਰ ਲੋਕਾਂ ਨੇ ਇਸ ਸਹੂਲਤ ਦਾ ਲਾਭ ਲੈ ਵੀ ਲਿਆ ਹੈ ਜਿਸ ਕਰਕੇ ਲੋਕ ਮੁੱਖ ਮੰਤਰੀ ਸਿਹਤ ਯੋਜਨਾ ਦੀ ਸ਼ਲਾਘਾ ਕਰ ਰਹੇ ਹਨ। ਉਨ੍ਹਾਂ ਦੱਸਿਆ ਕਿ ਮੇਰੇ ਹਲਕੇ ਅੰਦਰ 40-45 ਪਿੰਡ ਆਉਂਦੇ ਹਨ ਤੇ ਹਰ ਪਿੰਡ ਵਿੱਚ 2-2 ਕੈਂਪ ਲਗਾਏ ਜਾ ਚੁੱਕੇ ਹਨ ਤੇ ਹੋਰ ਕੈਂਪ ਵੀ ਇਸੇ ਤਰ੍ਹਾਂ ਲਗਾਏ ਜਾਣਗੇ। ਉਨ੍ਹਾਂ ਇਲਾਕੇ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਹੈ ਕਿ ਕਿਸੇ ਨੂੰ ਵੀ ਕੋਈ ਮੁਸ਼ਕਿਲ ਪੇਸ਼ ਆਉਂਦੀ ਹੈ ਤਾਂ ਉਹ ਮੇਰੇ ਨਾਲ ਸਿੱਧੇ ਤੌਰ 'ਤੇ ਸੰਪਰਕ ਕਰਨ । ਇਸ ਸਬੰਧੀ ਸੇਵਾ ਕੇਂਦਰ ਇੰਚਾਰਜ ਨਿਸ਼ਾਨ ਸਿੰਘ ਅਤੇ ਪਰਮਜੀਤ ਸਿੰਘ ਨੇ ਦੱਸਿਆ ਕਿ ਉਹ ਲੋਕਾਂ ਦੀ ਸੇਵਾ ਵਿਚ 24 ਘੰਟੇ ਹਾਜ਼ਰ ਹਨ ਅਤੇ ਕੰਮ ਪਾਰਦਰਸ਼ੀ ਢੰਗ ਨਾਲ ਕੀਤੇ ਜਾ ਰਹੇ ਹਨ। ਇਸ ਮੌਕੇ ਉਨ੍ਹਾਂ ਨਾਲ ਇੰਜੀਨੀਅਰ ਤੀਰਥ ਸਿੰਘ, ਲੈਕਚਰਾਰ ਸੇਵਾ ਮੁਕਤ ਕਮਲ ਮਨਹਾਸ, ਠਾਕੁਰ ਜਗਦੀਸ਼ ਸਿੰਘ, ਠਾਕੁਰ ਰਮੇਸ਼ ਹਰਚੰਦ, ਬਲਾਕ ਸੰਮਤੀ ਮੈਂਬਰ ਵਜ਼ੀਰ ਸਿੰਘ ਤੇ ਹੋਰ ਵਰਕਰ ਹਾਜ਼ਰ ਸਨ।

# ਨਹਿਰੂ ਗੇਟ ਬਟਾਲਾ ਤੋਂ ਤੀਰਥ ਯਾਤਰਾ ਬੱਸ ਰਵਾਨਾ



**ਬਟਾਲਾ, (ਤਰਲੋਕ ਬੱਗਾ)**-ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਦੀ ਅਗਵਾਈ ਹੇਠ ਨਹਿਰੂ ਬਟਾਲਾ ਤੋਂ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਸ਼ਰਧਾਲੂਆਂ ਦੀ ਬੱਸ ਰਵਾਨਾ ਹੋਈ। ਇਸ ਮੌਕੇ ਚੇਅਰਮੈਨ ਮਾਨਿਕ ਮਹਿਤਾ, ਸੁਭਾਸ਼ ਮਹਿਤਾ, ਅੰਕੁਸ਼ ਮਹਿਤਾ, ਜਸਪਾਲ ਸਿੰਘ ਸਮੇਤ ਵਾਰਡ ਵਾਸੀ ਮੌਜੂਦ ਸਨ।ਇਸ ਬੱਸ ਰਾਹੀਂ ਤਿੰਨ ਦਿਨਾਂ ਵਿੱਚ ਸ਼ਰਧਾਲੂਆਂ ਨੂੰ ਸ੍ਰੀ ਆਨੰਦਪੁਰ ਸਾਹਿਬ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਵਿਰਾਸਤ -ਏ-ਖਾਲਸਾ, ਸ੍ਰੀ ਕੀਰਤਪੁਰ ਸਾਹਿਬ ਅਤੇ ਮਾਤਾ ਨੈਣਾ ਦੇਵੀ ਦੇ ਦਰਸ਼ਨ ਕਰਵਾਏ ਜਾਣਗੇ।ਇਸ ਮੌਕੇ ਚੇਅਰਮੈਨ ਮਾਨਿਕ ਮਹਿਤਾ ਨੇ ਦੱਸਿਆ ਕਿ ਵਿਧਾਇਕ ਸ਼ੈਰੀ ਕਲਸੀ ਵਲੋਂ ਅੱਜ ਉਨ੍ਹਾਂ ਦੀ ਡਿਊਟੀ ਲਗਾਈ ਗਈ ਸੀ ਅਤੇ ਉਨ੍ਹਾਂ ਨੂੰ ਸੁਭਾਗ ਮਿਲਿਆ ਹੈ ਕਿ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਨਹਿਰੂ ਗੇਟ ਤੋਂ ਸ਼ਰਧਾਲੂਆਂ ਦੀ ਬੱਸ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਪਵਿੱਤਰ ਅਸਥਾਨਾਂ ਦੀ ਮੁਫ਼ਤ ਯਾਤਰਾ ਦੀ ਸਹੂਲਤ ਦੇ ਕੇ ਪੰਜਾਬੀਆਂ ਵਿੱਚ ਸਮਾਜਿਕ ਅਤੇ ਧਾਰਮਿਕ ਸਦਭਾਵਨਾ ਨੂੰ ਮਜ਼ਬੂਤ ਕਰਨ ਲਈ ਇੱਕ ਵਿਸ਼ੇਸ਼ ਪਹਿਲਕਦਮੀ ਕੀਤੀ ਗਈ ਹੈ।

# ਭਲਕ ਦੀ ਸੰਗਰੂਰ ਰੈਲੀ ਦੀਆਂ ਤਿਆਰੀਆਂ ਜ਼ੋਰਾਂ 'ਤੇ : ਧੰਨਾ ਮੱਲ ਗੋਇਲ



ਪੱਟੀ (ਬਲਦੇਵ ਸਿੰਘ ਸੰਧੂ)-ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਵੱਲੋਂ ਆਪਣੀਆਂ ਹੱਕੀ ਮੰਗਾਂ ਨੂੰ ਲੈ 11 ਅਪ੍ਰੈਲ ਦੀ ਰੋਸ ਰੈਲੀ ਸਬੰਧੀ ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਪੰਜਾਬ ਦੇ ਸੂਬਾ ਪ੍ਰਧਾਨ ਸ੍ਰੀ ਧੰਨਾ ਮੱਲ ਗੋਇਲ ਉਚੇਚੇ ਤੌਰ 'ਤੇ ਤਰਨ ਤਾਰਨ ਦੇ ਆਗੂਆਂ ਨੂੰ ਮਿਲਣ ਵਾਸਤੇ ਪਹੁੰਚੇ ।ਸੂਬਾ ਪ੍ਰਧਾਨ ਦੇ ਜ਼ਿਲ੍ਹਾ ਤਰਨ ਤਾਰਨ ਪਹੁੰਚਣ 'ਤੇ ਜਥੇਬੰਦੀ ਦੇ ਆਗੂਆ ਵੱਲੋਂ ਉਨ੍ਹਾਂ ਦਾ ਸਵਾਗਤ ਕਰਦਿਆਂ ਉਨ੍ਹਾਂ ਨੂੰ ਜੀ ਆਇਆਂ ਆਖਿਆ ਗਿਆ ।

ਇਸ ਮੌਕੇ ਸੂਬਾ ਪ੍ਰਧਾਨ ਨੇ ਆਗੂਆਂ ਪਾਸੋਂ ਰੈਲੀ ਸਬੰਧੀ ਤਿਆਰੀਆਂ ਦਾ ਜਾਇਜ਼ਾ ਲਿਆ ਅਤੇ ਰੈਲੀ ਸਬੰਧੀ ਵਿਚਾਰ ਚਰਚਾ ਕੀਤੀ। ਆਗੂਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਆਪਣੀਆਂ ਭਰਾਤਰੀ ਜਥੇਬੰਦੀਆਂ ਦਾ ਸਾਥ ਜ਼ਰੂਰ ਲੈਣਾ ਹੈ ।ਉਨ੍ਹਾਂ ਨੇ ਸਰਕਾਰ ਨੂੰ ਪੁਰਜ਼ੋਰ ਅਪੀਲ ਕਰਦਿਆਂ ਕਿਹਾ ਕਿ ਜੋ ਵਾਅਦੇ ਜਥੇਬੰਦੀ ਨਾਲ ਚੋਣਾਂ ਦੌਰਾਨ ਕੀਤੇ ਗਏ ਸਨ ਉਨ੍ਹਾਂ ਵਾਅਦਿਆਂ ਨੂੰ ਜਲਦੀ ਤੋਂ ਜਲਦੀ ਪੂਰਾ ਕੀਤਾ ਜਾਵੇ । ਜਦੋਂ ਤੱਕ ਪੰਜਾਬ ਸਰਕਾਰ ਕੀਤੇ ਵਾਅਦੇ ਪੂਰੇ ਨਹੀਂ ਕਰਦੀ ਉਦੋਂ ਤੱਕ ਸਾਡਾ ਸੰਘਰਸ਼ ਜਾਰੀ ਰਹੇਗਾ ਅਤੇ ਅਸੀਂ ਆਪਣੇ ਹੱਕ ਲੈਣ ਲਈ ਜਮਹੂਰੀ ਤਰੀਕੇ ਨਾਲ ਰੋਸ ਪ੍ਰਗਟ ਕਰਦੇ ਰਹਾਂਗੇ ।ਇਸ ਮੌਕੇ ਜ਼ਿਲ੍ਹਾ ਪ੍ਰਧਾਨ ਨਛੱਤਰ ਸਿੰਘ ਚੀਮਾ, ਜ਼ਿਲ੍ਹਾ ਆਗੂ ਜੈਮਲ ਸਿੰਘ ਸੈਦੋ, ਸਰਦਾਰਾਂ ਸਿੰਘ ਚੂਸਲੇਵੜ, ਬਲਵਿੰਦਰ ਸਿੰਘ ਕੋਟਲੀ ਆਦਿ ਸਾਥੀਆਂ ਨੇ ਸੂਬਾ ਪ੍ਰਧਾਨ ਨੂੰ ਵਿਸ਼ਵਾਸ ਦਿਵਾਇਆ ਕਿ ਚੜ੍ਹਦੀ ਕਲਾ ਨਾਲ ਜਥੇਬੰਦੀ ਵੱਲੋਂ ਰੈਲੀ ਵਿੱਚ ਵੱਧ ਤੋਂ ਵੱਧ ਸਾਥੀਆਂ ਦੀ ਸ਼ਮੂਲੀਅਤ ਹੋਵੇਗੀ।

# ਕੋਟਲਾ ਸ਼ਾਹੀਆ ਵਿਖੇ ਹੈਲਥ ਕਾਰਡ ਬਣਾਉਣ ਲਈ ਵਿਸ਼ੇਸ਼ ਕੈਂਪ



ਬਟਾਲਾ (ਡਾਕਟਰ ਮਲਵਿੰਦਰ ਸਿੰਘ)-ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਹੈਲਥ ਕਾਰਡ ਬਣਾਉਣ ਲਈ ਪਿੰਡ ਕੋਟਲਾ ਸ਼ਾਹੀਆ ਵਿਖੇ ਵਿਸ਼ੇਸ਼ ਕੈਂਪ ਲਗਾਇਆ ਗਿਆ, ਜਿਥੇ ਲੋਕਾਂ ਵਲੋਂ ਆਪਣੇ ਹੈਲਥ ਕਾਰਡ ਬਣਾਉਣ ਦੀ ਰਜਿਸਟ੍ਰੇਸ਼ਨ ਕਰਵਾਈ ਗਈ।

ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਬਟਾਲਾ ਦੇ ਨੌਜਵਾਨ ਵਿਧਾਇਕ ਸ਼ੈਰੀ ਕਲਸੀ ਦੇ ਭਰਾ ਤਰਨਪ੍ਰੀਤ ਸਿੰਘ ਕਲਸੀ ਸਰਪੰਚ ਕੋਟਲਾ ਸ਼ਾਹੀਆ ਦੀ ਅਗਵਾਈ ਵਿੱਚ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਕਾਰਡ ਬਣਾਉਣ ਲਈ ਪਿੰਡ ਵਿੱਚ ਵਿਸ਼ੇਸ਼ ਕੈਂਪ ਲਗਾਇਆ ਗਿਆ, ਜਿਸ ਵਿੱਚ ਕਰੀਬ 266 ਲੋਕਾਂ ਵਲੋਂ ਹੈਲਥ ਕਾਰਡ ਬਣਾਉਣ ਦੀ ਰਜਿਸਟ੍ਰੇਸ਼ਨ ਕਰਵਾਈ ਗਈ।

ਇਸ ਮੌਕੇ ਤਰਨਪ੍ਰੀਤ ਸਿੰਘ ਕਲਸੀ ਨੇ ਦੱਸਿਆ ਕਿ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਲੋਕਾਂ ਨੂੰ ਵੱਡੀ ਸਹੂਲਤ ਮੁਹੱਈਆ ਕਰਵਾਈ ਗਈ ਹੈ ਅਤੇ ਲੋੜ ਪੈਣ 'ਤੇ ਵਿਅਕਤੀ ਆਪਣੀ ਬਿਮਾਰੀ ਦਾ ਇਲਾਜ ਕਰਵਾ ਸਕਦਾ ਹੈ, ਜਿਸ ਲਈ 10 ਲੱਖ ਰੁਪਏ ਤੱਕ ਕੈਸ਼ਲੈੱਸ ਦੀ ਰਾਹਤ ਪ੍ਰਦਾਨ ਕੀਤੀ ਗਈ ਹੈ।

ਇਸ ਮੌਕੇ ਵੀ.ਐਲ.ਈ ਪਵਿੱਤਰ ਸਿੰਘ, ਕੁਲਵਿੰਦਰ ਸਿੰਘ ਘੁੰਮਣ ਪੀ.ਐਚ.ਸੀ ਭੁੱਲਰ, ਕਰਮਜੀਤ ਕੌਰ ਆਸ਼ਾ ਵਰਕਰ ਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

## ਮੋਦੀ ਸਰਕਾਰ ਦੀਆਂ ਗਲਤ ਨੀਤੀਆਂ ਕਰਕੇ ਲੋਕ ਤੰਗ : ਪ੍ਰੋ. ਹਰਪ੍ਰੀਤ ਸਿੰਘ



ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)-ਮਿਡਲ ਈਸਟ ਵਿਚ ਚੱਲ ਰਹੇ ਯੁੱਧ ਕਰਕੇ ਜਿਥੇ ਸਾਰਾ ਸੰਸਾਰ ਪ੍ਰਭਾਵਿਤ ਹੋਇਆ ਹੈ ਪਰੰਤੂ ਵੱਖ ਵੱਖ ਦੇਸ਼ਾਂ ਦੇ ਮੁਖੀਆਂ ਵਲੋਂ ਸੁਚੱਜੇ ਢੰਗ ਨਾਲ ਆਪਣੇ ਮੁਲਕਾਂ ਨੂੰ ਤੰਗੀ ਤੋਂ ਕੱਢਿਆ ਜਾ ਰਿਹਾ ਹੈ ਪਰੰਤੂ ਮੋਦੀ ਸਰਕਾਰ ਦੇ ਲੋਕ ਮਾਰੂ ਫੈਸਲਿਆਂ ਕਰਕੇ ਲੋਕ ਤੰਗੀ ਭਰੇ ਸਮੇਂ ਵਿਚ ਰਹਿ ਰਹੇ ਹਨ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਤੇ ਬੁਲਾਰੇ ਪ੍ਰੋਫੈਸਰ ਹਰਪ੍ਰੀਤ ਸਿੰਘ ਕੋਟ ਮੁਹੰਮਦ ਖ਼ਾਨ ਨੇ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਘਰੇਲੂ ਗੈਸ ਸਿਲੰਡਰ ਜਿਸ ਦੀ ਬੁਕਿੰਗ ਦੀ ਮਿਆਦ ਮੁੜ 45 ਦਿਨ ਕਰ ਦੇਣ ਨਾਲ ਲੋਕ ਗੈਸ ਦੀ ਕਿੱਲਤ ਨਾਲ ਜੂਝ ਰਹੇ ਹਨ। ਉਨ੍ਹਾਂ ਕਿਹਾ ਕਿ ਜਿਸ ਘਰ ਦਾ ਗੈਸ ਸਿਲੰਡਰ 1 ਮਹੀਨੇ ਵਿਚ ਮੁੱਕ ਜਾਂਦਾ ਹੈ ਉਹ ਉਪਰਲੇ 15 ਦਿਨ ਕਿਸ ਆਸਰੇ ਆਪਣੇ ਘਰ ਦਾ ਚੁੱਲ੍ਹਾ ਚਲਾਵੇਗਾ। ਉਨ੍ਹਾਂ ਸਰਕਾਰ ਪਾਸੋਂ ਪੁਰਜ਼ੋਰ ਮੰਗ ਕਰਦਿਆਂ ਗੈਸ ਸਿਲੰਡਰ ਦੀ ਬੁਕਿੰਗ ਮੁੜ 25 ਦਿਨ ਬਾਦ ਕੀਤੇ ਜਾਣ ਬਾਰੇ ਕਿਹਾ। ਉਨ੍ਹਾਂ ਕਿਹਾ ਕਿ ਜਿਹੜੇ ਵੀ ਗੈਸ ਏਜੰਸੀਆਂ ਵਾਲੇ ਇਸ ਸਮੇਂ ਕਾਲਾਬਜ਼ਾਰੀ ਕਰ ਰਹੇ ਹਨ ਜਾਂ ਕਰਵਾ ਰਹੇ ਹਨ, ਖਿਲਾਫ ਵੀ ਕਾਰਵਾਈ ਦੀ ਮੰਗ ਕੀਤੀ।

## ਸ਼ੇਖਚੱਕ 'ਚ ਬ੍ਰਹਮਪੁਰਾ ਵੱਲੋਂ ਅਕਾਲੀ ਵਰਕਰ ਮਿਲਣੀ



ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)-ਵਿਧਾਨ ਸਭਾ ਹਲਕਾ ਸ੍ਰੀ ਖਡੂਰ ਸਾਹਿਬ ਦੇ ਪਿੰਡਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਅਤੇ ਸਾਬਕਾ ਵਿਧਾਇਕ ਰਵਿੰਦਰ ਸਿੰਘ ਬ੍ਰਹਮਪੁਰਾ ਵੱਲੋਂ ਵਰਕਰ ਮਿਲਣੀਆਂ ਦਾ ਸਿਲਸਿਲਾ ਲਗਾਤਾਰ ਜਾਰੀ ਹੈ। ਇਸ ਤਹਿਤ ਪਿੰਡ ਸ਼ੇਖ-ਚੱਕ ਵਿਖੇ ਸਾਬਕਾ ਸਰਪੰਚ ਹਰਜਿੰਦਰ ਸਿੰਘ ਦੇ ਗ੍ਰਹਿ ਵਿਖੇ ਅਕਾਲੀ ਵਰਕਰਾਂ ਨਾਲ ਮੁਲਾਕਾਤ ਕੀਤੀ ਗਈ। ਜਿਸ ਮੌਕੇ ਚੇਅਰਮੈਨ ਗੁਰਸੇਵਕ ਸਿੰਘ ਸ਼ੇਖ ਕੋਰ ਕਮੇਟੀ ਮੈਂਬਰ ਯੂਥ ਅਕਾਲੀ ਦਲ ਨੇ ਵੀ ਵਰਕਰਾਂ ਨੂੰ ਸੰਬੋਧਨ ਕੀਤਾ।ਰਵਿੰਦਰ ਸਿੰਘ ਬ੍ਰਹਮਪੁਰਾ ਅਤੇ ਗੁਰਸੇਵਕ ਸਿੰਘ ਸ਼ੇਖ ਨੇ ਆਮ ਆਦਮੀ ਪਾਰਟੀ ਅਤੇ ਮੁੱਖ ਮੰਤਰੀ ਭਗਵੰਤ ਮਾਨ 'ਤੇ ਨਿਸ਼ਾਨਾ ਸਾਧਦੇ ਹੋਏ ਕਿਹਾ ਕਿ ਉੱਚ ਅਹੁਦੇ 'ਤੇ ਹੋਣ ਦੇ ਬਾਵਜੂਦ ਮੁੱਖ ਮੰਤਰੀ ਵੱਡੀਆਂ ਸਟੇਜਾਂ ਤੋਂ ਸਿਰਫ਼ ਹਲਕੀਆਂ ਗੱਲਾਂ ਕਰਦੇ ਹਨ ਅਤੇ ਪੰਜਾਬ ਦੇ ਅਸਲ ਮੁੱਦਿਆਂ 'ਤੇ ਕੋਈ ਧਿਆਨ ਨਹੀਂ ਦਿੱਤਾ ਜਾ ਰਿਹਾ। ਬ੍ਰਹਮਪੁਰਾ ਨੇ ਕਿਹਾ ਕਿ ਜੇਕਰ ਹਰ ਵਰਕਰ ਆਪਣੀ ਜ਼ਿੰਮੇਵਾਰੀ ਨਿਭਾਏ ਅਤੇ ਇਕਜੁੱਟ ਹੋ ਕੇ ਮਿਹਨਤ ਕਰੇ ਤਾਂ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਬਹੁਮਤ ਨਾਲ ਜਿੱਤ ਹਾਸਲ ਕਰ ਸਕਦਾ ਹੈ।ਇਸ ਮੌਕੇ ਜਥੇਦਾਰ ਕਰਤਾਰ ਸਿੰਘ ਸਰਪੰਚ ਸ਼ੇਖ-ਚੱਕ, ਰਸ਼ਪਾਲ ਸਿੰਘ ਮੈਂਬਰ ਪੰਚਾਇਤ, ਕਿਸ਼ਨ ਸਿੰਘ ਮੈਂਬਰ ਪੰਚਾਇਤ, ਜਸਪਾਲ ਸਿੰਘ ਸਾਬਕਾ ਸਰਪੰਚ ਪਿੰਡ ਲਾਲਪੁਰਾ, ਜਥੇਦਾਰ ਗੁਰਪ੍ਰੀਤ ਸਿੰਘ ਲਾਲਪੁਰਾ, ਕਰਤਾਰ ਸਿੰਘ, ਅਮਰਜੀਤ ਸਿੰਘ ਪ੍ਰਧਾਨ, ਰਾਜਬੀਰ ਸਿੰਘ, ਸ਼ਿੰਦਰ ਸਿੰਘ, ਸਰਬਜੀਤ ਸਿੰਘ, ਕੁਲਵੰਤ ਸਿੰਘ, ਕੇਵਲ ਸਿੰਘ, ਚੈਂਚਲ ਸਿੰਘ, ਮੰਗਲ ਸਿੰਘ, ਧਰਮਿੰਦਰ ਸਿੰਘ ਆਦਿ ਅਕਾਲੀ ਵਰਕਰ ਹਾਜ਼ਰ ਸਨ।

## ਬਿਜਲੀ ਵਿਭਾਗ 90 ਫੀਸਦ ਘਰਾਂ ਨੂੰ ਮੁਫ਼ਤ ਬਿਜਲੀ ਦੇ ਕੇ ਵੀ ਕਮਾ ਰਿਹੈ ਮੁਨਾਫ਼ਾ : ਸ਼ੈਰੀ ਕਲਸੀ

**ਬਟਾਲਾ (ਡਾਕਟਰ ਮਲਵਿੰਦਰ ਸਿੰਘ)**- ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪਿਛਲੇ ਚਾਰ ਸਾਲਾਂ ਵਿੱਚ ਲੋਕਹਿੱਤ ਵਿੱਚ ਵੱਡੇ ਫੈਸਲੇ ਲਏ ਹਨ ਅਤੇ ਲੋਕਾਂ ਨਾਲ ਕੀਤੀਆਂ ਗਰੰਟੀਆਂ ਪੂਰੀਆਂ ਕੀਤੀਆਂ ਹਨ।ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਅਧੀਨ ਪੰਜਾਬ ਦੇ ਬਿਜਲੀ ਖੇਤਰ ਵਿੱਚ ਵੱਡਾ ਢਾਂਚਾਗਤ ਬਦਲਾਅ ਆਇਆ ਹੈ। ਕਿਸੇ ਸਮੇਂ ਘਾਟੇ ਵਿੱਚ ਚੱਲ ਰਿਹਾ ਇਹ ਵਿਭਾਗ ਹੁਣ 90 ਫੀਸਦੀ ਘਰਾਂ ਨੂੰ ਮੁਫ਼ਤ ਬਿਜਲੀ ਪ੍ਰਦਾਨ ਕਰ ਕੇ ਵੀ ਮੁਨਾਫ਼ਾ ਕਮਾ ਰਿਹਾ ਹੈ।ਉਨ੍ਹਾਂ ਕਿਹਾ ਕਿ ਸਰਕਾਰ ਨੇ ਨਾ ਸਿਰਫ਼ 600 ਯੂਨਿਟ ਮੁਫ਼ਤ ਬਿਜਲੀ ਰਾਹੀਂ ਬਹੁਗਿਣਤੀ ਪਰਿਵਾਰਾਂ ਲਈ ਜ਼ੀਰੋ ਬਿਜਲੀ ਬਿੱਲ ਯਕੀਨੀ ਬਣਾਏ, ਸਗੋਂ 540 ਮੈਗਾਵਾਟ ਗੋਇੰਦਵਾਲ ਥਰਮਲ ਪਾਵਰ ਪਲਾਂਟ ਨੂੰ ਖ਼ਰੀਦ ਕੇ ਬਿਜਲੀ ਉਪਲਬਧਤਾ ਵਿੱਚ ਅਹਿਮ ਸੁਧਾਰ ਕੀਤੇ ਹਨ।ਉਨ੍ਹਾਂ ਕਿਹਾ ਕਿ ਵਪਾਰਕ ਅਤੇ ਉਦਯੋਗਿਕ ਖਪਤਕਾਰਾਂ ਸਮੇਤ ਹੋਰ ਸ਼੍ਰੇਣੀਆਂ ਲਈ ਟੈਰਿਫ ਘਟਾਏ ਗਏ ਹਨ, ਕਿਸਾਨਾਂ ਨੂੰ ਨਿਰਵਿਘਨ ਬਿਜਲੀ ਸਪਲਾਈ ਮਿਲ ਰਹੀ ਹੈ ਅਤੇ ਨਵੇਂ ਸਬ-ਸਟੇਸ਼ਨਾਂ ਅਤੇ ਟ੍ਰਾਂਸਫਾਰਮਰਾਂ ਰਾਹੀਂ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕੀਤਾ ਗਿਆ ਹੈ।ਵਿਧਾਇਕ ਸ਼ੈਰੀ ਕਲਸੀ ਨੇ ਦੱਸਿਆ ਕਿ ਬਿਜਲੀ ਖੇਤਰ ਵਿੱਚ 9593 ਨੌਜਵਾਨਾਂ ਨੂੰ ਨੌਕਰੀਆਂ ਦਿੱਤੀਆਂ ਗਈਆਂ ਹਨ ਅਤੇ 1750 ਹੋਰ ਅਸਾਮੀਆਂ ਲਈ ਭਰਤੀ ਜਾਰੀ ਹੈ। ਪੰਜਾਬ ਬਿਜਲੀ ਵਿਭਾਗ (ਪੀਐਸਪੀਸੀਐਲ) ਵੱਲੋਂ ਏ+ ਰੇਟਿੰਗ ਹਾਸਲ ਕਰਨਾ, ਰਾਸ਼ਟਰੀ ਪੱਧਰ 'ਤੇ ਦੂਜਾ ਸਥਾਨ ਮਿਲਣਾ ਪੰਜਾਬ ਨੂੰ ਬਿਜਲੀ ਵਿੱਚ ਆਤਮ-ਨਿਰਭਰ ਬਣਾਉਣ ਅਤੇ ਲੋਕਾਂ ਲਈ 24 ਘੰਟੇ ਮੁਫ਼ਤ ਬਿਜਲੀ ਸਪਲਾਈ ਲਈ ਸੂਬਾ ਸਰਕਾਰ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ।

# ਸਰਕਾਰ ਤੋਂ ਆੜ੍ਹਤੀ ਪ੍ਰਤੀ ਮੰਗਾਂ ਮਨਵਾਉਣ ਲਈ ਸਿਰ ਤੋੜ ਯਤਨ ਕਰਾਂਗੇ : ਪ੍ਰਧਾਨ ਬਹਿਲ, ਰਾਣਾ

ਅਟਾਰੀ ( ਸਤਬੀਰ ) -ਜਿੱਥੇ ਕਿ ਪੰਜਾਬ ਆੜ੍ਹਤੀ ਯੂਨੀਅਨ ਤੇ ਅੰਮ੍ਰਿਤਸਰ ਦਾਨਾ ਮੰਡੀ ਭਗਤਾਂ ਵਾਲਾ ਦੀ ਯੂਨੀਅਨ ਦੋਫਾੜ ਹੋ ਚੁੱਕੀ ਹੈ, ਇਹ ਜੱਗ ਜ਼ਾਹਰ ਹੋ ਗਿਆ ਹੈ ਕਿ ਆੜ੍ਹਤੀਆਂ ਦਾ ਏਕਾ ਨਹੀਂ ਰਿਹਾ। ਇੱਕ ਧੜਾ ਕਹਿੰਦਾ ਕਿ ਮੰਡੀ ਖੋਲ੍ਹੀ ਜਾਵੇਗੀ, ਦੂਜੇ ਧੜੇ ਨੇ ਮੰਡੀ ਵਿੱਚ ਹੜਤਾਲ ਦੀ ਕਾਲ ਦਿੱਤੀ ਹੋਈ ਸੀ ਪਰ ਉਹਨਾਂ ਨੇ ਵੀ ਹੜਤਾਲ ਵਾਪਸ ਲੈ ਕੇ ਮੰਡੀ ਖੋਲ੍ਹ ਦਿੱਤੀ ਹੈ, ਜਿਸ ਕਾਰਨ ਆੜ੍ਹਤੀ ਭਰਾਵਾਂ ਦੀ ਦੋਗਲੀ ਨੀਤੀ ਜਗ ਜ਼ਾਹਰ ਹੋ ਗਈ ਹੈ। ਮਾਮਲਾ ਢਾਈ% ਦਾਮੀ ਦਾ ਸੀ ਜੋ ਕਿ ਹੁਣ ਠੰਢੇ ਬਸਤੇ ਵਿੱਚ ਪਾ ਦਿੱਤਾ ਗਿਆ ਹੈ। ਦੂਸਰੇ ਪਾਸੇ ਜ਼ਿਲ੍ਹਾ ਅੰਮ੍ਰਿਤਸਰ ਮੰਡੀ ਭਗਤਾਂ ਵਾਲੇ ਦੇ ਪ੍ਰਧਾਨ ਨਰਿੰਦਰ ਬਹਿਲ ਤੇ ਅਟਾਰੀ ਮੰਡੀ ਦੇ ਸਾਬਕਾ ਪ੍ਰਧਾਨ ਜੋਗਿੰਦਰ ਸਿੰਘ ਰਾਣਾ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ ਕਣਕ ਦੀ ਢੋਆ ਢਵਾਈ ਨੂੰ ਲੈ ਕੇ ਜਿੱਥੇ ਟਰਾਂਸਪੋਰਟ ਵੀਰ ਆੜ੍ਹਤੀਆਂ ਨੂੰ ਡਾਢੇ ਤੰਗ ਪਰੇਸ਼ਾਨ ਕਰਦੇ ਹਨ ਤੇ ਕਈਆਂ ਆੜ੍ਹਤੀਆਂ ਨੂੰ ਕਣਕ ਦੇ ਸੀਜ਼ਨ ਕਣਕ ਦੀ ਲਿਫਟਿੰਗ ਕਰਾਉਣ ਵਾਸਤੇ ਗੱਡੀਆਂ (ਟਰੱਕ) ਨਹੀਂ ਮਿਲਦੀਆਂ ਤੇ ਕਈਆਂ ਆੜ੍ਹਤੀਆਂ ਨੂੰ ਕੋਲੋਂ ਪੈਸੇ ਦੇ ਕੇ ਕਣਕ ਦੀ ਢੋਆ ਢਵਾਈ ਕਰਾਉਣੀ ਪੈਂਦੀ ਹੈ ਜਿਸ ਦੇ ਪੈਸੇ ਸਰਕਾਰ ਟਰਾਂਸਪੋਰਟ ਦੇ ਠੇਕੇਦਾਰ ਦੇ ਖਾਤੇ ਵਿੱਚ ਪਾ ਦਿੰਦੀ ਹੈ। ਪਿੱਛੋਂ ਟਰਾਂਸਪੋਰਟ ਠੇਕੇਦਾਰ ਕੋਈ ਪੱਲਾ ਨਹੀਂ ਫੜਾਉਂਦਾ ਤੇ ਕਿਰਾਇਆ ਦੇਣ ਤੋਂ ਆਨਾਕਾਨੀ ਕਰਦਾ ਹੈ ਜਿਸ ਕਾਰਨ ਮਾੜਾ ਆੜ੍ਹਤੀਆ ਜਾਂ ਮੰਡੀ ਪ੍ਰਧਾਨ ਕੋਲ ਜਾਂ ਸਰਕਾਰੇ ਦਰਬਾਰੇ ਗੇੜੇ ਕੱਢ ਕੱਢ ਕੇ ਹੰਭ ਜਾਂਦਾ ਹੈ, ਪਿੱਛੋਂ ਉਹਦੇ ਪੱਲੇ ਨਰਾਜ਼ਗੀ ਹੀ ਪੈਂਦੀ ਹੈ। ਆੜ੍ਹਤੀ ਯੂਨੀਅਨ ਦੇ ਪ੍ਰਧਾਨ ਨਰਿੰਦਰ ਬਹਿਲ ਤੇ ਰਾਣਾ ਘਰਿੰਡਾ ਨੇ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਹੈ ਕਿ ਕਣਕ ਦੀ ਢੋਆ ਢਵਾਈ ਵਾਸਤੇ ਹਰੇਕ ਆੜ੍ਹਤੀ ਨੂੰ ਉਹਦੇ ਖਾਤੇ ਵਿੱਚ ਪੈਸੇ ਪਾਏ ਜਾਣ ਤਾਂ ਕਿ ਸਰਕਾਰ ਵੱਲੋਂ ਖਰੀਦੀ ਹੋਈ ਕਣਕ ਸਮੇਂ ਸਿਰ ਸਰਕਾਰੀ ਗੁਦਾਮਾਂ ਵਿੱਚ ਪਹੁੰਚ ਸਕੇ ਜਿਸ ਕਾਰਨ ਕਣਕ ਖਰਾਬ ਹੋਣ ਤੋਂ ਵੀ ਬਚੇਗੀ ਤੇ ਕਣਕ ਦੀ ਕਵਾਲਟੀ ਵੀ ਵਧੀਆ ਰਹੇਗੀ ਤੇ ਆੜ੍ਹਤੀਆਂ ਤੇ ਸਰਕਾਰੀ ਅਧਿਕਾਰੀਆਂ ਦੇ ਟਾਈਮ ਦੀ ਵੀ ਬੱਚਤ ਹੋਵੇਗੀ। ਪ੍ਰਧਾਨ ਨਰਿੰਦਰ ਬਹਿਲ ਤੇ ਪ੍ਰਧਾਨ ਰਾਣਾ ਘਰਿੰਡਾ ਨੇ ਮੰਗ ਕੀਤੀ ਹੈ ਕਿ ਹਰੇਕ ਆੜ੍ਹਤੀ ਦਾ ਆਪੋ ਆਪਣਾ ਟੈਂਡਰ ਹੋਣਾ ਚਾਹੀਦਾ ਹੈ ਤਾਂ ਕਿ ਕਿਸੇ ਨੂੰ ਕੋਈ ਪਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ ਤੇ ਕਣਕ ਦੀ ਲਿਫਟਿੰਗ ਟਾਈਮ ਸਿਰ ਹੋਵੇ ਤੇ ਆੜ੍ਹਤੀਆਂ ਦੀ ਦਾਮੀ ਸਮੇਂ ਸਿਰ ਮਿਲ ਸਕੇ। ਅਖੀਰ ਵਿੱਚ ਪ੍ਰਧਾਨ ਨਰਿੰਦਰ ਬਹਿਲ, ਰਾਣਾ ਘਰਿੰਡਾ ਨੇ ਕਿਹਾ ਕਿ ਅਟਾਰੀ ਆੜ੍ਹਤੀ ਯੂਨੀਅਨ ਰਾਣਾ ਗਰੁੱਪ ਤੇ ਪ੍ਰਧਾਨ ਅੰਮ੍ਰਿਤਸਰ ਮੰਡੀ ਭਗਤਾਂ ਵਾਲਾ ਬਹਿਲ ਗਰੁੱਪ ਆੜ੍ਹਤੀਆ ਦੀਆਂ ਮੁਸ਼ਕਲਾਂ ਹੱਲ ਕਰਾਉਣ ਲਈ ਇਹ ਜਥੇਬੰਦੀਆਂ ਸਿਰ ਤੋੜ ਯਤਨ ਕਰਨਗੀਆਂ ਤੇ ਸਰਕਾਰ ਕੋਲ ਮੰਗਾ ਮਨਵਾ ਕੇ ਹੀ ਸਾਹ ਲੈਣਗੀਆਂ।

# ਡਾ. ਇੰਦਰਪਾਲ ਨੇ ਰੇਲਵੇ ਵੱਲੋਂ ਕੰਧ ਬਣਾਉਣ ਦਾ ਕੀਤਾ ਵਿਰੋਧ



ਛੇਹਰਟਾ, (ਮਨੋਜ ਕੁਮਾਰ)- ਵੀਰਵਾਰ ਨੂੰ ਵਾਰਡ ਨੰਬਰ 66 ਵਿਚ ਪੈਂਦੇ ਇਲਾਕਿਆਂ ਇੰਦਰਾ ਪੁਰੀ, ਸੁੰਦਰ ਨਗਰ, ਰਵੀਦਾਸ ਨਗਰ ਤੇ ਕੋਟ ਖ਼ਾਲਸਾ ਦੇ ਵਸਨੀਕਾਂ ਨੇ ਵੱਡੀ ਗਿਣਤੀ ਵਿਚ ਇਕੱਠੇ ਹੋ ਕੇ ਰੇਲਵੇ ਵੱਲੋਂ ਬਣਾਈ ਜਾ ਰਹੀ ਕੰਧ ਦਾ ਵਿਰੋਧ ਕੀਤਾ। ਇਸ ਮੌਕੇ ਆਮ ਆਦਮੀ ਪਾਰਟੀ ਐਸ.ਸੀ. ਵਿੰਗ ਦੇ ਜ਼ਿਲ੍ਹਾ ਪ੍ਰਧਾਨ ਡਾ. ਇੰਦਰਪਾਲ ਤੇ ਕੌਂਸਲਰ ਵਿਰਾਟ ਦੇਵਗਨ ਵੀ ਮੌਕੇ 'ਤੇ ਪੱਜੇ ਅਤੇ ਉਥੇ ਮੌਜੂਦ ਰੇਲਵੇ ਵਿਭਾਗ ਦੇ ਅਧਿਕਾਰੀਆਂ ਨਾਲ ਗੱਲਬਾਤ ਕੀਤੀ। ਮੌਕੇ 'ਤੇ ਮੌਜੂਦ ਅਧਿਕਾਰੀਆਂ ਨੇ ਉਕਤ ਆਗੂਆਂ ਨੂੰ ਦੱਸਿਆ ਕਿ ਉਹ ਇਸ ਸਬੰਧ ਵਿਚ ਰੇਲ ਵਿਭਾਗ ਦੇ ਸੀਨੀਅਰ ਅਧਿਕਾਰੀਆਂ ਨਾਲ ਗੱਲ ਕਰਨ। ਡਾ. ਇੰਦਰਪਾਲ ਨੇ ਦੱਸਿਆ ਕਿ ਉਨ੍ਹਾਂ ਉਕਤ ਇਲਾਕਾ ਵਾਸੀਆਂ ਦੀ ਮੁਸ਼ਕਲ ਦੇ ਹੱਲ ਲਈ ਮੌਕੇ 'ਤੇ ਹੀ ਰੇਲ ਵਿਭਾਗ ਦੇ ਸੀਨੀਅਰ ਅਧਿਕਾਰੀਆਂ ਨਾਲ ਸੰਪਰਕ ਕਰਨ ਦੀ ਕੋਸ਼ਿਸ਼ ਕੀਤੀ ਪਰ ਕਿਸੇ ਵੀ ਅਧਿਕਾਰੀ ਨੇ ਫੋਨ ਨਾ ਸੁਣਿਆ। ਉਨ੍ਹਾਂ ਕਿਹਾ ਕਿ ਉਹ ਲੋਕਾਂ ਦੀ ਇਸ ਮੁਸ਼ਕਲ ਦੇ ਹੱਲ ਲਈ ਛੇਤੀ ਹੀ ਰੇਲਵੇ ਦੀ ਫਿਰੋਜ਼ਪੁਰ ਡਵੀਜ਼ਨ ਦੇ ਉੱਚ ਅਧਿਕਾਰੀਆਂ ਨੂੰ ਮਿਲਣਗੇ। ਉਨ੍ਹਾਂ ਕਿਹਾ ਕਿ ਇਨ੍ਹਾਂ ਇਲਾਕਿਆਂ ਦੇ ਵਸਨੀਕ ਪਿਛਲੇ ਕਈ ਦਹਾਕਿਆਂ ਤੋਂ ਇਥੇ ਰਹਿ ਰਹੇ ਹਨ। ਰੇਲਵੇ ਵੱਲੋਂ ਕੰਧ ਬਣਾਉਣ ਨਾਲ ਇਨ੍ਹਾਂ ਇਲਾਕਿਆਂ ਦੇ ਵਸਨੀਕਾਂ ਨੂੰ ਕਿਧਰੇ ਵੀ ਆਉਣ-ਜਾਣ ਲਈ ਲੰਮਾ ਪੈਂਡਾ ਤੈਅ ਕਰਨਾ ਪਵੇਗਾ। ਇਸ ਲਈ ਰੇਲਵੇ ਵਿਭਾਗ ਨੂੰ ਲੋਕਾਂ ਦੀ ਮੁਸ਼ਕਲ ਨੂੰ ਵੇਖਦੇ ਹੋਏ ਇਸ ਕੰਧ ਦਾ ਨਿਰਮਾਣ ਤੁਰੰਤ ਰੋਕ ਦੇਣਾ ਚਾਹੀਦਾ ਹੈ। ਇਸ ਮੌਕੇ ਹਰਪ੍ਰੀਤ ਸਿੰਘ ਸੋਢੀ, ਮਨਜੋਤ ਸਿੰਘ, ਗੁਰਪ੍ਰੀਤ ਸਿੰਘ, ਤਰਸੇਮ ਸਿੰਘ, ਸੁਰਜੀਤ ਸਿੰਘ, ਵਿਕਰਮ, ਜੀਤ ਸਿੰਘ, ਸਾਹਿਲ, ਗੁਰਦੇਵ ਕੌਰ, ਸੁਮਿੱਤਰਾ ਦੇਵੀ, ਪਰਮਿੰਦਰ ਕੌਰ, ਰਾਜਵਿੰਦਰ ਕੌਰ, ਗੁਰਮੀਤ ਕੌਰ ਸਮੇਤ ਵੱਡੀ ਗਿਣਤੀ ਵਿਚ ਇਲਾਕਾ ਵਾਸੀ ਮੌਜੂਦ ਸਨ।

## 81 ਵਿਦਿਆਰਥੀ ਅੰਮ੍ਰਿਤ ਛਕ ਕੇ ਗੁਰੂ ਵਾਲੇ ਬਣੇ



**ਝਬਾਲ (ਹਰਜਿੰਦਰ ਸਿੰਘ ਸੋਨੀ)**—ਬਾਬਾ ਬੁੱਢਾ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਬੀੜ ਸਾਹਿਬ ਵਿਖੇ ਡਾਇਰੈਕਟੋਰੇਟ ਆਫ਼ ਐਜੂਕੇਸ਼ਨ ਅਤੇ ਐਮ.ਐਮ.ਏ. ਲਾਇਨਜ਼ ਕਲੱਬ ਬਰਮਿੰਘਮ ਦੇ ਸਹਿਯੋਗ ਨਾਲ ਲਗਾਏ ਜਾ ਰਹੇ ਗੁਰਮਤਿ ਟ੍ਰੇਨਿੰਗ ਕੈਂਪ ਦੀ ਸ਼ੁਰੂਆਤ ਨਿਤਨੇਮ ਨਾਲ ਕੀਤੀ ਗਈ ਅਤੇ ਵਿਦਿਆਰਥੀਆਂ ਵੱਲੋਂ ਸ਼ਬਦ ਕੀਰਤਨ ਦੀ ਹਾਜ਼ਰੀ ਲਗਵਾਈ ਗਈ ਅਤੇ ਉਪਰੰਤ ਗੁਰੂ ਸਾਹਿਬ ਅੱਗੇ ਸਰਬੱਤ ਦੇ ਭਲੇ ਦੀ ਅਰਦਾਸ ਕਰਕੇ ਕੈਂਪ ਦੀ ਆਰੰਭਤਾ ਕੀਤੀ ਗਈ। ਗੁਰਮਤਿ ਟ੍ਰੇਨਿੰਗ ਕੈਂਪ ਦੇ ਚੌਥੇ ਦਿਨ ਗੁਰਦੁਆਰਾ ਬੀੜ ਬਾਬਾ ਬੁੱਢਾ ਸਾਹਿਬ ਦੇ ਮੀਰੀ ਪੀਰੀ ਹਾਲ ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਮੌਕੇ ਵੱਖ-ਵੱਖ ਸਕੂਲਾਂ ਦੇ 81 ਵਿਦਿਆਰਥੀ (35 ਲੜਕੇ ਤੇ 46 ਲੜਕੀਆਂ) ਅੰਮ੍ਰਿਤ ਛਕ ਕੇ ਗੁਰੂ ਵਾਲੇ ਬਣੇ, ਜਿਹਨਾਂ ਨੂੰ ਪੰਜ ਕਕਾਰ, ਚੋਲਾ, ਹਜ਼ੂਰੀਆ, ਦਸਤਾਰ ਫਰੀ ਦਿੱਤੇ ਗਏ। ਸਕੂਲ ਸਟਾਫ ਵੱਲੋਂ ਵੱਖ-ਵੱਖ ਸਿੱਖ ਸੂਰਬੀਰ ਯੋਧਿਆਂ ਦੀ ਪੇਂਟਿੰਗਾਂ ਬਣਾਈਆਂ ਗਈਆਂ।ਇਸ ਮੌਕੇ ਐਮ ਐਮ ਏ ਲਾਇਨਜ਼ ਕਲੱਬ ਦੇ ਸੇਵਾਦਾਰ ਸਤਵਿੰਦਰ ਸਿੰਘ, ਸੁਖਦੀਪ ਸਿੰਘ, ਜਤਿੰਦਰ ਸਿੰਘ, ਭੁਪਿੰਦਰ ਸਿੰਘ, ਪਰਮਜੀਤ ਸਿੰਘ, ਹਰਪਾਲ ਸਿੰਘ, ਮਨਦੀਪ ਸਿੰਘ, ਨਰਿੰਦਰ ਸਿੰਘ, ਗੁਰਮੁਖ ਸਿੰਘ, ਉਸਤਾਦ ਭਾਈ ਜਸਪਾਲ ਸਿੰਘ, ਪ੍ਰਿੰਸੀਪਲ ਡਾ. ਤਰਨਜੀਤ ਸਿੰਘ, ਪ੍ਰਿੰਸੀਪਲ ਮੈਡਮ ਜਗਰੂਪ ਕੌਰ, ਮੈਡਮ ਸੁਖਵਿੰਦਰ ਕੌਰ ਛੀਨਾ, ਪ੍ਰਿੰਸੀਪਲ ਪ੍ਰਭਜੀਤ ਸਿੰਘ, ਪ੍ਰਿੰਸੀਪਲ ਹਰਪ੍ਰੀਤ ਸਿੰਘ, ਪ੍ਰਿੰਸੀਪਲ ਮੈਡਮ ਧਰਮਬੀਰ ਕੌਰ, ਪ੍ਰਿੰਸੀਪਲ ਮੈਡਮ ਕੰਵਲਜੀਤ ਕੌਰ, ਪ੍ਰਿੰਸੀਪਲ ਮੈਡਮ ਮਮਤਾ ਕੌਰ, ਗੁਰਦੁਆਰਾ ਬੀੜ ਸਾਹਿਬ ਦੇ ਮੈਨੇਜਰ ਧਰਮਿੰਦਰ ਸਿੰਘ, ਮੀਤ ਮੈਨੇਜਰ ਗੁਰਜੀਤ ਸਿੰਘ, ਅਕਵਿੰਦਰ ਕੌਰ, ਡੀਪੀਈ ਗੁਰਮੀਤ ਸਿੰਘ, ਮਨਿੰਦਰ ਸਿੰਘ, ਜਸਬੀਰ ਸਿੰਘ ਆਦਿ ਹਾਜ਼ਰ ਸਨ।

# 2 ਅਮਰੀਕਨ ਗਊਆਂ ਤੇ 100 ਦੇਸੀ ਮੁਰਗੀਆਂ ਚੋਰੀ



ਮਜੀਠਾ (ਸੋਇਮ ਅਨੰਦ)- ਪੁਲਸ ਥਾਣਾ ਮਜੀਠਾ ਖੇਤਰ ਨੇੜੇ ਈਦਗਾਹ ਦੇ ਖੇਤਾਂ ਵਿਚ ਇੱਕ ਕਿਸਾਨ ਦੇ ਡੇਰੇ ਤੋਂ ਲਗਭਗ ਤਿੰਨ ਲੱਖ ਰੁਪਏ ਦੀ ਲਾਗਤ ਵਾਲੀਆਂ ਦੋ ਅਮਰੀਕਨ ਗਊਆਂ ਤੇ ਲਗਭਗ 100 ਦੇਸੀ ਮੁਰਗੀਆਂ ਚੋਰੀ ਹੋਣ ਦਾ ਸਮਾਚਾਰ ਹੈ। ਇਸ ਸਬੰਧੀ ਕਿਸਾਨ ਸਤਨਾਮ ਸਿੰਘ ਵਾਸੀ ਵਾਰਡ ਨੰਬਰ ਚਾਰ ਮਜੀਠਾ ਨੇ ਦੱਸਿਆ ਕਿ ਉਨ੍ਹਾਂ ਆਪਣੀ ਰੋਜ਼ੀ-ਰੋਟੀ ਲਈ ਖੇਤਾਂ ਵਿਚ ਅਮਰੀਕਨ ਗਊਆਂ ਤੇ ਦੇਸੀ ਮੁਰਗੀਆਂ ਰੱਖੀਆਂ ਸਨ । ਬੀਤੀ ਰਾਤ ਉਹ ਆਪਣੇ ਪੁੱਤਰ ਸੁਖਜਿੰਦਰ ਸਿੰਘ ਨਾਲ ਆਪਣੇ ਡੇਰੇ ਤੇ ਕਮਰੇ ਵਿੱਚ ਸੀ ਕਿ ਰਾਤ ਸਮੇਂ ਕੁਝ ਅਣਪਛਾਤੇ ਵਿਅਕਤੀਆਂ ਨੇ ਆ ਕੇ ਕਮਰੇ ਦਾ ਦਰਵਾਜ਼ਾ ਬਾਹਰੋਂ ਬੰਦ ਕਰਕੇ ਉਨ੍ਹਾਂ ਦੀਆਂ ਦੋਵੇਂ ਗਊਆਂ ਤੇ 100 ਦੇਸੀ ਮੁਰਗੀਆਂ ਚੋਰੀ ਕਰ ਲਈਆਂ। ਬਾਹਰ ਖੜਕੇ ਦੀ ਅਵਾਜ਼ ਸੁਣ ਕੇ ਉਨ੍ਹਾਂ ਦਰਵਾਜ਼ਾ ਖੋਲ੍ਹਣਾ ਚਾਹਿਆ ਤਾਂ ਚੋਰਾਂ ਨੇ ਬਾਹਰੋਂ ਗੋਲੀ ਮਾਰਨ ਦੀ ਧਮਕੀ ਦਿੱਤੀ। ਬਾਅਦ ਵਿਚ ਘਰ ਫੋਨ ਕਰਨ ਤੇ ਪਰਵਾਰਕ ਮੈਂਬਰ ਡੇਰੇ 'ਤੇ ਪਹੁੰਚੇ ਤਾਂ ਚੋਰ ਵਾਰਦਾਤ ਨੂੰ ਅੰਜਾਮ ਦੇ ਕੇ ਫਰਾਰ ਹੋ ਚੁੱਕੇ ਸਨ। ਚੋਰਾਂ ਵਲੋਂ ਰਾਖੀ ਲਈ ਰੱਖੇ ਕੁੱਤੇ ਨੂੰ ਵੀ ਕੋਈ ਜ਼ਹਿਰੀਲੀ ਚੀਜ ਦੇ ਦਿੱਤੀ ਸੀ। ਇਸ ਘਟਨਾ ਦੀ ਖਬਰ ਮਿਲਦਿਆਂ ਹੀ ਸਾਬਕਾ ਕੈਬਨਿਟ ਮੰਤਰੀ ਬਿਕਰਮ ਸਿੰਘ ਮਜੀਠੀਆ ਪੀੜਤ ਪਰਵਾਰ ਨਾਲ ਹਮਦਰਦੀ ਜ਼ਾਹਰ ਕਰਨ ਲਈ ਡੇਰੇ 'ਤੇ ਪਹੁੰਚੇ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮਜੀਠੀਆ ਨੇ ਕਿਹਾ ਕਿ ਪੀੜਤ ਪਰਵਾਰ ਵੱਲੋਂ ਪੁਲਸ ਨੂੰ ਇਤਲਾਹ ਦੇਣ ਦੇ ਬਾਵਜੂਦ ਕੋਈ ਪੁਲਸ ਅਧਿਕਾਰੀ ਵਾਰਦਾਤ ਜਗ੍ਹਾ 'ਤੇ ਨਹੀਂ ਪਹੁੰਚਿਆ। ਮਜੀਠੀਆ ਨੇ ਅੰਮ੍ਰਿਤਸਰ ਦਿਹਾਤੀ ਐਸ ਐਸ ਪੀ ਦੇ ਧਿਆਨ ਵਿੱਚ ਲਿਆ ਕੇ ਚੋਰਾਂ ਨੂੰ ਜਲਦ ਤੋਂ ਜਲਦ ਗ੍ਰਿਫਤਾਰ ਕਰਨ ਦੀ ਮੰਗ ਕੀਤੀ। ਉਨ੍ਹਾਂ ਕਿਹਾ ਕਿ ਇਸ ਘਟਨਾ ਕਾਰਨ ਕਿਸਾਨ ਨੂੰ ਆਰਥਿਕ ਪੱਖੋਂ ਦੋਹਰੀ ਮਾਰ ਪਈ ਹੈ, ਪਹਿਲਾਂ ਉਸ ਦੀ ਚਾਰ ਏਕੜ ਕਣਕ ਗੜ੍ਹਿਆਂ ਦੀ ਮਾਰ ਹੇਠ ਆ ਕੇ ਤਬਾਹ ਹੋ ਗਈ ਹੈ ਤੇ ਦੂਜੇ ਪਾਸੇ ਚੋਰਾਂ ਨੇ ਇਸ ਪੋਲਟਰੀ ਫਾਰਮ ਤੋਂ ਲਗਭਗ ਤਿੰਨ ਲੱਖ ਰੁਪਏ ਦਾ ਮਾਲ ਚੋਰੀ ਕਰ ਲਿਆ ।

ਉਨ੍ਹਾਂ ਇਹ ਵੀ ਦੱਸਿਆ ਕਿ ਸਤਨਾਮ ਸਿੰਘ ਦੇ ਪਰਵਾਰ ਦਾ ਗੁਜ਼ਾਰਾ ਇਸ ਫਾਰਮ ਤੋਂ ਦੁੱਧ ਅਤੇ ਆਂਡਿਆਂ ਤੋਂ ਹੁੰਦਾ ਸੀ, ਜੋ ਹੁਣ ਬੰਦ ਹੋ ਗਿਆ ਹੈ। ਉਨ੍ਹਾਂ ਮਾਨ ਸਰਕਾਰ ਤੋਂ ਪੀੜਤ ਪਰਵਾਰ ਨੂੰ ਉਚਿਤ ਮੁਆਵਜ਼ਾ ਦੇਣ ਦੀ ਮੰਗ ਕੀਤੀ।

## 9 ਮਈ ਨੂੰ ਲੱਗੇਗੀ ਰਾਸ਼ਟਰੀ ਲੋਕ ਅਦਾਲਤ



**ਪੱਟੀ (ਬਲਦੇਵ ਸਿੰਘ ਸੰਧੂ)** - ਰਾਸ਼ਟਰੀ ਕਾਨੂੰਨੀ ਸੇਵਾਵਾਂ ਅਥਾਰਟੀ ਅਤੇ ਕਾਰਜਕਾਰੀ ਚੇਅਰਮੈਨ ਅਤੇ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਐਸ.ਏ.ਐਸ ਨਗਰ ਦੀਆਂ ਹਦਾਇਤਾਂ ਅਨੁਸਾਰ ਜ਼ਿਲ੍ਹਾ ਤਰਨ ਤਾਰਨ ਵਿਚ ਇਸ ਸਾਲ ਦੀ ਦੂਜੀ ਕੌਮੀ ਲੋਕ ਅਦਾਲਤ 9 ਮਈ ਨੂੰ ਲਗਾਈ ਜਾ ਰਹੀ ਹੈ। ਜ਼ਿਲ੍ਹਾ ਅਤੇ ਸੈਸ਼ਨ ਜੱਜ-ਕਮ-ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਤਰਨ ਤਾਰਨ ਕੰਵਲਜੀਤ ਸਿੰਘ ਬਾਜਵਾ ਨੇ ਦੱਸਿਆ ਕਿ ਇਸ ਕੌਮੀ ਲੋਕ ਅਦਾਲਤ ਵਿਚ 138 ਐੱਨ.ਆਈ.ਐਕਟ, ਬੈਂਕ ਰਿਕਵਰੀ ਕੇਸ, ਲੇਬਰ ਕੇਸ, ਬਿਜਲੀ, ਪਾਣੀ ਅਤੇ ਕਮੇਟੀ ਘਰ ਦੇ ਹੋਰ ਕੇਸ ਜਿਵੇਂ ਕਿ ਸੀਵਰੇਜ, ਵਾਟਰ ਸਪਲਾਈ, ਹਾਊਸ ਟੈਕਸ, ਸਾਇਟ ਪਲੈਨ ਆਦਿ, ਸਾਰੇ ਤਰ੍ਹਾਂ ਦੇ ਸਿਵਲ ਕੇਸ, ਛੋਟੇ ਘੱਟ ਸਜ਼ਾ ਵਾਲੇ ਅਪਰਾਧ, ਵਿਆਹੁਤਾ ਝਗੜੇ, ਐਮ.ਏ.ਸੀ.ਟੀ (ਮੋਟਰ ਐਕਸੀਡੈਂਟ) ਦੇ ਕੇਸ, ਇੰਸ਼ੋਰੈਂਸ ਕਲੇਮ ਦੇ ਕੇਸਾਂ ਦਾ ਨਿਪਟਾਰਾ ਆਪਸੀ ਰਜ਼ਾਮੰਦੀ ਨਾਲ ਕੀਤਾ ਜਾਵੇਗਾ।

ਜ਼ਿਲ੍ਹਾ ਤੇ ਸੈਸ਼ਨ ਜੱਜ ਕੰਵਲਜੀਤ ਸਿੰਘ ਬਾਜਵਾ ਨੇ ਕਿਹਾ ਕਿ ਨੈਸ਼ਨਲ ਲੋਕ ਅਦਾਲਤ ਰਾਹੀਂ ਆਪਣੇ ਮੁਕੱਦਮੇ ਹੱਲ ਕਰਵਾਉਣ ਲਈ ਜਿਥੇ ਲੋਕਾਂ ਦੇ ਪੈਸੇ ਦੀ ਬੱਚਤ ਹੁੰਦੀ ਹੈ ਉਥੇ ਦੋਹਾਂ ਧਿਰਾਂ ਵਿਚ ਪਿਆਰ ਵੀ ਬਣਿਆ ਰਹਿੰਦਾ ਹੈ।

# ਜਬਰੀ ਥੋਪੇ ਟੈੱਟ ਖ਼ਿਲਾਫ਼ ਸੰਗਰੂਰ ਵਿਖੇ 11 ਨੂੰ ਰੋਸ ਮਾਰਚ ਕੀਤਾ ਜਾਵੇਗਾ : ਡੀ ਟੀ ਐੱਫ਼



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)- ਸੁਪਰੀਮ ਕੋਰਟ ਦੇ ਗੈਰ ਕੁਦਰਤੀ ਦਿੱਤੇ ਅਧਿਆਪਕ ਵਿਰੋਧੀ ਫੈਸਲੇ ਖਿਲਾਫ ਡੈਮੋਕ੍ਰੇਟਿਕ ਟੀਚਰਜ਼ ਫਰੰਟ ਪੰਜਾਬ ਅਤੇ ਟੈੱਟ ਖਿਲਾਫ ਲੜ ਰਹੀਆਂ ਸੰਘਰਸ਼ੀ ਜਥੇਬੰਦੀਆਂ ਵੱਲੋਂ ਸੰਘਰਸ਼ ਜਾਰੀ ਰੱਖਣ ਦਾ ਅਹਿਦ ਲੈਂਦੇ ਹੋਏ 11 ਅਪ੍ਰੈਲ ਨੂੰ ਸੰਗਰੂਰ ਵਿਖੇ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਦੇ ਘਰ ਵੱਲ ਰੋਸ ਮਾਰਚ ਕੀਤਾ ਜਾਵੇਗਾ। ਅਧਿਆਪਕਾਂ ਦੀ ਨੁਮਾਇੰਦਾ ਜਥੇਬੰਦੀ ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ ਪੰਜਾਬ ਦੇ ਸੂਬਾ ਪ੍ਰਧਾਨ ਦਿਗਵਿਜੇ ਪਾਲ ਸ਼ਰਮਾ ਅਤੇ ਸੂਬਾ ਸਕੱਤਰ ਰੇਸ਼ਮ ਸਿੰਘ ਖੇਮੂਆਣਾ ਨੇ ਇਸ ਬਾਰੇ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਟੀ.ਈ.ਟੀ. ਖਿਲਾਫ ਚਲਦੇ ਸੰਘਰਸ਼ ਵਿੱਚ ਸਿੱਖਿਆ ਮੰਤਰੀ ਪੰਜਾਬ ਸਰਕਾਰ ਵੱਲੋਂ ਜਥੇਬੰਦੀਆਂ ਨਾਲ ਮੀਟਿੰਗਾਂ ਵਿੱਚ ਵਾਅਦੇ ਕੀਤੇ ਸਨ ਕਿ ਟੀ.ਈ.ਟੀ. ਦੇ ਫੈਸਲੇ ਖਿਲਾਫ ਸੁਪਰੀਮ ਕੋਰਟ ਵਿੱਚ ਰੀਵਿਊ ਪਟੀਸ਼ਨ ਦਾਇਰ ਕੀਤੀ ਜਾਵੇਗੀ, ਵਿਧਾਨ ਸਭਾ ਵਿੱਚ ਅਧਿਆਪਕਾਂ ਦੇ ਹੱਕ ਵਿੱਚ ਬਿੱਲ ਪਾਸ ਪਾਸ ਕੀਤਾ ਜਾਵੇਗਾ, ਪਰ ਇਸ ਦੇ ਉਲਟ ਸਿੱਖਿਆ ਵਿਭਾਗ ਵੱਲੋਂ ਅਧਿਆਪਕਾਂ ਦੀ ਸੁਰੱਖਿਆ ਕਰਦੇ 2017 ਦੇ ਨੋਟੀਫਿਕੇਸ਼ਨ ਨੂੰ ਰੱਦ ਕਰਨਾ ਅਤੇ ਹਾਈਕੋਰਟ ਵਿੱਚ ਡਾਇਰੈਕਟਰ ਸਿੱਖਿਆ ਵਿਭਾਗ ਦੁਆਰਾ ਟੀ.ਈ.ਟੀ. ਪਾਸ ਤੋਂ ਬਿਨਾਂ ਪ੍ਰਮੋਸ਼ਨਾਂ ਨਾ ਕਰਨ ਦੇ ਦਿੱਤੇ ਹਲਫਨਾਮੇ ਤੋਂ ਜ਼ਾਹਰ ਹੋ ਗਿਆ ਹੈ ਕਿ ਸਰਕਾਰ ਅਤੇ ਸਿੱਖਿਆ ਵਿਭਾਗ ਅਧਿਆਪਕਾਂ ਨਾਲ ਵਾਅਦਾ ਖਿਲਾਫੀ ਕਰ ਰਿਹਾ ਹੈ।ਆਗੂਆਂ ਨੇ ਕਿਹਾ ਕਿ ਅਧਿਆਪਕਾਂ ਉਪਰ ਜਬਰੀ ਥੋਪੇ ਜਾ ਰਹੇ ਵਿਭਾਗੀ ਟੀ .ਈ .ਟੀ . ਦੇ ਟੈਸਟ ਨੂੰ ਲੈ ਕੇ ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ ਪੰਜਾਬ ਵੱਲੋਂ ਸੰਘਰਸ਼ੀ ਜਥੇਬੰਦੀਆਂ ਨਾਲ ਮਿਲ ਕੇ ਤਿੱਖਾ ਸੰਘਰਸ਼ ਜਾਰੀ ਰੱਖਣ ਦਾ ਫ਼ੈਸਲਾ ਲਿਆ ਹੈ। ਜਥੇਬੰਦੀ ਦੇ ਸੀਨੀਅਰ ਮੀਤ ਪ੍ਰਧਾਨ ਸਰਵਣ ਸਿੰਘ ਔਜਲਾ, ਮੀਤ ਪ੍ਰਧਾਨ ਸੁਖਵਿੰਦਰ ਸੁੱਖੀ, ਸੰਯੁਕਤ ਸਕੱਤਰ ਦਲਜੀਤ ਸਮਰਾਲਾ, ਵਿਤ ਸਕੱਤਰ ਜਸਵਿੰਦਰ ਬਠਿੰਡਾ, ਪ੍ਰੈਸ ਸਕੱਤਰ ਲਖਵੀਰ ਮੁਕਤਸਰ ਅਤੇ ਸਹਾਇਕ ਪ੍ਰੈਸ ਸਕੱਤਰ ਰਾਜਵਿੰਦਰ ਸਿੰਘ ਬੈਹਣੀਵਾਲ ਨੇ ਦੱਸਿਆ ਕਿ ਅਧਿਆਪਕਾਂ ਦੀਆ ਜਥੇਬੰਦੀਆਂ ਵੱਲੋਂ ਵਿਭਾਗੀ ਟੀ .ਈ .ਟੀ . ਦੇ ਖਿਲਾਫ 11 ਅਪ੍ਰੈਲ ਦੇ ਮੁੱਖ ਮੰਤਰੀ ਦੇ ਘਰ ਵੱਲ ਰੋਸ ਮਾਰਚ ਵਿੱਚ ਅਧਿਆਪਕਾਂ ਦੀਆਂ ਸਾਰੀਆਂ ਜਥੇਬੰਦੀਆਂ ਨੂੰ ਸ਼ਾਮਲ ਹੋਣ ਦੀ ਅਪੀਲ ਕੀਤੀ । ਉਹਨਾਂ ਅਧਿਆਪਕਾਂ ਨੂੰ ਵਿਸ਼ਵਾਸ ਦਿਵਾਇਆ ਕਿ ਕਿਸੇ ਵੀ ਅਧਿਆਪਕ ਦੀ ਨੌਕਰੀ ਨਹੀਂ ਜਾਣ ਦਿੱਤੀ ਜਾਵੇਗੀ। ਉਨ੍ਹਾਂ ਸਮੂਹ ਅਧਿਆਪਕਾਂ ਨੂੰ ਅਪੀਲ ਕੀਤੀ ਕਿ ਉਹ ਸਰਕਾਰ ਦੇ ਇਸ ਮਾਰੂ ਫੈਸਲੇ ਖਿਲਾਫ ਤਿੱਖੇ ਰੂਪ ਵਿੱਚ ਸਾਹਮਣੇ ਆਉਂਦੇ ਹੋਏ ਸੰਘਰਸ਼ਾਂ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣ।



# ਅਲਵਿਦਾ ਸਰਦਾਰ ਲਾਲ ਸਿੰਘ ਜੀ





## ਸੋਕ ਸੰਦੇਸ਼



ਮੇਰੇ ਸਤਿਕਾਰਯੋਗ ਪਿਤਾ ਜੀ ਸਰਦਾਰ ਲਾਲ ਸਿੰਘ ਜੀ, ਜਿਨ੍ਹਾਂ ਕਰਕੇ ਮੈਂ ਅੱਜ ਇਸ ਦੁਨੀਆਂ ਵਿੱਚ ਜਾਣਿਆ ਜਾਂਦਾ ਹਾਂ। ਉਨ੍ਹਾਂ ਦਾ ਇਸ ਦੁਨੀਆਂ ਤੋਂ ਜਾਣਾ ਪਰਿਵਾਰ ਅਤੇ ਪਾਰਟੀ ਲਈ ਇੱਕ ਨਾ ਸਹਿਣ ਯੋਗ ਘਾਟਾ ਹੈ। ਉਨ੍ਹਾਂ ਨੇ ਉਦੇਸ਼, ਇਮਾਨਦਾਰੀ ਅਤੇ ਅਟੱਲ ਵਚਨਬੱਧਤਾ ਵਾਲਾ ਜੀਵਨ ਬਤੀਤ ਕੀਤਾ। ਇੱਕ ਅਜਿਹੀ ਜ਼ਿੰਦਗੀ ਜਿੱਥੇ ਹਰ ਫੈਸਲਾ ਕਦਰਾਂ-ਕੀਮਤਾਂ ਦੁਆਰਾ ਨਿਰਦੇਸ਼ਤ ਹੁੰਦਾ ਸੀ, ਅਤੇ ਹਰ ਕਦਮ ਦੂਜਿਆਂ ਪ੍ਰਤੀ ਜ਼ਿੰਮੇਵਾਰੀ ਨਾਲ ਚੁੱਕਿਆ ਜਾਂਦਾ ਸੀ। ਉਨ੍ਹਾਂ ਦੀਆਂ ਯਾਦਾਂ, ਉਨ੍ਹਾਂ ਦੀਆਂ ਪ੍ਰਾਪਤੀਆਂ ਅਤੇ ਜੀਵਨ ਮੁੱਲ ਜਿਨ੍ਹਾਂ 'ਤੇ ਉਨ੍ਹਾਂ ਨੇ ਸਾਨੂੰ ਜੀਣਾ ਸਿਖਾਇਆ ਸੀ, ਸਾਡੇ ਦਿਲਾਂ 'ਤੇ ਹਮੇਸ਼ਾ ਲਈ ਉੱਕਰ ਗਏ ਹਨ।ਉਨ੍ਹਾਂ ਦੀ ਮਿਸਾਲੀ ਜ਼ਿੰਦਗੀ ਦੀ ਯਾਦ ਵਿੱਚ ਤੇ ਉਨ੍ਹਾਂ ਦੀ ਆਤਮਿਕ ਸ਼ਾਂਤੀ ਲਈ ਅੰਤਿਮ ਅਰਦਾਸ ਮੌਕੇ ਇਕ ਰੱਬ ਰੂਪੀ ਸ਼ਖ਼ਸੀਅਤ ਨੂੰ ਮੈਂ ਆਪਣੀ ਸ਼ਰਧਾ ਦੇ ਫੁੱਲ ਭੇਂਟ ਕਰਦਾ ਹੋਇਆ ਪ੍ਰਮਾਤਮਾ ਅੱਗੇ ਬੇਨਤੀ ਕਰਦਾ ਹਾਂ ਕਿ ਉਹਨਾਂ ਨੂੰ ਆਪਣੇ ਚਰਣਾਂ ਵਿਚ ਨਿਵਾਸ ਬਖ਼ਸ਼ਣ।

**-ਰਾਜਿੰਦਰ ਸਿੰਘ (ਸਪੁੱਤਰ), ਸਾਬਕਾ ਵਿਧਾਇਕ, ਸਮਾਣਾ**



ਸਰਦਾਰ ਲਾਲ ਸਿੰਘ ਜੀ ਕਾਂਗਰਸ ਪਾਰਟੀ ਦੇ ਇਕ ਨਿਸ਼ਠਾਵਾਨ, ਸੱਚੇ ਅਤੇ ਮਿਹਨਤੀ ਆਗੂ ਸਨ, ਜਿਨ੍ਹਾਂ ਨੇ ਆਪਣੀ ਪੂਰੀ ਜ਼ਿੰਦਗੀ ਪਾਰਟੀ ਅਤੇ ਲੋਕ ਸੇਵਾ ਲਈ ਸਮਰਪਿਤ ਰੱਖੀ। ਉਨ੍ਹਾਂ ਦੇ ਦੇਹਾਂਤ ਨਾਲ ਪਰਿਵਾਰ ਸਮੇਤ ਪੂਰੀ ਕਾਂਗਰਸ ਪਾਰਟੀ ਨੂੰ ਅਪਾਰ ਘਾਟਾ ਪਿਆ ਹੈ।ਅੰਤਿਮ ਅਰਦਾਸ ਦੇ ਇਸ ਦੁਖਦਾਈ ਮੌਕੇ 'ਤੇ ਮੈਂ ਉਨ੍ਹਾਂ ਨੂੰ ਆਪਣੀ ਨਿਮਰ ਸ਼ਰਧਾਂਜਲੀ ਭੇਟ ਕਰਦਾ ਹੋਇਆ ਕੋਟਿ-ਕੋਟਿ ਪ੍ਰਣਾਮ ਕਰਦਾ ਹਾਂ।

**-ਪ੍ਰਤਾਪ ਸਿੰਘ ਬਾਜਵਾ, ਨੇਤਾ ਵਿਰੋਧੀ ਧਿਰ, ਵਿਧਾਨ ਸਭਾ, ਪੰਜਾਬ**

## ਭੋਗ ਅਤੇ ਅੰਤਿਮ ਅਰਦਾਸ

**ਮਿਤੀ: 10 ਅਪ੍ਰੈਲ 2026, ਸਮਾਂ: ਦੁਪਹਿਰ 12:00 ਵਜੇ**

**ਸਥਾਨ: ਗੁਰਦੁਆਰਾ ਸ੍ਰੀ ਮੋਤੀ ਬਾਗ ਸਾਹਿਬ, ਪਟਿਆਲਾ**

ਆਪ ਜੀ ਨੂੰ ਅੰਤਿਮ ਅਰਦਾਸ ਵਿਚ ਸ਼ਾਮਲ ਹੋਣ ਦੀ ਬੇਨਤੀ ਕੀਤੀ ਜਾਂਦੀ ਹੈ।

## ਸੋਕ ਸੰਦੇਸ਼

ਸਰਦਾਰ ਲਾਲ ਸਿੰਘ ਜੀ ਆਲ ਇੰਡੀਆ ਕਾਂਗਰਸ ਪਾਰਟੀ ਦੇ ਇਕ ਇਮਾਨਦਾਰ, ਮਿਹਨਤੀ ਅਤੇ ਪਾਰਟੀ ਦੇ ਇਕ ਵਫ਼ਾਦਾਰ ਜੁਝਾਰੂ ਆਗੂ ਸਨ ਜਿਨ੍ਹਾਂ ਨੇ ਇਕ ਸਧਾਰਨ ਪਰਿਵਾਰ ਵਿਚ ਜਨਮ ਲੈ ਕੇ ਆਪਣੇ ਅੰਤਿਮ ਸਮੇਂ ਤੱਕ ਕਾਂਗਰਸ ਪਾਰਟੀ ਨੂੰ ਮਜਬੂਤ ਕਰਨ ਲਈ ਆਪਣਾ ਵਿਸ਼ੇਸ਼ ਯੋਗਦਾਨ ਦਿੱਤਾ। ਉਨ੍ਹਾਂ ਦੀ ਅੰਤਿਮ ਅਰਦਾਸ ਮੌਕੇ ਮੈਂ ਇਨ੍ਹਾਂ ਨੂੰ ਆਪਣੀ ਸ਼ਰਧਾ ਦੇ ਫੁੱਲ ਭੇਟ ਕਰਦਾ ਹੋਇਆ ਉਨ੍ਹਾਂ ਨੂੰ ਕੋਟਿ-ਕੋਟਿ ਪ੍ਰਣਾਮ ਕਰਦਾ ਹਾਂ।

**-ਰਾਹੁਲ ਗਾਂਧੀ, ਨੇਤਾ (ਵਿਰੋਧੀ ਧਿਰ)**



ਸਰਦਾਰ ਲਾਲ ਸਿੰਘ ਜੀ ਕਾਂਗਰਸ ਪਾਰਟੀ ਦੇ ਇਕ ਬੇਦਾਗ, ਇਮਾਨਦਾਰ ਆਗੂ ਸਨ, ਜਿਨ੍ਹਾਂ ਨੇ ਆਪਣੀ ਸਾਰੀ ਜ਼ਿੰਦਗੀ ਲੋਕ ਸੇਵਾ ਅਤੇ ਪਾਰਟੀ ਦੀ ਮਜ਼ਬੂਤੀ ਲਈ ਸਮਰਪਿਤ ਕਰ ਦਿੱਤੀ। ਉਨ੍ਹਾਂ ਦਾ ਜੀਵਨ ਸਾਡੇ ਲਈ ਪ੍ਰੇਰਣਾ ਦਾ ਸਰੋਤ ਹੈ। ਅੰਤਿਮ ਅਰਦਾਸ ਮੌਕੇ ਮੈਂ ਨਿਮਰਤਾ ਨਾਲ ਉਨ੍ਹਾਂ ਨੂੰ ਆਪਣੀ ਸ਼ਰਧਾਂਜਲੀ ਭੇਟ ਕਰਦੇ ਹੋਏ ਕੋਟਿ-ਕੋਟਿ ਪ੍ਰਣਾਮ ਕਰਦਾ ਹਾਂ।

**-ਅਮਰਿੰਦਰ ਸਿੰਘ ਰਾਜਾ ਵੜਿੰਗ, ਪ੍ਰਧਾਨ, PPCC**



ਸਰਦਾਰ ਲਾਲ ਸਿੰਘ ਜੀ ਕਾਂਗਰਸ ਪਾਰਟੀ ਦੇ ਇਕ ਸੱਚੇ, ਨਿਮਰ ਅਤੇ ਇਮਾਨਦਾਰ ਨੇਤਾ ਸਨ। ਉਨ੍ਹਾਂ ਦੇ ਵਿਛੋੜੇ ਨਾਲ ਪਰਿਵਾਰ ਅਤੇ ਕਾਂਗਰਸ ਪਾਰਟੀ ਨੂੰ ਇੱਕ ਨਾ ਭਰਿਆ ਜਾਣ ਵਾਲਾ ਘਾਟਾ ਪਿਆ ਹੈ। ਅੰਤਿਮ ਅਰਦਾਸ ਮੌਕੇ ਮੈਂ ਦਿਲੋਂ ਉਨ੍ਹਾਂ ਨੂੰ ਆਪਣੀ ਸ਼ਰਧਾਂਜਲੀ ਭੇਟ ਕਰਦਾ ਹੋਇਆ ਕੋਟਿ-ਕੋਟਿ ਪ੍ਰਣਾਮ ਕਰਦਾ ਹਾਂ।

**-ਹਰਦਿਆਲ ਕੰਬੋਜ਼, ਸਾਬਕਾ ਵਿਧਾਇਕ (ਰਾਜਪੁਰਾ)**

## ਇਕ ਬੇਦਾਗ, ਇਮਾਨਦਾਰ, ਦਰਵੇਸ ਸ਼ਖਸੀਅਤ, ਲੋਕ ਸੇਵਾ ਨੂੰ ਸਮਰਪਿਤ ਅਤੇ ਰਾਜਨੀਤੀ ਦੇ ਭੀਸ਼ਮ ਪਿਤਾਮਾ ਪੰਜਾਬ ਪ੍ਰਦੇਸ਼ ਕਾਂਗਰਸ ਦੇ ਸਾਬਕਾ ਪ੍ਰਧਾਨ ਅਤੇ ਸਾਬਕਾ ਵਿੱਤ, ਯੋਜਨਾ, ਖੁਰਾਕ ਤੇ ਸਪਲਾਈ ਮੰਤਰੀ ਮਰਹੂਮ ਸਰਦਾਰ ਲਾਲ ਸਿੰਘ ਜੀ ਨੂੰ ਉਨ੍ਹਾਂ ਦੀ ਅੰਤਿਮ ਅਰਦਾਸ ਮੌਕੇ ਆਪਣੀ ਸ਼ਰਧਾ ਦੇ ਫੁੱਲ ਭੇਟ ਕਰਦੇ ਹੋਏ ਕੋਟਿ-ਕੋਟਿ ਪ੍ਰਣਾਮ ਕਰਦੇ ਹਾਂ।



ਦਮੋਦਰ ਸਿੰਘ, ਸੀਨੀਅਰ ਕਾਂਗਰਸੀ ਆਗੂ
ਤਮਨ ਰਾਜ ਸਿੰਘ
ਨਵਕਰਨ ਸਿੰਘ
ਹਰਮੇਲ ਸਿੰਘ, ਮਕੌਰੜ
ਸਤਬੀਰ ਸਿੰਘ, ਓ.ਐਸ.ਡੀ
ਸੰਦੀਪ ਸਿੰਘ ਸੋਨੀ, ਓ.ਐਸ.ਡੀ
ਨੰਬਰਦਾਰ ਸੀਤਲ ਸਿੰਘ, ਭਾਨਰਾ
ਸੁਰਿੰਦਰ ਮਿੱਤਲ, ਸਾਬਕਾ ਚੇਅਰਮੈਨ
ਜਸਵਿੰਦਰ ਸਿੰਘ ਰਾਣਾ, ਪ੍ਰਧਾਨ, ਆ. ਐਸੋ: ਪੰਜਾਬ
ਪਿਰਥੀ ਪਾਲ ਸਿੰਘ, ਪ੍ਰਧਾਨ, ਆ. ਐਸੋ:ਭੁਨਰਹੇੜੀ



ਤਰਸੇਮ ਸਿੰਘ ਝੰਡੀ, ਸਾਬਕਾ ਚੇਅਰਮੈਨ
ਡਾ. ਰਾਜਕੁਮਾਰ ਡਕਾਲਾ, ਸੀਨੀਅਰ ਕਾਂਗਰਸੀ ਆਗੂ
ਨੈਬ ਸਿੰਘ, ਬਲਾਕ ਪ੍ਰਧਾਨ
ਨੰਬਰਦਾਰ ਹਰਵਿੰਦਰ ਸਿੰਘ, ਬੀਬੀਪੁਰ
ਦਵਿੰਦਰ ਸਿੰਘ (ਕਾਕਾ), ਜਲਾਲਪੁਰ
ਇੰਜ: ਅਬਦੁਲ ਵਾਹਿਦ, ਐਮ.ਡੀ ਨੈਸ਼ਨਲ ਨਰਸਰੀ
ਜੀਤ ਸਿੰਘ, ਮੀਰਾਂਪੁਰ, ਸਾਬਕਾ ਚੇਅਰਮੈਨ
ਗੁਰਮੇਲ ਸਿੰਘ, ਫਰੀਦਪੁਰ
ਬਲਵਿੰਦਰ ਸਿੰਘ, ਡਕਾਲਾ ਫਿਲਿੰਗ ਸਟੇਸ਼ਨ
ਜੱਸਾ ਸਿੰਘ, ਸਾਬਕਾ ਪੁਲਿਸ ਇੰਸਪੈਕਟਰ



ਰਜਿੰਦਰ ਸਿੰਘ ਮੂੰਡਖੇੜ੍ਹਾ, ਸੀਨੀਅਰ ਕਾਂਗਰਸੀ ਆਗੂ
ਧਰਮ ਸਿੰਘ ਪਹਾੜਪੁਰ, ਕਾਂਗਰਸੀ ਆਗੂ
ਕੁਲਦੀਪ ਸਿੰਘ ਥਿੰਦ, ਚੇਅਰਮੈਨ
ਦਵਿੰਦਰ ਸਿੰਘ, ਸਰਪੰਚ, ਰਾਮਗੜ੍ਹ
ਰਣਜੀਤ ਸਿੰਘ, ਕੇ.ਐਸ. ਫਾਰਮ ਡਕਾਲਾ
ਨੰਬਰਦਾਰ ਗੁਰਪ੍ਰੀਤ ਸਿੰਘ, ਡਕਾਲਾ
ਮੇਜਰ ਸਿੰਘ ਕੰਬੋਜ਼, ਪੀ.ਏ.
ਸਚਿਨ ਕੰਬੋਜ਼, ਪੀ.ਏ.



ਬਲਵੰਤ ਸਿੰਘ ਮਹਿਮੂਦਪੁਰ
ਮੋਹਨ ਸਿੰਘ ਬਹਿਲ
ਹਰਲਾਲ ਸਿੰਘ ਕਾਠਗੜ੍ਹ
ਹੈਪੀ ਰੀਠਖੇੜੀ
ਸਿੱਪੀ ਧਾਲੀਵਾਲ
ਸੁਰੇਸ਼ ਪਾਲ, ਪੰਜੋਲਾ
ਰਾਜਦੀਪ ਸਿੰਘ ਥਿੰਦ

**ਦੀਪ ਚੰਦ ਸਾਬਕਾ ਸਰਪੰਚ**

ਮੈਂ ਆਪਣੇ ਪਿਤਾ ਸਮਾਨ ਇਕ ਬੇਦਾਗ, ਇਮਾਨਦਾਰ ਮਹਾਨ ਸ਼ਖ਼ਸੀਅਤ ਸਰਦਾਰ ਲਾਲ ਸਿੰਘ ਦੀ ਅੰਤਿਮ ਅਰਦਾਸ ਮੌਕੇ ਉਨ੍ਹਾਂ ਨੂੰ ਸਮਰਪਿਤ ਵਿਸ਼ੇਸ਼ ਸਪਲੀਮੈਂਟ ਕੱਢਣ ਸਮੇਂ ਉਨ੍ਹਾਂ ਦੇ ਚਾਹੁਣ ਵਾਲੇ ਸਾਰੇ ਸਹਿਯੋਗੀ ਸੱਜਣਾਂ ਵੱਲੋਂ ਦਿੱਤੇ ਸਹਿਯੋਗ ਲਈ ਤਹਿ ਦਿਲੋਂ ਧੰਨਵਾਦ ਕਰਦਾ ਹੋਇਆ ਸਰਦਾਰ ਲਾਲ ਸਿੰਘ ਜੀ ਨੂੰ ਆਪਣੀ ਸ਼ਰਧਾ ਦੇ ਫੁੱਲ ਭੇਟ ਕਰਦਾ ਹੋਇਆ ਕੋਟਿ-ਕੋਟਿ ਪ੍ਰਣਾਮ ਕਰਦਾ ਹਾਂ।



**ਰਾਜਿੰਦਰ ਸਿੰਘ ਥਿੰਦ**
ਪ੍ਰੈਸ ਰਿਪੋਰਟਰ, ਪਟਿਆਲਾ
98726-52156, Email: rsthind56@gmail.com

# ਬਾਰਸ਼ਾਂ ਨਾਲ ਫਸਲਾਂ ਦਾ ਭਾਰੀ ਨੁਕਸਾਨ

**ਅਜਨਾਲਾ (ਸੁਖਤਿੰਦਰ ਸਿੰਘ ਰਾਜੂ)-** ਬੇਮੌਸਮੀ ਲਗਾਤਾਰ ਬਾਰਸ਼ਾਂ ਪੈਣ ਨਾਲ ਜਿੱਥੇ ਪੰਜਾਬ ਦੇ 8- 9 ਜ਼ਿਲ੍ਹਿਆਂ ਵਿਚ ਭਾਰੀ ਨੁਕਸਾਨ ਹੋਇਆ ਹੈ ਉੱਥੇ ਅੰਮ੍ਰਿਤਸਰ ਜ਼ਿਲ੍ਹਾ ਵੀ ਬੁਰੀ ਤਰ੍ਹਾਂ ਪ੍ਰਭਾਵਿਤ ਹੋਇਆ ਹੈ ਜਿੱਥੇ ਮਜੀਠਾ ਖੇਤਰ ਵਿਚ ਭਾਰੀ ਗੜੇ ਪੈਣ ਕਾਰਨ ਪੱਕੀ ਕਣਕ ਦਾ 50 ਪ੍ਰੀਸ਼ਦ ਤੋਂ ਵੱਧ ਨੁਕਸਾਨ ਹੋਇਆ ਹੈ। ਅੱਜ ਅਜਨਾਲਾ ਖੇਤਰ 'ਚ ਪਹਿਲਾਂ ਹੜ੍ਹ ਪੀੜਤ ਖੇਤਰ ਜਿੱਥੇ ਝੋਨੇ ਦੀ ਫ਼ਸਲ ਪੂਰੀ ਤਰਾਂ ਬਰਬਾਦ ਹੋ ਗਈ ਸੀ ਉਹਨਾਂ ਪਿੰਡਾਂ ਦਾ ਡਾ. ਸਤਨਾਮ ਸਿੰਘ ਅਜਨਾਲਾ ਸੂਬਾ ਪ੍ਰਧਾਨ ਜਮਹੂਰੀ ਕਿਸਾਨ ਸਭਾ ਪੰਜਾਬ ਦੀ ਅਗਵਾਈ 'ਚ ਟੀਮ ਨੇ ਗੱਗੋਮਾਹਲ ਏਰੀਆ ਦੇ ਪਿੰਡਾਂ ਸੰਮੋਵਾਲ, ਡਿਆਲ ਭੱਟੀ, ਅਲੀਵਾਲ ਕੋਟਲੀ, ਅਨੈਤਪੁਰਾ ਆਦਿ ਪਿੰਡਾਂ ਦਾ ਦੌਰਾ ਕੀਤਾ ਜਿੱਥੇ ਹੜ੍ਹ ਪੀੜਿਤ ਪਿੰਡ ਨਿਵਾਸੀਆਂ ਨੇ ਦੱਸਿਆ ਕਿ ਪਹਿਲਾਂ ਸਾਡੀ ਝੋਨੇ ਦੀ ਫ਼ਸਲ ਹੜ੍ਹਾਂ ਨਾਲ ਮਾਰੀ ਗਈ ਅਤੇ ਹੁਣ ਭਾਰੀ ਬਾਰਸ਼ਾਂ ਕਾਰਨ ਏਕੜ ਪਿੱਛੇ ਘੱਟ ਘੱਟ 5 ਕੁਇੰਟਲ ਕਣਕ ਦਾ ਨੁਕਸਾਨ ਹੋ ਗਿਆ ਜਿਹੜਾ ਕਿ 25 ਫੀਸਦੀ ਬਣਦਾ ਹੈ। ਪਿੰਡ ਅਨੈਤਪੁਰਾ ਦੇ ਸਾ. ਸਰਪੰਚ ਮੋਹਨ ਸਿੰਘ ਨੇ ਦੱਸਿਆ ਕਿ ਜਿਹੜੀਆਂ ਕਣਕਾਂ ਜ਼ਿਆਦਾ ਲੰਮੀਆਂ ਪੈ ਗਈਆਂ ਉਹਨਾਂ ਦਾ ਹੋਰ ਵੀ 2 - 3 ਕੁਇੰਟਲ ਝਾੜ ਕੰਬਾਈਨ ਦੀ ਕਟਾਈ ਵਿੱਚ ਨਾ ਆਉਣ ਕਾਰਨ ਘਟ ਜਾਵੇਗਾ। ਉੱਘੇ ਖੇਤੀ ਮਾਹਰ ਡਾ. ਅਜਨਾਲਾ ਨੇ ਦੱਸਿਆ ਕਿ ਜਿਹੜੀਆਂ ਜ਼ਿਆਦਾ ਬਾਰਸ਼ਾਂ ਹੋ ਰਹੀਆਂ ਹਨ ਉਸ ਦਾ ਜ਼ਿਆਦਾ ਕਾਰਨ ਜੰਗਲਾਂ ਦੀ ਜ਼ਿਆਦਾ ਕਟਾਈ ਕਾਰਨ ਅਤੇ ਪੰਜਾਬ 'ਚ ਜਿਹੜੀਆਂ ਚੌਹ ਮਾਰਗੀ ਸੜਕਾਂ ਬਣਾਈਆਂ ਗਈਆਂ ਜਾਂ ਬਣਾਈਆਂ ਜਾ ਰਹੀਆਂ ਹਨ ਉਹਨਾਂ ਦੇ ਕੰਢਿਆਂ 'ਤੇ ਵੱਡੇ ਵੱਡੇ ਦਰੱਖਤਾਂ ਦੀ ਕਟਾਈ ਹੋਣ ਨਾਲ ਵੀ ਬਾਰਸ਼ਾਂ ਵਿਚ ਵਾਧਾ ਹੋਇਆ ਹੈ। ਡਾ. ਅਜਨਾਲਾ ਨੇ ਦੱਸਿਆ ਕਿ ਬਾਰਸ਼ਾਂ ਨੂੰ ਚੈੱਕ ਕਰਨ ਲਈ ਘੱਟੋ ਘੱਟ 33 ਫੀਸਦੀ ਰਕਬੇ ਵਿੱਚ ਜੰਗਲ਼ ਹੋਣੇ ਚਾਹੀਦੇ ਹਨ ਜਿਹੜੇ ਕਿ ਪਿਛਲੇ ਸਮੇਂ ਵਿੱਚ ਜੰਗਲ ਦੇ ਦਰਖਤ ਕੱਟਣ ਨਾਲ ਇਹ ਰਕਬਾ 18 ਫੀਸਦੀ ਰਹਿ ਗਿਆ ਹੈ। ਮੈਦਾਨਾਂ ਵਿੱਚ ਐਗਰੋ ਫੋਰੈਸਟਰੀ ਨੂੰ ਵੱਡੇ ਪੱਧਰ 'ਤੇ ਉਤਸ਼ਾਹਿਤ ਕੀਤਾ ਜਾਵੇ। ਡਾ. ਅਜਨਾਲਾ ਨੇ ਤੇ ਉਸ ਦੀ ਟੀਮ ਨੇ ਮੰਗ ਕੀਤੀ ਕਿ ਭਾਰੀ ਬਾਰਸ਼ਾਂ, ਤੇਜ਼ ਹਵਾਵਾਂ ਅਤੇ ਗੜੇਮਾਰੀ ਨਾਲ ਜਿੰਨੇ ਪ੍ਰੀਸ਼ਦ ਕਣਕ ਦੀ ਫ਼ਸਲ ਦਾ ਨੁਕਸਾਨ ਹੋਇਆ ਹੈ ਉਸ ਦਾ ਖੇਤ ਨੂੰ ਇਕਾਈ ਮੰਨ ਕੇ ਪੂਰੀ ਪੂਰੀ ਭਰਪਾਈ ਕੀਤੀ ਜਾਵੇ। ਉਹਨਾਂ ਪੰਜਾਬ ਸਰਕਾਰ ਤੇ ਕੇਂਦਰ ਸਰਕਾਰ 'ਤੇ ਜ਼ੋਰ ਦਿੱਤਾ ਕਿ ਇਹਨਾਂ ਬਾਰਸ਼ਾਂ ਨਾਲ ਸਮੁੱਚੇ ਪੰਜਾਬ ਦੀ ਕਣਕ ਫਸਲ ਦਾ ਜਿੱਥੇ ਕਣਕ ਨਹੀਂ ਵੀ ਡਿੱਗੀ ਉੱਥੇ ਵੀ 5 ਫੀਸਦੀ ਕਣਕ ਦੇ ਝਾੜ 'ਤੇ ਅਸਰ ਪਿਆ ਹੈ। ਡਾ. ਅਜਨਾਲਾ ਨੇ ਦੱਸਿਆ ਕਿ ਪਹਿਲਾਂ ਹੀ ਜਿਹੜਾ ਕੇਂਦਰ ਸਰਕਾਰ ਵੱਲੋ 2585 ਰੁਪਏ ਪ੍ਰਤੀ ਕੁਇੰਟਲ ਭਾਅ ਮਿਥਿਆ ਹੈ ਉਹ ਪਹਿਲਾਂ ਹੀ ਘਾਟੇਵੰਦਾ ਹੈ ਸੋ ਉਕਤ ਕਾਰਨਾਂ ਨੂੰ ਧਿਆਨ ਵਿੱਚ ਰੱਖਕੇ ਕਣਕ ਦੇ ਪ੍ਰਤੀ ਕੁਇੰਟਲ ਘੱਟੋ ਘੱਟ 5 ਸੋ ਰੁਪਏ ਪ੍ਰਤੀ ਕੁਇੰਟਲ ਬੋਨਸ ਦਿੱਤਾ ਜਾਵੇ। ਇਸ ਸਮੇਂ ਹੋਰਨਾਂ ਤੋਂ ਇਲਾਵਾ ਸਾ. ਸਰਪੰਚ ਮੋਹਨ ਸਿੰਘ ਅਨੈਤਪੁਰਾ, ਦਵਿੰਦਰ ਸਿੰਘ, ਸੋਹਣ ਸਿੰਘ,ਬੀਰ ਸਿੰਘ, ਜਸਵੰਤ ਸਿੰਘ, ਅਮਰੀਕ ਸਿੰਘ, ਪਰਮਜੀਤ ਸਿੰਘ, ਤਰਸੇਮ ਸਿੰਘ, ਸਾ. ਸਰਪੰਚ ਹਰਦਿਆਲ ਸਿੰਘ ਡਿਆਲ ਭੱਟੀ, ਬਲਵਿੰਦਰ ਸਿੰਘ, ਕਸ਼ਮੀਰ ਸਿੰਘ, ਮਿੰਦਰ ਸਿੰਘ, ਨਿਹੰਗ ਗੁਰਮੇਜ ਸਿੰਘ, ਬੱਗਾ ਸਿੰਘ,ਪਰਗਟ ਸਿੰਘ, ਜਸਪਾਲ ਸਿੰਘ ਆਦਿ ਸ਼ਾਮਲ ਸਨ।



# ਗੁਰਮਤਿ ਸਮਾਗਮ 13 ਨੂੰ, ਅੱਖਾਂ ਤੇ ਮੈਡੀਕਲ ਦਾ ਫ੍ਰੀ ਚੈੱਕਅੱਪ ਕੈਂਪ ਲੱਗੇਗਾ

**ਫਤਿਹਗੜ੍ਹ ਚੂੜੀਆ (ਜਸਦੇਵ ਸਿੰਘ ਮਾਨ)-** ਖਾਲਸਾ ਸਾਜਨਾ ਦਿਵਸ ਨੂੰ ਸਮਰਪਤ ਗੁਰਮਤਿ ਸਮਾਗਮ 13 ਅਪ੍ਰੈਲ ਨੂੰ ਫਤਿਹਗੜ੍ਹ ਚੂੜੀਆਂ ਦੇ ਗੁਰਦੁਆਰਾ ਕਲਗੀਧਰ ਸਾਹਿਬ ਵਿਖੇ ਸ਼ਾਮ 7 ਵਜੇ ਤੋਂ ਰਾਤ 12 ਵਜੇ ਤੱਕ ਬੜੇ ਉਤਸ਼ਾਹ ਅਤੇ ਧੂਮ-ਧਾਮ ਨਾਲ ਮਨਾਇਆ ਜਾ ਰਿਹਾ ਹੈ। ਗੁਰਦੁਆਰਾ ਸਾਹਿਬ ਦੇ ਗ੍ਰੰਥੀ ਭਾਈ ਮਨਿੰਦਰ ਸਿੰਘ, ਗੁਰਦੁਆਰਾ ਸਾਹਿਬ ਦੇ ਪ੍ਰਬੰਧਕ ਸੇਵਾਦਾਰ ਭਾਈ ਸਰਬਜੀਤ ਸਿੰਘ, ਭਾਈ ਹਰਜੀਤ ਸਿੰਘ, ਭਾਈ ਗਗਨਦੀਪ ਸਿੰਘ, ਭਾਈ ਜਗਦੀਪ ਸਿੰਘ, ਭਾਈ ਅਮਨਦੀਪ ਸਿੰਘ ਨੇ ਸਾਂਝੇ ਤੌਰ 'ਤੇ ਦੱਸਿਆ ਕਿ ਹਰ ਸਾਲ ਮੁਹੱਲੇ ਦੇ ਨੌਜਵਾਨ ਗੁਰਵਿੰਦਰ ਸਿੰਘ ਹੀਰਾ ਰੰਧਾਵਾ, ਲਵਪ੍ਰੀਤ ਸਿੰਘ ਸਾਬਾ, ਗੁਰਨਾਮ ਸਿੰਘ ਗਾਮਾ, ਜਸਪਾਲ ਸਿੰਘ ਜੱਜ ਦੇ ਸਾਥੀਆ ਵੱਲੋਂ ਵਿਸਾਖੀ ਦਾ ਦਿਹਾੜਾ ਮਨਾਇਆ ਜਾਦਾ ਹੈ, ਇਸ ਵਾਰ ਉਨ੍ਹਾਂ ਵੱਲੋਂ ਗੁਰਦੁਆਰਾ ਸਾਹਿਬ ਪ੍ਰਬੰਧਕ ਸੇਵਾਦਾਰਾਂ ਨਾਲ ਮਿਲ ਕੇ ਸੰਗਤਾਂ ਦੇ ਸਹਿਯੋਗ ਨਾਲ ਵੱਡੀ ਪੱਧਰ 'ਤੇ ਸਮਾਗਮ ਕਰਵਾਇਆ ਜਾ ਰਿਹਾ ਹੈ। ਇਸ ਮੌਕੇ ਬਾਬਾ ਸ੍ਰੀ ਚੰਦ ਜੀ ਦੇ ਤਪ ਸਥਾਨ ਮੰਦਰ ਨਾਨਕਚੱਕ ਦੇ ਗੱਦੀਨਸ਼ੀਨ ਸੰਤ ਮਹੰਤ ਹਰੀ ਕੁੰਭ ਦਾਸ ਵਿਸ਼ੇਸ਼ ਤੌਰ 'ਤੇ ਪਹੁੰਚ ਰਹੇ ਹਨ। ਸਮਾਗਮ 'ਚ ਭਾਈ ਮਨਿੰਦਰ ਸਿੰਘ ਰਾਗੀ ਜਥਾ ਫਤਿਹਗੜ੍ਹ ਚੂੜੀਆਂ ਵਾਲੇ, ਭਾਈ ਹਰਪ੍ਰੀਤ ਸਿੰਘ ਵਡਾਲਾ ਕਥਾਵਾਚਕ, ਭਾਈ ਸਤਨਾਮ ਸਿੰਘ ਲਾਲੂ ਘੁੰਮਣ ਇੰਟਰਨੈਸ਼ਨਲ ਢਾਡੀ ਜਥਾ ਗੁਰ-ਇਤਿਹਾਸ ਨਾਲ ਸੰਗਤਾਂ ਨੂੰ ਨਿਹਾਲ ਕਰਨਗੇ। ਇਸ ਮੌਕੇ ਡਾ. ਓਮ ਪ੍ਰਕਾਸ਼ ਅੱਖਾ ਦਾ ਹਸਪਤਾਲ ਅੰਮ੍ਰਿਤਸਰ ਵੱਲੋਂ ਫ੍ਰੀ ਅੱਖਾਂ ਦਾ ਕੈਂਪ ਸਵੇਰੇ 10 ਵਜੇ ਤੋਂ ਸ਼ਾਮ 3 ਵਜੇ ਤੱਕ ਅਤੇ ਬੀਬੀ ਕੌਲਾ ਜੀ ਹਸਪਤਾਲ ਫਤਿਹਗੜ੍ਹ ਚੂੜੀਆਂ ਵੱਲੋਂ ਫ੍ਰੀ ਮੈਡੀਕਲ ਚੈੱਕਅੱਪ ਕੈਂਪ ਸ਼ਾਮ 5 ਤੋਂ ਰਾਤ 8 ਵਜੇ ਤੱਕ ਲਗਾਇਆ ਜਾ ਰਿਹਾ ਹੈ। ਸਟੇਜ ਸੈਕਟਰੀ ਦੀ ਸੇਵਾ ਨਾਮਵਾਰ ਕਵੀਸ਼ਰ ਭਾਈ ਬਲਵਿੰਦਰ ਸਿੰਘ ਜੌਹਲ ਵੱਲੋਂ ਨਿਭਾਈ ਜਾਵੇਗੀ। ਸਮਾਗਮ ਦਾ ਸਿੱਧਾ ਪ੍ਰਸਾਰਨ ਹਰਗੁਣ ਟੀਵੀ 'ਤੇ ਕੀਤਾ ਜਾਵੇਗਾ। ਲੰਗਰ ਅਤੁੱਟ ਵਰਤਾਇਆ ਜਾਵੇਗਾ।



# ਤਰੁਣ ਚੁੱਘ ਨੇ ਰੂਹਾਨੀ ਸ਼ਰਮਾ ਦੀ ਕਿਤਾਬ ਕੀਤੀ ਰਿਲੀਜ਼

**ਛੇਹਰਟਾ, (ਮਨੋਜ ਕੁਮਾਰ)-** ਭਾਜਪਾ ਦੇ ਕੌਮੀ ਜਨਰਲ ਸਕੱਤਰ ਤਰੁਣ ਚੁੱਘ ਨੇ ਅੰਮ੍ਰਿਤਸਰ ਵਿਚ ਸਕੂਲ ਦੀ ਵਿਦਿਆਰਥਣ ਰੂਹਾਨੀ ਸ਼ਰਮਾ ਨੂੰ ਉਸ ਦੇ ਸ਼ਾਨਦਾਰ ਅਕਾਦਮਿਕ ਪ੍ਰਦਰਸ਼ਨ ਤੇ ਸਾਹਿਤਕ ਪ੍ਰਾਪਤੀ ਲਈ ਸਨਮਾਨਤ ਕੀਤਾ। ਚੁੱਘ ਨੇ ਰੂਹਾਨੀ ਵੱਲੋਂ ਲਿਖੀ ਕਿਤਾਬ 'ਏ ਲੀਡਰ ਵਿਦ ਕਨਵਿਕਸ਼ਨ' (ਤਰੁਣ ਚੁੱਘ ਦੀ ਜੀਵਨੀ) ਨੂੰ ਰਸਮੀ ਤੌਰ 'ਤੇ ਰਿਲੀਜ਼ ਕੀਤਾ। ਚੁੱਘ ਨੇ ਕਿਹਾ ਕਿ ਇੰਨੀ ਛੋਟੀ ਉਮਰ ਵਿਚ ਕਿਤਾਬ ਲਿਖਣਾ ਨਾ ਸਿਰਫ਼ ਰੂਹਾਨੀ ਦੀ ਪ੍ਰਤਿਭਾ ਦਾ ਪ੍ਰਮਾਣ ਹੈ, ਬਲਕਿ ਇਹ ਵੀ ਦਰਸਾਉਂਦਾ ਹੈ ਕਿ ਅੱਜ ਦੀ ਨੌਜਵਾਨ ਪੀੜ੍ਹੀ ਵਿਚ ਲੀਡਰਸ਼ਿਪ ਤੇ ਸਕਾਰਾਤਮਕ ਸੋਚ ਨੂੰ ਸਮਝਣ ਦੀ ਡੂੰਘੀ ਸਮਰੱਥਾ ਹੈ। ਉਨ੍ਹਾਂ ਨੇ ਰੂਹਾਨੀ ਨੂੰ ਛੇਵੀਂ ਜਮਾਤ ਵਿਚ 98.5 ਫ਼ੀਸਦੀ ਅੰਕ ਪ੍ਰਾਪਤ ਕਰਨ 'ਤੇ ਵਿਸ਼ੇਸ਼ ਤੌਰ 'ਤੇ ਵਧਾਈ ਦਿੱਤੀ ਤੇ ਉਸ ਦੇ ਉਜਵਲ ਭਵਿੱਖ ਦੀ ਕਾਮਨਾ ਕੀਤੀ। ਚੁੱਘ ਨੇ ਪਰਵਾਰਕ ਮੈਂਬਰਾਂ ਨਾਲ ਵੀ ਮੁਲਾਕਾਤ ਕੀਤੀ। ਹੋਣਹਾਰ ਵਿਦਿਆਰਥਣ ਨੂੰ ਆਸ਼ੀਰਵਾਦ ਦਿੰਦੇ ਹੋਏ ਚੁੱਘ ਨੇ ਕਿਹਾ ਕਿ ਉਸ ਨੂੰ ਇਸੇ ਤਰ੍ਹਾਂ ਮਿਹਨਤ ਤੇ ਲਗਨ ਨਾਲ ਅੱਗੇ ਵਧਦੇ ਹੋਏ ਦੇਸ਼ ਤੇ ਆਪਣੇ ਪਰਿਵਾਰ ਦਾ ਨਾਮ ਰੌਸ਼ਨ ਕਰਨਾ ਚਾਹੀਦਾ ਹੈ ਅਤੇ ਸਮਾਜ ਲਈ ਪ੍ਰੇਰਨਾ ਸਰੋਤ ਬਣਨਾ ਚਾਹੀਦਾ ਹੈ।



# ਪੁਰਾਣਾ ਸ਼ਾਲਾ ਚੌਕ 'ਚ ਸਪੀਡ ਬਰੇਕਰ ਨਾ ਹੋਣ ਕਾਰਨ ਹਾਦਸੇ ਵਾਪਰਨ ਦਾ ਡਰ

**ਗੁਰਦਾਸਪੁਰ, (ਜਨਕ ਮਹਾਜਨ)-** ਬੇਟ ਖੇਤਰ ਦੇ ਕਸਬਾ ਪੁਰਾਣਾ ਸ਼ਾਲਾ ਚੌਕ ਵਿਚ ਟ੍ਰੈਫ਼ਿਕ ਲਾਈਟਾਂ ਜਾਂ ਸਪੀਡ ਬਰੇਕਰ ਨਾ ਹੋਣ ਕਾਰਨ ਹਰ ਵੇਲੇ ਹਾਦਸੇ ਹੋਣ ਦਾ ਡਰ ਬਣਿਆ ਰਹਿੰਦਾ ਹੈ। ਗੁਰਦਾਸਪੁਰ-ਮੁਕੇਰੀਆਂ ਸੜਕ ਵਿਚਕਾਰ ਪੈਂਦੇ ਕਸਬਾ ਪੁਰਾਣਾ ਸ਼ਾਲਾ ਵਿਖੇ ਚੌਤਰਫ਼ਾ ਸੜਕ ਹੋਣ ਕਰਕੇ ਟ੍ਰੈਫਿਕ ਦਾ ਕਾਫ਼ੀ ਜ਼ੋਰ ਰਹਿੰਦਾ ਹੈ ਕਿਉਂਕਿ ਇਸ ਸੜਕ ਰਾਹੀਂ ਦਿੱਲੀ, ਅੰਬਾਲਾ, ਚੰਡੀਗੜ੍ਹ, ਹੁਸ਼ਿਆਰਪੁਰ ਆਦਿ ਵੱਡੇ ਸ਼ਹਿਰਾਂ ਤੋਂ ਛੋਟੇ ਵੱਡੇ ਵਾਹਨ ਵਾਇਆ ਗੁਰਦਾਸਪੁਰ, ਜੰਮੂ, ਊਧਮਪੁਰ, ਰਾਜੌਰੀ, ਸ੍ਰੀਨਗਰ ਆਦਿ ਸ਼ਹਿਰਾਂ ਨੂੰ ਆਉਂਦੇ ਜਾਂਦੇ ਹਨ। ਇਹ ਟ੍ਰੈਫ਼ਿਕ ਦਿਨ ਰਾਤ ਚੱਲਦੀ ਰਹਿੰਦੀ ਹੈ। ਖੱਬੇ ਪਾਸੇ, ਸੜਕ ਪੰਡੋਰੀ ਮਹੰਤਾਂ ਦੀਨਾਨਗਰ ਅਤੇ ਸੱਜੇ ਪਾਸੇ ਸੜਕ ਕਸਬਾ ਚੱਕ ਸ਼ਰੀਫ ਕਾਹਨੂੰਵਾਨ ਭੈਣੀ ਮੀਆਂ ਖਾਂ ਆਦਿ ਨੂੰ ਜਾਂਦੀਆਂ ਹਨ। ਇਹ ਕਸਬਾ 40-50 ਪਿੰਡਾਂ ਦਾ ਬਿੰਦੂ ਕੇਂਦਰ ਹੈ ਜਿਸ ਕਾਰਨ ਟ੍ਰੈਫਿਕ ਜ਼ਿਆਦਾ ਹੋਣ ਕਾਰਨ ਚੌਕ ਵਿਚ ਹਰ ਵੇਲੇ ਹਾਦਸੇ ਹੋਣ ਦਾ ਡਰ ਬਣਿਆ ਰਹਿੰਦਾ ਹੈ ਕਿਉਂਕਿ ਚੌਕ ਵਿਚ ਨਾ ਤਾਂ ਟ੍ਰੈਫ਼ਿਕ ਲਾਈਟਾਂ ਹਨ ਅਤੇ ਨਾ ਹੀ ਸਪੀਡ ਬਰੇਕਰ, ਜਿਸ ਨਾਲ ਵਾਹਨ ਆਦਿ ਜਿਹੜੇ ਤੇਜ਼ ਗਤੀ ਨਾਲ ਆਉਂਦੇ ਹਨ, ਹੌਲੀ ਹੋ ਕੇ ਗੁਜ਼ਰਨ। ਇਸ ਕਸਬੇ ਵਿਚ ਪੁਲਸ ਥਾਣਾ ਤਾਂ ਹੈ ਪਰ ਪੁਲਸ ਦਾ ਕੋਈ ਵੀ ਕਰਮਚਾਰੀ ਟ੍ਰੈਫ਼ਿਕ ਨੂੰ ਕੰਟਰੋਲ ਕਰਨ ਲਈ ਤਾਇਨਾਤ ਨਹੀਂ ਅਤੇ ਨਾ ਹੀ ਪੁਲਸ ਵਲੋਂ ਕੋਈ ਬੈਰੀਕੇਡ ਆਦਿ ਲਗਾਏ ਗਏ ਹਨ। ਇਲਾਕਾ ਵਾਸੀਆਂ ਦੀ ਜ਼ਿਲ੍ਹਾ ਪ੍ਰਸ਼ਾਸਨ ਅਤੇ ਲੋਕ ਨਿਰਮਾਣ ਵਿਭਾਗ ਗੁਰਦਾਸਪੁਰ ਪਾਸੋਂ ਮੰਗ ਹੈ ਕਿ ਪੁਰਾਣਾ ਸ਼ਾਲਾ ਚੌਕ ਦੇ ਚਾਰੇ ਪਾਸੇ ਸਪੀਡ ਬਰੇਕਰ ਬਣਾਏ ਜਾਣ। ਜਿੰਨੀ ਦੇਰ ਇਹ ਸਪੀਡ ਬਰੇਕਰ ਨਹੀਂ ਬਣਦੇ ਓਨੀ ਦੇਰ ਥਾਣਾ ਪੁਰਾਣਾ ਸ਼ਾਲਾ ਪੁਲਸ ਨੂੰ ਇਸ ਚੌਕ ਵਿਚ ਟ੍ਰੈਫ਼ਿਕ ਨੂੰ ਕੰਟਰੋਲ ਕਰਨ ਲਈ ਕੋਈ ਆਰਜ਼ੀ ਪ੍ਰਬੰਧ ਕਰਨਾ ਚਾਹੀਦਾ ਹੈ।



# ਜ਼ਿਲ੍ਹਾ ਬ੍ਰਾਹਮਣ ਸਭਾ ਦੀ ਮੀਟਿੰਗ

**ਗੁਰਦਾਸਪੁਰ, (ਦਿਨੇਸ਼ ਕੁਮਾਰ)-** ਜ਼ਿਲ੍ਹਾ ਬ੍ਰਾਹਮਣ ਸਭਾ ਗੁਰਦਾਸਪੁਰ ਦੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਐਡਵੋਕੇਟ ਡੀ.ਪੀ.ਗੋਸਾਈਂ ਦੀ ਪ੍ਰਧਾਨਗੀ ਹੇਠ ਉਨ੍ਹਾ ਦੇ ਨਿਵਾਸ ਸਥਾਨ 'ਤੇ ਹੋਈ। ਮੀਟਿੰਗ ਵਿੱਚ ਸਭਾ ਦੇ ਮੈਂਬਰਾ ਅਤੇ ਅਹੁਦੇਦਾਰਾਂ ਨੇ ਭਾਗ ਲਿਆ। ਮੀਟਿੰਗ ਵਿੱਚ ਬੀਤੇ ਦਿਨਾਂ ਦੌਰਾਨ ਸਭਾ ਵੱਲੋਂ ਕੀਤੀਆਂ ਗਈਆਂ ਸਰਗਰਮੀਆਂ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ । ਮੀਟਿੰਗ ਦੌਰਾਨ ਜ਼ਿਲ੍ਹਾ ਪ੍ਰਧਾਨ ਐਡਵੋਕੇਟ ਡੀ.ਪੀ.ਗੋਸਾਈਂ ਨੇ ਕਿਹਾ ਕਿ ਜ਼ਿਲ੍ਹਾ ਬ੍ਰਾਹਮਣ ਸਭਾ ਗੁਰਦਾਸਪੁਰ ਸਾਰੀਆਂ ਇਕਾਈਆਂ ਦੇ ਨਾਲ ਇਕਜੁੱਟ ਹੋ ਕੇ ਕੰਮ ਕਰ ਰਹੀ ਹੈ ਅਤੇ ਸਾਡਾ ਮਕਸਦ ਹੈ ਕਿ ਬ੍ਰਾਹਮਣ ਸਮਾਜ ਦੀ ਭਲਾਈ ਲਈ ਵੱਧ ਤੋਂ ਵੱਧ ਕੰਮ ਕੀਤੇ ਜਾਣ ਅਤੇ ਆਰਥਿਕ ਤੌਰ 'ਤੇ ਕਮਜ਼ੋਰ ਪਰਵਾਰਾਂ ਦੀ ਹਰ ਸੰਭਵ ਸਹਾਇਤਾ ਕੀਤੀ ਜਾਵੇ । ਮੀਟਿੰਗ ਵਿੱਚ ਸਰਵਸੰਮਤੀ ਨਾਲ ਫੈਸਲਾ ਕੀਤਾ ਗਿਆ ਕਿ ਇਸ ਸਾਲ ਭਗਵਾਨ ਸ੍ਰੀ ਪਰਸ਼ੂਰਾਮ ਦਾ ਜਨਮ ਦਿਹਾੜਾ, ਵੇਦ ਮੰਦਰ ਬਟਾਲਾ ਵਿਖੇ 26 ਅਪ੍ਰੈਲ ਨੂੰ ਸਭਾ ਦੀਆਂ ਸਾਰੀਆਂ ਇਕਾਈਆਂ ਦੇ ਸਹਿਯੋਗ ਨਾਲ ਮਨਾਇਆ ਜਾਵੇਗਾ ਅਤੇ ਬਾਅਦ ਵਿੱਚ ਬ੍ਰਾਹਮਣ ਸਮਾਜ ਲਈ ਚੰਗਾ ਕੰਮ ਕਰਨ ਵਾਲਿਆਂ ਨੂੰ ਸਭਾ ਵੱਲੋਂ ਸਨਮਾਨਤ ਕੀਤਾ ਜਾਵੇਗਾ ਅਤੇ ਅਟੁਟ ਲੰਗਰ ਵੰਡਿਆ ਜਾਵੇਗਾ । ਮੀਟਿੰਗ ਦੌਰਾਨ ਭਗਵਾਨ ਸ੍ਰੀ ਪਰਸ਼ੂਰਾਮ ਦਾ ਜਨਮ ਦਿਹਾੜਾ ਮਨਾਉਣ ਸਬੰਧੀ ਅਹੁਦੇਦਾਰਾਂ ਦੀ ਡਿਊਟੀਆਂ ਵੀ ਲਗਾਈ ਗਈਆਂ । ਮੀਟਿੰਗ ਵਿੱਚ ਕੰਵਲਜੀਤ ਸ਼ਰਮਾ, ਰੂਪ ਲਾਲ ਜੋਤੀ, ਮੁਕੇਸ਼ ਸ਼ਰਮਾ, ਮਨੋਜ ਰੈਣਾ, ਦਿਨੇਸ਼ ਸ਼ਰਮਾ, ਰਮਨ ਸ਼ਰਮਾ, ਸਤੀਸ਼ ਸ਼ਰਮਾ ਧਾਰੀਵਾਲ ਸਮੇਤ ਹੋਰ ਅਹੁਦੇਦਾਰ ਸ਼ਾਮਲ ਹੋਏ ।



# ਅੰਮ੍ਰਿਤਸਰ 'ਚ ਪ੍ਰਦੂਸ਼ਣ ਤੇ ਕੈਂਸਰ ਦੇ ਵਧ ਰਹੇ ਮਾਮਲਿਆਂ ਦੀ ਜਵਾਬਦੇਹੀ ਜ਼ਰੂਰੀ : ਗੁਰਜੀਤ ਔਜਲਾ

**ਚੇਤਨਪੁਰਾ (ਸੁਖਵੰਤ ਚੇਤਨਪੁਰੀ)-** ਅੰਮ੍ਰਿਤਸਰ ਵਿੱਚ ਤੇਜ਼ੀ ਨਾਲ ਵਧ ਰਹੇ ਕੈਂਸਰ ਦੇ ਮਾਮਲਿਆਂ ਨੂੰ ਲੈ ਕੇ ਸੰਸਦ ਮੈਂਬਰ ਗੁਰਜੀਤ ਸਿੰਘ ਔਜਲਾ ਨੇ ਗਹਿਰੀ ਚਿੰਤਾ ਜਤਾਉਂਦੇ ਹੋਏ ਕਿਹਾ ਕਿ ਇਹ ਸਿਰਫ਼ ਸਿਹਤ ਸੰਕਟ ਨਹੀਂ, ਸਗੋਂ ਪੂਰੇ ਸਿਸਟਮ ਦੀ ਨਾਕਾਮੀ ਦਾ ਨਤੀਜਾ ਹੈ। ਉਨ੍ਹਾਂ ਕਿਹਾ ਕਿ ਅੱਜ ਹਾਲਾਤ ਇਹ ਹਨ ਕਿ ਲੋਕ ਜਿਹੜੇ ਪਾਣੀ ਅਤੇ ਖਾਣੇ 'ਤੇ ਨਿਰਭਰ ਹਨ, ਉਹੀ ਉਨ੍ਹਾਂ ਲਈ ਜ਼ਹਿਰ ਬਣਦਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਕੈਂਸਰ ਦੇ ਵਧਦੇ ਮਾਮਲਿਆਂ ਦੇ ਪਿੱਛੇ ਮੁੱਖ ਕਾਰਨ ਪੈਸਟੀਸਾਈਡ ਦੀ ਬੇਤਹਾਸ਼ਾ ਵਰਤੋਂ, ਖਾਧ ਪਦਾਰਥਾਂ ਵਿੱਚ ਮਿਲਾਵਟ ਅਤੇ ਪਾਣੀ ਵਿੱਚ ਯੂਰੇਨੀਅਮ ਅਤੇ ਹੋਰ ਜ਼ਹਿਰੀਲੇ ਤੱਤਾਂ ਦੀ ਵਧ ਰਹੀ ਮਾਤਰਾ ਹੈ। ਉਹਨਾ ਕਿਹਾ ਕਿ ਕਿਸਾਨਾਂ ਨੂੰ ਪੈਸਟੀਸਾਈਡ ਦੀ ਸਹੀ ਵਰਤੋਂ ਬਾਰੇ ਜਾਣਕਾਰੀ ਨਹੀਂ ਦਿੱਤੀ ਜਾ ਰਹੀ, ਜੋ ਕਿ ਐਗਰੀਕਲਚਰ ਵਿਭਾਗ ਦੀ ਵੱਡੀ ਨਾਕਾਮੀ ਹੈ। ਬਾਜ਼ਾਰ ਵਿੱਚ ਮਿਲਾਵਟੀ ਖਾਣ-ਪੀਣ ਦੀਆਂ ਚੀਜ਼ਾਂ ਖੁੱਲ੍ਹੇਆਮ ਵਿਕ ਰਹੀਆਂ ਹਨ। ਔਜਲਾ ਨੇ ਅੱਗੇ ਕਿਹਾ ਕਿਹਾ ਕਿ ਤੁੰਗ ਢਾਬ ਡਰੇਨ ਦਾ ਮੁੱਦਾ ਉਹ ਪਿਛਲੇ 8 ਸਾਲਾਂ ਤੋਂ ਲਗਾਤਾਰ ਉਠਾਉਂਦੇ ਆ ਰਹੇ ਹਨ, ਪਰ ਅਜੇ ਤੱਕ ਕੋਈ ਢੰਗ ਦਾ ਹੱਲ ਨਹੀਂ ਨਿਕਲਿਆ। ਮਾਨਾਂਵਾਲਾ ਵਿੱਚ ਨਵੀਂ ਡਰੇਨ ਬਣ ਰਹੀ ਹੈ, ਪਰ ਉੱਥੇ ਵੀ ਡੇਅਰੀਆਂ ਆਦਿ , ਕੈਮੀਕਲ ਅਤੇ ਹੋਰ ਗੰਧਲਾ ਪਾਣੀ ਵਗ ਰਿਹਾ ਹੈ। ਸਭ ਤੋਂ ਵੱਡੀ ਗੱਲ ਇਹ ਹੈ ਕਿ ਕੋਈ ਵੀ ਵਿਭਾਗ ਮਿਲ ਕੇ ਕੰਮ ਨਹੀਂ ਕਰ ਰਿਹਾ। ਪੋਲਿਊਸ਼ਨ ਵਿਭਾਗ, ਐਗਰੀਕਲਚਰ ਵਿਭਾਗ ਅਤੇ ਹੋਰ ਸੰਬੰਧਤ ਏਜੰਸੀਆਂ ਇੱਕ-ਦੂਜੇ 'ਤੇ ਜ਼ਿੰਮੇਵਾਰੀ ਪਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਗੁਰੂ ਰਾਮਦਾਸ ਜੀ ਦੀ ਪਵਿੱਤਰ ਨਗਰੀ, ਜਿੱਥੇ ਸਰੋਵਰ ਆਸਥਾ ਦਾ ਕੇਂਦਰ ਹਨ ਪ੍ਰਸ਼ਾਸਨ ਦੀ ਲਾਪਰਵਾਹੀ ਅਤੇ ਸਰਕਾਰਾਂ ਦੀ ਨਾਕਾਮੀ ਕਾਰਨ ਪ੍ਰਦੂਸ਼ਣ ਦਾ ਸ਼ਿਕਾਰ ਹੋ ਰਹੀ ਹੈ ਅਤੇ ਕੈਂਸਰ ਦੇ ਮਰੀਜ਼ਾਂ ਦੀ ਗਿਣਤੀ ਵਧ ਰਹੀ ਹੈ।ਉਨ੍ਹਾਂ ਸਪਸ਼ਟ ਕੀਤਾ ਕਿ ਜੇ ਖਾਧ ਪਦਾਰਥਾਂ ਵਿੱਚ ਮਿਲਾਵਟ ਹੋ ਰਹੀ ਹੈ ਤਾਂ ਇਸ ਲਈ ਜ਼ਿਲ੍ਹਾ ਸਿਹਤ ਅਧਿਕਾਰੀ ਅਤੇ ਫੂਡ ਸੇਫਟੀ ਵਿਭਾਗ ਜ਼ਿੰਮੇਵਾਰ ਹਨ, ਅਤੇ ਪ੍ਰਦੂਸ਼ਣ ਲਈ ਪੋਲਿਊਸ਼ਨ ਵਿਭਾਗ ਸਭ ਤੋਂ ਵੱਧ ਜ਼ਿੰਮੇਵਾਰ ਹੈ।ਉਨ੍ਹਾਂ ਇਹ ਵੀ ਕਿਹਾ ਕਿ ਦਿਸ਼ਾ (DISHA) ਕਮੇਟੀ ਦੀਆਂ ਮੀਟਿੰਗਾਂ ਵਿੱਚ ਕਈ ਵਾਰ ਇਹ ਮੁੱਦਾ ਚੁੱਕਿਆ ਅਤੇ ਰਿਪੋਰਟਾਂ ਸਰਕਾਰ ਨੂੰ ਭੇਜੀਆਂ ਗਈਆਂ, ਪਰ ਕੋਈ ਜਵਾਬਦੇਹੀ ਤੈਅ ਨਹੀਂ ਕੀਤੀ ਗਈ। ਅੰਮ੍ਰਿਤਸਰ ਦੇ ਦਬੁਰਜੀ, ਟਾਂਗਰਾ ਅਤੇ ਹੋਰ ਪੁਲਾਂ ਦਾ ਮਸਲਾ ਉਠਾਉਂਦੇ ਹੋਏ ਉਹਨਾਂ ਕਿਹਾ ਕਿ ਇਨ੍ਹਾਂ ਪ੍ਰੋਜੈਕਟਾਂ ਵਿੱਚ ਵੱਡੇ ਪੱਧਰ 'ਤੇ ਭ੍ਰਿਸ਼ਟਾਚਾਰ ਹੋਇਆ ਹੈ। ਉਹਨਾਂ ਕਿਹਾ ਕਿ ਗਗਨਦੀਪ ਸਿੰਘ ਰੰਧਾਵਾ ਦੇ ਕੇਸ ਵਿੱਚ ਲਾਲਜੀਤ ਸਿੰਘ ਭੁੱਲਰ ਦੀ ਗ੍ਰਿਫ਼ਤਾਰੀ ਤਾਂ ਹੋ ਚੁੱਕੀ ਹੈ, ਪਰ ਇਸ ਦੇ ਬਾਵਜੂਦ ਅਜੇ ਤੱਕ ਉਸ ਦਾ ਮੋਬਾਈਲ ਫੋਨ ਅਤੇ ਸਿਮ ਕਾਰਡ ਬਰਾਮਦ ਨਹੀਂ ਹੋ ਸਕੇ, ਜੋ ਸਿੱਧਾ-ਸਿੱਧਾ ਭ੍ਰਿਸ਼ਟਾਚਾਰ ਵੱਲ ਇਸ਼ਾਰਾ ਕਰਦਾ ਹੈ।



# ਵੱਖ-ਵੱਖ ਨਸ਼ਾ ਤਸਕਰਾਂ ਖ਼ਿਲਾਫ਼ ਮਾਮਲੇ ਦਰਜ

**ਗੁਰਦਾਸਪੁਰ (ਜਨਕ ਮਹਾਜਨ)-** ਥਾਣਾ ਦੋਰਾਂਗਲਾ ਦੇ ਐਸ.ਆਈ. ਅਵਤਾਰ ਸਿੰਘ ਨੇ ਸਮੇਤ ਪਲਸ ਪਾਰਟੀ ਇਸਲਾਮਪੁਰ ਮੋੜ ਧੁੱਸੀ ਬੰਨ੍ਹ ਤੋਂ ਗੁਰਚਰਨਦੀਪ ਸਿੰਘ ਉਰਫ਼ ਮੇਜਰ ਪੁੱਤਰ ਇਕਬਾਲ ਸਿੰਘ ਵਾਸੀ ਵਜੀਰਪੁਰ ਅਫਗਾਨਾ ਨੂੰ ਸ਼ੱਕ ਦੇ ਆਧਾਰ 'ਤੇ ਕਾਬੂ ਕਰਕੇ ਉਸ ਪਾਸੋਂ ਬਰਾਮਦ ਮੋਮੀ ਲਿਫਾਫੇ ਨੂੰ ਚੈਕ ਕੀਤਾ ਜਿਸ ਵਿੱਚੋਂ 6 ਗ੍ਰਾਮ ਹੈਰੋਇਨ ਬਰਾਮਦ ਹੋਈ। ਇਸੇ ਤਰ੍ਹਾਂ ਥਾਣਾ ਬਹਿਰਾਮਪੁਰ ਪੁਲਸ ਦੇ ਐਸ.ਆਈ. ਰਚਨਾ ਨੇ ਸਮੇਤ ਪੁਲਸ ਪਾਰਟੀ ਸਾਂਸੀਆਂ ਮੁਹੱਲਾ ਬਹਿਰਾਮਪੁਰ ਤੋਂ ਨੀਤੂ ਪਤਨੀ ਰਜੇਸ਼ ਕੁਮਾਰ ਨੂੰ ਕਾਬੂ ਕਰਕੇ ਉਸ ਪਾਸੋਂ ਬਰਾਮਦ ਮੋਮੀ ਲਿਫਾਫੇ ਨੂੰ ਚੈਕ ਕੀਤਾ ਜਿਸ ਵਿੱਚੋਂ 10 ਗ੍ਰਾਮ ਹੈਰੋਇਨ ਬ੍ਰਾਮਦ ਹੋਈ। ਥਾਣਾ ਭੈਣੀ ਮੀਆਂ ਖਾਂ ਦੇ ਏ.ਐਸ.ਆਈ. ਜਗਦੀਸ਼ ਸਿੰਘ ਨੇ ਸਮੇਤ ਪੁਲਸ ਪਾਰਟੀ ਪਿੰਡ ਨਾਨੋਵਾਲ ਜੀਂਦਰ ਮੋੜ ਤੋਂ ਗੁਰਪ੍ਰੀਤ ਸਿੰਘ ਪੁੱਤਰ ਸਰਵਣ ਸਿੰਘ ਵਾਸੀ ਸੈਦੋਵਾਲ ਕਲਾਂ ਜੋ ਮੋੜ 'ਤੇ ਬਣੇ ਬੱਸ ਸਟਾਪ ਵਿੱਚ ਲੁਕ ਛਿਪ ਕੇ ਨਸ਼ੇ ਦਾ ਸੇਵਨ ਕਰ ਰਿਹਾ ਸੀ, ਨੂੰ ਕਾਬੂ ਕੀਤਾ ਤਾਂ ਉਸ ਪਾਸੋਂ ਮੌਕੇ ਤੇ ਇੱਕ ਸਿਲਵਰ ਪੇਪਰ, ਲਾਇਟਰ ਅਤੇ 10 ਰੁਪਏ ਦਾ ਨੋਟ ਬ੍ਰਾਮਦ ਹੋਇਆ। ਥਾਣਾ ਸਦਰ ਗੁਰਦਾਸਪੁਰ ਦੇ ਏ.ਐਸ.ਆਈ. ਟੇਕ ਰਾਮ ਨੇ ਸਮੇਤ ਪੁਲਸ ਪਾਰਟੀ ਸ਼ਮਸ਼ਾਨਘਾਟ ਹਰਦੋਬਥਵਾਲਾ ਤੋਂ ਕਰਨਬੀਰ ਸਿੰਘ ਕਰਨ ਪੁੱਤਰ ਮੰਗਲ ਸਿੰਘ ਵਾਸੀ ਆਲੀ ਨੰਗਲ ਥਾਣਾ ਦੋਰਾਂਗਲਾ ਨੂੰ ਕਾਬੂ ਕਰਕੇ ਉਸ ਦੀ ਤਲਾਸ਼ੀ ਕੀਤੀ ਤਾਂ ਉਸ ਪਜਾਮੇ ਦੀ ਸੱਜੀ ਜੇਬ ਵਿੱਚੋਂ ਇੱਕ ਮੋਮੀ ਲਿਫਾਫਾ ਬ੍ਰਾਮਦ ਹੋਇਆ ਜਿਸ ਨੂੰ ਖੋਲ੍ਹ ਕੇ ਚੈਕ ਕੀਤਾ ਜਿਸ ਵਿੱਚੋਂ 4 ਗ੍ਰਾਮ ਹੈਰੋਇਨ ਬ੍ਰਾਮਦ ਹੋਈ ਹੈ। ਪੁਲਸ ਇਨ੍ਹਾਂ ਸਾਰੇ ਨਸ਼ਾ ਤਸਕਰਾਂ ਖ਼ਿਲਾਫ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਅਰੰਭ ਕਰ ਦਿੱਤੀ ਹੈ।

# ਗੁ. ਕਿਲ੍ਹਾ ਸਾਹਿਬ ਵਿਖੇ ਸਾਲਾਨਾ ਜੋੜ ਮੇਲਾ ਸ਼ਰਧਾ ਭਾਵਨਾ ਨਾਲ ਮਨਾਇਆ

**ਝਬਾਲ, (ਹਰਜਿੰਦਰ ਸਿੰਘ ਸੋਨੀ)-** ਪਿੰਡ ਠੱਠਗੜ੍ਹ ਗੁਰਦੁਆਰਾ ਕਿਲ੍ਹਾ ਸਾਹਿਬ ਵਿਖੇ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਨਗਰ ਇਲਾਕੇ ਦੇਸ਼ ਵਿਦੇਸ਼ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਸਾਲਾਨਾ ਜੋੜ ਮੇਲਾ ਗੁਰਦੁਆਰਾ ਕਿਲ੍ਹਾ ਸਾਹਿਬ ਦੇ ਮੁੱਖ ਸੇਵਾਦਾਰ ਜਥੇਦਾਰ ਬਾਬਾ ਸੁੱਧ ਸਿੰਘ ਟੂਸੇ ਮਾਛੀਵਾੜਾ ਸਾਹਿਬ ਵਾਲਿਆਂ ਦੀ ਅਗਵਾਈ ਹੇਠ ਸਮੁੱਚੀ ਨਗਰ ਦੀ ਪੰਚਾਇਤ ਅਤੇ ਪਿੰਡ ਠੱਠਗੜ੍ਹ ਦੀਆਂ ਸਮੂਹ ਸੰਗਤਾਂ ਦੇ ਪੂਰਨ ਸਹਿਯੋਗ ਨਾਲ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ।ਦਿਨ ਸੋਮਵਾਰ ਨੂੰ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕੀਤੇ ਗਏ ਹਨ ਜਿਨ੍ਹਾਂ ਦੇ ਬੁੱਧਵਾਰ ਨੂੰ ਭੋਗ ਪਾਏ ਗਏ ।ਉਪਰੰਤ ਖੁੱਲੇ ਪੰਡਾਲ ਵਿੱਚ ਧਾਰਮਿਕ ਦੀਵਾਨ ਸਜਾਏ ਗਏ ਜਿਸ ਵਿੱਚ ਰਾਗੀ, ਢਾਡੀ, ਕਵੀਸ਼ਰ, ਕਥਾ ਵਾਚਕ, ਕਵੀਸ਼ਰ ਭਾਈ ਸੰਦੀਪ ਸਿੰਘ ਚੰਦਨ, ਢਾਡੀ ਕੇਵਲ ਸਿੰਘ ਕੋਮਲ, ਕਵੀਸ਼ਰ ਭਾਈ ਨਰੰਜਣ ਸਿੰਘ ਬੋਪਾਰਾਏ, ਢਾਡੀ ਭਾਈ ਸਵਿੰਦਰ ਸਿੰਘ ਘਣੂਪੁਰ, ਜਸਵਿੰਦਰ ਸਿੰਘ ਜੋਗੇਵਾਲਾ, ਭਾਈ ਹਰਪਾਲ ਸਿੰਘ ਝਬਾਲ ਨੇ ਧੰਨ ਧੰਨ ਸ੍ਰੀ ਗੁਰੂ ਅਮਰਦਾਸ ਸਾਹਿਬ ਜੀ ਦਾ ਜੀਵਨ ਇਤਿਹਾਸ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ।ਜੋੜ ਮੇਲੇ ਤੇ ਹਾਜ਼ਰੀ ਭਰਨ ਪਹੁੰਚੀ ਪਿੰਡ ਠੱਠਗੜ੍ਹ ਦੀ ਸਮੁੱਚੀ ਪੰਚਾਇਤ ਸਰਪੰਚ ਕਵਲਜੀਤ ਸਿੰਘ ਸੋਨੂੰ, ਮੈਂਬਰ ਨਿਸ਼ਾਨ ਸਿੰਘ ਸ਼ਾਹ, ਮੈਂਬਰ ਨਰਿੰਦਰ ਸਿੰਘ, ਮੈਂਬਰ ਕਾਰਜ ਸਿੰਘ, ਅਮਰਜੀਤ ਸਿੰਘ ਅੰਬਾ, ਲਾਡੀ ਸ਼ਾਹ, ਮੈਂਬਰ ਦਿਲਬਾਗ ਸਿੰਘ, ਮੈਂਬਰ ਸੁਖਜਿੰਦਰ ਸਿੰਘ, ਮੈਂਬਰ ਸੋਨੂੰ, ਮੈਂਬਰ ਰਣਜੀਤ ਸਿੰਘ, ਮੈਂਬਰ ਸੁੱਖਾ ਸਿੰਘ ਆਦਿ ਨੂੰ ਸੰਤ ਬਾਬਾ ਸੁੱਧ ਸਿੰਘ ਜੀ ਵੱਲੋ ਗੁਰੂ ਘਰ ਦੀ ਬਖਸ਼ਿਸ਼ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਬਾਬਾ ਸੁੱਧ ਸਿੰਘ ਟੂਸੇ ਵਾਲਿਆਂ ਤੋ ਇਲਾਵਾ ਭਾਈ ਸਰਬਜੀਤ ਸਿੰਘ, ਭਾਈ ਸਤਵੰਤ ਸਿੰਘ, ਬੀਬੀ ਜਸਬੀਰ ਕੌਰ, ਸਮਾਜ ਸੇਵੀ ਸੁਰਜੀਤ ਸਿੰਘ ਹੀਰਾ ਨਦਾਨੀ, ਸਮਾਜ ਸੇਵੀ ਬੀਬੀ ਹਰਮਿੰਦਰ ਕੌਰ, ਭਾਈ ਮਹਿੰਦਰ ਸਿੰਘ ਚਾਨਾ ਯੁਗਾਂਡਾ ਅਫਰੀਕਾ, ਟਰੱਸਟ ਦੇ ਪ੍ਰਧਾਨ ਨਰਿੰਦਰ ਸਿੰਘ ਕੈਨੇਡਾ, ਟਰੱਸਟ ਦੇ ਮੀਤ ਪ੍ਰਧਾਨ ਹੀਰਾ ਸਿੰਘ ਕੈਨੇਡਾ, ਸਰਪੰਚ ਸੋਨੂੰ ਸੰਧੂ ਠੱਠਗੜ੍ਹ, ਸਰਪੰਚ ਭੁਪਿੰਦਰ ਸਿੰਘ ਸੈਸੋਂਵਾਲ ਕਲਾਂ ਤੇ ਹੋਰ ਵੀ ਬੇਅੰਤ ਸੇਵਾਦਾਰ ਸੰਗਤਾਂ ਹਾਜ਼ਰ ਸਨ।ਗੁਰੂ ਕੇ ਲੰਗਰ ਅਤੁੱਟ ਵਰਤਾਏ ਗਏ।



# ਐਸ ਸੀ ਭਾਈਚਾਰੇ ਦੀਆਂ ਸਮੱਸਿਆਵਾਂ ਦਾ ਹੱਲ ਸਰਕਾਰ ਦੀ ਮੁੱਖ ਤਰਜੀਹ : ਲਾਲਪੁਰਾ



**ਤਰਨ ਤਾਰਨ (ਪ੍ਰਿਤਪਾਲ ਸਿੰਘ)-** ਐਸ.ਸੀ ਭਾਈਚਾਰੇ ਦੀ ਭਲਾਈ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਹੱਲ ਸਰਕਾਰ ਦੀ ਮੁੱਖ ਤਰਜੀਹ ਹੈ। ਇਹ ਪ੍ਰਗਟਾਵਾ ਹਲਕਾ ਖਡੂਰ ਸਾਹਿਬ ਦੇ ਵਿਧਾਇਕ ਮਨਜਿੰਦਰ ਸਿੰਘ ਲਾਲਪੁਰਾ ਵੱਲੋਂ ਅੱਜ ਐਸ.ਸੀ ਬਲਾਕ ਪ੍ਰਧਾਨਾਂ ਨਾਲ ਕੀਤੀ ਇਕ ਮਹੱਤਵਪੂਰਨ ਮੀਟਿੰਗ ਦੌਰਾਨ ਕੀਤਾ। ਇਸ ਮੀਟਿੰਗ ਦੌਰਾਨ ਹਲਕੇ ਦੇ ਵਿਕਾਸ ਕਾਰਜਾਂ, ਸੰਗਠਨ ਨੂੰ ਹੋਰ ਮਜ਼ਬੂਤ ਕਰਨ ਅਤੇ ਆਮ ਲੋਕਾਂ ਨਾਲ ਸਿੱਧਾ ਸੰਪਰਕ ਬਣਾਉਣ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ। ਵਿਧਾਇਕ ਲਾਲਪੁਰਾ ਨੇ ਮੀਟਿੰਗ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਹਰੇਕ ਬਲਾਕ ਪ੍ਰਧਾਨ ਆਪਣੀ ਜ਼ਿੰਮੇਵਾਰੀ ਨੂੰ ਸਮਝਦੇ ਹੋਏ ਲੋਕਾਂ ਦੀਆਂ ਸਮੱਸਿਆਵਾਂ ਨੂੰ ਤੁਰੰਤ ਸਰਕਾਰ ਤੱਕ ਪਹੁੰਚਾਵੇ ਅਤੇ ਉਨ੍ਹਾਂ ਦੇ ਹੱਲ ਲਈ ਯਤਨਸ਼ੀਲ ਰਹੇ।ਮੀਟਿੰਗ ਦੌਰਾਨ ਪ੍ਰਧਾਨਾਂ ਵੱਲੋਂ ਆਪਣੇ-ਆਪਣੇ ਇਲਾਕਿਆਂ ਦੀਆਂ ਸਮੱਸਿਆਵਾਂ ਅਤੇ ਸੁਝਾਅ ਵੀ ਸਾਂਝੇ ਕੀਤੇ ਗਏ, ਜਿਨ੍ਹਾਂ ਨੂੰ ਸੁਣਦਿਆਂ ਉਨ੍ਹਾਂ ਦੇ ਹੱਲ ਲਈ ਭਰੋਸਾ ਦਿਵਾਇਆ। ਅੰਤ ਵਿੱਚ ਲਾਲਪੁਰਾ ਨੇ ਸਭ ਦਾ ਧੰਨਵਾਦ ਕਰਦਿਆਂ ਕਿਹਾ ਕਿ ਸਾਰਿਆਂ ਦੇ ਸਹਿਯੋਗ ਨਾਲ ਹਲਕਾ ਖਡੂਰ ਸਾਹਿਬ ਨੂੰ ਵਿਕਾਸ ਦੀਆਂ ਬੁਲੰਦੀਆਂ 'ਤੇ ਪਹੁੰਚਾਇਆ ਜਾਵੇਗਾ। ਇਸ ਸਮੇਂ ਉਨ੍ਹਾਂ ਦੇ ਨਾਲ ਨਿਰਮਲ ਸਿੰਘ ਸਰਪੰਚ ਕੁਹਾੜਕਾ ਹਲਕਾ ਕੁਆਰਡੀਨੇਟਰ ਖਡੂਰ ਸਾਹਿਬ, ਚੇਅਰਮੈਨ ਹਰਜੀਤ ਸਿੰਘ ਸੰਧੂ, ਚੇਅਰਮੈਨ ਟਰੇਡ ਵਿੰਗ ਗੌਰਵ ਰਾਮਪਾਲ, ਰਜਿੰਦਰ ਸਿੰਘ ਪੰਨੂ ਹਲਕਾ ਸੰਗਠਨ ਇੰਚਾਰਜ ਖਡੂਰ ਸਾਹਿਬ ਆਦਿ ਹਾਜ਼ਰ ਸਨ।

## ਅਨੁਜ ਖੇਮਕਾ ਨੇ ਕਥਾ 'ਚ ਕੀਤੀ ਸ਼ਿਰਕਤ

**ਛੇਹਰਟਾ, (ਮਨੋਜ ਕੁਮਾਰ)-** ਸ੍ਰੀ ਮਦਭਾਗਵਤ ਹਫ਼ਤਾਵਾਰੀ ਕਥਾ ਗਿਆਨ ਯੱਗ ਹਵੇਲੀ ਸ੍ਰੀ ਗੋਵਰਧਨ ਨਾਥ ਜੀ ਮਜੀਠ ਮੰਡੀ ਵਿਖੇ 7 ਅਪ੍ਰੈਲ ਤੋਂ 14 ਅਪ੍ਰੈਲ ਤੱਕ ਸ਼ਾਮ 4 ਵਜੇ ਤੋਂ 7 ਵਜੇ ਤੱਕ ਪੰਡਿਤ ਸ਼ਿਵ ਰਾਮ ਦੀ ਪ੍ਰਧਾਨਗੀ ਹੇਠ ਕਰਵਾਇਆ ਜਾ ਰਿਹਾ ਹੈ। ਇਸ ਮੌਕੇ ਕਥਾ ਵਿਆਸ ਸ੍ਰੀ ਆਸ਼ੂਧੀਰਾਤਮਜ ਵੇਦਾਂਗ ਵਿਭੂਸ਼ਣ ਸ੍ਰੀ ਮੁਕਤਾਨੰਦ ਨਿਤਿਆਨੰਦ ਨਰਾਇਣ ਸਰਸਵਤੀ ਵੱਲੋਂ ਕੀਤੀ ਜਾ ਰਹੀ ਹੈ। ਰਾਸ਼ਟਰੀ ਹਿੰਦੂ ਚੇਤਨਾ ਮੰਚ ਦੇ ਪੰਜਾਬ ਪ੍ਰਧਾਨ ਅਨੁਜ ਖੇਮਕਾ ਵੀ ਇਸ ਕਥਾ ਵਿਚ ਹਾਜ਼ਰੀ ਭਰਨ ਲਈ ਪਹੁੰਚੇ ਅਤੇ ਉਨ੍ਹਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਪੰਡਿਤ ਨਰੋਤਮ ਦੀਕਸ਼ਿਤ, ਪੰਡਿਤ ਸ਼ਿਵਰਾਮ, ਪੰਕਜ ਨਾਰੰਗ, ਗੌਰਵ ਗੁਪਤਾ, ਕਪਿਲ ਦੁੱਗਲ, ਮੁਕੇਸ਼, ਸਾਜਨ, ਰੋਹਿਤ, ਬੱਬਲੂ, ਗੌਤਮ ਵਾਸਤਵ, ਸੰਨੀ ਮਹਿਰਾ, ਸਮਾਜ ਸੇਵੀ ਅਸ਼ਵਨੀ ਜੋਸ਼ੀ ਆਦਿ ਹਾਜ਼ਰ ਸਨ।



## ਗੁਰਨਾਮ ਸਿੰਘ ਚਾਹਲ ਮੁੜ ਬਲਾਕ ਕਾਂਗਰਸ ਕਮੇਟੀ ਧਾਰੀਵਾਲ ਦੇ ਪ੍ਰਧਾਨ ਨਿਯੁਕਤ

**ਧਾਰੀਵਾਲ, (ਮਨਦੀਪ ਵਿੱਕੀ)-** ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਵੱਲੋਂ ਅੱਜ 'ਸੰਗਠਨ ਸਿਰਜਨ ਅਭਿਆਨ' ਅਧੀਨ ਪਾਰਟੀ ਦੇ 103 ਬਲਾਕਾਂ ਲਈ ਨਵੇਂ ਬਲਾਕ ਪ੍ਰਧਾਨਾਂ ਦੀ ਨਿਯੁਕਤੀ ਦਾ ਐਲਾਨ ਕੀਤਾ ਗਿਆ ਜਿਸ ਵਿੱਚ ਜ਼ਿਲ੍ਹਾ ਗੁਰਦਾਸਪੁਰ ਦੇ ਵਿਧਾਨ ਸਭਾ ਹਲਕਾ ਕਾਦੀਆਂ ਦੀ ਬਲਾਕ ਕਾਂਗਰਸ ਕਮੇਟੀ ਧਾਰੀਵਾਲ ਦਾ ਪ੍ਰਧਾਨ ਗੁਰਨਾਮ ਸਿੰਘ ਚਾਹਲ ਨੂੰ ਨਿਯੁਕਤ ਕੀਤਾ ਗਿਆ ਹੈ।ਇਸ ਨਿਯੁਕਤੀ 'ਤੇ ਖੁਸ਼ੀ ਪ੍ਰਗਟ ਕਰਦਿਆਂ ਬਲਾਕ ਕਾਂਗਰਸ ਕਮੇਟੀ ਧਾਰੀਵਾਲ ਦੇ ਪ੍ਰਧਾਨ ਗੁਰਨਾਮ ਸਿੰਘ ਚਾਹਲ ਨੇ ਕਿਹਾ ਕਿ ਉਹ ਕਾਂਗਰਸ ਹਾਈਕਮਾਂਡ, ਖਾਸ ਕਰਕੇ ਰਾਹੁਲ ਗਾਂਧੀ, ਵਿਰੋਧੀ ਧਿਰ ਦੇ ਨੇਤਾ ਤੇ ਹਲਕਾ ਕਾਦੀਆਂ ਤੋਂ ਕਾਂਗਰਸੀ ਵਿਧਾਇਕ ਪ੍ਰਤਾਪ ਸਿੰਘ ਬਾਜਵਾ ਅਤੇ ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ, ਰਾਜਾ ਵੜਿੰਗ ਦਾ ਧੰਨਵਾਦ ਕਰਦੇ ਹਨ, ਜਿਨ੍ਹਾਂ ਨੇ ਮੇਰੇ ਉਤੇ ਵਿਸ਼ਵਾਸ ਜਤਾ ਕੇ ਮੈਨੂੰ ਦੁਬਾਰਾ ਬਲਾਕ ਕਾਂਗਰਸ ਕਮੇਟੀ ਧਾਰੀਵਾਲ ਦੇ ਪ੍ਰਧਾਨ ਵਜੋਂ ਪਾਰਟੀ ਵਿੱਚ ਸੇਵਾਵਾਂ ਨਿਭਾਉਣ ਦਾ ਮੌਕਾ ਦਿੱਤਾ ਹੈ।ਉਨ੍ਹਾਂ ਕਿਹਾ ਕਿ ਇਸ ਵਿਸ਼ਵਾਸ ਨੂੰ ਕਾਇਮ ਰੱਖਣ ਲਈ ਉਹ ਕਾਂਗਰਸ ਪਾਰਟੀ ਨੂੰ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤ ਕਰਨ ਲਈ ਪਹਿਲਾਂ ਨਾਲੋਂ ਵੀ ਵੱਧ ਮਿਹਨਤ ਕਰਨਗੇ।



## ਡਾ. ਇੰਦਰਪਾਲ ਨੂੰ ਕੀਤਾ ਸਨਮਾਨਿਤ



**ਛੇਹਰਟਾ/ਖਾਸਾ, (ਮਨੋਜ ਕੁਮਾਰ/ਸ਼ਸ਼ਪਾਲ ਸਿੰਘ)-** ਸ੍ਰੀ ਨਾਭਾ ਦਾਸ ਮੰਦਰ ਕਮੇਟੀ, ਛੋਟਾ ਹਰੀਪੁਰਾ ਦੀ ਕਮੇਟੀ ਵੱਲੋਂ ਗੁਰੂ ਨਾਭਾ ਦਾਸ ਜੀ ਦਾ 489ਵਾਂ ਜਨਮ ਦਿਹਾੜਾ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਆਮ ਆਦਮੀ ਪਾਰਟੀ ਦੇ ਐੱਸ. ਸੀ. ਵਿੰਗ ਜ਼ਿਲ੍ਹਾ ਅੰਮ੍ਰਿਤਸਰ ਦੇ ਪ੍ਰਧਾਨ ਡਾਕਟਰ ਇੰਦਰਪਾਲ ਬਤੌਰ ਮੁੱਖ ਮਹਿਮਾਨ ਸ਼ਾਮਿਲ ਹੋਏ। ਉਨ੍ਹਾਂ ਨੂੰ ਮੰਦਰ ਕਮੇਟੀ ਵੱਲੋਂ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸੁਰਿੰਦਰ, ਓਮ ਪ੍ਰਕਾਸ਼, ਮਾਸਟਰ ਅਵਤਾਰ ਸਿੰਘ, ਕਿਰਨ ਕੁਮਾਰ, ਤੀਰਥ ਰਾਮ, ਹਰਬੰਸ ਲਾਲ, ਪ੍ਰਮੋਦ ਬੱਬਲਾ, ਗੌਰਵ ਕੁਮਾਰ ਆਦਿ ਵੀ ਹਾਜ਼ਰ ਸਨ।

## ਦਰਜਨਾਂ ਪਿੰਡਾਂ 'ਚ ਗੜੇਮਾਰੀ ਨਾਲ ਫਸਲਾਂ ਹੋਈਆਂ ਪ੍ਰਭਾਵਤ



**ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)-** ਫਤਿਹਗੜ੍ਹ ਚੂੜੀਆਂ ਇਲਾਕੇ ਦੇ ਪਿੰਡਾਂ ਮਰੀਦਕੇ, ਘਣੀਏ ਕੇ ਬਾਂਗਰ, ਕਾਲਾ ਅਫਗਾਨਾ, ਨਾਨਕ ਚੱਕ ਤੇ ਆਸ ਪਾਸ ਦੇ ਪਿੰਡਾਂ ਵਿਚ ਭਾਰੀ ਗੜੇਮਾਰੀ ਹੋਈ ਹੈ।ਪਹਿਲਾਂ ਤੋਂ ਹੀ ਪੈ ਰਹੇ ਭਾਰੀ ਮੀਂਹ ਤੇ ਗੜੇਮਾਰੀ ਕਾਰਨ ਕਿਸਾਨਾਂ ਦੀਆਂ ਫਸਲਾਂ ਦਾ ਬਹੁਤ ਜ਼ਿਆਦਾ ਨੁਕਸਾਨ ਹੋਇਆ ਹੈ ਪਰ ਜੋ ਹੁਣ ਇਲਾਕੇ ਦੇ ਪਿੰਡਾਂ ਵਿਚ ਭਾਰੀ ਗੜੇਮਾਰੀ ਹੋਈ ਇਸਨੇ ਕਿਸਾਨੀ ਦਾ ਲੱਕ ਤੋੜ ਦਿੱਤਾ ਹੈ।ਕਿਸਾਨ ਕੁਦਰਤ ਦੀ ਇਸ ਕਰੋਪੀ ਸਾਹਮਣੇ ਬੇਵੱਸ ਤੇ ਨਿਰਾਸ਼ ਖੜੇ ਹਨ।

## ਮੰਡਾਰ ਬਰਾਦਰੀ ਵੱਲੋਂ ਸਾਲਾਨਾ ਮੇਲਾ 13 ਨੂੰ

**ਬਟਾਲਾ (ਤਰਲੋਕ ਬੱਗਾ)-** ਮੰਡਾਰ ਬਰਾਦਰੀ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਸਾਲਾਨਾ ਮੇਲਾ 13 ਅਪ੍ਰੈਲ ਨੂੰ ਪਿੰਡ ਭਾਗੋਵਾਲ ਤਹਿਸੀਲ ਬਟਾਲਾ ਜ਼ਿਲ੍ਹਾ ਗੁਰਦਾਸਪੁਰ ਵਿਖੇ ਬੜੀ ਧੂਮਧਾਮ ਨਾਲ ਮਨਾਇਆ ਜਾ ਰਿਹਾ ਹੈ। ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਅਮਨ ਸ਼ਰਮਾ ਨੇ ਦੱਸਿਆ ਕਿ ਮੇਲੇ ਦੀਆਂ ਤਿਆਰੀਆਂ ਚੱਲ ਰਹੀਆਂ ਹਨ ਅਤੇ ਸਮੂਹ ਇਲਾਕਾ ਨਿਵਾਸੀਆਂ ਨੂੰ ਇਸ ਧਾਰਮਿਕ ਸਮਾਗਮ ਵਿੱਚ ਸ਼ਾਮਲ ਹੋਣ ਲਈ ਸੱਦਾ ਦਿੱਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਪ੍ਰੋਗਰਾਮ ਦੀ ਸ਼ੁਰੂਆਤ ਸਵੇਰੇ 9 ਵਜੇ ਝੰਡੇ ਦੀ ਰਸਮ ਨਾਲ ਹੋਵੇਗੀ, ਦੁਪਹਿਰ ਨੂੰ ਵਿਸ਼ਾਲ ਲੰਗਰ ਲਗਾਇਆ ਜਾਵੇਗਾ।

## ਇੰਸਪੈਕਟਰ ਰਮਨਦੀਪ ਕੌਰ ਨੇ ਚਾਰਜ ਸੰਭਾਲਿਆ



**ਮਾਹਿਲਪੁਰ (ਸਫ਼ਰੀ)-** ਥਾਣਾ ਮਾਹਿਲਪੁਰ ਵਿੱਚ ਥਾਣਾ ਮੁਖੀ ਵਜੋਂ ਇੰਸਪੈਕਟਰ ਰਮਨਦੀਪ ਕੌਰ ਨੇ ਚਾਰਜ ਸੰਭਾਲਿਆ ਹੈ । ਥਾਣਾ ਮੁਖੀ ਰਮਨਦੀਪ ਕੌਰ ਇਸੇ ਹੀ ਥਾਣੇ ਵਿੱਚ ਕਾਫੀ ਸਮੇਂ ਤੋਂ ਸਬ ਇੰਸਪੈਕਟਰ ਵਜੋਂ ਆਪਣੀਆਂ ਸੇਵਾਵਾਂ ਨਿਭਾ ਰਹੇ ਸਨ। ਇਕ ਹਫਤਾ ਪਹਿਲਾਂ ਸਰਕਾਰ ਵੱਲੋਂ ਉਹਨਾਂ ਦੀ ਤਰੱਕੀ ਉਪਰੰਤ ਇੰਸਪੈਕਟਰ ਬਣਾਇਆ ਗਿਆ ਤੇ ਇਸੇ ਥਾਣੇ ਥਾਣੇ ਦੇ ਮੁਖੀ ਬਣ ਗਏ । ਥਾਣਾ ਮੁਖੀ ਦਾ ਅਹੁਦਾ ਸੰਭਾਲਦਿਆਂ ਉਨ੍ਹਾਂ ਇਲਾਕਾ ਵਾਸੀਆਂ ਨੂੰ ਕਿਹਾ ਕਿ ਕਾਲਜ ਗੇਟ, ਬੱਸ ਸਟੈਂਡ ਅਤੇ ਹਸਪਤਾਲਾਂ ਅੱਗੇ ਖੜ੍ਹੇ ਸ਼ਰਾਰਤੀ ਅਨਸਰਾਂ ਦੀ ਸੂਚਨਾ ਤੁਰੰਤ ਥਾਣੇ ਨੂੰ ਦਿਓ। ਉਹਨਾਂ ਕਿਹਾ ਨਸ਼ੇ ਦੇ ਸੌਦਾਗਰਾਂ ਨੂੰ ਤੁਰੰਤ ਉਹਨਾਂ ਦੀ ਬਣਦੀ ਜਗ੍ਹਾ ਤੇ ਭੇਜਿਆ ਜਾਵੇਗਾ ਖਾਸ ਕਰਕੇ ਬੁਲੇਟ ਦੇ ਪਟਾਕੇ ਬਣਾਉਣ ਵਾਲਿਆਂ ਨੂੰ ਤਾੜਨਾ ਕੀਤੀ ਕਿ ਫੜੇ ਜਾਣ ਤੇ ਕਿਸੇ ਦੀ ਸਿਫਾਰਿਸ਼ ਨਹੀਂ ਸੁਣੀ ਜਾਵੇਗੀ।

# ਸੱਟਾਂ ਮਾਰ ਕੇ ਜ਼ਖ਼ਮੀ ਕਰਨ ਵਾਲਿਆਂ ਖ਼ਿਲਾਫ਼ ਮਾਮਲਾ ਦਰਜ

**ਗੁਰਦਾਸਪੁਰ (ਜਨਕ ਮਹਾਜਨ)-** ਥਾਣਾ ਘੁੰਮਣ ਕਲਾਂ ਪੁਲਸ ਨੂੰ ਦਿੱਤੇ ਬਿਆਨਾਂ ਵਿਚ ਪਰਮਿੰਦਰ ਸਿੰਘ ਪੁੱਤਰ ਗੁਲਜਾਰ ਸਿੰਘ ਵਾਸੀ ਘੁੰਮਣ ਖੁਰਦ ਨੇ ਦੱਸਿਆ ਕਿ 6 ਅਪ੍ਰੈਲ ਨੂੰ ਉਹ ਅਤੇ ਉਸ ਦਾ ਸਾਥੀ ਮਨੀਸ਼ ਕੁਮਾਰ ਆਪਣੀ ਜੀਪ 'ਤੇ ਸਵਾਰ ਹੋ ਕੇ ਗੁਰਦੁਆਰਾ ਟਾਹਲੀ ਸਾਹਿਬ ਨੂੰ ਜਾ ਰਹੇ ਸੀ ਕਿ ਰਾਤ 7 ਵਜੇ ਦੇ ਕਰੀਬ ਜਦ ਉਹ ਗੁਰਦੁਆਰਾ ਟਾਹਲੀ ਸਾਹਿਬ ਨਜ਼ਦੀਕ ਪੁੱਜੇ ਤਾਂ ਦੇਖਿਆ ਕਿ ਸੜਕ ਦੇ ਵਿਚਕਾਰ ਟਰੈਕਟਰ ਸਵਰਾਜ 855 ਖੜ੍ਹਾ ਸੀ ਜਿਸ ਉਪਰ ਜਤਿੰਦਰ ਸਿੰਘ, ਰਜਿੰਦਰ ਸਿੰਘ ਪੁਤਰਾਨ ਨਿਰਮਲ ਸਿੰਘ, ਨਿਰਮਲ ਸਿੰਘ ਪੁੱਤਰ ਨਾਜਰ ਸਿੰਘ, ਮਨਜੀਤ ਸਿੰਘ ਪੁੱਤਰ ਕੁਲਵੰਤ ਸਿੰਘ ਵਾਸੀ ਘੁੰਮਣ ਖੁਰਦ ਵਿਅਕਤੀ ਬੈਠੇ ਹੋਏ ਸਨ, ਜਿਨ੍ਹਾਂ ਨੇ ਮੈਨੂੰ ਅਤੇ ਮੇਰੇ ਸਾਥੀ ਮਨੀਸ਼ ਕੁਮਾਰ ਨੂੰ ਦਸਤੀ ਹਥਿਆਰਾਂ ਨਾਲ ਸੱਟਾਂ ਮਾਰ ਕੇ ਜ਼ਖ਼ਮੀ ਕਰ ਦਿੱਤਾ। ਇਸ ਘਟਨਾ ਦੀ ਵਜ੍ਹਾ ਰੰਜਿਸ਼ ਦੱਸੀ ਜਾ ਰਹੀ ਹੈ। ਪੀੜਤ ਦੇ ਤਾਏ ਅਮਰੀਕ ਸਿੰਘ ਦਾ ਕਥਿਤ ਦੋਸ਼ੀਆਂ ਨਾਲ ਜ਼ਮੀਨੀ ਵਿਵਾਦ ਚਲਦਾ ਹੈ ਅਤੇ ਪੀੜਤ ਆਪਣੇ ਤਾਏ ਦੀ ਮਦਦ ਕਰਦਾ ਹੈ। ਥਾਣਾ ਘੁੰਮਣ ਕਲਾਂ ਪੁਲਸ ਨੇ ਕਥਿਤ ਦੋਸ਼ੀਆਂ ਖ਼ਿਲਾਫ਼ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਅਰੰਭ ਕਰ ਦਿੱਤੀ ਹੈ।

# ਵਿਸ਼ਵ ਸਿਹਤ ਦਿਵਸ ਮੌਕੇ ਪਬਲਿਕ ਸਕੂਲ ਚੇਤਨਪੁਰਾ 'ਚ ਲੱਗਾ ਸਿਹਤ ਕੈਂਪ

**ਚੇਤਨਪੁਰਾ (ਸੁਖਵੰਤ ਚੇਤਨਪੁਰੀ)-** ਸ੍ਰੀ ਗੁਰੂ ਗੋਬਿੰਦ ਸਿੰਘ ਪਬਲਿਕ ਸਕੂਲ ਚੇਤਨਪੁਰਾ ਵਿਖੇ ਨੈਚਰੁਲ ਹੱਬ ਅੰਮ੍ਰਿਤਸਰ ਵੱਲੋਂ ਵਿਸ਼ਵ ਸਿਹਤ ਦਿਵਸ ਮੌਕੇ ਸਿਹਤ ਕੈਂਪ ਲਗਾਇਆ ਗਿਆ, ਜਿਸ ਵਿੱਚ ਵੈੱਲਨੈੱਸ ਕੋਚ ਦਲਜੀਤ ਸਿੰਘ ਅਤੇ ਸੰਦੀਪ ਕੌਰ ਵੱਲੋਂ ਕੁਦਰਤੀ ਤੌਰ 'ਤੇ ਤੰਦਰੁਸਤ ਰਹਿਣ ਦੇ ਗੁਣ ਦੱਸ ਕੇ ਹਾਜ਼ਰ ਮਾਪਿਆਂ, ਵਿਦਿਆਰਥੀਆਂ ਅਤੇ ਸਟਾਫ਼ ਨੂੰ ਸੁਨੇਹਾ ਦਿੱਤਾ ਕਿ ਇਕ ਆਮ ਵਿਅਕਤੀ ਸੰਤੁਲਿਤ ਖ਼ੁਰਾਕ ਅਤੇ ਜ਼ਰੂਰੀ ਕਸਰਤ ਕਰਕੇ ਬਿਮਾਰੀਆਂ ਤੋਂ ਬਚਾਅ ਅਤੇ ਦਵਾਈਆਂ ਤੋਂ ਮੁਕਤੀ ਪਾ ਸਕਦਾ ਹੈ।ਵਿਦਿਆਰਥੀਆਂ ਨੇ ਵੀ ਸਿਹਤ ਕੈਂਪ ਦੌਰਾਨ ਆਪਣੇ ਵਿਚਾਰ ਰੱਖਦਿਆਂ ਤੰਦਰੁਸਤ ਰਹਿਣ ਦਾ ਸੁਨੇਹਾ ਦਿੱਤਾ ਅਤੇ ਖੁਦ ਵੀ ਪ੍ਰਣ ਕੀਤਾ ਕਿ ਸਿਹਤ ਨੂੰ ਵਿਗਾੜਨ ਵਾਲਾ ਨਾ ਕੁਝ ਖਾਣਗੇ ਅਤੇ ਨਾ ਪੀਣਗੇ।ਮੈਡਮ ਪਰਮਿੰਦਰ ਗਿੱਲ ਨੇ ਵੀ ਸਿਹਤ ਕੈਂਪ ਬਾਰੇ ਆਪਣੇ ਵਿਚਾਰ ਪ੍ਰਗਟਾਏ। ਉਨ੍ਹਾਂ ਕਿਹਾ ਕਿ ਸਾਡੇ ਸਕੂਲ ਦਾ ਮਕਸਦ ਹੀ ਬੱਚਿਆਂ ਨੂੰ ਸਮੇਂ ਦੇ ਹਾਣੀ ਬਣਾਉਣਾ ਹੈ।ਉਨ੍ਹਾਂ ਕਿਹਾ ਕਿ ਸਿਹਤ ਕੈਂਪ ਨਾਲ ਸਾਡੇ ਵਿਦਿਆਰਥੀਆਂ ਦਾ ਵਧਿਆ ਹੋਇਆ ਮਨੋਬਲ ਸਾਫ਼ ਦਿਖਾਈ ਦੇ ਰਿਹਾ ਹੈ ਜਿਸਨੂੰ ਵਿਦਿਆਰਥੀਆਂ ਦੇ ਮਾਪਿਆਂ ਨੇ ਵੀ ਆਪਣੀਆਂ ਅੱਖਾਂ ਨਾਲ ਦੇਖਿਆ ਅਤੇ ਕੰਨਾਂ ਨਾਲ ਸੁਣਿਆ ਹੈ। ਇਸ ਕੈਂਪ ਨੂੰ ਸ਼ਾਨਦਾਰ ਤੇ ਕਾਮਯਾਬ ਬਣਾਉਣ ਲਈ ਸਕੂਲ ਸਟਾਫ਼ ਮੈਡਮ ਨਵਰੀਤ ਕੌਰ, ਰਮਨਦੀਪ ਕੌਰ ਬਾਠ, ਮਨਪ੍ਰੀਤ ਕੌਰ, ਗੀਤਾ ਕੌਰ, ਪ੍ਰਗਟ ਕੌਰ, ਹਰਦੀਪ ਸਿੰਘ, ਅਤਮਨਪ੍ਰੀਤ ਸਿੰਘ ਕੰਦੋਵਾਲੀ ਨੇ ਬਹੁਤ ਮਿਹਨਤ ਕੀਤੀ।



# ਮਜੀਠਾ ਹਲਕੇ ਦਾ ਵਿਕਾਸ ਰਿਕਾਰਡਤੋੜ ਹੋਵੇਗਾ : ਤਲਬੀਰ ਗਿੱਲ

**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-** ਆਮ ਆਦਮੀ ਪਾਰਟੀ ਹਲਕਾ ਮਜੀਠਾ ਦੇ ਇੰਚਾਰਜ ਤਲਬੀਰ ਸਿੰਘ ਗਿੱਲ ਨੇ ਦਾਅਵਾ ਕੀਤਾ ਹੈ ਕਿ ਆਉਂਦੇ ਕੁਝ ਮਹੀਨਿਆਂ ਵਿੱਚ ਹਲਕਾ ਮਜੀਠਾ ਦਾ ਇੰਨਾ ਵਿਕਾਸ ਹੋਵੇਗਾ ਜੋ ਪਿਛਲੀਆਂ ਸਰਕਾਰਾਂ ਨੇ ਸੋਚਿਆ ਤੱਕ ਨਾ ਹੋਵੇਗਾ।ਤਲਬੀਰ ਸਿੰਘ ਗਿੱਲ ਜੋ ਕਿ ਸਰਪੰਚ ਪ੍ਰੇਮ ਸਿੰਘ ਤਰਫਾਨ ਵੱਲੋਂ ਕਰਵਾਏ ਗਏ ਇਕ ਧਾਰਮਿਕ ਸਮਾਗਮ ਵਿੱਚ ਸ਼ਾਮਿਲ ਹੋਣ ਲਈ ਆਏ ਸਨ, ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਆਮ ਆਦਮੀ ਸਰਕਾਰ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਚਾਰ ਸਾਲ ਪਹਿਲਾਂ ਜਿੰਨੀਆਂ ਵੀ ਗਰੰਟੀਆਂ ਤੇ ਵਾਅਦੇ ਕੀਤੇ ਸਨ ਉਹ ਸਭ ਪੂਰੇ ਕਰ ਦਿੱਤੇ ਹਨ ਅਤੇ ਰਹਿੰਦੇ ਕਰੀਬ 11 ਮਹੀਨਿਆਂ ਦੌਰਾਨ ਲੋਕਾਂ ਨੂੰ ਵੱਧ ਤੋਂ ਵੱਧ ਸਹੂਲਤਾਂ ਦੇ ਕੇ ਨਿਹਾਲ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਸਾਡੀ ਪਾਰਟੀ ਦੇ ਵਲੰਟੀਅਰ ਤੇ ਲੀਡਰ ਜ਼ਮੀਨ ਨਾਲ ਜੁੜੇ ਹਨ ਜਦ ਕਿ ਦੂਸਰੀਆਂ ਰਵਾਇਤੀ ਪਾਰਟੀਆਂ ਵਾਂਗ ਹਵਾ ਵਿੱਚ ਤਲਵਾਰਾਂ ਨਹੀਂ ਮਾਰਦੇ।ਉਨ੍ਹਾਂ ਕਿਹਾ ਕਿ ਸਾਨੂੰ ਪੂਰੀ ਆਸ ਉਮੀਦ ਹੈ ਕਿ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਭਗਵੰਤ ਮਾਨ ਦੀ ਸਰਕਾਰ ਮੁੜ ਹੋਂਦ ਵਿੱਚ ਆਵੇਗੀ।ਇਸ ਮੌਕੇ ਉਨ੍ਹਾਂ ਦੇ ਨਾਲ ਸਰਪੰਚ ਪ੍ਰੇਮ ਸਿੰਘ ਤਰਫਾਨ, ਸਰਪੰਚ ਜਤਿੰਦਰ ਸਿੰਘ ਤਲਵੰਡੀ ਦੋਸੰਧਾ ਸਿੰਘ, ਸਰਪੰਚ ਸਰਬਜੀਤ ਸਿੰਘ ਸਾਧਪੁਰ, ਅਮੋਲਕ ਸਿੰਘ, ਬਲਦੇਵ ਸਿੰਘ ਬਾਠ, ਬਲਵਿੰਦਰ ਸਿੰਘ ਬਿੱਲਾ, ਮਲਕੀਤ ਸਿੰਘ ਬਾਠ ਆਦਿ ਹਾਜ਼ਰ ਸਨ।



# ਪਬਲਿਕ ਸਕੂਲ ਝਬਾਲ 'ਚ ਮਨਾਇਆ ਨੌਵੇਂ ਪਾਤਸ਼ਾਹ ਦਾ ਪ੍ਰਕਾਸ਼ ਗੁਰਪੁਰਬ

**ਝਬਾਲ (ਹਰਜਿੰਦਰ ਸਿੰਘ ਸੋਨੀ)-** ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨ ਸ. ਇੰਦਰਬੀਰ ਸਿੰਘ ਨਿੱਜਰ ਦੀ ਯੋਗ ਰਹਿਨੁਮਾਈ ਹੇਠ ਚੱਲ ਰਹੀ ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਸ੍ਰੀ ਗੁਰੂ ਹਰਿਕ੍ਰਿਸ਼ਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ, ਝਬਾਲ ਵਿਖੇ ਸ੍ਰੀ ਗੁਰੂ ਤੇਗ ਬਹਾਦਰ ਜੀ ਦਾ ਪ੍ਰਕਾਸ਼ ਗੁਰਪੁਰਬ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਸਵੇਰ ਦੀ ਸਭਾ ਵਿੱਚ ਬੱਚਿਆਂ ਵੱਲੋਂ ਹਰ-ਜਸ ਕੀਰਤਨ ਗਾਇਨ ਕੀਤਾ ਗਿਆ ਅਤੇ ਮੈਡਮ ਮਨਿੰਦਰ ਕੌਰ ਵੱਲੋਂ ਗੁਰੂ ਸਾਹਿਬ ਦੀ ਜੀਵਨੀ ਅਤੇ ਉਨ੍ਹਾਂ ਦੀਆਂ ਸਿੱਖਿਆਵਾਂ ਤੋਂ ਵਿਦਿਆਰਥੀਆਂ ਨੂੰ ਜਾਣੂ ਕਰਵਾਇਆ ਗਿਆ। ਸਕੂਲ ਦੇ ਮੈਂਬਰ ਇੰਚਾਰਜ ਮਨਜੀਤ ਸਿੰਘ ਢਿੱਲੋਂ, ਆਦਰਸ਼ਪਿੰਦਰ ਸਿੰਘ ਮਾਨ, ਅਜੀਤਪਾਲ ਸਿੰਘ ਅਨੇਜਾ ਅਤੇ ਪ੍ਰਿੰਸੀਪਲ ਅਨੂਰੀਤ ਬਾਵਾ ਨੇ ਵਿਦਿਆਰਥੀਆਂ ਨੂੰ ਗੁਰੂ ਸਾਹਿਬ ਦੇ ਦੱਸੇ ਹੋਏ ਮਾਰਗ 'ਤੇ ਚੱਲਣ ਲਈ ਉਤਸ਼ਾਹਿਤ ਕਰਦਿਆਂ ਗੁਰਸਿੱਖੀ ਵਾਲਾ ਜੀਵਨ ਜਿਊਣ ਲਈ ਪ੍ਰੇਰਿਤ ਕੀਤਾ। ਇਸ ਸਮੇਂ ਸਕੂਲ ਦਾ ਸਮੂਹ ਸਟਾਫ਼, ਬਲਕਾਰ ਸਿੰਘ, ਰਾਜਿੰਦਰ ਸਿੰਘ ਐੱਚ ਟੀ, ਸੁਖਚੈਨ ਸੇਖੋਂ, ਮੱਘਰ ਸਿੰਘ, ਜਸਪਰੀਤ ਘੁਰਕਣੀ, ਜਗਪਾਲ ਸਿੰਘ, ਅਰਵਿੰਦਰ ਸਿੰਘ, ਅਮਨਦੀਪ ਕੌਰ, ਬੇਅੰਤ ਕੌਰ, ਖੁਸ਼ਵਿੰਦਰ ਕੌਰ, ਅਮਰਪ੍ਰੀਤ ਕੌਰ, ਨਿਰਲੇਪ ਕੌਰ, ਮਨਵੀਰ ਕੌਰ ਆਦਿ ਅਧਿਆਪਕ ਆਗੂ ਵੀ ਹਾਜ਼ਰ ਸਨ।



# ਸ੍ਰੀ ਗੁਰੂ ਹਰਿਕ੍ਰਿਸ਼ਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ 'ਚ ਮਨਾਇਆ ਵਿਸ਼ਵ ਸਿਹਤ ਦਿਵਸ



**ਝਬਾਲ (ਹਰਜਿੰਦਰ ਸਿੰਘ)** ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨ ਇੰਦਰਬੀਰ ਸਿੰਘ ਨਿੱਜਰ ਦੀ ਯੋਗ ਰਹਿਨੁਮਾਈ ਹੇਠ ਚੱਲ ਰਹੀ ਇਲਾਕੇ ਦੀ ਸਿਰਮੌਰ ਵਿੱਦਿਅਕ ਸੰਸਥਾ ਸ੍ਰੀ ਗੁਰੂ ਹਰਿਕ੍ਰਿਸ਼ਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਝਬਾਲ ਵਿਖੇ ਵਿਸ਼ਵ ਸਿਹਤ ਦਿਵਸ ਮਨਾਇਆ ਗਿਆ। ਸਵੇਰ ਦੀ ਸਭਾ ਵਿੱਚ ਸਕੂਲ ਸ਼ਬਦ ਗਾਇਨ ਉਪਰੰਤ ਮੈਡਮ ਸ਼ਰਨਜੀਤ ਕੌਰ ਨੇਵਿਦਿਆਰਥੀਆਂ ਨੂੰ ਸੰਤੁਲਿਤ ਭੋਜਨ ਖਾਣ ਦੀ ਮਹੱਤਤਾ, ਜੰਕ ਫੂਡ ਖਾਣ ਨਾਲ ਹੋ ਰਹੇ ਨੁਕਸਾਨ ਬਾਰੇ ਜਾਣਕਾਰੀ ਦਿੰਦਿਆਂ ਕਸਰਤ ਕਰਨ ਲਈ ਪ੍ਰੇਰਿਤ ਕੀਤਾ। ਪੰਜਵੀਂ ਜਮਾਤ ਦੇ ਵਿਦਿਆਰਥੀ ਏਕਮਬੀਰ ਸਿੰਘ ਨੇ ਸਿਹਤ ਸੰਬੰਧੀ ਜਾਗਰੂਕ ਕੀਤਾ। ਇਸੇ ਸੰਬੰਧ 'ਚ ਪ੍ਰੀ-ਪ੍ਰਾਇਮਰੀ ਵਿੰਗ ਵਿੱਚ ਫੈਂਸੀ ਡਰੈੱਸ ਐਕਟੀਵਿਟੀ, ਪ੍ਰਾਇਮਰੀ ਵਿੰਗ ਵਿੱਚ ਹੈਂਡ ਵਾਸ਼ ਐਕਟੀਵਿਟੀ, ਮਿਡਲ ਵਿੰਗ ਵਿੱਚ ਸੈਲਡ ਮੇਕਿੰਗ ਐਕਟੀਵਿਟੀ ਕਰਵਾਈ ਗਈ।ਸਕੂਲ ਦੇ ਮੈਂਬਰ ਇੰਚਾਰਜ ਮਨਜੀਤ ਸਿੰਘ ਢਿੱਲੋਂ, ਆਦਰਸ਼ਪਿੰਦਰ ਸਿੰਘ ਮਾਨ, ਅਜੀਤਪਾਲ ਸਿੰਘ ਅਨੇਜਾ, ਸਕੂਲ ਦੇ ਪ੍ਰਿੰਸੀਪਲ ਅਨੂਰੀਤ ਬਾਵਾ ਨੇ ਵਿਦਿਆਰਥੀਆਂ ਨੂੰ ਵੱਧ ਤੋਂ ਵੱਧ ਖੇਡਾਂ ਵਿੱਚ ਭਾਗ ਲੈਣ, ਨੈਤਿਕ ਗੁਣਾਂ ਨੂੰ ਗ੍ਰਹਿਣ ਕਰਨ ਅਤੇ ਭਵਿੱਖ ਦੀਆਂ ਮੰਜ਼ਿਲਾਂ ਨੂੰ ਸਰ ਕਰਨ ਲਈ ਆਸ਼ੀਰਵਾਦ ਦਿੱਤਾ।

## ਛੀਨਾ ਨੇ ਸਰਹੱਦੀ ਵਾੜ ਦਾ ਹੱਲ ਕਰਨ 'ਤੇ ਕੇਂਦਰ ਦੇ ਫ਼ੈਸਲੇ ਦਾ ਕੀਤਾ ਸਵਾਗਤ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)—** ਭਾਜਪਾ ਦੇ ਸੀਨੀਅਰ ਆਗੂ ਸ: ਰਜਿੰਦਰ ਮੋਹਨ ਸਿੰਘ ਛੀਨਾ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦਾ ਪੰਜਾਬ 'ਚ ਭਾਰਤ-ਪਾਕਿਸਤਾਨ ਅੰਤਰਰਾਸ਼ਟਰੀ ਸਰਹੱਦ 'ਤੇ ਕੰਡਿਆਲੀ ਤਾਰ ਦੇ ਵਾੜ ਦੀ ਸਮੱਸਿਆ ਨੂੰ ਹੱਲ ਕਰਦਿਆਂ ਜਾਰੀ ਕੀਤੇ ਗਏ ਨੋਟੀਫਿਕੇਸ਼ਨ ਲਈ ਧੰਨਵਾਦ ਕੀਤਾ ਹੈ।ਉਨ੍ਹਾਂ ਕਿਹਾ ਕਿ ਲੰਬੇ ਸਮੇਂ ਤੋਂ ਲਟਕਿਆ ਹੋਇਆ ਇਹ ਮੁੱਦਾ 1990 ਦੇ ਦਹਾਕੇ ਦੌਰਾਨ ਬਣਾਈ ਗਈ ਵਾੜ ਨਾਲ ਸਬੰਧਿਤ ਹੈ, ਜਿਸ ਨੇ ਹਜ਼ਾਰਾਂ ਏਕੜ ਉਤਪਾਦਕ ਅਤੇ ਉਪਜਾਊ ਖੇਤੀਬਾੜੀ ਜ਼ਮੀਨ ਨੂੰ ਨਾ ਵਰਤਣਯੋਗ ਬਣਾ ਦਿੱਤਾ ਸੀ, ਕਿਉਂਕਿ ਸੁਰੱਖਿਆ ਕਾਰਨਾਂ ਕਰਕੇ ਉਕਤ ਵਾੜ ਕਈ ਮੀਟਰ ਅਤੇ ਕੁਝ ਮਾਮਲਿਆਂ 'ਚ ਭਾਰਤੀ ਖੇਤਰ ਦੇ ਅੰਦਰ ਕਈ ਕਿਲੋਮੀਟਰ ਤੱਕ ਵੀ ਲਗਾਈ ਗਈ ਸੀ।ਇਸ ਨਾਲ ਉਨ੍ਹਾਂ ਕਿਸਾਨਾਂ ਨੂੰ ਖੇਤੀ ਲਈ ਆਪਣੀ ਜ਼ਮੀਨ ਤੱਕ ਸੀਮਤ ਪਹੁੰਚ ਕਾਰਨ ਲਗਾਤਾਰ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਸੀ।ਸ: ਛੀਨਾ ਨੇ ਕਿਹਾ ਕਿ ਇਹ ਫੈਸਲਾ ਕਿਸਾਨਾਂ ਦੀ ਭਲਾਈ ਅਤੇ ਅਸਲ ਜਨਤਕ ਸ਼ਿਕਾਇਤਾਂ ਦੇ ਹੱਲ ਪ੍ਰਤੀ ਪ੍ਰਧਾਨ ਮੰਤਰੀ ਦੀ ਦ੍ਰਿੜ ਵਚਨਬੱਧਤਾ ਨੂੰ ਦਰਸਾਉਂਦਾ ਹੈ।ਸ: ਛੀਨਾ ਨੇ ਕਿਹਾ ਕਿ ਉਨ੍ਹਾਂ (ਖੁਦ) ਪਿਛਲੇ ਸਾਲ ਦਸੰਬਰ 'ਚ ਉਕਤ ਸਮੱਸਿਆ ਦੇ ਹੱਲ ਲਈ ਸ੍ਰੀ ਮੋਦੀ ਅਤੇ ਸ਼ਾਹ ਨੂੰ ਬੇਨਤੀ ਪੱਤਰ ਲਿਖਿਆ ਸੀ ਅਤੇ ਹੁਣ ਇਹ ਖੁਸ਼ੀ ਦੀ ਗੱਲ ਹੈ ਕਿ ਕੇਂਦਰ ਸਰਕਾਰ ਦੇ ਇਸ ਫੈਸਲੇ ਨਾਲ ਪ੍ਰਭਾਵਿਤ ਕਿਸਾਨਾਂ ਨੂੰ ਬਹੁਤ ਲੋੜੀਂਦੀ ਰਾਹਤ ਮਿਲੇਗੀ ਅਤੇ ਸਰਹੱਦੀ ਖੇਤਰਾਂ 'ਚ ਖੇਤੀਬਾੜੀ ਉਤਪਾਦਕਤਾ ਨੂੰ ਬਹਾਲ ਕਰਨ ਵਿੱਚ ਮਦਦ ਮਿਲੇਗੀ। ਉਨ੍ਹਾਂ ਉਮੀਦ ਜ਼ਾਹਿਰ ਕਰਦਿਆਂ ਕਿਹਾ ਕਿ ਇਹ ਕਦਮ ਪੰਜਾਬ ਦੇ ਸਰਹੱਦੀ ਖੇਤਰਾਂ 'ਚ ਸੁਰੱਖਿਆ ਅਤੇ ਖੁਸ਼ਹਾਲੀ ਲਈ ਇਕ ਨਵੇਂ ਯੁੱਗ ਦੀ ਸ਼ੁਰੂਆਤ ਕਰੇਗਾ।

# ਸਾਬਕਾ ਕੈਬਨਿਟ ਮੰਤਰੀ ਮਰਹੂਮ ਸਰਦਾਰ ਲਾਲ ਸਿੰਘ ਜੀ ਨੂੰ ਸਮਰਪਿਤ ਅੰਤਿਮ ਅਰਦਾਸ ਮੌਕੇ ਵਿਸ਼ੇਸ਼ ਸਪਲੀਮੈਂਟ

# ਅਲਵਿਦਾ ਸਰਦਾਰ ਲਾਲ ਸਿੰਘ ਜੀ

## ਇਕ ਬੇਦਾਗ, ਇਮਾਨਦਾਰ, ਦਰਵੇਸ ਸ਼ਖਸੀਅਤ, ਲੋਕ ਸੇਵਾ ਨੂੰ ਸਮਰਪਿਤ ਅਤੇ ਰਾਜਨੀਤੀ ਦੇ ਭੀਸ਼ਮ ਪਿਤਾਮਾ ਪੰਜਾਬ ਪ੍ਰਦੇਸ਼ ਕਾਂਗਰਸ ਦੇ ਸਾਬਕਾ ਪ੍ਰਧਾਨ ਅਤੇ ਸਾਬਕਾ ਵਿੱਤ, ਯੋਜਨਾ,



## ਖੁਰਾਕ ਤੇ ਸਪਲਾਈ ਮੰਤਰੀ ਮਰਹੂਮ ਸਰਦਾਰ ਲਾਲ ਸਿੰਘ ਜੀ ਨੂੰ ਉਨ੍ਹਾਂ ਦੀ ਅੰਤਿਮ ਅਰਦਾਸ ਮੌਕੇ ਆਪਣੀ ਸ਼ਰਧਾ ਦੇ ਫੁੱਲ ਭੇਟ ਕਰਦੇ ਹੋਏ ਕੋਟਿ-ਕੋਟਿ ਪ੍ਰਣਾਮ ਕਰਦੇ ਹਾਂ।

ਇਸ ਦੁਨੀਆ 'ਤੇ ਜੋ ਵੀ ਇਨਸਾਨ ਆਇਆ ਹੈ, ਉਸਨੇ ਇਕ ਨਾ ਇਕ ਦਿਨ ਇਸ ਰੰਗਲੀ ਦੁਨੀਆ ਤੋਂ ਰੁਖ਼ਸਤ ਹੋ ਜਾਣਾ ਹੈ, ਪਰੰਤੂ ਸਮਾਜ ਵਿਚ ਕਈ ਅਜਿਹੀਆਂ ਸ਼ਖ਼ਸੀਅਤਾਂ ਜਨਮ ਲੈਂਦੀਆਂ ਹਨ ਜਿਨ੍ਹਾਂ ਵੱਲੋਂ ਸਮਾਜ ਸੇਵਾ ਲਈ ਕੀਤੇ ਕੰਮਾਂ ਲਈ ਉਹ ਜਿੱਥੇ ਅਮਰ ਹੋ ਜਾਂਦੇ ਹਨ ਉੱਥੇ ਰਹਿੰਦੀ ਦੁਨੀਆ ਤੱਕ ਲੋਕ ਉਨ੍ਹਾਂ ਦਾ ਨਾਂ ਬੜੇ ਆਦਰ ਤੇ ਸਤਿਕਾਰ ਨਾਲ ਲੈਂਦੇ ਰਹਿੰਦੇ ਹਨ। ਮਰਹੂਮ ਸਰਦਾਰ ਲਾਲ ਸਿੰਘ ਵੀ ਇਕ ਅਜਿਹੀ ਸ਼ਖ਼ਸੀਅਤ ਸਨ ਜਿਨ੍ਹਾਂ ਨੇ ਲੋਕ ਸੇਵਾ ਨਾਲ ਰਾਜਨੀਤੀ ਦੇ ਖੇਤਰ ਵਿਚ ਆਪਣੇ ਪਰਿਵਾਰ ਦਾ ਨਾਮ ਟੀਸੀ 'ਤੇ ਪਹੁੰਚਾਇਆ ਹੈ, ਉੱਥੇ ਹੀ ਆਪਣੀ ਕਾਂਗਰਸ ਪਾਰਟੀ ਲਈ ਉਹ ਸਦਾ ਥੰਮ੍ਹ ਦਾ ਕੰਮ ਕਰਦੇ ਸਨ।

'ਲਾਲ' ਸ਼ਬਦ ਪੰਜਾਬੀ ਅਤੇ ਹਿੰਦੀ ਵਿਚ ਆਪਣੇ ਦੇਸ਼, ਕੁਲ, ਪਰਿਵਾਰ ਦਾ ਨਾਮ ਰੋਸ਼ਨ ਕਰਨ ਵਾਲੇ ਦੇ ਨਾਲ ਜੁੜਦਾ ਹੈ। ਭਾਰਤ ਮਾਂ ਦਾ ਲਾਲ, ਗੁਦੜੀ ਦਾ ਲਾਲ, ਮਾਂ ਦਾ ਲਾਲ ਅਜਿਹੇ ਸ਼ਬਦ ਅਸੀਂ ਪੰਜਾਬੀ ਲਿਟਰੇਚਰ ਵਿਚ ਪੜ੍ਹਦੇ ਰਹੇ ਹਾਂ। ਜਦੋਂ ਸਰਦਾਰ ਲਾਲ ਸਿੰਘ ਜੀ ਦਾ ਜਨਮ 24 ਜਨਵਰੀ 1942 ਨੂੰ ਮਾਤਾ ਭਾਗਵੰਤ ਕੌਰ ਜੀ ਦੀ ਕੁਖੋਂ ਪਟਿਆਲਾ ਨਜ਼ਦੀਕ ਪੈਂਦੇ ਪਿੰਡ ਅਸਰਪੁਰ ਵਿਖੇ ਹੋਇਆ। ਉਨ੍ਹਾਂ ਦਾ ਨਾਮ ਲਾਲ ਸਿੰਘ ਰੱਖਿਆ ਗਿਆ ਅਤੇ ਉਨ੍ਹਾਂ ਆਪਣੇ ਜੀਵਨ ਵਿਚ ਆਪਣੇ ਨਾਮ ਅਨੁਸਾਰ ਸਫਲਤਾ ਨਾਲ ਜੀਅ ਕੇ ਆਪਣੇ ਪਰਿਵਾਰ, ਆਪਣੇ ਵਿਧਾਨ ਸਭਾ ਹਲਕੇ, ਆਪਣੇ ਪੰਜਾਬ ਅਤੇ ਆਪਣੇ ਦੇਸ਼ ਦਾ ਨਾਮ ਰੋਸ਼ਨ ਕੀਤਾ। ਉਨ੍ਹਾਂ ਦੇ ਪਿਤਾ ਸ. ਸੁੰਦਰ ਸਿੰਘ ਇਕ ਸਧਾਰਨ ਕਿਸਾਨ ਸਨ। ਸ. ਲਾਲ ਸਿੰਘ ਜੀ ਅੱਠ ਭੈਣ ਭਰਾ ਸਨ। ਉਹ ਆਪਣੇ ਦੂਸਰੇ ਭਰਾਵਾਂ ਗੋਪਾਲ ਸਿੰਘ, ਦਮੋਦਰ ਸਿੰਘ ਅਤੇ ਸੋਮਪਾਲ ਸਿੰਘ ਵਿਚੋਂ ਸਭ ਤੋਂ ਵੱਡੇ ਸਨ। ਉਨ੍ਹਾਂ ਦੇ ਦੋ ਬੱਚੇ ਸਪੁੱਤਰ ਰਾਜਿੰਦਰ ਸਿੰਘ ਜੋ ਕਿ ਵਿਧਾਨ ਸਭਾ ਹਲਕਾ ਸਮਾਣਾ ਦੇ ਸਾਬਕਾ ਵਿਧਾਇਕ ਹਨ ਅਤੇ ਉਨ੍ਹਾਂ ਦੀ ਸਪੁੱਤਰੀ ਰੁਪਿੰਦਰ ਕੌਰ ਸਮਾਜ ਸੇਵਾ ਨੂੰ ਸਮਰਪਿਤ ਹਨ ਅਤੇ ਉਨ੍ਹਾਂ ਦੀ ਨੂੰਹ ਬੀਬਾ ਰਵਿੰਦਰ ਕੌਰ ਪੰਜਾਬ ਪਬਲਿਕ ਸਰਵਿਸਿਜ਼ ਕਮਿਸ਼ਨ ਪੰਜਾਬ ਦੇ ਮੈਂਬਰ ਰਹਿ ਚੁੱਕੇ ਹਨ ਜੋ ਕਿ ਰਾਜਨੀਤੀ ਦੇ ਖੇਤਰ ਵਿਚ ਆਪਣੇ ਪਤੀ ਰਾਜਿੰਦਰ ਸਿੰਘ ਨਾਲ ਮੋਢੇ ਨਾਲ ਮੋਢਾ ਲਾ ਕੇ ਲੋਕਾਂ ਦੀ ਸੇਵਾ ਕਰ ਰਹੇ ਹਨ। ਜਦੋਂ ਉਹ ਸਿਆਸਤ ਵਿਚ ਆਏ ਹੋਣੇ ਅਤੇ 1977 ਵਿਚ ਪਹਿਲੀ ਵਾਰ ਵਿਧਾਇਕ ਬਣੇ ਹੋਣੇ ਤਾਂ ਉਨ੍ਹਾਂ ਦੀ ਮਾਤਾ ਜੀ ਨੂੰ ਜ਼ਰੂਰ ਫਖਰ ਹੋਇਆ ਹੋਣਾ ਕਿ ਉਸ ਦਾ ਲਾਲ ਹਕੀਕਤ ਵਿਚ ਲਾਲ ਬਣਿਆ ਅਤੇ ਇਕ ਲੰਬੀ ਰਾਜਨੀਤਕ ਪਾਰੀ ਦੇ ਨਾਲ ਉਨ੍ਹਾਂ ਪੰਜਾਬ ਦੀ ਸਿਆਸਤ ਵਿਚ ਇਕ ਵਿਲੱਖਣ ਪਹਿਚਾਣ ਬਣਾਈ।

ਸ. ਲਾਲ ਸਿੰਘ 1968 ਤੋਂ ਲੈ ਕੇ ਆਪਣੇ ਅੰਤਿਮ ਸਮੇਂ ਤੱਕ ਪੰਜਾਬ ਪ੍ਰਦੇਸ਼ ਅਤੇ ਆਲ ਇੰਡੀਆ ਕਾਂਗਰਸ ਕਮੇਟੀ ਦੇ ਮੈਂਬਰ ਬਣੇ ਰਹੇ। 1968 ਤੋਂ ਬਾਅਦ ਉਨ੍ਹਾਂ ਨੇ ਮਾਰਕਿਟ ਕਮੇਟੀ ਪਟਿਆਲਾ, ਪੰਚਾਇਤ ਸੰਮਤੀ ਭੁਨਰਹੇੜੀ, ਕੋਆਪ੍ਰੇਟਿਵ ਬੈਂਕ ਚੰਡੀਗੜ੍ਹ ਤੋਂ ਇਲਾਵਾ ਇਫ਼ਕੋ ਅਤੇ ਨੈਸ਼ਨਲ ਸਹਿਕਾਰਿਤਾ ਯੂਨੀਅਨ ਦੇ ਮੈਂਬਰ ਵਜੋਂ ਬਾਖੂਬੀ ਨਾਲ ਸੇਵਾ ਨਿਭਾਈ।

ਉਹ 3 ਵਾਰ ਜਿਲ੍ਹਾ ਕਾਂਗਰਸ ਕਮੇਟੀ ਪਟਿਆਲਾ ਦੇ ਪ੍ਰਧਾਨ ਰਹੇ। ਇਸ ਤੋਂ ਇਲਾਵਾ ਉਨ੍ਹਾਂ ਨੂੰ ਸਾਲ 2009 ਦੌਰਾਨ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦਾ ਕਾਰਜਕਾਰੀ ਪ੍ਰਧਾਨ ਬਣਾਇਆ ਗਿਆ। ਉਨ੍ਹਾਂ ਦੀ ਅਗਵਾਈ ਵਿਚ 2009 ਦੀਆਂ ਲੋਕ ਸਭਾ ਚੋਣਾਂ ਵਿਚ ਕਾਂਗਰਸ ਪਾਰਟੀ ਨੇ 13 ਵਿਚੋਂ 9 ਸੀਟਾਂ 'ਤੇ ਜਿੱਤ ਹਾਸਿਲ ਕਰਕੇ ਰਿਕਾਰਡ ਕਾਇਮ ਕੀਤਾ। ਬੇਸ਼ੱਕ ਸਰਦਾਰ ਲਾਲ ਸਿੰਘ 1977 ਵਿਚ ਪਹਿਲੀ ਵਾਰ ਵਿਧਾਇਕ ਬਣੇ ਅਤੇ ਉਨ੍ਹਾਂ ਹਾਲਾਤਾਂ ਵਿਚ ਬਣੇ ਜਦੋਂ ਕਾਂਗਰਸ ਦੇ ਖਿਲਾਫ ਦੇਸ਼ ਅੰਦਰ ਪੁੱਠੀ ਹਨੇਰੀ ਚੱਲ ਰਹੀ ਸੀ ਅਤੇ ਪੰਜਾਬ ਵਿਚ ਸਿਰਫ 14 ਵਿਧਾਇਕ ਹੀ ਜਿੱਤੇ ਸਨ। ਉਸ ਸਮੇਂ ਉਨ੍ਹਾਂ ਉਸ ਹਲਕਾ ਡਕਾਲਾ (ਮੌਜੂਦਾ ਸਮੇਂ ਸਨੌਰ) ਵਿਚ ਕਾਂਗਰਸ ਦਾ ਮੁੱਢ ਬੰਨਿਆ ਜੋ ਕਿ ਕੱਟੜ ਅਕਾਲੀ ਹਲਕਾ ਸੀ। ਇਕ ਵਾਰ ਵਿਧਾਇਕ ਬਣਨ ਤੋਂ ਬਾਅਦ ਉਨ੍ਹਾਂ ਪਿੱਛੇ ਮੁੜ ਕੇ ਨਹੀਂ ਦੇਖਿਆ ਅਤੇ ਲਗਾਤਾਰ 8 ਵਿਧਾਨ ਸਭਾ ਚੋਣਾਂ ਇਕੋ ਹਲਕੇ ਤੋਂ ਲੜੀਆਂ। 6 ਵਾਰ ਸਾਲ 1977, 1980, 1992, 2002, 2007 ਅਤੇ 2012 ਵਿਚ ਪੰਜਾਬ ਵਿਧਾਨ ਸਭਾ ਵਿਚ ਪਹੁੰਚੇ ਅਤੇ ਲਗਭਗ 15 ਵਿਭਾਗਾਂ ਦੇ ਕੈਬਨਿਟ ਮੰਤਰੀ ਰਹੇ। ਪੰਜਾਬ ਦੀ ਰਾਜਨੀਤੀ ਵਿਚ ਸਭ ਤੋਂ ਵੱਡੇ ਵਿਭਾਗ ਵਿੱਤ, ਯੋਜਨਾ, ਪੇਂਡੂ ਵਿਕਾਸ ਤੇ ਪੰਚਾਇਤ, ਸਿੰਚਾਈ, ਸਹਿਕਾਰਤਾ, ਸਿਹਤ ਤੇ ਪਰਿਵਾਰ ਭਲਾਈ, ਬਿਜਲੀ, ਫੂਡ ਐਂਡ ਸਿਵਲ ਸਪਲਾਈ ਪ੍ਰਮੁੱਖ ਤੌਰ 'ਤੇ ਸ਼ਾਮਲ ਹਨ। ਆਪਣੇ ਸ਼ੁਰੂਆਤ ਰਾਜਨੀਤਕ ਜੀਵਨ ਵਿਚ ਉਹ ਪਨਸਪ ਦੇ ਚੇਅਰਮੈਨ ਰਹੇ ਅਤੇ ਆਖਰੀ ਰਾਜਨੀਤਕ ਜੀਵਨ ਵਿਚ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਵੀ ਰਹੇ। ਉਹ ਜਦੋਂ ਵੀ ਰਾਜਸੀ ਸੱਤਾ ਵਿਚ ਆਏ, ਉਨ੍ਹਾਂ ਨੇ ਆਪਣੇ ਹਲਕਾ ਸਨੌਰ/ਡਕਾਲਾ ਅਤੇ ਸਮਾਣਾ ਹਲਕਿਆਂ ਤੋਂ ਇਲਾਵਾ ਪਟਿਆਲਾ ਜਿਲ੍ਹੇ ਅਤੇ ਪੰਜਾਬ ਦੇ ਹਜ਼ਾਰਾਂ ਪੜ੍ਹੇ-ਲਿਖੇ ਨੌਜਵਾਨਾਂ ਨੂੰ ਬਿਨਾ ਕਿਸੇ ਲੋਭ-ਲਾਲਚ ਦੇ ਰੁਜ਼ਗਾਰ ਮੁਹੱਈਆ ਕਰਵਾਇਆ। ਸ. ਲਾਲ ਸਿੰਘ ਇਕ ਅਜਿਹੇ ਰਾਜਨੀਤਿਕ ਆਗੂ ਸਨ ਜਿਨ੍ਹਾਂ ਤੋਂ ਕਾਂਗਰਸ ਦੀ ਕੇਂਦਰੀ ਹਾਈ ਕਮਾਂਡ ਪੰਜਾਬ ਦੇ ਉਲਝੇ ਹੋਏ ਮਸਲਿਆਂ 'ਤੇ ਰਾਏ ਲੈ ਕੇ ਉਨ੍ਹਾਂ ਨੂੰ ਹੱਲ ਕਰਦੀ ਰਹੀ ਹੈ। ਉਹ ਇਕ ਅਜਿਹੇ ਸਿਆਣੇ ਤੇ ਸੁਲਝੇ ਹੋਏ ਰਾਜਨੀਤਿਕ ਆਗੂ ਸਨ ਜਿਸਦੀ ਬਦੌਲਤ ਉਨ੍ਹਾਂ ਦੇ ਸਾਬਕਾ ਰਾਸ਼ਟਰਪਤੀ ਸਵ: ਗਿਆਨੀ ਜੈਲ ਸਿੰਘ, ਸਾਬਕਾ ਮੁੱਖ ਮੰਤਰੀ ਸਵ: ਦਰਬਾਰਾ ਸਿੰਘ, ਸਾਬਕਾ ਮੁੱਖ ਮੰਤਰੀ ਸਵ: ਬੇਅੰਤ ਸਿੰਘ, ਸਾਬਕਾ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ, ਸਾਬਕਾ ਪ੍ਰਧਾਨ ਮੰਤਰੀ ਸਵ: ਇੰਦਰਾ ਗਾਂਧੀ, ਸਾਬਕਾ ਪ੍ਰਧਾਨ ਮੰਤਰੀ ਸਵ: ਰਾਜੀਵ ਗਾਂਧੀ, ਸ੍ਰੀਮਤੀ ਸੋਨੀਆ ਗਾਂਧੀ, ਲੋਕ ਸਭਾ 'ਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਨਾਲ ਚੰਗੇ ਸਬੰਧ ਰਹੇ। ਪਿਛਲੇ ਕਰੀਬ 25 ਸਾਲਾਂ ਦੌਰਾਨ ਮੈਂ ਮਹਿਸੂਸ ਕੀਤਾ ਕਿ ਬੇਸ਼ੱਕ ਸਰਦਾਰ ਲਾਲ ਸਿੰਘ ਜਾਤੀ ਸਮੀਕਰਨਾਂ ਕਾਰਨ ਮੁੱਖ ਮੰਤਰੀ ਨਹੀਂ ਬਣ ਸਕੇ ਪਰ ਉਨ੍ਹਾਂ ਮੁੱਖ ਮੰਤਰੀ ਬਣਾਏ ਅਤੇ ਮੁੱਖ ਮੰਤਰੀ ਚਲਾਏ ਜ਼ਰੂਰ ਸਨ। ਜੇਕਰ ਪੰਜਾਬ ਦੀ ਰਾਜਨੀਤੀ 'ਤੇ ਝਾਤ ਮਾਰੀ ਜਾਵੇ ਤਾਂ ਸਭ ਤੋਂ ਵੱਡੇ ਲੀਡਰ ਮਰਹੂਮ ਪ੍ਰਕਾਸ਼ ਸਿੰਘ ਬਾਦਲ, ਕੈਪਟਨ ਅਮਰਿੰਦਰ ਸਿੰਘ ਸਮੇਤ ਹੋਰ ਵੀ ਜਿੰਨੇ ਲੀਡਰ ਸਨ, ਉਹ ਕਈ ਵਾਰ ਆਪਣੇ ਵਿਧਾਨ ਸਭਾ ਹਲਕੇ ਬਦਲਦੇ ਰਹੇ ਪਰ ਸਰਦਾਰ ਲਾਲ ਸਿੰਘ ਇਕਮਾਤਰ ਅਜਿਹੇ ਲੀਡਰ ਸਨ, ਜਿਨ੍ਹਾਂ ਨੇ ਆਪਣੀ ਰਾਜਨੀਤੀ ਹਲਕਾ ਡਕਾਲਾ ਤੋਂ ਹੀ ਸ਼ੁਰੂ ਕੀਤੀ ਅਤੇ ਜਦੋਂ ਤੱਕ ਸਰਗਰਮ ਰਾਜਨੀਤੀ ਵਿਚ ਰਹੇ ਹਲਕਾ ਡਕਾਲਾ ਤੋਂ ਹੀ ਵਿਧਾਇਕ ਬਣਦੇ ਰਹੇ। ਜੋ ਵੀ ਇਕ ਵਾਰ ਉਨ੍ਹਾਂ ਨਾਲ ਜੁੜ ਗਿਆ, ਉਹ ਸਦਾ ਲਈ ਉਨ੍ਹਾਂ ਦਾ ਹੋ ਗਿਆ। ਇਹੀ ਕਾਰਨ ਹੈ ਕਿ ਉਹ 4-4 ਪੀੜ੍ਹੀਆਂ ਨਾਲ ਵਰਤ ਕੇ ਗਏ ਹਨ। ਅੱਜ ਵੀ ਹਲਕਾ ਸਨੌਰ ਦੇ ਇਹ ਪਰਿਵਾਰ ਸਰਦਾਰ ਲਾਲ ਸਿੰਘ ਦੇ ਪਰਿਵਾਰ ਨਾਲ ਜੁੜੇ ਹੋਏ ਹਨ। ਉਹ ਇਕ ਆਮ ਕਿਸਾਨ ਪਰਿਵਾਰ ਵਿਚੋਂ ਉਠ ਕੇ ਰਾਜਨੀਤੀ ਵਿਚ ਆਏ ਸਨ। ਕੋਈ ਰਾਜਨੀਤਕ ਪਿਛੋਕੜ ਨਹੀਂ ਸੀ। ਸੇਵਾ ਭਾਵਨਾ ਦੇ ਕਾਰਨ ਰਾਜਨੀਤੀ ਵਿਚ ਆਏ ਅਤੇ ਸਾਰੀ ਉਮਰ ਸੇਵਾ ਭਾਵਨਾ ਦੇ ਨਾਲ ਹੀ ਰਾਜਨੀਤੀ ਕੀਤੀ। ਜਿਸ ਤਰ੍ਹਾਂ ਦੀ ਮੌਜੂਦਾ ਰਾਜਨੀਤੀ ਗੰਦਲੀ ਹੋ ਗਈ ਹੈ ਅਤੇ ਚਾਰੇ ਪਾਸੇ ਭ੍ਰਿਸ਼ਟਾਚਾਰ ਦਾ ਬੋਲਬਾਲਾ ਹੈ, ਉਸ ਰਾਜਨੀਤੀ ਤੋਂ ਸ. ਲਾਲ ਸਿੰਘ ਬਿਲਕੁਲ ਦੂਰ ਸਨ। ਇਹੀ ਕਾਰਨ ਹੈ ਕਿ ਉਹ ਆਪਣੀ ਚਿੱਟੀ ਚਾਦਰ ਲੈ ਕੇ ਗਏ ਹਨ। ਪੰਜਾਬ ਦੀ ਰਾਜਨੀਤੀ ਵਿਚ ਜਿਸ ਤਰ੍ਹਾਂ ਦਾ ਸਤਿਕਾਰ ਪੰਥ ਰਤਨ ਜਥੇਦਾਰ ਗੁਰਚਰਨ ਸਿੰਘ ਟੌਹੜਾ ਅਤੇ ਮਰਹੂਮ ਵਿੱਤ ਮੰਤਰੀ ਕੈਪਟਨ ਕੰਵਲਜੀਤ ਸਿੰਘ ਨੂੰ ਮਿਲਿਆ ਹੈ, ਉਹ ਜਿਹਾ ਸਤਿਕਾਰ ਸਰਦਾਰ ਲਾਲ ਸਿੰਘ ਦੇ ਹਿੱਸੇ ਆਇਆ ਹੈ। ਉਨ੍ਹਾਂ ਦੀ ਇਮਾਨਦਾਰੀ ਦਾ ਪਤਾ ਇਸ ਗੱਲ ਤੋਂ ਲੱਗਦਾ ਹੈ ਕਿ ਜਦੋਂ ਅਕਾਲੀ ਸਰਕਾਰ ਸਮੇਂ ਸਿਆਸੀ ਦਬਾਅ ਕਾਰਨ ਲੋਕਪਾਲ ਨੇ ਉਨ੍ਹਾਂ 'ਤੇ ਝੂਠਾ ਮੁਕੱਦਮਾ ਦਰਜ ਕਰ ਦਿੱਤਾ ਤਾਂ ਉਨ੍ਹਾਂ ਹਾਈਕੋਰਟ ਵਿਚ ਇਸ ਸੰਬੰਧੀ ਰਿੱਟ ਪਾਈ। ਹਾਈਕੋਰਟ ਨੇ ਸਰਦਾਰ ਲਾਲ ਸਿੰਘ ਨੂੰ ਕਲੀਨ ਚਿੱਟ ਦਿੰਦੇ ਹੋਏ ਉਸ ਲੋਕਪਾਲ ਨੂੰ ਹੀ ਅਹੁਦੇ ਤੋਂ ਬਰਖਾਸਤ ਕਰ ਦਿੱਤਾ, ਜਿਸ ਨੇ ਸਰਦਾਰ ਲਾਲ ਸਿੰਘ ਦੇ ਖਿਲਾਫ ਆਪਣੀ ਰਿਪੋਰਟ ਦਿੱਤੀ ਸੀ। ਹਾਈਕੋਰਟ ਨੇ ਆਪਣੀ ਟਿੱਪਣੀ ਵਿਚ ਕਿਹਾ ਸੀ ਕਿ ਜਿਸ ਵਿਅਕਤੀ ਵਲੋਂ ਇਹ ਫੈਸਲਾ ਦਿੱਤਾ ਗਿਆ ਹੈ, ਉਹ ਲੋਕਪਾਲ ਦੀ ਪੋਸਟ ਦੇ ਫਿੱਟ ਹੀ ਨਹੀਂ ਹੈ ਕਿਉਂਕਿ ਬਿਨਾ ਤੱਥਾਂ ਤੋਂ ਇਕਪਾਸੜ ਫੈਸਲਾ ਦਿੱਤਾ ਗਿਆ ਸੀ। ਹਲਕਾ ਸਨੌਰ ਦਾ ਉਨ੍ਹਾਂ ਸਰਵਪੱਖੀ ਵਿਕਾਸ ਕਰਵਾਇਆ। ਛੋਟੇ ਛੋਟੇ ਪਿੰਡਾਂ, ਡੇਰਿਆਂ ਅਤੇ ਜੇ ਕਿਸੇ ਖੇਤ ਵਿਚ ਇਕ ਘਰ ਵੀ ਬਣਿਆ ਹੋਇਆ ਸੀ ਤਾਂ ਉਸ ਨੂੰ ਵੀ ਸੜਕਾਂ ਲਾ ਦਿੱਤੀਆਂ। ਦੇਵੀਗੜ੍ਹ ਇਲਾਕੇ ਵਿਚ ਉਚ ਸਿੱਖਿਆ ਲਈ ਸਰਕਾਰੀ ਕਾਲਜ ਬਣਾਇਆ, ਪਿੰਡਾਂ ਨੂੰ ਕਰੋੜਾਂ ਰੁਪਏ ਦੀਆਂ ਗ੍ਰਾਂਟਾਂ ਦਿੱਤੀਆਂ। ਕਿਸੇ ਨਾਲ ਧੱਕੇਸ਼ਾਹੀ ਨਹੀਂ ਕੀਤੀ, ਪਰਚਾ ਰਾਜਨੀਤੀ ਤੋਂ ਦੂਰ ਰਹੇ, ਕਦੇ ਵੀ ਸਿਆਸੀ ਬਦਲਾਖੋਰੀ ਦੇ ਤਹਿਤ ਆਪਣੇ ਵਿਰੋਧੀਆਂ 'ਤੇ ਪਰਚਾ ਨਹੀਂ ਕਰਵਾਇਆ। ਇਸੇ ਕਾਰਨ ਚੋਣਾਂ ਸਮੇਂ ਅਕਾਲੀ ਦਲ ਦੇ ਵਰਕਰ ਵੀ ਉਨ੍ਹਾਂ ਨੂੰ ਵੋਟਾਂ ਪਾ ਦਿੰਦੇ ਸਨ। ਸ. ਲਾਲ ਸਿੰਘ ਇਕ ਅਜਿਹੇ ਰਾਜਸੀ ਅਤੇ ਨਿਰਵਿਵਾਦਿਤ ਨੇਤਾ ਸਨ ਜਿਸ ਕਾਰਨ ਸਾਰੀਆਂ ਪਾਰਟੀਆਂ ਅਤੇ ਉਨ੍ਹਾਂ ਦੇ ਆਗੂਆਂ ਅੰਦਰ ਉਨ੍ਹਾਂ ਪ੍ਰਤੀ ਪੂਰਾ ਸਤਿਕਾਰ ਅਤੇ ਪਿਆਰ ਸੀ। ਉਹ ਹਮੇਸ਼ਾ ਟਕਰਾਅ ਦੀ ਰਾਜਨੀਤੀ ਤੋਂ ਦੂਰ ਰਹੇ। ਮਰਹੂਮ ਸ. ਪ੍ਰਕਾਸ਼ ਸਿੰਘ ਬਾਦਲ ਅਤੇ ਪੰਜਾਬ ਦੇ ਹੋਰ ਵਿਰੋਧੀ ਪਾਰਟੀਆਂ ਦੇ ਲੀਡਰ ਹਮੇਸ਼ਾ ਹੀ ਸਰਦਾਰ ਲਾਲ ਸਿੰਘ ਦੀ ਚੋਣ ਕਲਾ ਦੇ ਮੁਰੀਦ ਰਹੇ ਅਤੇ ਉਨ੍ਹਾਂ ਹਮੇਸ਼ਾ ਸਰਦਾਰ ਲਾਲ ਸਿੰਘ ਨੂੰ ਬਹੁਤ ਹੀ ਮਾਣ ਸਤਿਕਾਰ ਦਿੱਤਾ। ਉਹ ਕੋਈ ਸਾਧਾਰਨ ਇਨਸਾਨ ਨਹੀਂ ਸਗੋਂ ਇਕ ਮਹਾਮਾਨਵ ਸਨ, ਜਿਨ੍ਹਾਂ ਨੇ ਇਕ ਸਾਧਾਰਨ ਪਰਿਵਾਰ ਵਿਚੋਂ ਆ ਕੇ ਰਾਜਨੀਤੀ ਵਿਚ ਉਹ ਪੈੜਾਂ ਪਾਈਆਂ ਹਨ, ਜਿਹੜੀਆਂ ਵੱਡੇ ਵੱਡੇ ਘਰਾਣਿਆਂ ਦੇ ਲੀਡਰ ਨਹੀਂ ਪਾ ਸਕੇ। ਲੰਬੇ ਸਿਆਸੀ ਜੀਵਨ ਦੌਰਾਨ ਕਈ ਵੱਡੀਆਂ ਰਾਜਨੀਤਕ ਹਸਤੀਆਂ, ਰਾਜੇ ਮਹਾਰਾਜਿਆਂ ਨੇ ਉਨ੍ਹਾਂ ਨੂੰ ਰਾਜਨੀਤਕ ਤੌਰ 'ਤੇ ਠਿੱਬੀ ਲਾਉਣ ਦੀ ਕੋਸ਼ਿਸ਼ ਕੀਤੀ।

ਜੇਕਰ ਉਨ੍ਹਾਂ ਦੇ ਜੀਵਨ ਅਤੇ ਸਿਆਸੀ ਸਫਰ 'ਤੇ ਲਿਖਿਆ ਜਾਵੇ ਤਾਂ ਕਈ ਵੱਡੇ ਗ੍ਰੰਥ ਲਿਖੇ ਜਾ ਸਕਦੇ ਹਨ। ਜਦੋਂ ਵੀ ਮੈਂ ਉਨ੍ਹਾਂ ਕੋਲ ਜਾਂਦਾ ਸੀ ਤਾਂ ਕਈ ਕਈ ਘੰਟੇ ਉਹ 1968 ਤੋਂ ਲੈ ਕੇ ਹੁਣ ਤੱਕ ਦੀ ਸਿਆਸਤ ਅਤੇ ਉਨ੍ਹਾਂ 'ਤੇ ਕਦੋਂ ਕਦੋਂ ਸਿਆਸੀ ਸੰਕਟ ਆਏ, ਕਿਸ ਕਿਸ ਨੇ ਠਿੱਬੀ ਲਾਉਣ ਦੀ ਕੋਸ਼ਿਸ਼ ਕੀਤੀ, ਉਹ ਕਿਸ ਤਰ੍ਹਾਂ ਬਚੇ, ਇਸ ਤਰ੍ਹਾਂ ਦੀਆਂ ਕਾਫੀ ਅੰਦਰਲੀਆਂ ਗੱਲਾਂ ਸਾਂਝੀਆਂ ਕੀਤੀਆਂ। ਉਨ੍ਹਾਂ ਦੇ ਅਕਾਲ ਚਲਾਣੇ ਨਾਲ ਕੇਵਲ ਇਸ ਪਰਿਵਾਰ ਨੂੰ ਹੀ ਨਹੀਂ ਸਗੋਂ ਹਲਕਾ ਸਨੌਰ, ਪੰਜਾਬ ਅਤੇ ਖਾਸ ਕਰਕੇ ਕਾਂਗਰਸ ਪਾਰਟੀ ਨੂੰ ਇਕ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ। ਉਹ ਕਾਂਗਰਸ ਪਾਰਟੀ ਦੇ ਸੰਕਟ ਮੋਚਨ ਸਨ। 2002 ਤੋਂ 2007 ਵਾਲੀ ਕੈਪਟਨ ਅਮਰਿੰਦਰ ਸਿੰਘ ਦੀ ਸਰਕਾਰ ਵਿਚ ਜਦੋਂ ਬੀਬਾ ਰਜਿੰਦਰ ਕੌਰ ਭੱਠਲ 35 ਦੇ ਲਗਭਗ ਵਿਧਾਇਕ ਲੈ ਕੇ ਦਿੱਲੀ ਬੈਠ ਗਏ ਸਨ ਅਤੇ ਕੈਪਟਨ ਨੂੰ ਬਦਲਣ ਲਈ ਲਗਾਤਾਰ ਡੇਢ ਮਹੀਨਾ ਉਥੇ ਬੈਠੇ ਰਹੇ ਸਨ, ਉਸ ਸਮੇਂ ਸਰਦਾਰ ਲਾਲ ਸਿੰਘ ਹੀ ਇਕਮਾਤਰ ਲੀਡਰ ਸਨ, ਜਿਨ੍ਹਾਂ ਨੇ ਕੈਪਟਨ ਦੀ ਕੁਰਸੀ ਬਚਾਈ। ਜੇਕਰ 2017 ਵਾਲੀ ਸਰਕਾਰ ਵਿਚ ਕੈਪਟਨ ਅਮਰਿੰਦਰ ਸਿੰਘ ਜਿੱਦ ਅਤੇ ਉਨ੍ਹਾਂ ਦੀ ਟਿਕਟ ਕਟਾਉਣ ਲਈ ਇਕ ਪਰਿਵਾਰ ਵਿਚ ਦੋ ਟਿਕਟਾਂ ਨਾ ਦੇਣ ਦਾ ਫਾਰਮੂਲਾ ਨਾ ਬਣਾਉਂਦੇ ਤਾਂ 2021 ਦੇ ਅੰਤ ਵਿਚ ਉਨ੍ਹਾਂ ਨੂੰ ਜਿਸ ਤਰ੍ਹਾਂ ਜਲੀਲ ਹੋ ਕੇ ਮੁੱਖ ਮੰਤਰੀ ਤੋਂ ਅਸਤੀਫਾ ਦੇਣਾ ਪਿਆ ਸ਼ਾਇਦ ਨਾ ਦੇਣਾ ਪੈਂਦਾ। ਕੈਪਟਨ ਅਮਰਿੰਦਰ ਸਿੰਘ ਪੰਜ ਸਾਲ ਪੂਰੇ ਵੀ ਕਰਦੇ ਅਤੇ ਹੋ ਸਕਦਾ ਪੰਜਾਬ ਵਿਚ ਸਰਕਾਰ ਵੀ ਰਪੀਟ ਕਰ ਜਾਂਦੀ। ਕੈਪਟਨ ਅਮਰਿੰਦਰ ਸਿੰਘ ਦੇ ਰਾਜਨੀਤਕ ਪਤਨ ਦਾ ਇਕ ਵੱਡਾ ਕਾਰਨ ਇਹ ਰਿਹਾ ਕਿ ਲਾਲ ਸਿੰਘ ਦੇ ਵੱਡੇ ਸਿਆਸੀ ਕੱਦ ਦੇ ਡਰ ਕਾਰਨ ਉਨ੍ਹਾਂ 2017 ਵਾਲੀ ਵਿਧਾਨ ਸਭਾ ਵਿਚ ਸਰਦਾਰ ਲਾਲ ਸਿੰਘ ਨੂੰ ਵਿਧਾਨ ਸਭਾ ਤੋਂ ਬਾਹਰ ਰੱਖਿਆ। ਜੇਕਰ ਉਹ ਵਿਧਾਨ ਸਭਾ ਵਿਚ ਹੁੰਦੇ ਅਤੇ ਕੈਪਟਨ ਅਮਰਿੰਦਰ ਸਿੰਘ ਦੀ ਕੈਬਨਿਟ ਵਿਚ ਹੁੰਦੇ ਤਾਂ ਕਾਂਗਰਸੀ ਲੀਡਰਾਂ ਅਤੇ ਵਰਕਰਾਂ ਨੂੰ ਸੁਰੇਸ਼ ਕੁਮਾਰ ਵਰਗੇ ਰਿਟਾਇਰਡ ਵੱਡੇ ਬਾਬੂਆਂ ਤੋਂ ਜਲੀਲ ਨਾ ਹੋਣਾ ਪੈਂਦਾ ਅਤੇ ਨਾ ਹੀ ਕੈਪਟਨ ਨੂੰ ਆਪਣੀ ਕੁਰਸੀ ਗਵਾਉਣੀ ਪੈਂਦੀ ਅਤੇ ਨਾ ਹੀ ਕਾਂਗਰਸ ਦਾ ਇੰਨਾ ਬੁਰਾ ਹਾਲ ਹੁੰਦਾ ਕਿ ਮਾਲਵੇ ਵਿਚੋਂ ਉਸ ਦਾ ਸਫਾਇਆ ਹੀ ਹੋ ਜਾਂਦਾ। ਉਹ ਸ਼ੁਰੂ ਤੋਂ ਲੈ ਕੇ ਅੰਤਿਮ ਸਮੇਂ ਤੱਕ ਕਾਂਗਰਸ ਦੇ ਵਫਾਦਾਰ ਸਿਪਾਹੀ ਬਣੇ ਰਹੇ। ਸ. ਲਾਲ ਸਿੰਘ ਦੇ ਦਿਖਾਏ ਮਾਰਗ ਉੱਤੇ ਚਲਦੇ ਹੋਏ ਉਨ੍ਹਾਂ ਦਾ ਸਪੁੱਤਰ ਰਾਜਿੰਦਰ ਸਿੰਘ ਜੋ ਕਿ ਵਿਧਾਨ ਸਭਾ ਹਲਕਾ ਸਮਾਣਾ ਤੋਂ ਸਾਬਕਾ ਵਿਧਾਇਕ ਹਨ, ਇਕ ਇਮਾਨਦਾਰ, ਬੇਦਾਗ, ਦਰਵੇਸ਼ ਅਤੇ ਜਨਤਕ ਸੇਵਾ ਨੂੰ ਸਮਰਪਿਤ ਇਕ ਸਾਊ ਇਨਸਾਨ ਹਨ ਜੋ ਅੱਜ ਸਮਾਜ ਅੰਦਰ ਆਪਣੇ ਪਿਤਾ ਦਾ ਨਾਂ ਰੌਸ਼ਨ ਕਰ ਰਹੇ ਹਨ। ਲੰਘੀ 28 ਮਾਰਚ ਨੂੰ ਉਹ 84 ਸਾਲਾਂ ਦੀ ਸ਼ਾਨਦਾਰ ਅਤੇ ਬੇਦਾਗ ਜ਼ਿੰਦਗੀ ਭੋਗਣ ਤੋਂ ਬਾਅਦ ਆਪਣੀ ਹੱਸਦੀ-ਫੁੱਲਦੀ ਫੁਲਵਾੜੀ ਨੂੰ ਛੱਡ ਕੇ ਪ੍ਰਭੂ ਚਰਨਾਂ ਵਿਚ ਜਾ ਬਿਰਾਜੇ ਹਨ। **ਅੱਜ 10 ਅਪ੍ਰੈਲ, 2026 ਨੂੰ ਗੁਰਦੁਆਰਾ ਮੋਤੀ ਬਾਗ ਸਾਹਿਬ ਵਿਖੇ ਉਨ੍ਹਾਂ ਦੀ ਅੰਤਿਮ ਅਰਦਾਸ** ਵੇਲੇ ਉਨ੍ਹਾਂ ਨੂੰ ਆਪਣੀ ਸ਼ਰਧਾ ਦੇ ਫੁੱਲ ਭੇਟ ਕਰਦੇ ਹੋਏ ਕੋਟਿ-ਕੋਟਿ ਪ੍ਰਣਾਮ ਕਰਦੇ ਹਾਂ ਅਤੇ ਪ੍ਰਮਾਤਮਾ ਅੱਗੇ ਅਰਦਾਸ ਕਰਦੇ ਹਾਂ ਕਿ ਪ੍ਰਮਾਤਮਾ ਉਨ੍ਹਾਂ ਨੂੰ ਆਪਣੇ ਚਰਨਾਂ ਵਿਚ ਨਿਵਾਸ ਬਖਸ਼ਣ ਅਤੇ ਪਰਿਵਾਰ ਨੂੰ ਚੜ੍ਹਦੀਕਲਾ ਵਿਚ ਰੱਖਣ ਅਤੇ ਭਾਣਾ ਮੰਨਣ ਦਾ ਬਲ ਬਖਸ਼ਣ ਤਾਂ ਜੋ ਇਹ ਪਰਿਵਾਰ ਇਸੇ ਤਰ੍ਹਾਂ ਆਪਣੇ ਪਿਤਾ ਦੇ ਦਿਖਾਏ ਹੋਏ ਰਸਤੇ 'ਤੇ ਚੱਲਦੇ ਹੋਏ ਸਮਾਜ ਦੀ ਸੇਵਾ ਕਰਦਾ ਰਹੇ।



**ਰਾਜਿੰਦਰ ਸਿੰਘ ਥਿੰਦ**
ਪ੍ਰੈਸ ਰਿਪੋਰਟਰ, ਮੋ. 98726-52156, Email: rsthind56@gmail.com

**ਭਾਣੇ ਵਿਚ** | **ਰਾਜਿੰਦਰ ਸਿੰਘ, ਸਾਬਕਾ ਵਿਧਾਇਕ, ਸਮਾਣਾ**
**ਅਤੇ ਸਮੂਹ ਪਰਿਵਾਰ, ਮੋਬਾਇਲ ਨੰ. 97793-50003**